ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 112
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 24 April, 2026) ਸ਼ੁੱਕਰਵਾਰ, 24 ਅਪ੍ਰੈਲ, 2026, 11 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਮੂਧੇ ਮੂੰਹ ਡਿੱਗੇ ਸੋਨਾ-ਚਾਂਦੀ ਦੇ ਭਾਅ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ.): ਅੱਜ ਸੋਨਾ ਜਾਂ ਚਾਂਦੀ ਖਰੀਦਣ ਦੀ ਯੋਜਨਾ ਬਣਾ ਰਹੇ ਗਾਹਕਾਂ ਲਈ ਰਾਹਤ ਦੀ ਖ਼ਬਰ ਹੈ। ਗਲੋਬਲ ਮਾਰਕੀਟ ਵਿੱਚ ਡਾਲਰ ਦੀ ਮਜ਼ਬੂਤੀ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਹਲਚਲ ਦੇ ਵਿਚਕਾਰ ਭਾਰਤੀ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਮਲਟੀ ਕਮੋਡਿਟੀ ਐਕਸਚੇਂਜ 'ਤੇ ਅੱਜ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ 'ਤੇ ਭਾਰੀ ਦਬਾਅ ਦੇਖਿਆ ਜਾ ਰਿਹਾ ਹੈ। ਅੱਜ ਸਵੇਰੇ 10:22 ਵਜੇ ਦੇ ਅੰਕੜਿਆਂ ਅਨੁਸਾਰ, 5 ਜੂਨ, 2026 ਦੇ ਸੋਨੇ ਦੇ ਕੰਟਰੈਕਟ ਵਿੱਚ 0.44% ਯਾਨੀ 674 ਰੁਪਏ ਦੀ ਗਿਰਾਵਟ ਆਈ, (ਬਾਕੀ ਸਫ਼ਾ 2 'ਤੇ)

## 4 ਮਈ ਟੀ.ਐਮ.ਸੀ. ਸਰਕਾਰ ਦੀ ਆਖ਼ਰੀ ਮਿਤੀ, ਬੰਗਾਲ 'ਚ ਹੋਈ ਭਾਰੀ ਵੋਟਿੰਗ ਸੱਤਾ ਤਬਦੀਲੀ ਦੇ ਸੰਕੇਤ: ਮੋਦੀ



ਚੜ੍ਹਦੀਕਲਾ ਬਿਊਰੋ

ਮਥੁਰਾਪੁਰ, 23 ਅਪ੍ਰੈਲ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਕਿਹਾ ਕਿ 4 ਮਈ ਨੂੰ ਗਿਣਤੀ ਵਾਲਾ ਦਿਨ ਬੰਗਾਲ 'ਚ ਟੀ.ਐਮ.ਸੀ. ਦੇ 15 ਸਾਲ ਪੁਰਾਣੇ ਸਿੰਡੀਕੇਟ ਸਿਸਟਮ ਅਤੇ ਜੰਗਲ ਰਾਜ ਦੇ 'ਅੰਤ' ਦਾ ਦਿਨ ਹੋਵੇਗਾ। ਦੱਖਣੀ 24 ਪਰਗਨਾ ਜ਼ਿਲ੍ਹੇ ਦੇ ਮਥੁਰਾਪੁਰ ਵਿਧਾਨ ਸਭਾ ਹਲਕੇ ਦੇ ਕਾਕਦੀਪ ਸਟੇਡੀਅਮ 'ਚ ਇਕ ਰੈਲੀ ਨੂੰ ਸੰਬੋਧਨ ਕਰਦੇ ਹੋਏ, ਪੀਐੱਮ ਮੋਦੀ ਨੇ ਦਾਅਵਾ ਕੀਤਾ ਕਿ ਰਾਜ 'ਚ ਭਾਰੀ ਵੋਟਿੰਗ ਤੋਂ ਸੰਕੇਤ ਮਿਲਦਾ ਹੈ ਕਿ ਤ੍ਰਿਣਮੂਲ ਕਾਂਗਰਸ (ਟੀ.ਐੱਮ.ਸੀ.) ਦਾ 'ਡਰ' ਦਾ ਸ਼ਾਸਨ ਭਾਜਪਾ ਵਲੋਂ ਕੀਤੇ ਗਏ 'ਭਰੋਸੇ' ਦੇ ਵਾਅਦੇ ਨਾਲ 'ਨਿਸ਼ਚਿਤ ਤੌਰ 'ਤੇ ਹਾਰ' ਰਿਹਾ ਹੈ। ਨਰਿੰਦਰ ਮੋਦੀ ਨੇ ਕਿਹਾ, 'ਬੰਗਾਲ 'ਚ ਹੁਣ ਵੀ ਖੇਤਰ ਅਜਿਹਾ ਨਹੀਂ ਹੈ ਜਿੱਥੇ ਕੰਮ ਰਿਸ਼ਵਤ ਤੋਂ ਬਿਨਾਂ ਹੁੰਦਾ ਹੈ, ਜਿੱਥੇ ਟੀ.ਐੱਮ.ਸੀ. ਸਿੰਡੀਕੇਟ ਅਤੇ ਉਨ੍ਹਾਂ ਦੇ ਵਿਚੋਲੇ ਕਮਿਸ਼ਨ ਨਹੀਂ ਲੈਂਦੇ ਹਨ।' 15 ਸਾਲ ਪੁਰਾਣੀ ਸਿੰਡੀਕੇਟ ਪ੍ਰਣਾਲੀ ਅਤੇ ਟੀ.ਐੱਮ.ਸੀ. ਦਾ 'ਜੰਗਲ ਰਾਜ' 4 ਮਈ ਨੂੰ ਖ਼ਤਮ ਹੋ ਰਿਹਾ ਹੈ।' ਮਮਤਾ ਬੈਨਰਜੀ ਸਰਕਾਰ 'ਤੇ 'ਝੂਠੇ ਵਾਅਦੇ ਕਰਨ ਅਤੇ ਲੋਕਾਂ ਨੂੰ (ਬਾਕੀ ਸਫ਼ਾ 2 'ਤੇ)

### ਬੰਗਾਲ 'ਚ ਭਾਜਪਾ ਸਰਕਾਰ ਬਣਨ 'ਤੇ ਘੁਸਪੈਠੀਆਂ ਨੂੰ ਚੁਣ-ਚੁਣ ਕੇ ਬਾਹਰ ਕੱਢਾਂਗੇ: ਸ਼ਾਹ

ਬਾਲਾਗੜ੍ਹ (ਪੱਛਮੀ ਬੰਗਾਲ), 23 ਅਪ੍ਰੈਲ (ਚ.ਨ.ਸ.): ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀਰਵਾਰ ਨੂੰ ਪੱਛਮੀ ਬੰਗਾਲ ਦੇ ਹੁਗਲੀ ਜ਼ਿਲ੍ਹੇ ਅਧੀਨ ਪੈਂਦੇ ਬਾਲਾਗੜ੍ਹ ਵਿਖੇ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਜੇਕਰ ਭਾਜਪਾ ਸੱਤਾ ਵਿੱਚ ਆਉਂਦੀ ਹੈ, ਤਾਂ ਸੂਬੇ ਵਿੱਚ 'ਇੱਕ ਵੀ ਘੁਸਪੈਠੀਏ' ਨੂੰ ਦਾਖ਼ਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬੰਗਾਲ ਵਿੱਚ ਮੌਜੂਦ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਚੁਣ-ਚੁਣ ਕੇ ਬਾਹਰ ਕੱਢਿਆ ਜਾਵੇਗਾ। ਪਹਿਲੇ ਪੜਾਅ ਦੀ ਵੋਟਿੰਗ ਦੌਰਾਨ ਰੈਲੀ ਕਰਦਿਆਂ ਅਮਿਤ ਸ਼ਾਹ ਨੇ ਦਾਅਵਾ ਕੀਤਾ ਕਿ ਭਾਜਪਾ ਸੂਬੇ ਵਿੱਚ ਪੂਰਨ ਬਹੁਮਤ ਨਾਲ ਸਰਕਾਰ ਬਣਾਉਣ ਜਾ ਰਹੀ ਹੈ। ਉਨ੍ਹਾਂ ਮੁੱਖ ਮੰਤਰੀ ਮਮਤਾ ਬੈਨਰਜੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ,'ਅੱਜ ਪਹਿਲੇ ਪੜਾਅ ਦੀ (ਬਾਕੀ ਸਫ਼ਾ 2 'ਤੇ)

ਵਿਧਾਨ ਸਭਾ ਚੋਣਾਂ-2026 ਦਾ ਪਹਿਲਾ ਪੜਾਅ

# ਬੰਗਾਲ ਵਿੱਚ 91 ਫ਼ੀਸਦੀ ਅਤੇ ਤਾਮਿਲਨਾਡੂ 'ਚ 84 ਫ਼ੀਸਦੀ ਵੋਟਿੰਗ

ਚੜ੍ਹਦੀਕਲਾ ਬਿਊਰੋ

ਕੋਲਕਾਤਾ/ਚੇਨਈ, 23 ਅਪ੍ਰੈਲ : ਪੱਛਮੀ ਬੰਗਾਲ ਵਿੱਚ ਸਿਆਸੀ ਤਾਕਤ ਦੇ ਵੱਡੇ ਇਮਤਿਹਾਨ ਵਜੋਂ ਦੇਖੀਆਂ ਜਾ ਰਹੀਆਂ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ ਲਈ ਅੱਜ ਸਵੇਰੇ 7 ਵਜੇ ਵੋਟਾਂ ਪੈਣ ਦਾ ਕੰਮ ਅਮਨ-ਅਮਾਨ ਨਾਲ ਸ਼ੁਰੂ ਹੋਇਆ। ਚੋਣ ਕਮਿਸ਼ਨ ਵੱਲੋਂ ਸ਼ਾਮ 6 ਵਜੇ ਤੱਕ ਜਾਰੀ ਅੰਕੜਿਆਂ ਅਨੁਸਾਰ, ਪੱਛਮੀ ਬੰਗਾਲ 91 ਫੀਸਦੀ ਦੀ ਸ਼ਾਨਦਾਰ ਵੋਟਿੰਗ ਦਰ ਨਾਲ ਸਭ ਤੋਂ ਅੱਗੇ ਰਿਹਾ, ਜਦਕਿ ਤਾਮਿਲਨਾਡੂ ਵਿੱਚ 84 ਫੀਸਦੀ ਵੋਟਿੰਗ ਦਰਜ ਕੀਤੀ ਗਈ ਹੈ। ਦੋਵਾਂ ਸੂਬਿਆਂ ਵਿੱਚ ਵੋਟਰ ਵੱਡੀ ਗਿਣਤੀ ਵਿੱਚ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਹਿੱਸਾ ਲੈ ਰਹੇ ਹਨ। ਉੱਤਰੀ ਬੰਗਾਲ ਦੇ ਦਾਰਜੀਲਿੰਗ ਤੇ ਜਲਪਾਈਗੁੜੀ ਤੋਂ ਲੈ ਕੇ ਦੱਖਣ ਦੇ ਮੁਰਸ਼ਿਦਾਬਾਦ, ਨਾਦੀਆ ਅਤੇ ਹੁਗਲੀ ਵਰਗੇ ਜ਼ਿਲ੍ਹਿਆਂ ਵਿੱਚ ਵੋਟਰਾਂ ਦੀਆਂ ਲੰਮੀਆਂ ਕਤਾਰਾਂ ਦੇਖਣ ਨੂੰ ਮਿਲੀਆਂ। ਇੱਥੇ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਅਤੇ ਭਾਜਪਾ ਵਿਚਾਲੇ ਸਿੱਧੀ ਟੱਕਰ ਦਿਖਾਈ ਦੇ ਰਹੀ ਹੈ।



ਚੋਣ ਕਮਿਸ਼ਨ ਅਨੁਸਾਰ ਇਸ ਪੜਾਅ ਵਿੱਚ ਕੁੱਲ 3.6 ਕਰੋੜ ਵੋਟਰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ, ਜਿਨ੍ਹਾਂ ਵਿੱਚ ਲਗਭਗ 1.75 ਕਰੋੜ ਮਹਿਲਾਵਾਂ ਅਤੇ 465 ਥਰਡ ਜੈਂਡਰ ਵੋਟਰ ਸ਼ਾਮਲ ਹਨ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਇਹ ਪਹਿਲਾ ਗੇੜ ਸੂਬੇ ਦੀ ਸਿਆਸਤ ਦੀ ਦਿਸ਼ਾ ਤੈਅ ਕਰੇਗਾ, ਜਿੱਥੇ ਮਮਤਾ ਬੈਨਰਜੀ ਲਗਾਤਾਰ ਚੌਥੀ ਵਾਰ ਸੱਤਾ 'ਤੇ ਕਾਬਜ਼ ਹੋਣ ਦੀ ਕੋਸ਼ਿਸ਼ ਵਿੱਚ ਹਨ, ਉੱਥੇ ਹੀ ਭਾਜਪਾ ਇਸ ਵਾਰ ਵੱਡਾ ਉਲਟਫੇਰ ਕਰਨ ਲਈ ਪੂਰੀ ਵਾਹ ਲਾ ਰਹੀ ਹੈ।

ਦੂਜੇ ਪਾਸੇ, ਤਾਮਿਲਨਾਡੂ ਵਿੱਚ ਵੀ 84 ਫ਼ੀਸਦੀ ਵੋਟਰਾਂ ਨੇ ਆਪਣੇ ਅਧਿਕਾਰ ਦੀ ਵਰਤੋਂ ਕੀਤੀ, ਜਿਸ ਵਿੱਚ ਕਰੂਰ ਜ਼ਿਲ੍ਹਾ 89.32% ਵੋਟਿੰਗ ਨਾਲ ਮੋਹਰੀ ਰਿਹਾ ਅਤੇ ਚੇਨਈ ਵਰਗੇ ਸ਼ਹਿਰੀ ਖੇਤਰਾਂ ਵਿੱਚ ਵੀ 81.34% ਵੋਟਿੰਗ ਦਰਜ ਹੋਈ। ਇਸ ਦੇ ਨਾਲ ਹੀ ਗੁਜਰਾਤ ਅਤੇ ਮਹਾਰਾਸ਼ਟਰ ਦੀਆਂ ਜ਼ਿਮਨੀ ਚੋਣਾਂ ਵਿੱਚ ਵੀ ਵੋਟਿੰਗ ਦੀ ਰਫ਼ਤਾਰ ਸ਼ਾਮ ਤੱਕ ਵਧ ਗਈ, ਜਿੱਥੇ ਗੁਜਰਾਤ ਦੀ ਉਮਰੇਠ ਸੀਟ 'ਤੇ 54.43% ਅਤੇ ਮਹਾਰਾਸ਼ਟਰ ਦੇ ਬਾਰਾਮਤੀ ਵਿੱਚ 52.44% ਵੋਟਿੰਗ (ਬਾਕੀ ਸਫ਼ਾ 2 'ਤੇ)

### ਭਾਜਪਾ ਉਮੀਦਵਾਰ ਅਗਨੀਮਿੱਤਰਾ ਪਾਲ 'ਤੇ ਹਮਲਾਵਰਾਂ ਨੇ ਸੁੱਟੇ ਪੱਥਰ

ਕੋਲਕਾਤਾ, 23 ਅਪ੍ਰੈਲ (ਚ.ਨ.ਸ.): ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ ਦੀ ਵੋਟਿੰਗ ਦੌਰਾਨ ਵੀਰਵਾਰ ਨੂੰ ਆਸਨਸੋਲ ਦੱਖਣ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਉਮੀਦਵਾਰ ਅਗਨੀਮਿੱਤਰਾ ਪਾਲ ਦੀ ਕਾਰ 'ਤੇ ਕਥਿਤ ਤੌਰ 'ਤੇ ਪੱਥਰ ਸੁੱਟੇ ਜਾਣ ਦੀਆਂ ਰਿਪੋਰਟਾਂ ਹਨ। ਰਿਪੋਰਟਾਂ ਅਨੁਸਾਰ, ਸ੍ਰੀਮਤੀ ਪਾਲ ਇਕ ਪੋਲਿੰਗ ਸਟੇਸ਼ਨ ਤੋਂ ਬਾਹਰ ਆ ਰਹੀ ਸੀ ਜਦੋਂ ਹਮਲਾ ਹੋਇਆ। ਅਗਨੀਮਿੱਤਰਾ ਨੇ ਦੱਸਿਆ ਕਿ ਆਸਨਸੋਲ ਦੇ ਰਹਿਮਤਨਗਰ ਖੇਤਰ 'ਚ ਉਸ ਦੀ ਕਾਰ 'ਤੇ ਹਮਲਾ ਕੀਤਾ ਗਿਆ। ਉਨ੍ਹਾਂ ਕਿਹਾ,'ਮੈਂ ਆਪਣੀ ਕਾਰ 'ਚ ਬੈਠੀ ਹੀ ਸੀ ਅਤੇ ਡਰਾਈਵਰ ਨੇ ਇੰਜਣ ਚਾਲੂ ਕੀਤਾ ਹੀ ਸੀ ਕਿ ਅਚਾਨਕ, ਸ਼ੀਸ਼ਾ ਟੁੱਟਣ ਦੀ ਆਵਾਜ਼ ਨਾਲ ਸਾਨੂੰ ਝਟਕਾ ਲੱਗਾ।' (ਬਾਕੀ ਸਫ਼ਾ 2 'ਤੇ)

## ਟਰੰਪ ਨੇ ਭਾਰਤ ਤੇ ਚੀਨ ਨੂੰ ਦੱਸਿਆ ਨਰਕ !

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 23 ਅਪ੍ਰੈਲ :ਅਮਰੀਕਾ-ਈਰਾਨ ਵਿਚਾਲੇ ਚੱਲ ਰਹੀ ਜੰਗ ਜਦੋਂ ਹੁਣ ਕੁਝ ਸਮੇਂ ਲਈ ਰੁਕੀ ਹੋਈ ਹੈ ਤਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਕ ਵਾਰ ਫਿਰ ਅਮਰੀਕਾ ਦੇ ਇਮੀਗ੍ਰੇਸ਼ਨ ਕਾਨੂੰਨਾਂ ਅਤੇ 'ਬਰਥਰਾਈਟ ਸਿਟੀਜ਼ਨਸ਼ਿਪ' ਨੂੰ ਲੈ ਕੇ ਵੱਡਾ ਵਿਵਾਦ ਖੜ੍ਹਾ ਕਰ ਦਿੱਤਾ ਹੈ। ਟਰੰਪ ਨੇ ਮਸ਼ਹੂਰ ਰੇਡੀਓ ਹੋਸਟ ਮਾਈਕਲ ਸੇਵੇਜ ਦੀ ਇੱਕ ਵੀਡੀਓ ਸਾਂਝੀ ਕੀਤੀ ਹੈ, ਜਿਸ ਵਿੱਚ ਭਾਰਤ ਅਤੇ ਚੀਨ ਵਰਗੇ ਦੇਸ਼ਾਂ ਲਈ ਬੇਹੱਦ ਅਪਮਾਨਜਨਕ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਹੈ। ਵੀਡੀਓ ਵਿੱਚ ਮਾਈਕਲ ਸੇਵੇਜ ਨੇ ਦਾਅਵਾ ਕੀਤਾ ਕਿ ਮੌਜੂਦਾ ਕਾਨੂੰਨ ਦਾ ਫਾਇਦਾ ਉਠਾਉਂਦੇ ਹੋਏ ਪ੍ਰਵਾਸੀ ਆਪਣੇ ਗਰਭ ਅਵਸਥਾ ਦੇ ਆਖਰੀ ਮਹੀਨੇ ਵਿੱਚ ਅਮਰੀਕਾ ਆਉਂਦੇ ਹਨ। ਉਨ੍ਹਾਂ ਕਿਹਾ, 'ਇੱਥੇ ਪੈਦਾ ਹੋਇਆ ਬੱਚਾ ਤੁਰੰਤ ਅਮਰੀਕੀ ਨਾਗਰਿਕ ਬਣ ਜਾਂਦਾ ਹੈ ਅਤੇ ਫਿਰ ਉਹ ਆਪਣੇ ਪੂਰੇ ਪਰਿਵਾਰ ਨੂੰ ਚੀਨ, ਭਾਰਤ ਜਾਂ ਦੁਨੀਆ ਦੇ ਕਿਸੇ ਹੋਰ 'ਹੈਲਹੋਲ' (ਨਰਕ ਵਰਗੀ ਜਗ੍ਹਾ) ਤੋਂ ਇੱਥੇ ਲੈ ਆਉਂਦੇ ਹਨ।' ਸੇਵੇਜ ਨੇ ਅਮਰੀਕੀ ਸੁਪਰੀਮ ਕੋਰਟ ਵਿੱਚ ਚੱਲ ਰਹੀ ਬਹਿਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਮਾਮਲਾ ਸਿਰਫ਼ ਕਾਨੂੰਨੀ ਨਹੀਂ, ਸਗੋਂ ਜਨਤਕ ਰਾਏ ਦਾ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਇਹ ਸਿਰਫ਼ ਪੈਸੇ ਕਮਾਉਣ ਦਾ ਜ਼ਰੀਆ ਰਹਿ ਗਿਆ ਹੈ। ਡੋਨਾਲਡ ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਇਸ (ਬਾਕੀ ਸਫ਼ਾ 2 'ਤੇ)



ਪੰਜਾਬ ਵਿੱਚ ਤਪਦੀ ਗਰਮੀ ਨੇ ਸਤਾਏ ਲੋਕ

## ਮੌਸਮ ਵਿਭਾਗ ਵੱਲੋਂ ਹੀਟ ਵੇਵ ਦਾ ਅਲਰਟ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਅਪ੍ਰੈਲ :ਪੰਜਾਬ ਵਿਚ ਗਰਮੀ ਦਾ ਕਹਿਰ ਜਾਰੀ ਹੈ। ਦਿਨ ਦਾ ਤਾਪਮਾਨ ਪਹਿਲੀ ਵਾਰ 42.9 ਡਿਗਰੀ ਤੱਕ ਪਹੁੰਚ ਗਿਆ ਹੈ। 24 ਤੇ 25 ਅਪ੍ਰੈਲ ਨੂੰ ਹੀਟਵੇਵ ਦਾ ਯੈਲੋ ਅਲਰਟ ਮੌਸਮ ਵਿਭਾਗ ਵੱਲੋਂ ਜਾਰੀ ਕੀਤਾ ਗਿਆ ਹੈ। 26 ਤੋਂ 28 ਅਪ੍ਰੈਲ ਤੱਕ ਬਿਜਲੀ ਚਮਕਣ ਤੇ ਹਨ੍ਹੇਰੀ ਚੱਲਣ ਦਾ ਅਲਰਟ ਹੈ। ਮੌਸਮ ਵਿਭਾਗ ਮੁਤਾਬਕ ਅੱਜ ਪਹਾੜਾਂ 'ਤੇ ਵੈਸਟਰਨ ਡਿਸਟਰਬੈਂਸ ਐਕਟਿਵ ਹੋਵੇਗਾ। ਹਾਲਾਂਕਿ ਇਹ ਇੰਨਾ ਮਜ਼ਬੂਤ ਨਹੀਂ ਹੈ।

ਦਿਨ ਵਿਚ ਗਰਮ ਹਵਾਵਾਂ ਚੱਲਣਗੀਆਂ ਪਰ 25 ਅਪ੍ਰੈਲ ਤੋਂ ਮੌਸਮ ਬਦਲੇਗਾ। ਇਸ ਦੌਰਾਨ ਹਨ੍ਹੇਰੀ ਤੇ ਕੁਝ ਥਾਵਾਂ 'ਤੇ ਮੀਂਹ ਪੈਣ ਦੀ ਸੰਭਾਵਨਾ ਹੈ ਅਜਿਹੇ ਵਿਚ ਗਰਮੀ ਤੋਂ ਥੋੜ੍ਹੀ ਰਾਹਤ ਜ਼ਰੂਰ ਮਿਲੇਗੀ। 19 ਥਾਵਾਂ 'ਤੇ ਤਾਪਮਾਨ 35 ਡਿਗਰੀ ਤੋਂ ਵਧ ਰਿਹਾ ਜਦੋਂ ਕਿ 5 ਥਾਵਾਂ 'ਤੇ ਤਾਪਮਾਨ 40 ਡਿਗਰੀ ਤੋਂ ਉਪਰ ਚਲਾ ਗਿਆ ਹੈ। ਚੰਡੀਗੜ੍ਹ ਵਿਚ 39.3, ਅੰਮ੍ਰਿਤਸਰ ਵਿਚ 39.0, ਲੁਧਿਆਣਾ ਵਿਚ 40.0, ਪਟਿਆਲਾ ਵਿਚ 40.4, ਪਠਾਨਕੋਟ ਵਿਚ 38.2, ਬਠਿੰਡਾ ਵਿਚ 41.0, ਫਰੀਦਕੋਟ (ਬਾਕੀ ਸਫ਼ਾ 2 'ਤੇ)



### ਹਿਮਾਚਲ 'ਚ ਅੱਜ ਤੋਂ ਬਰਫ਼ਬਾਰੀ ਤੇ ਮੀਂਹ ਦੀ ਪੇਸ਼ੀਨਗੋਈ

ਸ਼ਿਮਲਾ, 23 ਅਪ੍ਰੈਲ (ਚ.ਨ.ਸ.):ਹਿਮਾਚਲ ਪ੍ਰਦੇਸ਼ ਵਿੱਚ 24 ਅਪ੍ਰੈਲ ਤੋਂ ਬਰਫ਼ਬਾਰੀ, ਗੜ੍ਹੇ ਪੈਣ ਅਤੇ ਮੀਂਹ ਦਾ ਇੱਕ ਹੋਰ ਸਿਲਸਿਲਾ ਸ਼ੁਰੂ ਹੋਣ ਦੀ ਸੰਭਾਵਨਾ ਹੈ। ਸੂਬਾ ਦੇ ਮੌਸਮ ਵਿਭਾਗ ਨੇ ਇਸ ਦੇ ਮੱਦੇਨਜ਼ਰ 24, 25, 28 ਅਤੇ 29 ਅਪ੍ਰੈਲ ਲਈ 'ਯੈਲੋ ਅਲਰਟ' ਜਾਰੀ ਕਰ ਦਿੱਤਾ ਹੈ। ਮੌਸਮ ਵਿਭਾਗ ਨੇ 24 ਅਪ੍ਰੈਲ ਨੂੰ ਕੁਲੂ, ਕਾਂਗੜਾ ਅਤੇ ਚੰਬਾ ਜ਼ਿਲ੍ਹਿਆਂ ਲਈ ਵੀ ਯੈਲੋ ਅਲਰਟ ਜਾਰੀ ਕਰ ਦਿੱਤਾ ਹੈ, ਜਿਸ ਕਾਰਨ ਬਿਜਲੀ ਲਿਸ਼ਕਣ (ਬਾਕੀ ਸਫ਼ਾ 2 'ਤੇ)

ਅਜਨਾਲਾ ਹਿੰਸਾ ਮਾਮਲਾ

### ਐਨ.ਐਸ.ਏ. ਮਿਆਦ ਖ਼ਤਮ ਹੋਣ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਰਸਮੀ ਤੌਰ 'ਤੇ ਗ੍ਰਿਫ਼ਤਾਰ

ਅੰਮ੍ਰਿਤਸਰ, 23 ਅਪ੍ਰੈਲ (ਚ.ਨ.ਸ.): ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਵੀਰਵਾਰ ਨੂੰ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅਤੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਅਜਨਾਲਾ ਹਿੰਸਾ ਮਾਮਲੇ ਵਿੱਚ ਰਸਮੀ ਤੌਰ 'ਤੇ ਗ੍ਰਿਫ਼ਤਾਰ ਕਰ ਲਿਆ ਹੈ। ਇਹ ਕਾਰਵਾਈ ਅੰਮ੍ਰਿਤਪਾਲ ਸਿੰਘ ਵਿਰੁੱਧ ਲੱਗੇ ਕੌਮੀ ਸੁਰੱਖਿਆ ਐਕਟ (ਐੱਨ.ਐੱਸ.ਏ.) ਦੀ ਮਿਆਦ ਖ਼ਤਮ ਹੋਣ ਤੋਂ ਤੁਰੰਤ ਬਾਅਦ ਅਮਲ ਵਿੱਚ ਲਿਆਂਦੀ ਗਈ। ਗ੍ਰਿਫ਼ਤਾਰੀ ਤੋਂ ਬਾਅਦ ਉਸ ਨੂੰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਜਨਾਲਾ ਦੀ ਸਬ-ਡਿਵੀਜ਼ਨਲ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਪੁਲਿਸ ਨੇ ਇਸ ਮਾਮਲੇ ਦੀ ਡੂੰਘਾਈ (ਬਾਕੀ ਸਫ਼ਾ 2 'ਤੇ)

## ਤੇਲ ਕੀਮਤਾਂ 'ਚ ਵਾਧੇ ਦੀਆਂ ਖ਼ਬਰਾਂ 'ਅਫ਼ਵਾਹ', ਨਹੀਂ ਵਧਣਗੇ ਪੈਟਰੋਲ-ਡੀਜ਼ਲ ਦੇ ਭਾਅ: ਕੇਂਦਰ

ਚੜ੍ਹਦੀਕਲਾ ਬਿਊਰੋ




ਨਵੀਂ ਦਿੱਲੀ, 23 ਅਪ੍ਰੈਲ :ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਆਏ ਭਾਰੀ ਉਛਾਲ ਦੇ ਬਾਵਜੂਦ ਕੇਂਦਰ ਸਰਕਾਰ ਨੇ ਸਾਫ਼ ਕਰ ਦਿੱਤਾ ਹੈ ਕਿ ਦੇਸ਼ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾਉਣ ਦੀ ਫ਼ਿਲਹਾਲ ਕੋਈ ਯੋਜਨਾ ਨਹੀਂ ਹੈ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਉਨ੍ਹਾਂ ਖ਼ਬਰਾਂ ਨੂੰ ਸਿਰੇ ਤੋਂ ਖ਼ਾਰਜ ਕਰ ਦਿੱਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਤੇਲ ਦੀਆਂ ਕੀਮਤਾਂ ਵਿੱਚ 25 ਤੋਂ 28 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋ ਸਕਦਾ ਹੈ।

ਮੰਤਰਾਲੇ ਨੇ ਸੋਸ਼ਲ ਮੀਡੀਆ ਪਲੇਟਫ਼ਾਰਮ 'ਐਕਸ' (ਪਹਿਲਾਂ ਟਵਿੱਟਰ) 'ਤੇ ਸਪੱਸ਼ਟ ਕੀਤਾ ਕਿ ਸਰਕਾਰ ਅਜਿਹੀ ਕਿਸੇ ਵੀ ਤਜਵੀਜ਼ 'ਤੇ ਵਿਚਾਰ ਨਹੀਂ ਕਰ ਰਹੀ। ਸਰਕਾਰੀ ਅਧਿਕਾਰੀਆਂ ਅਨੁਸਾਰ, ਜਨਤਕ ਖੇਤਰ ਦੀਆਂ ਤੇਲ ਕੰਪਨੀਆਂ ਨੂੰ ਮੌਜੂਦਾ ਸਮੇਂ ਪੈਟਰੋਲ 'ਤੇ ਲਗਭਗ 20 ਰੁਪਏ ਅਤੇ ਡੀਜ਼ਲ 'ਤੇ 100 ਰੁਪਏ ਪ੍ਰਤੀ ਲੀਟਰ ਦਾ ਘਾਟਾ ਸਹਿਣਾ ਪੈ ਰਿਹਾ ਹੈ। ਇਸ ਦੇ ਬਾਵਜੂਦ, ਪਿਛਲੇ ਕਰੀਬ ਚਾਰ ਸਾਲਾਂ ਤੋਂ ਦੇਸ਼ ਵਿੱਚ ਤੇਲ ਦੀਆਂ ਕੀਮਤਾਂ (ਬਾਕੀ ਸਫ਼ਾ 2 'ਤੇ)

### ਜਸਟਿਸ ਲੀਜ਼ਾ ਗਿੱਲ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਪਹਿਲੇ ਮਹਿਲਾ ਚੀਫ਼ ਜਸਟਿਸ ਬਣੇ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਸੀਨੀਅਰ ਜੱਜ ਰਹੀ ਜਸਟਿਸ ਲੀਜ਼ਾ ਗਿੱਲ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਇਤਿਹਾਸ ਵਿੱਚ ਪਹਿਲੀ ਮਹਿਲਾ ਮੁੱਖ ਜੱਜ ਵਜੋਂ ਸੇਵਾ ਨਿਭਾਉਣ ਲਈ ਤਿਆਰ ਹਨ। ਸੁਪਰੀਮ ਕੋਰਟ ਦੇ ਕੌਲੀਜੀਅਮ ਦੀ ਸਿਫ਼ਾਰਸ਼ ਤੋਂ ਬਾਅਦ, ਉਹ 25 ਅਪ੍ਰੈਲ ਨੂੰ ਆਪਣਾ ਨਵਾਂ ਅਹੁਦਾ ਸੰਭਾਲਣਗੇ। ਇਹ ਨਿਯੁਕਤੀ ਜਸਟਿਸ ਧੀਰਜ ਸਿੰਘ ਠਾਕੁਰ ਦੀ 24 ਅਪ੍ਰੈਲ ਨੂੰ ਹੋਣ ਵਾਲੀ ਸੇਵਾ-ਮੁਕਤੀ ਤੋਂ ਬਾਅਦ ਅਮਲ ਵਿੱਚ ਆਵੇਗੀ। ਚੰਡੀਗੜ੍ਹ ਦੇ ਕਾਨੂੰਨੀ ਗਲਿਆਰਿਆਂ ਲਈ ਇਹ ਇੱਕ ਮਾਣਮੱਤਾ ਪਲ ਹੈ। ਸਾਬਕਾ ਜੱਜ ਹਰਫੂਲ ਸਿੰਘ ਬਰਾੜ ਦੀ ਸਪੁੱਤਰੀ (ਬਾਕੀ ਸਫ਼ਾ 2 'ਤੇ)

## ਸੀ.ਬੀ.ਐਸ.ਈ. ਵੱਲੋਂ ਦਸਵੀਂ ਜਮਾਤ ਦੀ ਦੂਜੀ ਬੋਰਡ ਪ੍ਰੀਖਿਆ ਦੀ ਡੇਟਸ਼ੀਟ ਜਾਰੀ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਅਪ੍ਰੈਲ : ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀ.ਬੀ.ਐਸ.ਈ.) ਨੇ ਸਾਲ 2026 ਲਈ 10ਵੀਂ ਜਮਾਤ ਦੀ ਦੂਜੀ ਬੋਰਡ ਪ੍ਰੀਖਿਆ ਦੀ ਡੇਟਸ਼ੀਟ ਐਲਾਨ ਕਰ ਦਿੱਤੀ ਹੈ। ਇਹ ਪ੍ਰੀਖਿਆਵਾਂ 15 ਮਈ ਤੋਂ ਸ਼ੁਰੂ ਹੋ ਕੇ 21 ਮਈ ਤੱਕ ਚੱਲਣਗੀਆਂ। ਬੋਰਡ ਨੇ ਸਪਸ਼ਟ ਕੀਤਾ ਹੈ ਕਿ ਇਹ ਡੇਟਸ਼ੀਟ ਮੁਕਾਬਲਾ ਪ੍ਰੀਖਿਆਵਾਂ ਨੂੰ ਦੇਖ ਕੇ ਤਿਆਰ ਕੀਤੀ ਗਈ ਹੈ। ਬੋਰਡ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਸੰਯਮ ਭਾਰਦਵਾਜ ਨੇ ਡੇਟਸ਼ੀਟ ਜਾਰੀ ਕਰਦਿਆਂ ਦੱਸਿਆ ਕਿ ਵਿਦਿਆਰਥੀ ਪ੍ਰੀਖਿਆ ਸਬੰਧੀ ਕੋਈ ਵੀ ਜਾਣਕਾਰੀ ਸੀਬੀਐਸਈ ਦੀ ਅਧਿਕਾਰਤ ਵੈਬਸਾਈਟ ਤੋਂ ਹੀ ਹਾਸਲ ਕਰਨ। ਦਸਵੀਂ ਜਮਾਤ ਦੀ ਪਹਿਲੀ ਪ੍ਰੀਖਿਆ 15 ਮਈ ਨੂੰ ਗਣਿਤ (ਸਟੈਂਡਰਡ ਅਤੇ ਬੇਸਿਕ) ਦੀ ਹੋਵੇਗੀ। 16 ਮਈ ਨੂੰ ਅੰਗਰੇਜ਼ੀ ਦੀ, 18 ਮਈ ਨੂੰ ਵਿਗਿਆਨ, 19 ਮਈ ਨੂੰ ਪੰਜਾਬੀ, ਹਿੰਦੀ ਅਤੇ ਹੋਰ ਭਾਸ਼ਾਵਾਂ, 20 ਮਈ ਨੂੰ ਪੇਂਟਿੰਗ, ਸੰਸਕ੍ਰਿਤ, ਆਈ.ਟੀ. ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, 21 ਮਈ ਨੂੰ ਸਮਾਜਿਕ ਵਿਗਿਆਨ ਦੀ ਪ੍ਰੀਖਿਆ ਹੋਵੇਗੀ। ਸਾਰੀਆਂ ਮੁੱਖ ਪ੍ਰੀਖਿਆਵਾਂ ਸਵੇਰੇ 10:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਲਈਆਂ ਜਾਣਗੀਆਂ। ਬੋਰਡ ਨੇ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਹੈ ਕਿ ਉਹ ਪ੍ਰੀਖਿਆ ਕੇਂਦਰਾਂ 'ਤੇ ਸਮੇਂ ਸਿਰ ਪਹੁੰਚਣ। ਬੋਰਡ ਵੱਲੋਂ ਲਈ ਜਾ ਰਹੀ ਇਹ ਦੂਜੀ ਪ੍ਰੀਖਿਆ ਉਨ੍ਹਾਂ ਵਿਦਿਆਰਥੀਆਂ ਲਈ ਇੱਕ ਸੁਨਹਿਰੀ ਮੌਕਾ ਹੈ ਜੋ ਆਪਣੇ ਅੰਕਾਂ ਵਿੱਚ ਸੁਧਾਰ ਕਰਨਾ ਚਾਹੁੰਦੇ ਹਨ ਅਤੇ ਆਪਣੀ ਅਕਾਦਮਿਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ ਦੇ ਇੱਛੁਕ ਹਨ।

**15 ਤੋਂ 21 ਮਈ ਤਕ ਹੋਣਗੀਆਂ ਪ੍ਰੀਖਿਆਵਾਂ**

### ਪੰਜਾਬ 'ਚ 2027 ਦੀਆਂ ਚੋਣਾਂ ਇਕੱਲਿਆਂ ਲੜੇਗੀ ਪਾਰਟੀ: ਨਿਤਿਨ ਨਬੀਨ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ.):ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਇੱਕ ਵੱਡਾ ਬਿਆਨ ਦਿੱਤਾ ਹੈ। ਇੱਕ ਟੀਵੀ ਚੈਨਲ ਨਾਲ ਇੰਟਰਵਿਊ ਵਿੱਚ, ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਇਕੱਲੇ ਚੋਣਾਂ ਲੜੇਗੀ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਭਾਜਪਾ ਇੱਕ ਨਵੇਂ ਰੂਪ ਵਿੱਚ ਦਿਖਾਈ ਦੇਵੇਗੀ। ਨਿਤਿਨ ਨਬੀਨ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਚੋਣਾਂ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਹੀ ਹੈ। ਪਾਰਟੀ ਚੋਣਾਂ ਲੜਨ ਲਈ ਪੂਰੀ ਤਰ੍ਹਾਂ ਤਿਆਰ ਹੈ। (ਬਾਕੀ ਸਫ਼ਾ 2 'ਤੇ)



## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਐਲਾਨਨਾਮਾ ਪੰਜਾਬ ਨੂੰ ਕਰੇਗਾ ਪੁਨਰ ਸੁਰਜੀਤ: ਗਿ. ਹਰਪ੍ਰੀਤ ਸਿੰਘ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਅਪ੍ਰੈਲ :ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਏ ਹੁਕਮਨਾਮਿਆ ਦੀ ਰੌਸ਼ਨੀ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਹੋਇਆ ਸੀ। ਜਿਸਨੇ ਉਹਨਾਂ ਆਦੇਸ਼ਾਂ ਅਨੁਸਾਰ ਨਵੀਂ ਭਰਤੀ ਕਰਕੇ ਡੈਲੀਗੇਟ ਇਜਲਾਸ ਰਾਹੀਂ ਲੀਡਰਸ਼ਿਪ ਉਭਾਰਨ ਦਾ ਉਪਰਾਲਾ ਕੀਤਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।

ਉਹਨਾਂ ਕਿਹਾ ਕਿ ਉਸ ਡੈਲੀਗੇਟ ਇਜਲਾਸ ਵਿੱਚ ਹੀ ਸਾਰੇ ਸੀਨੀਅਰ ਲੀਡਰਾਂ ਦੀ ਸਲਾਹ ਨਾਲ ਨਵੀਂ ਲੀਡਰਸ਼ਿਪ ਲਈ ਨਵਾਂ ਪੰਥ-ਪੰਜਾਬ ਪੱਖੀ ਏਜੰਡਾ ਨਿਰਧਾਰਿਤ ਕਰਨ ਲਈ ਇਕ ਸੱਤ ਮੈਂਬਰੀ ਕਮੇਟੀ ਬਣਾਈ ਗਈ ਸੀ। ਸ੍ਰ. ਇਕਬਾਲ ਸਿੰਘ ਝੂੰਦਾਂ ਦੀ ਅਗਵਾਈ ਹੇਠ ਬਣੀ ਉਸ ਕਮੇਟੀ ਨੇ ਪੈਂਤੀ ਤੋਂ ਵੱਧ ਮੀਟਿੰਗਾਂ ਕਰਕੇ, ਡੂੰਘੀ ਵਿਚਾਰ ਚਰਚਾ ਤੋਂ ਬਾਅਦ ਇਹ ਦਸਤਾਵੇਜ਼ ਤਿਆਰ ਕੀਤਾ ਹੈ। ਜਿਸ ਨੂੰ ਸੀਨੀਅਰ ਲੀਡਰਸ਼ਿਪ ਨੇ ਪਾਰਟੀ ਪੱਧਰ 'ਤੇ ਲੰਬੀ ਵਿਚਾਰ ਚਰਚਾ ਤੋਂ ਬਾਅਦ ਪ੍ਰੈੱਸ ਰਾਹੀਂ ਪੰਜਾਬ ਦੇ ਨਾਂ ਜਾਰੀ ਕਰਨ ਦਾ ਫੈਸਲਾ ਕੀਤਾ ਹੈ। ਇਸ ਦਸਤਾਵੇਜ਼ ਵਿੱਚ ਪੰਥ ਦੀ ਚੜ੍ਹਦੀਕਲਾ ਅਤੇ ਪੰਥ ਦੇ ਬੋਲ ਬਾਲੇ ਦੀ ਗੱਲ ਕਰਦਿਆਂ ਪੰਜਾਬ ਦੀ ਨੁਹਾਰ ਬਦਲਣ ਲਈ ਹਰ ਵਿਸ਼ੇ ਨੂੰ ਛੋਹਿਆ ਗਿਆ ਹੈ।




ਇਸ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰ. ਇਕਬਾਲ ਸਿੰਘ ਝੂੰਦਾਂ ਨੇ ਕਿਹਾ ਕਿ ਇਸ ਐਲਾਨਨਾਮੇ ਅਨੁਸਾਰ ਪਾਰਟੀ ਵਿੱਚ ਇਕ ਆਗੂ ਇਕ ਅਹੁਦਾ ਅਤੇ ਪਰਿਵਾਰ ਵਿੱਚ ਇਕ ਹੀ ਟਿਕਟ ਦਾ ਸਿਧਾਂਤ ਲਾਗੂ ਹੋਵੇਗਾ। ਪਾਰਟੀ ਪ੍ਰਧਾਨ ਦਾ ਕਾਰਜਕਾਲ ਤਿੰਨ ਸਾਲ ਦਾ ਹੋਵੇਗਾ ਅਤੇ ਉਹ ਲਗਾਤਾਰ ਦੋ ਵਾਰ ਹੀ ਪ੍ਰਧਾਨ ਰਹਿ ਸਕੇਗਾ। ਪਾਰਟੀ ਪ੍ਰਧਾਨ ਕੋਈ ਚੋਣ ਨਹੀਂ ਲੜਨਗੇ ਅਤੇ ਜੇਕਰ ਚੋਣ ਲੜਨਾ ਚਾਹੁਣ ਤਾਂ ਪ੍ਰਧਾਨਗੀ ਤੋਂ (ਬਾਕੀ ਸਫ਼ਾ 2 'ਤੇ)

### ਮਿਰਜ਼ਾਪੁਰ 'ਚ ਹਾਦਸੇ ਦੌਰਾਨ 11 ਦੀ ਮੌਤ

ਮਿਰਜ਼ਾਪੁਰ, 23 ਅਪ੍ਰੈਲ (ਚ.ਨ.ਸ.):ਉੱਤਰ ਪ੍ਰਦੇਸ਼ ਦੇ ਮਿਰਜ਼ਾਪੁਰ ਵਿੱਚ ਬੀਤੀ ਰਾਤ ਨੂੰ ਇੱਕ ਸੜਕ ਹਾਦਸੇ ਵਿੱਚ ਗਿਆਰਾਂ ਲੋਕਾਂ ਦੀ ਮੌਤ ਹੋ ਗਈ। ਮੱਧ ਪ੍ਰਦੇਸ਼ ਤੋਂ ਆ ਰਹੇ ਇੱਕ ਬੱਜਰੀ ਵਾਲੇ ਟਰਾਲੇ ਨੇ ਬ੍ਰੇਕ ਫੇਲ੍ਹ ਹੋਣ ਕਾਰਨ ਆਪਣਾ ਕੰਟਰੋਲ ਗੁਆ ਦਿੱਤਾ। ਟਰਾਲਾ ਪਹਿਲਾਂ ਇੱਕ ਸਵਿਫਟ ਕਾਰ ਨਾਲ ਟਕਰਾ ਗਿਆ ਅਤੇ ਫਿਰ ਇੱਕ ਟਰੱਕ ਨਾਲ ਟਕਰਾ ਗਿਆ। ਕਾਰ ਟਰਾਲੇ ਦੇ ਵਿਚਕਾਰ ਫਸ ਗਈ। ਇਸ ਦੌਰਾਨ, ਪਿੱਛੇ ਤੋਂ ਆ ਰਹੀ ਇੱਕ ਬੋਲੈਰੋ ਟਰਾਲੇ ਦੇ ਪਿੱਛੋਂ ਆ ਵੱਜੀ। ਟਕਰਾਉਣ ਤੋਂ ਬਾਅਦ ਬੋਲੈਰੋ ਵਿੱਚ ਧਮਾਕਾ ਹੋ ਗਿਆ ਅਤੇ ਅੱਗ ਲੱਗ ਗਈ। ਡਰਾਈਵਰ ਸਮੇਤ ਨੌਂ ਲੋਕ ਜ਼ਿੰਦਾ ਸੜ ਗਏ। ਸਾਰੇ ਮ੍ਰਿਤਕ ਰਿਸ਼ਤੇਦਾਰ ਸਨ। ਸਵਿਫਟ ਕਾਰ ਦੇ ਡਰਾਈਵਰ ਅਤੇ ਟਰੱਕ ਕਲੀਨਰ ਦੀ ਵੀ ਮੌਤ ਹੋ ਗਈ। ਇਹ ਹਾਦਸਾ ਡਰੰਮਡਗੰਜ ਥਾਣਾ ਖੇਤਰ ਵਿੱਚ ਵਾਪਰਿਆ। ਚਸ਼ਮਦੀਦਾਂ ਦੇ ਅਨੁਸਾਰ, ਟੱਕਰ ਇੰਨੀ ਭਿਆਨਕ ਸੀ ਕਿ ਬੋਲੇਰੋ ਨੂੰ ਤੁਰੰਤ (ਬਾਕੀ ਸਫ਼ਾ 2 'ਤੇ)

ਮਹਿੰਗੀਆਂ ਸਕੂਲ ਪੁਸਤਕਾਂ

## ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਨੋਟਿਸ; ਦੇਸ਼ ਭਰ 'ਚ ਆਡਿਟ ਦੇ ਹੁਕਮ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 23 ਅਪ੍ਰੈਲ :ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਐਨ.ਐਚ.ਆਰ.ਸੀ.) ਨੇ ਦੇਸ਼ ਭਰ ਦੇ ਸਕੂਲਾਂ ਵਿੱਚ ਮਹਿੰਗੀਆਂ ਪੁਸਤਕਾਂ ਲਾਉਣ ਦਾ ਨੋਟਿਸ ਲਿਆ ਹੈ। ਕਮਿਸ਼ਨ ਨੇ ਪੁਸਤਕਾਂ ਦੀਆਂ ਸੂਚੀਆਂ ਦਾ 30 ਦਿਨਾਂ ਦੇ ਅੰਦਰ ਆਡਿਟ ਕਰਨ ਦਾ ਹੁਕਮ ਦਿੱਤਾ ਹੈ। ਕਮਿਸ਼ਨ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਇਸ ਸਬੰਧੀ ਰਿਪੋਰਟ ਮੰਗੀ ਹੈ। ਇਸ ਦੇ ਨਾਲ ਹੀ ਸਿੱਖਿਆ ਮੰਤਰਾਲੇ ਅਤੇ ਸੀ.ਬੀ.ਐੱਸ.ਈ. ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਗਿਆ ਹੈ ਕਿ ਨਿੱਜੀ ਸਕੂਲਾਂ ਵੱਲੋਂ ਮਹਿੰਗੀਆਂ ਕਿਤਾਬਾਂ ਲਗਾਉਣ ਵਿਰੁੱਧ ਕੀ ਕਾਰਵਾਈ ਕੀਤੀ ਗਈ ਹੈ। ਕਮਿਸ਼ਨ ਨੇ ਇਸ ਦੌਰਾਨ ਕੇਂਦਰ ਨੂੰ 15 ਦਿਨਾਂ ਵਿੱਚ ਐਨ.ਸੀ.ਈ.ਆਰ.ਟੀ. ਦੇ ਨਿਯਮਾਂ ਬਾਰੇ ਸਥਿਤੀ ਸਪਸ਼ਟ ਕਰਨ ਲਈ ਕਿਹਾ ਹੈ। ਇਸ ਸਬੰਧੀ ਪੰਜਾਬ, ਚੰਡੀਗੜ੍ਹ ਤੋਂ ਇਲਾਵਾ ਹੋਰ ਸੂਬਿਆਂ ਦੇ ਵੱਡੀ ਗਿਣਤੀ ਵਿਦਿਆਰਥੀਆਂ ਦੇ ਮਾਪਿਆਂ ਨੇ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਸੀ ਕਿ (ਬਾਕੀ ਸਫ਼ਾ 2 'ਤੇ)

## ਫਿਨਲੈਂਡ ਦੀ ਯੂਨੀਵਰਸਿਟੀ ਆਫ਼ ਟੁਰਕੂ ਨਾਲ ਪੰਜਾਬ ਦੀ ਭਾਈਵਾਲੀ ਵਿਸ਼ਵਵਿਆਪੀ ਅਧਿਆਪਨ ਜੁਗਤਾਂ ਨੂੰ ਪੰਜਾਬ ਦੇ ਕਲਾਸਰੂਮਾਂ ਤੱਕ ਪਹੁੰਚਾਉਣ 'ਚ ਹੋਵੇਗੀ ਮਦਦਗਾਰ: ਮਾਨ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਅਪ੍ਰੈਲ :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਤੇ ਫਿਨਲੈਂਡ ਦੀ ਟੁਰਕੂ ਯੂਨੀਵਰਸਿਟੀ ਦਰਮਿਆਨ ਸਹਿਯੋਗ ਦੇ ਨਾਲ ਪੰਜਾਬ ਦੇ ਕਲਾਸਰੂਮਾਂ ਵਿੱਚ ਪ੍ਰਤੱਖ ਤਬਦੀਲੀਆਂ ਦਿਖਣੀਆਂ ਸ਼ੁਰੂ ਹੋ ਗਈਆਂ ਹਨ, ਜਿਸਨੇ ਅਧਿਆਪਨ ਅਭਿਆਸਾਂ ਨੂੰ ਵਧੇਰੇ ਆਨੰਦਮਈ ਅਤੇ ਵਿਹਾਰਕ ਬਣਾ ਦਿੱਤਾ ਹੈ ਅਤੇ ਵਿਦਿਆਰਥੀਆਂ ਲਈ ਸਿੱਖਣ ਦਾ ਮਾਹੌਲ ਵਧੇਰੇ ਪ੍ਰਭਾਵਸ਼ਾਲੀ ਬਣ ਰਿਹਾ ਹੈ।

ਇਸ ਪਹਿਲਕਦਮੀ ਦੇ ਹਿੱਸੇ ਵਜੋਂ ਪੜ੍ਹਾਈ-ਲਿਖਾਈ ਰੱਟੇ ਮਾਰਨ ਦੇ ਢੰਗ-ਤਰੀਕਿਆਂ ਤੋਂ ਹਟ ਕੇ ਹੁਣ ਵਧੇਰੇ ਅਨੰਦਮਈ ਅਤੇ ਸ਼ਮੂਲੀਅਤ ਭਰੇ ਸਿੱਖਣ ਦੇ ਮਾਹੌਲ ਵੱਲ ਵਧ ਰਹੀ ਹੈ। ਪੰਜਾਬ ਦੀ ਵਿਆਪਕ ਸਿੱਖਿਆ ਕ੍ਰਾਂਤੀ ਵਿੱਚ ਸ਼ਾਮਲ ਇਹ ਪ੍ਰੋਗਰਾਮ ਸਥਾਨਕ ਕਲਾਸਰੂਮ ਵਿੱਚ ਵਿਸ਼ਵਵਿਆਪੀ ਮੁਹਾਰਤ ਨੂੰ ਸ਼ਾਮਲ ਕਰਨ 'ਤੇ ਕੇਂਦਰਿਤ ਹੈ, ਜੋ ਇੱਕ ਢਾਂਚਾਗਤ ਟਰੇਨ-ਦ-ਟਰੇਨਰਜ਼ ਮਾਡਲ ਰਾਹੀਂ ਪੈਮਾਨੇ ਨੂੰ ਤੈਅ ਕਰਦਾ ਹੈ, ਜਿਸ ਵਿੱਚ ਬੁਨਿਆਦੀ ਸਿੱਖਿਆ ਦੀ ਮਜ਼ਬੂਤੀ ਲਈ ਮਈ ਤੱਕ ਲਗਭਗ 300 ਅਧਿਆਪਕਾਂ ਨੂੰ ਸਿਖਲਾਈ ਦਿੱਤੀ ਜਾਵੇਗੀ।



ਫਿਨਲੈਂਡ ਦੀ ਆਪਣੀ ਸਰਕਾਰੀ ਫੇਰੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੁਕੁਲੋ-ਮੋਈਕੋਇਨੇਨ ਅਰਲੀ ਚਾਈਲਡਹੁੱਡ ਐਜੂਕੇਸ਼ਨ ਐਂਡ ਕੇਅਰ ਸੈਂਟਰ ਦਾ ਦੌਰਾ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਪਹਿਲਾਂ ਹੀ ਸਥਾਨਕ ਕਲਾਸਰੂਮਾਂ ਨਾਲ ਵਿਸ਼ਵਵਿਆਪੀ ਸਿੱਖਿਆ ਮੁਹਾਰਤ ਨੂੰ ਇਕਸਾਰ ਕਰਕੇ ਸ਼ਾਨਦਾਰ ਨਤੀਜੇ ਦੇ ਰਹੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸਕੂਲ ਸਿੱਖਿਆ ਵਿਭਾਗ ਅਧੀਨ ਸਟੇਟ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟਰੇਨਿੰਗ ਰਾਹੀਂ ਸ਼ੁਰੂ ਹੋਈ ਇਹ ਭਾਈਵਾਲੀ ਸ਼ੁਰੂਆਤੀ ਅਤੇ ਬੁਨਿਆਦੀ ਸਿੱਖਿਆ ਵਿੱਚ ਅਧਿਆਪਕ ਦੀ ਭੂਮਿਕਾ ਨੂੰ ਮਜ਼ਬੂਤ ਕਰਨ ਦੇ ਯਤਨਾਂ ਵੱਲ ਸੇਧਿਤ ਹੈ। ਇਹ ਥੋੜ੍ਹੇ ਸਮੇਂ ਦੀ ਦਖਲਅੰਦਾਜ਼ੀ ਵਜੋਂ ਨਹੀਂ ਸਗੋਂ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਬਾਲ-ਕੇਂਦ੍ਰਿਤ ਅਤੇ ਖੇਡ-ਅਧਾਰਤ ਸਿੱਖਿਆ ਨੂੰ ਸ਼ਾਮਲ ਕਰਨ ਲਈ ਲੰਬੇ ਸਮੇਂ ਦੇ ਸੰਸਥਾਗਤ ਯਤਨ ਵਜੋਂ ਤਿਆਰ ਕੀਤੀ ਗਈ ਹੈ, ਜਿਸ ਵਿੱਚ ਬਿਹਤਰੀਨ ਸਿੱਖਿਆ ਅਭਿਆਸਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। (ਬਾਕੀ ਸਫ਼ਾ 2 'ਤੇ)

## ਪੰਜਾਬ ਪੁਲਿਸ ਵੱਲੋਂ 'ਲਾਰੈਂਸ ਆਫ਼ ਪੰਜਾਬ' ਦਸਤਾਵੇਜ਼ੀ ਫ਼ਿਲਮ 'ਤੇ ਰੋਕ ਦੀ ਮੰਗ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 23 ਅਪ੍ਰੈਲ : ਪੰਜਾਬ ਪੁਲਿਸ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ (ਐਮ.ਆਈ.ਬੀ.) ਨੂੰ ਰਸਮੀ ਤੌਰ 'ਤੇ 'ਲਾਰੈਂਸ ਆਫ਼ ਪੰਜਾਬ' ਸਿਰਲੇਖ ਵਾਲੀ ਆਉਣ ਵਾਲੀ ਦਸਤਾਵੇਜ਼ੀ ਲੜੀ ਤੱਕ ਜਨਤਕ ਪਹੁੰਚ ਨੂੰ ਰੋਕਣ ਦੀ ਅਪੀਲ ਕੀਤੀ ਹੈ। ਇਹ ਦਸਤਾਵੇਜ਼ੀ ਫਿਲਮ 27 ਅਪ੍ਰੈਲ ਨੂੰ ਓ.ਟੀ.ਟੀ. ਪਲੇਟਫਾਰਮ ਜ਼ੀ5 'ਤੇ ਰਿਲੀਜ਼ ਹੋਣ ਵਾਲੀ ਹੈ।

ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਾਈਬਰ ਕ੍ਰਾਈਮ), ਵੀ.ਨੀਰਜ (ਆਈ.ਪੀ.ਐਸ.) ਦੁਆਰਾ ਭੇਜੇ ਗਏ ਇੱਕ ਅਧਿਕਾਰਤ ਪੱਤਰ ਵਿੱਚ, ਰਾਜ ਪੁਲਿਸ ਨੇ ਦਸਤਾਵੇਜ਼ੀ ਦੀ ਸਮੱਗਰੀ ਬਾਰੇ ਗੰਭੀਰ ਚਿੰਤਾਵਾਂ ਪ੍ਰਗਟ ਕੀਤੀਆਂ ਹਨ। ਦਸਤਾਵੇਜ਼ੀ ਕਥਿਤ ਤੌਰ 'ਤੇ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਜੀਵਨ ਅਤੇ ਅਪਰਾਧਿਕ ਯਾਤਰਾ ਦਾ ਵਰਣਨ ਕਰਦੀ ਹੈ। ਇਹ ਦੋਸ਼ ਲਗਾਇਆ ਗਿਆ ਹੈ ਕਿ ਇਸ ਲੜੀ ਵਿੱਚ ਉੱਚ-ਪ੍ਰੋਫਾਈਲ ਅਪਰਾਧਾਂ ਦੇ ਨਾਟਕੀ ਚਿੱਤਰਣ ਸ਼ਾਮਲ ਹਨ ਅਤੇ ਅਸਲ ਜੀਵਨ ਦੇ ਹਵਾਲੇ ਸ਼ਾਮਲ ਹਨ, ਜਿਵੇਂ ਕਿ ਪੰਜਾਬੀ ਗਾਇਕ ਸਿੱਧੂ ਮੂਸੇ ਵਾਲਾ ਦਾ ਕਤਲ ਅਤੇ ਹੋਰ ਹਿੰਸਕ ਘਟਨਾਵਾਂ।

**ਡੀ.ਜੀ.ਪੀ. ਨੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੂੰ ਲਿਖਿਆ ਪੱਤਰ**

ਪੱਤਰ ਦੇ ਅਨੁਸਾਰ ਅਧਿਕਾਰੀਆਂ ਨੂੰ ਡਰ ਹੈ ਕਿ ਦਸਤਾਵੇਜ਼ੀ 'ਸੰਗਠਿਤ ਅਪਰਾਧ ਨੂੰ ਵਡਿਆਉਣ ਅਤੇ ਆਮ ਬਣਾਉਣ' ਦੀ ਸੰਭਾਵਨਾ ਹੈ, ਜਿਸਦਾ ਨੌਜਵਾਨ ਦਰਸ਼ਕਾਂ 'ਤੇ ਸੰਭਾਵੀ ਤੌਰ 'ਤੇ ਨੁਕਸਾਨਦੇਹ ਪ੍ਰਭਾਵ ਪੈ ਸਕਦਾ ਹੈ ਅਤੇ (ਬਾਕੀ ਸਫ਼ਾ 2 'ਤੇ)

### 'ਗੈਂਗਸਟਰਾਂ 'ਤੇ ਵਾਰ' ਦੇ 92 ਦਿਨ ਪੂਰੇ

# ਸੰਗਠਿਤ ਅਪਰਾਧ ਵਿਰੁੱਧ ਫ਼ੈਸਲਾਕੁੰਨ ਕਾਰਵਾਈ 'ਚ ਹੁਣ ਤੱਕ 23,000 ਤੋਂ ਵੱਧ ਗ੍ਰਿਫ਼ਤਾਰੀਆਂ: ਪੰਨੂ

ਚੰਡੀਗੜ੍ਹ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀਆਂ ਦੋ ਪ੍ਰਮੁੱਖ ਮੁਹਿੰਮਾਂ, 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ ਤੇ ਵਾਰ' ਪੰਜਾਬ ਪੁਲਿਸ ਵੱਲੋਂ ਲੋਕਾਂ ਦੇ ਭਰਵੇਂ ਸਹਿਯੋਗ ਨਾਲ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮਾਂ ਪੰਜਾਬ ਵਿੱਚੋਂ ਨਸ਼ਿਆਂ ਅਤੇ ਸੰਗਠਿਤ ਅਪਰਾਧਾਂ ਨੂੰ ਜੜ੍ਹੋਂ ਖਤਮ ਕਰਨ ਲਈ ਪ੍ਰਸ਼ਾਸਨ ਦੇ ਪੱਕੇ ਇਰਾਦੇ ਨੂੰ ਦਰਸਾਉਂਦੀਆਂ ਹਨ। ਗੈਂਗਸਟਰ ਵਿਰੋਧੀ ਮੁਹਿੰਮ ਦੀ ਪ੍ਰਗਤੀ ਬਾਰੇ ਚਾਨਣਾ ਪਾਉਂਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਗੈਂਗਸਟਰਾਂ ਤੇ ਵਾਰ' ਮੁਹਿੰਮ ਨੇ 92 ਦਿਨ ਪੂਰੇ ਕਰ ਲਏ ਹਨ ਅਤੇ ਇਕੱਲੇ 92ਵੇਂ ਦਿਨ ਹੀ ਪੰਜਾਬ ਪੁਲਿਸ ਨੇ 254 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ 4 ਨਾਜਾਇਜ਼ ਹਥਿਆਰ ਬਰਾਮਦ ਕੀਤੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੁਹਿੰਮ ਤਹਿਤ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ ਹੁਣ 23,140 ਤੱਕ ਪਹੁੰਚ ਗਈ ਹੈ, ਜਦਕਿ ਪੁੱਛਗਿੱਛ ਲਈ ਹਿਰਾਸਤ ਵਿੱਚ ਲਏ ਗਏ 79 ਵਿਅਕਤੀਆਂ ਵਿੱਚੋਂ 61 ਨੂੰ ਪੂਰੀ ਜਾਂਚ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ ਹੈ।

ਮੁਹਿੰਮ ਵਿੱਚ ਜਨਤਕ ਭਾਗੀਦਾਰੀ 'ਤੇ ਜ਼ੋਰ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਲੋੜੀਂਦੇ ਗੈਂਗਸਟਰਾਂ ਬਾਰੇ ਜਾਣਕਾਰੀ ਮੰਗਣ ਲਈ ਜਨਤਕ ਅਪੀਲ ਕੀਤੀ ਸੀ ਅਤੇ ਨਾਗਰਿਕਾਂ ਨੇ ਇਸ ਦਾ ਭਰਵਾਂ ਹੁੰਗਾਰਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇੱਕ ਸਮਰਪਿਤ ਹੈਲਪਲਾਈਨ ਨੰਬਰ 93946-93946 ਸਥਾਪਤ ਕੀਤਾ ਗਿਆ ਹੈ, ਜਿੱਥੇ ਲੋਕ ਗੁਪਤ ਰੂਪ ਵਿੱਚ ਜਾਣਕਾਰੀ ਸਾਂਝੀ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ ਦੀ ਪਛਾਣ ਪੂਰੀ ਤਰ੍ਹਾਂ ਸੁਰੱਖਿਅਤ ਰੱਖੀ ਜਾਂਦੀ ਹੈ।

ਨਸ਼ਾ ਵਿਰੋਧੀ ਮੁਹਿੰਮ ਬਾਰੇ ਗੱਲ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਆਪਣੇ 417ਵੇਂ ਦਿਨ ਵਿੱਚ ਪ੍ਰਵੇਸ਼ ਕਰ ਚੁੱਕੀ ਹੈ ਅਤੇ 417ਵੇਂ ਦਿਨ ਪੰਜਾਬ ਪੁਲਿਸ ਨੇ 98 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ 1.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਤੱਕ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 60,000 ਨੂੰ ਪਾਰ ਕਰ ਗਈ ਹੈ, ਜੋ ਕਿ ਨਸ਼ਿਆਂ ਵਿਰੁੱਧ ਪੰਜਾਬ ਦੀ ਜੰਗ ਵਿੱਚ ਇੱਕ ਵੱਡੀ ਪ੍ਰਾਪਤੀ ਹੈ।

## ਪੰਜਾਬ, ਹਰਿਆਣਾ ਤੇ ਚੰਡੀਗੜ੍ਹ 'ਚ ਵੱਡੇ ਪੱਧਰ 'ਤੇ ਜ਼ਿਲ੍ਹਾ ਜੱਜਾਂ ਦੇ ਤਬਾਦਲੇ

ਚੰਡੀਗੜ੍ਹ , 23 ਅਪ੍ਰੈਲ (ਚ.ਨ.ਸ.) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਇਕ ਹੁਕਮ ਜਾਰੀ ਕਰ ਕੇ 84 ਜੱਜਾਂ ਦਾ ਤਬਾਦਲਾ ਕਰ ਦਿੱਤਾ ਹੈ। ਇਨ੍ਹਾਂ 'ਚ 38 ਜੱਜ ਪੰਜਾਬ ਦੇ ਹਨ ਤੇ 46 ਜੱਜ ਹਰਿਆਣੇ ਦੇ ਹਨ। ਇਹ ਤਬਾਦਲੇ ਦੇ ਹੁਕਮ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਰਜਿਸਟ੍ਰਾਰ ਜਨਰਲ ਵੱਲੋਂ ਜਾਰੀ ਕੀਤੇ ਗਏ ਹਨ। ਜ਼ਿਲ੍ਹਾ ਅਤੇ ਸੈਸ਼ਨ ਜੱਜਾਂ, ਐਡੀਸ਼ਨਲ ਜ਼ਿਲ੍ਹਾ ਜੱਜਾਂ ਅਤੇ ਵੱਖ-ਵੱਖ ਪੱਧਰਾਂ ਦੇ ਹੋਰ ਜੁਡੀਸ਼ਲ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀਆਂ ਦੀ ਪੂਰੀ ਸੂਚੀ ਹੇਠਾਂ ਦਿੱਤੀ ਗਈ ਹੈ।

# ਪੰਜਾਬ ਸਰਕਾਰ ਵੱਲੋਂ ਅਗੰਮਪੁਰ ਪੁਲ ਦੀ ਸੁਰੱਖਿਆ ਲਈ 19.72 ਕਰੋੜ ਰੁਪਏ ਦੇ ਹੜ੍ਹ-ਰੋਕੂ ਕੰਮ ਜਾਰੀ: ਬਰਿੰਦਰ ਕੁਮਾਰ ਗੋਇਲ

ਚੰਡੀਗੜ੍ਹ/ਸ੍ਰੀ ਅਨੰਦਪੁਰ ਸਾਹਿਬ, 23 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲੋਧੀਪੁਰ, ਅਗੰਮਪੁਰ, ਹਰਸਾਬੇਲਾ ਅਤੇ ਅਜੌਲੀ ਖੇਤਰਾਂ ਦਾ ਦੌਰਾ ਕਰਕੇ ਚੱਲ ਰਹੇ ਹੜ੍ਹ-ਰੋਕੂ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਤਲੁਜ ਦਰਿਆ ਦੇ ਕੰਢੇ ਹੋ ਰਹੇ ਕੰਮਾਂ ਦੀ ਪ੍ਰਗਤੀ ਬਾਰੇ ਅਧਿਕਾਰੀਆਂ ਤੋਂ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ ਅਤੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਲੋਧੀਪੁਰ, ਜੋ ਸਤਲੁਜ ਦਰਿਆ ਦੇ ਖੱਬੇ ਕੰਢੇ 'ਤੇ ਸਥਿਤ ਹੈ। ਭਵਿੱਖ ਵਿੱਚ ਦਰਿਆ ਦੇ ਕੰਢਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਸਾਲ 2026 ਵਿੱਚ ਲੋਧੀਪੁਰ ਹੜ੍ਹ ਸੁਰੱਖਿਆ ਪ੍ਰੋਜੈਕਟ ਤਹਿਤ ਕੁੱਲ 1700 ਫੁੱਟ ਲੰਬਾਈ ਵਿੱਚ ਕੰਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਚਰਨ ਗੰਗਾ ਨਦੀ ਉੱਤੇ 300 ਫੁੱਟ ਦੀ ਪੁਨਰ ਨਿਰਮਾਣ ਅਤੇ ਸਤਲੁਜ ਦਰਿਆ ਉੱਤੇ 1400 ਫੁੱਟ ਰਿਵੈਟਮੈਂਟ ਨਾਲ ਨਾਲ 13 ਸਟੱਡ ਬਣਾਉਣ ਦਾ ਕੰਮ ਸ਼ਾਮਲ ਹੈ। ਇਸ ਪ੍ਰੋਜੈਕਟ ਦੀ ਕੁੱਲ ਲਾਗਤ ਲਗਭਗ 4.62 ਕਰੋੜ ਰੁਪਏ ਹੈ ਅਤੇ ਇਸ ਨਾਲ ਪਿੰਡ ਲੋਧੀਪੁਰ ਅਤੇ ਬੁਰਜ ਸਮੇਤ ਨਜ਼ਦੀਕੀ ਖੇਤਰਾਂ ਨੂੰ ਹੜ੍ਹਾਂ ਤੋਂ ਬਚਾਅ ਮਿਲੇਗਾ ਅਤੇ ਖੇਤੀਬਾੜੀ ਜ਼ਮੀਨਾਂ ਦੀ ਸੁਰੱਖਿਆ ਨੂੰ ਮਜ਼ਬੂਤੀ

### ਕੈਬਨਿਟ ਮੰਤਰੀ ਨੇ ਸਤਲੁਜ ਕੰਢੇ ਚੱਲ ਰਹੇ ਪ੍ਰੋਜੈਕਟਾਂ ਦਾ ਲਿਆ ਜਾਇਜ਼ਾ



ਪ੍ਰਦਾਨ ਕੀਤੀ ਜਾਵੇਗੀ।

ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਅਗੰਮਪੁਰ ਦਾ ਪੁਲ ਬਹੁਤ ਹੀ ਮਹੱਤਵਪੂਰਨ ਹੈ, ਕਿਉਂਕਿ ਇਹ ਮਾਲਵਾ/ਪੁਆਧ ਖੇਤਰਾਂ ਨੂੰ ਦੋਆਬਾ ਅਤੇ ਮਾਝੇ ਨਾਲ ਜੋੜਦਾ ਹੈ। ਇਸ ਤੋਂ ਇਲਾਵਾ ਇਹ ਪੁਲ ਧਾਰਮਿਕ ਪੱਖੋਂ ਵੀ ਅਹਿਮ ਹੈ, ਕਿਉਂਕਿ ਇਹ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਸ੍ਰੀ ਅਕਾਲ ਤਖਤ ਸਾਹਿਬ ਨਾਲ ਜੋੜਦਾ ਹੈ। ਇਸ ਕਾਰਨ ਇਹ ਸੂਬੇ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਗਹਿਰਾ ਸਬੰਧ ਰੱਖਦਾ ਹੈ। ਉਨ੍ਹਾਂ ਨੇ ਯਾਦ ਕਰਵਾਇਆ ਕਿ ਸਾਲ 2025 ਦੌਰਾਨ ਅਗੰਮਪੁਰ ਪੁਲ ਨੂੰ ਭਾਰੀ ਖਤਰਾ ਪੈਦਾ ਹੋ ਗਿਆ ਸੀ, ਪਰ ਸਰਕਾਰ ਵੱਲੋਂ ਤੁਰੰਤ ਕੀਤੀਆਂ ਕਾਰਵਾਈਆਂ ਨਾਲ ਇਸਨੂੰ ਸੁਰੱਖਿਅਤ ਰੱਖਿਆ ਗਿਆ। ਇਸ ਤਜਰਬੇ ਤੋਂ ਸਿੱਖ ਲੈਂਦਿਆਂ ਹੁਣ ਪੁਲ ਦੇ ਆਲੇ-ਦੁਆਲੇ ਵਿਸ਼ਾਲ ਪੱਧਰ 'ਤੇ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਨੁਕਸਾਨ ਤੋਂ ਬਚਾਅ ਕੀਤਾ ਜਾ ਸਕੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸਾਲ ਕੁੱਲ 6570 ਫੁੱਟ (ਤਕਰੀਬਨ 2 ਕਿ.ਮੀ.) ਲੰਬਾਈ ਵਿੱਚ ਹੜ੍ਹ-ਰੋਕੂ ਕੰਮ ਕਰਵਾਏ ਜਾ ਰਹੇ ਹਨ, ਜਿਨ੍ਹਾਂ 'ਤੇ ਤਕਰੀਬਨ 19.72 ਕਰੋੜ ਰੁਪਏ ਖਰਚ ਹੋ ਰਹੇ ਹਨ। ਅਗੰਮਪੁਰ ਸਲਾਈਸ-ਵਨ ਅਤੇ ਪੁਲ ਦੇ ਉੱਪਰਲੇ ਹਿੱਸੇ ਵਿੱਚ 3920 ਫੁੱਟ ਲੰਬਾਈ ਵਿੱਚ 12.05 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਜਾਰੀ ਹੈ, ਜਿਸ ਵਿੱਚ 3280 ਫੁੱਟ ਰਿਵੈਟਮੈਂਟ ਅਤੇ 31 ਸਟੱਡਸ ਦੀ ਉਸਾਰੀ ਸ਼ਾਮਲ ਹੈ। ਇਸ ਨਾਲ ਅਗੰਮਪੁਰ ਅਤੇ ਕਰੈਸ਼ਰ ਜੋਨ ਖੇਤਰ ਨੂੰ ਵੱਡਾ ਲਾਭ ਮਿਲੇਗਾ।

ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਹਰਸਾਬੇਲਾ ਵਿਖੇ 2650 ਫੁੱਟ ਲੰਬਾਈ ਵਿੱਚ 7.67 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹ-ਰੋਕੂ ਕੰਮ ਕੀਤੇ ਜਾ ਰਹੇ ਹਨ, ਜਿਸ ਵਿੱਚ 2300 ਫੁੱਟ ਰਿਵੈਟਮੈਂਟ ਅਤੇ 23 ਸਟੱਡਸ ਦੀ ਉਸਾਰੀ ਸ਼ਾਮਲ ਹੈ। ਮੰਤਰੀ ਨੇ ਦੁਹਰਾਇਆ ਕਿ ਸਰਕਾਰ ਵੱਲੋਂ ਹੜ੍ਹਾਂ ਤੋਂ ਬਚਾਅ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਰੇ ਪ੍ਰੋਜੈਕਟ ਉੱਚ ਗੁਣਵੱਤਾ ਨਾਲ ਸਮੇਂ ਸਿਰ ਪੂਰੇ ਕੀਤੇ ਜਾਣਗੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਹੜ੍ਹ ਸੁਰੱਖਿਆ ਦੇ ਤਹਿਤ ਅਜੌਲੀ ਵਿਖੇ 1500 ਫੁੱਟ ਰਿਵੈਟਮੈਂਟ ਅਤੇ 14 ਨੰਬਰ ਸਟੱਡ ਬਣਾਉਣ ਦਾ ਕੰਮ ਮਨਜ਼ੂਰ ਕੀਤਾ ਗਿਆ ਹੈ, ਜਿਸ 'ਤੇ ਤਕਰੀਬਨ 3.45 ਕਰੋੜ ਰੁਪਏ ਦੀ ਲਾਗਤ ਆਏਗੀ। ਇਹ ਪ੍ਰੋਜੈਕਟ ਸਤਲੁਜ ਦਰਿਆ ਦੇ ਵਹਾਅ ਨੂੰ ਕਾਬੂ ਕਰਨ ਅਤੇ ਭਵਿੱਖ ਵਿੱਚ ਹੜ੍ਹਾਂ ਤੋਂ ਹੋਣ ਵਾਲੇ ਨੁਕਸਾਨ ਨੂੰ ਘਟਾਉਣ ਲਈ ਮਹੱਤਵਪੂਰਨ ਕਦਮ ਸਾਬਤ ਹੋਵੇਗਾ, ਜਿਸ ਨਾਲ ਅਜੌਲੀ, ਦਬਖੇੜਾ ਅਤੇ ਕਲਿੱਤਰਾ ਪਿੰਡਾਂ ਦੇ ਵਸਨੀਕਾਂ ਅਤੇ ਖੇਤੀਬਾੜੀ ਜ਼ਮੀਨ ਨੂੰ ਵੱਡੀ ਰਾਹਤ ਮਿਲੇਗੀ।

ਮੰਤਰੀ ਗੋਇਲ ਨੇ ਦੱਸਿਆ ਕਿ ਨਜ਼ਾਇਜ਼ ਮਾਈਨਿੰਗ ਰੋਕਣ ਲਈ ਵੀ ਮਾਡਰਨੀਜੇਸ਼ਨ ਤਹਿਤ ਸਖ਼ਤ ਐਕਸ਼ਨ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ 132 ਪੁਆਇੰਟਾਂ ਤੇ ਕੰਮ ਚੱਲ ਰਿਹਾ ਹੈ ਤੇ ਇਹ 30 ਮਈ ਤੱਕ ਮੁਕੰਮਲ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਡੇ ਵਲੋਂ ਲੋਕਾਂ ਦੀ ਭਲਾਈ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਿਰੰਤਰ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਐਸ.ਡੀ.ਐਮ ਸੁਖਪਾਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਡੀਐਸਪੀ ਜਸ਼ਨਦੀਪ ਸਿੰਘ, ਚੇਅਰਮੈਨ ਕਮਿੱਕਰ ਸਿੰਘ ਡਾਢੀ, ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ, ਰਮਨਦੀਪ ਸਿੰਘ ਬੈਂਸ ਸੁ. ਇੰਜੀਨਿਅਰ, ਸੰਦੀਪ ਸਿੰਘ ਮੰਗਤ ਕਾਰਜਕਾਰੀ ਇੰਜੀਨਿਅਰ, ਵਰੁਣ ਐਸ.ਡੀ.ਓ ਰੂਪਨਗਰ ਡਰੇਨੇਜ ਸਬ ਡਵੀਜਨ, ਨਿਸ਼ਾਂਤ ਗਰਗ ਐਸ.ਡੀ.ਓ ਸ੍ਰੀ ਚਮਕੌਰ ਸਾਹਿਬ ਡਰੇਨੇਜ, ਭਾਵੁਕ ਸ਼ਰਮਾ ਕਾਰਜਕਾਰੀ ਇੰਜੀਨਿਅਰ ਸ੍ਰੀ ਅਨੰਦਪੁਰ ਸਾਹਿਬ, ਨਰਿੰਦਰ ਕੁਮਾਰ ਐਸ.ਡੀ.ਓ ਨੰਗਲ, ਦਿਨੇਸ਼ ਗੁਪਤਾ ਐਸ.ਡੀ.ਓ ਸ੍ਰੀ ਅਨੰਦਪੁਰ ਸਾਹਿਬ, ਗੁਰਜੀਤ ਸਿੰਘ ਐਸ.ਡੀ.ਓ ਨੂਰਪੁਰ ਬੇਦੀ ਤੇ ਅਧਿਕਾਰੀ ਹਾਜ਼ਰ ਸਨ।

# ਪਹਿਲੇ ਸਫ਼ੇ ਦੀ ਬਾਕੀ

### ਮੂੱਧੇ ਮੂੰਹ ਡਿੱਗੇ ਸੋਨਾ-ਚਾਂਦੀ ਦੇ ਭਾਅ

ਜਿਸ ਨਾਲ ਇਹ 1,51,983 ਰੁਪਏ 'ਤੇ ਟ੍ਰੇਡ ਕਰ ਰਿਹਾ ਸੀ। ਇਸੇ ਤਰ੍ਹਾਂ, ਚਾਂਦੀ ਦੇ 5 ਮਈ, 2026 ਦੇ ਕੰਟਰੈਕਟ ਵਿੱਚ 1.64% ਯਾਨੀ 4,076 ਰੁਪਏ ਦੀ ਵੱਡੀ ਗਿਰਾਵਟ ਦੇਖੀ ਗਈ ਅਤੇ ਇਹ 2,44,288 ਰੁਪਏ ਪ੍ਰਤੀ ਕਿਲੋ 'ਤੇ ਆ ਗਈ। ਚਾਂਦੀ ਦੀ ਗੱਲ ਕਰੀਏ ਤਾਂ ਮੁੰਬਈ ਵਿੱਚ ਇਸਦਾ ਭਾਅ 2,45,300 ਰੁਪਏ, ਦਿੱਲੀ ਵਿੱਚ 2,44,620 ਰੁਪਏ ਅਤੇ ਹੈਦਰਾਬਾਦ ਵਿੱਚ 2,45,320 ਰੁਪਏ ਪ੍ਰਤੀ ਕਿਲੋ ਰਿਹਾ। ਮਾਹਿਰਾਂ ਅਨੁਸਾਰ, ਇਸ ਗਿਰਾਵਟ ਦਾ ਸਭ ਤੋਂ ਵੱਡਾ ਕਾਰਨ ਡਾਲਰ ਇੰਡੈਕਸ ਦੀ ਮਜ਼ਬੂਤੀ ਹੈ, ਜੋ ਕਿ 0.11% ਵਧ ਕੇ 98.50 ਦੇ ਉੱਪਰ ਪਹੁੰਚ ਗਿਆ ਹੈ। ਅਮਰੀਕਾ ਅਤੇ ਈਰਾਨ ਵਿਚਕਾਰ ਵੱਧ ਰਹੇ ਸੰਘਰਸ਼ ਕਾਰਨ ਬ੍ਰੈਂਟ ਕਰੂਡ 103 ਡਾਲਰ ਪ੍ਰਤੀ ਬੈਰਲ ਅਤੇ ਡਬਲਯੂ.ਟੀ.ਆਈ. ਕਰੂਡ 94 ਡਾਲਰ ਦੇ ਪਾਰ ਪਹੁੰਚ ਗਿਆ ਹੈ। ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਨੇ ਡਾਲਰ ਦੀ ਮੰਗ ਵਧਾ ਦਿੱਤੀ ਹੈ, ਜਿਸ ਕਾਰਨ ਸੋਨੇ-ਚਾਂਦੀ 'ਤੇ ਦਬਾਅ ਵਧਿਆ ਹੈ। ਅੰਤਰਰਾਸ਼ਟਰੀ ਬਾਜ਼ਾਰ ਵਿੱਚ ਵੀ ਸੋਨਾ 0.68% ਡਿੱਗ ਕੇ 4,720 ਡਾਲਰ ਪ੍ਰਤੀ ਔਂਸ ਅਤੇ ਚਾਂਦੀ 2.43% ਦੀ ਗਿਰਾਵਟ ਨਾਲ 76 ਡਾਲਰ ਪ੍ਰਤੀ ਔਂਸ 'ਤੇ ਆ ਗਈ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਜਦੋਂ ਤੱਕ ਡਾਲਰ ਅਤੇ ਕੱਚੇ ਤੇਲ ਵਿੱਚ ਉਤਾਰ-ਚੜ੍ਹਾਅ ਜਾਰੀ ਰਹੇਗਾ, ਸੋਨੇ ਦੀਆਂ ਕੀਮਤਾਂ ਵਿੱਚ ਅਜਿਹੀ ਹਲਚਲ ਬਣੀ ਰਹਿ ਸਕਦੀ ਹੈ।

### ਬੰਗਾਲ ਵਿੱਚ 91 ਫ਼ੀਸਦੀ ਅਤੇ ਤਾਮਿਲਨਾਡੂ

ਸ਼ਾਮ ਦੇ ਇਹ ਅੰਕੜੇ ਦਰਸਾਉਂਦੇ ਹਨ ਕਿ ਵੋਟਿੰਗ ਦੇ ਅੰਤਿਮ ਘੰਟਿਆਂ ਵਿੱਚ ਵੋਟਰਾਂ ਦੀ ਭਾਗੀਦਾਰੀ ਵਿੱਚ ਜ਼ਬਰਦਸਤ ਉਛਾਲ ਆਇਆ ਹੈ।

ਉੱਤਰੀ ਬੰਗਾਲ ਦੇ ਦਾਰਜੀਲਿੰਗ ਤੇ ਜਲਪਾਈਗੁੜੀ ਤੋਂ ਲੈ ਕੇ ਦੱਖਣ ਦੇ ਮੁਰਸ਼ਿਦਾਬਾਦ, ਨਾਦੀਆ ਅਤੇ ਹੁਗਲੀ ਵਰਗੇ ਜ਼ਿਲ੍ਹਿਆਂ ਵਿੱਚ ਵੋਟਰਾਂ ਦੀਆਂ ਲੰਮੀਆਂ ਕਤਾਰਾਂ ਦੇਖਣ ਨੂੰ ਮਿਲ ਰਹੀਆਂ ਹਨ। ਇੱਥੇ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਅਤੇ ਭਾਜਪਾ ਵਿਚਾਲੇ ਸਿੱਧੀ ਟੱਕਰ ਦਿਖਾਈ ਦੇ ਰਹੀ ਹੈ। ਚੋਣ ਕਮਿਸ਼ਨ ਅਨੁਸਾਰ ਇਸ ਪੜਾਅ ਵਿੱਚ ਕੁੱਲ 3.6 ਕਰੋੜ ਵੋਟਰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ, ਜਿਨ੍ਹਾਂ ਵਿੱਚ ਲਗਭਗ 1.75 ਕਰੋੜ ਮਹਿਲਾਵਾਂ ਅਤੇ 465 ਥਰਡ ਜੈਂਡਰ ਵੋਟਰ ਸ਼ਾਮਲ ਹਨ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਇਹ ਪਹਿਲਾ ਗੇੜ ਸੂਬੇ ਦੀ ਸਿਆਸਤ ਦੀ ਦਿਸ਼ਾ ਤੈਅ ਕਰੇਗਾ, ਜਿੱਥੇ ਮਮਤਾ ਬੈਨਰਜੀ ਲਗਾਤਾਰ ਚੌਥੀ ਵਾਰ ਸੱਤਾ 'ਤੇ ਕਾਬਜ਼ ਹੋਣ ਦੀ ਕੋਸ਼ਿਸ਼ ਵਿੱਚ ਹਨ, ਉੱਥੇ ਹੀ ਭਾਜਪਾ ਇਸ ਵਾਰ ਵੱਡਾ ਉਲਟਫੇਰ ਕਰਨ ਲਈ ਪੂਰੀ ਵਾਹ ਲਾ ਰਹੀ ਹੈ।

ਸੁਰੱਖਿਆ ਦੇ ਪ੍ਰਬੰਧ

ਸੂਬੇ ਭਰ ਵਿੱਚ ਕੇਂਦਰੀ ਨੀਮ ਫੌਜੀ ਬਲਾਂ ਦੀਆਂ ਰਿਕਾਰਡ 2,450 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਲਗਭਗ ਢਾਈ ਲੱਖ ਜਵਾਨ ਸ਼ਾਮਲ ਹਨ। ਚੋਣ ਕਮਿਸ਼ਨ ਨੇ 8,000 ਤੋਂ ਵੱਧ ਪੋਲਿੰਗ ਸਟੇਸ਼ਨਾਂ ਨੂੰ 'ਅਤਿ-ਸੰਵੇਦਨਸ਼ੀਲ' ਐਲਾਨਿਆ ਹੈ। ਮਾਲਦਾ, ਮੁਰਸ਼ਿਦਾਬਾਦ, ਕੂਚ ਬਿਹਾਰ ਅਤੇ ਬੀਰਭੂਮ ਵਰਗੇ ਜ਼ਿਲ੍ਹਿਆਂ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾ ਰਹੀ ਹੈ। ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਉਣ ਲਈ 2,193 ਤੋਂ ਵੱਧ ਤੁਰੰਤ ਕਾਰਵਾਈ ਟੀਮਾਂ (QRT) ਅਤੇ ਫਲਾਇੰਗ ਸਕੁਐਡ ਮੈਦਾਨ ਵਿੱਚ ਉਤਾਰੇ ਗਏ ਹਨ। ਹੁਣ ਤੱਕ ਮਿਲੀ ਜਾਣਕਾਰੀ ਮੁਤਾਬਕ ਵੋਟਿੰਗ ਪ੍ਰਕਿਰਿਆ ਸ਼ਾਂਤੀਪੂਰਵਕ ਚੱਲ ਰਹੀ ਹੈ, ਪਰ ਸਿਆਸੀ ਸਰਗਰਮੀਆਂ ਕਾਰਨ ਪੂਰੇ ਬੰਗਾਲ ਵਿੱਚ ਮਾਹੌਲ ਪੂਰੀ ਤਰ੍ਹਾਂ ਭਖਿਆ ਹੋਇਆ ਹੈ।

### ਭਾਜਪਾ ਉਮੀਦਵਾਰ ਅਗਨੀਮਿੱਤਰਾ ਪਾਲ 'ਤੇ

ਅਗਨੀਮਿੱਤਰਾ ਨੇ ਕਿਹਾ ਕਿ ਉਨ੍ਹਾਂ ਦੀ ਕਾਰ 'ਤੇ ਇਕ ਪੱਥਰ ਸੁੱਟਿਆ ਗਿਆ, ਜਿਸ ਨਾਲ ਉਸ ਦੀ ਵਿੰਡਸ਼ੀਲਡ ਟੁੱਟ ਗਈ। ਇਸ ਘਟਨਾ ਨੂੰ '2021 ਦੀਆਂ ਚੋਣਾਂ ਦਾ ਰੀਪਲੇਅ' ਦੱਸਦੇ ਹੋਏ, ਸ਼੍ਰੀਮਤੀ ਪਾਲ ਨੇ ਕਿਹਾ, 'ਅਸੀਂ ਪੱਥਰ ਸੁੱਟਣ ਵਾਲੇ ਲੋਕਾਂ ਦੀ ਪਛਾਣ ਨਹੀਂ ਕਰ ਸਕੇ, ਪਰ ਅਸੀਂ ਇਲਾਕੇ ਤੋਂ ਭੱਜਣ 'ਚ ਕਾਮਯਾਬ ਹੋ ਗਏ।' ਉਨ੍ਹਾਂ ਅੱਗੇ ਕਿਹਾ ਕਿ ਰਹਿਮਤਨਗਰ 'ਚ ਪਹਿਲਾਂ ਵੀ ਇਸ ਤਰ੍ਹਾਂ ਦੀਆਂ ਧਮਕੀਆਂ ਦਿੱਤੀਆਂ ਗਈਆਂ ਹਨ, ਜਿਸ ਨੂੰ ਉਸ ਨੇ ਘੱਟ ਗਿਣਤੀ-ਪ੍ਰਭਾਵਸ਼ਾਲੀ ਖੇਤਰ ਦੱਸਿਆ ਹੈ। ਉਨ੍ਹਾਂ ਕਿਹਾ,'ਘੱਟ ਗਿਣਤੀਆਂ ਤ੍ਰਿਣਮੂਲ ਦੀ ਜਾਗੀਰ ਨਹੀਂ ਹਨ। ਇਹ ਕਾਰਵਾਈਆਂ ਸਾਨੂੰ ਨਹੀਂ ਰੋਕ ਸਕਣਗੀਆਂ।"

### 4 ਮਈ ਟੀ.ਐਮ.ਸੀ. ਸਰਕਾਰ ਦੀ ਆਖ਼ਰੀ ਮਿਤੀ

ਧੋਖਾ ਦੇਣ' ਦਾ ਦੋਸ਼ ਲਗਾਉਂਦੇਹੋਏ, ਪ੍ਰਧਾਨ ਮੰਤਰੀ ਨੇ ਰਾਜ ਦੀ ਸੱਤਾਧਾਰੀ ਪਾਰਟੀ ਦੁਆਰਾ ਕੀਤੇ ਗਏ 'ਟੁੱਟੇ ਵਾਅਦਿਆਂ' ਦੀ ਇਕ ਸੂਚੀ ਗਿਣਾਈ। ਪੀ.ਐਮ. ਨੇ ਕਿਹਾ,'ਮੁੱਖ ਭੂਮੀ ਨੂੰ ਸਾਗਰ ਟਾਪੂ ਨਾਲ ਜੋੜਨ ਵਾਲੇ ਪੁਲ ਦਾ ਨਿਰਮਾਣ, ਜਿੱਥੇ ਗੰਗਾਸਾਗਰ ਮੇਲਾ ਲਗਾਇਆ ਜਾਂਦਾ ਹੈ, ਅਜੇ ਤੱਕ ਸ਼ੁਰੂ ਨਹੀਂ ਹੋਇਆ ਹੈ ਅਤੇ ਲੋਕਾਂ ਨੂੰ ਅਜੇ ਵੀ ਕਿਸ਼ਤੀਆਂ 'ਤੇ ਨਿਰਭਰ ਕਰਨਾ ਪੈਂਦਾ ਹੈ।" ਉਨ੍ਹਾਂ ਕਿਹਾ,'ਇਸੇ ਤਰ੍ਹਾਂ, ਹੜ੍ਹ ਕੰਟਰੋਲ ਲਈ ਘਾਟਾਲ ਮਾਸਟਰ ਪਲਾਨ ਵੀ ਸ਼ੁਰੂ ਨਹੀਂ ਹੋਇਆ ਹੈ ਅਤੇ ਜ਼ਿਲ੍ਹਾ-ਅਧਾਰਤ ਫੂਡ ਪਾਰਕ ਅਤੇ ਨਦੀ ਦੇ ਕਿਨਾਰੇ ਦੇ ਕਟੌਤੀ ਦਾ ਮੁਕਾਬਲਾ ਕਰਨ ਲਈ ਪ੍ਰੋਜੈਕਟ ਵੀ ਅਜੇ ਤੱਕ ਲਾਗੂ ਨਹੀਂ ਕੀਤੇ ਗਏ ਹਨ।" ਪ੍ਰਧਾਨ ਮੰਤਰੀ ਨੇ ਦੋਸ਼ ਲਗਾਇਆ ਕਿ ਟੀ.ਐਮ.ਸੀ. 'ਨਾ ਸਿਰਫ਼ ਕੇਂਦਰੀ ਪ੍ਰੋਜੈਕਟਾਂ ਨੂੰ ਲਾਗੂ ਕਰਨ 'ਚ ਰੁਕਾਵਟ ਪਾਉਂਦੀ ਹੈ, ਸਗੋਂ ਵਿਕਾਸ ਪ੍ਰੋਜੈਕਟਾਂ ਲਈ ਕੇਂਦਰ ਦੁਆਰਾ ਅਲਾਟ ਕੀਤੇ ਗਏ ਫੰਡਾਂ ਹੜੱਪ ਲੈਂਦੀ ਹੈ।' ਉਨ੍ਹਾਂ ਕਿਹਾ, 'ਇਸ ਨੂੰ ਤਾਂ ਹੀ ਰੋਕਿਆ ਜਾ ਸਕਦਾ ਹੈ ਜੇਕਰ ਭਾਜਪਾ ਦਾ ਰਾਜ 'ਚ ਮੁੱਖ ਮੰਤਰੀ ਹੋਵੇ।' ਮੋਦੀ ਨੇ ਤ੍ਰਿਣਮੂਲ ਕਾਂਗਰਸ 'ਤੇ 33 ਫੀਸਦੀ ਲਾਗੂ ਕਰਨ ਦੀਆਂ ਆਪਣੀ ਸਰਕਾਰ ਦੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ 'ਕਾਂਗਰਸ ਨਾਲ ਮਿਲੀਭੁਗਤ' ਕਰਨ ਦਾ ਦੋਸ਼ ਲਗਾਇਆ।

### ਬੰਗਾਲ 'ਚ ਭਾਜਪਾ ਸਰਕਾਰ ਬਣਨ 'ਤੇ

ਵੋਟਿੰਗ ਮੁਕੰਮਲ ਹੋਣ ਵਾਲੀ ਹੈ ਅਤੇ ਬੰਗਾਲ ਵਿੱਚ ਇਹ ਮੇਰਾ 30ਵਾਂ ਪ੍ਰੋਗਰਾਮ ਹੈ। 5 ਮਈ ਨੂੰ 'ਦੀਦੀ ਦਾ ਖੇਲਾ ਖ਼ਤਮ' ਹੋ ਜਾਵੇਗਾ ਅਤੇ ਭਾਜਪਾ ਦੀ ਸਰਕਾਰ ਬਣੇਗੀ।' ਘੁਸਪੈਠ ਨੂੰ ਸੂਬੇ ਦੀ ਆਰਥਿਕਤਾ ਅਤੇ ਸੁਰੱਖਿਆ ਲਈ ਖ਼ਤਰਾ ਦੱਸਦਿਆਂ ਗ੍ਰਹਿ ਮੰਤਰੀ ਨੇ ਕਿਹਾ ਕਿ ਘੁਸਪੈਠੀਏ ਬੰਗਾਲ ਦੇ ਨੌਜਵਾਨਾਂ ਦੀਆਂ ਨੌਕਰੀਆਂ ਅਤੇ ਗ਼ਰੀਬਾਂ ਦਾ ਰਾਸ਼ਨ ਖੋਹ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਇਹ ਅਨਸਰ ਦੇਸ਼ ਦੀ ਸੁਰੱਖਿਆ ਨੂੰ ਵੀ ਖੋਰਾ ਲਾ ਰਹੇ ਹਨ। ਅਗਲੇ ਪੜਾਅ ਦੀਆਂ ਚੋਣਾਂ ਲਈ ਪ੍ਰਚਾਰ ਤੇਜ਼ ਕਰਦਿਆਂ ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ 29 ਅਪ੍ਰੈਲ ਨੂੰ ਕਮਲ ਦੇ ਨਿਸ਼ਾਨ ਦਾ ਬਟਨ ਦਬਾ ਕੇ ਭਾਜਪਾ ਨੂੰ ਜੇਤੂ ਬਣਾਉਣ। ਉਨ੍ਹਾਂ ਕਿਹਾ ਕਿ ਇਹ ਚੋਣ ਸਿਰਫ਼ ਵਿਧਾਇਕ ਚੁਣਨ ਲਈ ਨਹੀਂ, ਸਗੋਂ ਬੰਗਾਲ ਦੀ ਧਰਤੀ ਨੂੰ ਘੁਸਪੈਠੀਆਂ ਤੋਂ ਮੁਕਤ ਕਰਵਾਉਣ ਲਈ ਹੈ।

### ਟਰੰਪ ਨੇ ਭਾਰਤ ਤੇ ਚੀਨ ਨੂੰ

ਵੀਡੀਓ ਨੂੰ ਰੀਪੋਸਟ ਕਰਕੇ ਸੇਵੇਜ ਦੇ ਵਿਚਾਰਾਂ ਦਾ ਸਮਰਥਨ ਕੀਤਾ ਹੈ। ਵੀਡੀਓ ਵਿੱਚ ਸੇਵੇਜ ਨੇ ਭਾਰਤੀ ਅਤੇ ਚੀਨੀ ਪ੍ਰਵਾਸੀਆਂ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਉਹ ਪੁਰਾਣੇ ਯੂਰਪੀਅਨ ਪ੍ਰਵਾਸੀਆਂ (ਆਇਰਿਸ਼, ਇਟਾਲੀਅਨ, ਪੋਲਿਸ਼) ਵਾਂਗ ਅਮਰੀਕੀ ਸਮਾਜ ਵਿੱਚ ਘੁਲਦੇ-ਮਿਲਦੇ ਨਹੀਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਅਜਿਹੇ ਪ੍ਰਵਾਸੀਆਂ ਕਾਰਨ ਅਮਰੀਕਾ ਵਿੱਚ ਅੰਗਰੇਜ਼ੀ ਭਾਸ਼ਾ ਅਤੇ ਰਾਸ਼ਟਰੀ ਪਛਾਣ ਵੀ ਖ਼ਤਮ ਹੋ ਰਹੀ ਹੈ। ਟਰੰਪ ਦੇ ਇਸ ਕਦਮ ਦੀ ਦੁਨੀਆ ਭਰ 'ਚ ਆਲੋਚਨਾ ਹੋ ਰਹੀ ਹੈ। ਖਾਸ ਕਰਕੇ ਭਾਰਤੀ-ਅਮਰੀਕੀ ਭਾਈਚਾਰੇ ਨੇ 'ਹੈੱਲਹੋਲ' ਸ਼ਬਦ ਦੀ ਵਰਤੋਂ 'ਤੇ ਸਖ਼ਤ ਨਾਰਾਜ਼ਗੀ ਜ਼ਾਹਿਰ ਕੀਤੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਚੋਣਾਂ ਦੇ ਨੇੜੇ ਅਜਿਹੀ ਬਿਆਨਬਾਜ਼ੀ ਪ੍ਰਵਾਸੀਆਂ ਨੂੰ ਨਿਸ਼ਾਨਾ ਬਣਾਉਣ ਦੀ ਰਣਨੀਤੀ ਦਾ ਹਿੱਸਾ ਹੋ ਸਕਦੀ ਹੈ ਤੇ ਇਹ ਭਾਰਤ ਤੇ ਚੀਨ ਵਰਗੇ ਦੇਸ਼ਾਂ ਦੇ ਲੋਕਾਂ ਲਈ ਕਾਫ਼ੀ ਅਪਮਾਨਜਨਕ ਹੈ।

### ਮੌਸਮ ਵਿਭਾਗ ਵੱਲੋਂ ਹੀਟ ਵੇਵ ਦਾ

ਵਿਚ 35.0 ਤੇ ਗੁਰਦਾਸਪੁਰ ਵਿਚ 39.0 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਡਾਇਰੈਕਟਰ ਮੁਤਾਬਕ 26 ਤੋਂ 28 ਅਪ੍ਰੈਲ ਤੱਕ ਸੂਬੇ ਵਿਚ ਕੁਝ ਥਾਵਾਂ 'ਤੇ ਹਲਕਾ ਮੀਂਹ ਪੈਣ ਦੀ ਸੰਭਾਵਨਾ ਹੈ। ਅਗਲੇ 4 ਦਿਨਾਂ ਵਿਚ ਜ਼ਿਆਦਾਤਰ ਤਾਪਮਾਨ ਵਿਚ ਹੌਲੀ-ਹੌਲੀ 3 ਤੋਂ 4 ਡਿਗਰੀ ਦਾ ਵਾਧਾ ਹੋਵੇਗਾ।24-25 ਅਪ੍ਰੈਲ ਨੂੰ ਕੁਝ ਥਾਵਾਂ 'ਤੇ ਲੂ ਦੀ ਸਥਿਤੀ ਰਹਿਣ ਦੀ ਸੰਭਾਵਨਾ ਹੈ ਤੇ 26 ਤੋਂ 28 ਅਪ੍ਰੈਲ ਤੱਕ ਕੁਝ ਥਾਵਾਂ 'ਤੇ ਬਿਜਲੀ ਚਮਕਣ ਤੇ 30 ਤੋਂ 40 ਕਿਲੋਮੀਟਰ ਦੀ ਰਫਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਬੀਤੇ ਦਿਨ 19 ਥਾਵਾਂ 'ਤੇ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਤੋਂ ਉੱਪਰ ਰਿਹਾ, ਜਦੋਂ ਕਿ 5 ਥਾਵਾਂ 'ਤੇ ਤਾਪਮਾਨ 40 ਡਿਗਰੀ ਤੋਂ ਉੱਪਰ ਚਲਾ ਗਿਆ। ਇਸ ਸਮੇਂ ਦੌਰਾਨ, ਚੰਡੀਗੜ੍ਹ ਵਿੱਚ 39.3 ਡਿਗਰੀ, ਚੰਡੀਗੜ੍ਹ ਹਵਾਈ ਅੱਡੇ 'ਤੇ 38.4 ਡਿਗਰੀ, ਅੰਮ੍ਰਿਤਸਰ ਵਿੱਚ 39.0 ਡਿਗਰੀ, ਲੁਧਿਆਣਾ ਵਿੱਚ 40.0 ਡਿਗਰੀ, ਪਟਿਆਲਾ ਵਿੱਚ 40.4 ਡਿਗਰੀ, ਪਠਾਨਕੋਟ ਵਿੱਚ 38.2 ਡਿਗਰੀ, ਬਠਿੰਡਾ ਵਿੱਚ 41.0 ਡਿਗਰੀ, ਫਰੀਦਕੋਟ ਵਿੱਚ 35.0 ਡਿਗਰੀ ਅਤੇ ਗੁਰਦਾਸਪੁਰ ਵਿੱਚ 39.0 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਆਮ ਤੌਰ 'ਤੇ, ਅਪ੍ਰੈਲ ਪਹਾੜਾਂ ਤੋਂ ਠੰਢੀਆਂ ਹਵਾਵਾਂ ਲਿਆਉਂਦਾਹੈ, ਜਿਸ ਨਾਲ ਮੌਸਮ ਥੋੜ੍ਹਾ ਠੰਡਾ ਰਹਿੰਦਾ ਹੈ ਪਰ ਇਸ ਵਾਰ, ਇਹ ਪ੍ਰਣਾਲੀਆਂ ਘੱਟ ਸਨ, ਇਸ ਲਈ ਅਸਮਾਨ ਸਾਫ਼ ਰਿਹਾ ਅਤੇ ਸੂਰਜ ਸਿੱਧਾ ਚਮਕਿਆ ਤੇ ਅਪ੍ਰੈਲ ਵਿਚ ਹੀ ਗਰਮੀ ਵਧ ਗਈ। ਰਾਜਸਥਾਨ ਦੇ ਉੱਪਰ ਇੱਕ ਸਿਸਟਮ ਬਣ ਗਿਆ ਹੈ, ਜੋ ਹਵਾ ਨੂੰ ਹੇਠਾਂ ਵੱਲ ਦਬਾਉਂਦਾਹੈ। ਇਹ ਬੱਦਲ ਬਣਨ ਤੋਂ ਰੋਕਦਾ ਹੈ ਅਤੇ ਮੌਸਮ ਸਾਫ਼ ਰੱਖਦਾ ਹੈ। ਸਾਫ਼ ਅਸਮਾਨ ਦਾ ਮਤਲਬ ਹੈ ਵਧੇਰੇ ਧੁੱਪ ਅਤੇ ਵਧੇਰੇ ਗਰਮੀ। ਥਾਰ ਮਾਰੂਥਲ ਅਤੇ ਪਾਕਿਸਤਾਨ ਤੋਂ ਬਹੁਤ ਜ਼ਿਆਦਾ ਗਰਮ ਅਤੇ ਖੁਸ਼ਕ ਹਵਾਵਾਂ ਵਗ ਰਹੀਆਂ ਹਨ, ਜੋ ਸਿੱਧੇ ਪੰਜਾਬ ਅਤੇ ਹਰਿਆਣਾ ਤੱਕ ਪਹੁੰਚ ਰਹੀਆਂ ਹਨ, ਜਿਸ ਕਾਰਨ ਤਾਪਮਾਨ ਵਧ ਰਿਹਾ ਹੈ ਅਤੇ ਹੀਟਵੇਵ ਵਰਗੀਆਂ ਸਥਿਤੀਆਂ ਪੈਦਾ ਹੋ ਰਹੀਆਂ ਹਨ।

### ਹਿਮਾਚਲ 'ਚ ਅੱਜ ਤੋਂ ਬਰਫ਼ਬਾਰੀ ਤੇ ਮੀਂਹ

ਅਤੇ ਤੇਜ਼ ਹਵਾਵਾਂ ਦੇ ਨਾਲ ਬੱਦਲਾਂ ਦੀ ਜ਼ੋਰਦਾਰ ਗਰਜ ਸੁਣਨ ਨੂੰ ਮਿਲ ਸਕਦੀ ਹੈ। ਵਿਭਾਗ ਮੁਤਾਬਕ 24 ਅਤੇ 26 ਅਪ੍ਰੈਲ ਨੂੰ ਸੂਬੇ ਦੇ ਉੱਚੇ ਪਹਾੜੀ ਇਲਾਕਿਆਂ ਵਿੱਚ ਬਰਫ਼ਬਾਰੀ ਅਤੇ ਮੀਂਹ ਪੈ ਸਕਦਾ ਹੈ। ਇਸੇ ਤਰ੍ਹਾਂ 25, 28 ਅਤੇ 29 ਅਪ੍ਰੈਲ ਨੂੰ ਪੂਰੇ ਹਿਮਾਚਲ ਵਿੱਚ ਭਾਰੀ ਮੀਂਹ ਤੇ ਬਰਫ਼ਬਾਰੀ ਦੀ ਸੰਭਾਵਨਾ ਹੈ, ਜਦਕਿ 27 ਅਪ੍ਰੈਲ ਨੂੰ ਮੱਧ ਅਤੇ ਉੱਚੀਆਂ ਪਹਾੜੀਆਂ ਵਿੱਚ ਮੀਂਹ ਪੈਣ ਦੀ ਉਮੀਦ ਹੈ। ਹਾਲਾਂਕਿ, ਇਸ ਸਭ ਦੇ ਬਾਵਜੂਦ ਸੂਬੇ ਦੇ ਘੱਟੋ-ਘੱਟ ਅਤੇ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਖਾਸ ਫਰਕ ਨਹੀਂ ਪਵੇਗਾ। ਪਿਛਲੇ 24 ਘੰਟਿਆਂ ਦੌਰਾਨ ਸੂਬੇ ਵਿੱਚ ਮੌਸਮ ਜ਼ਿਆਦਾਤਰ ਸਾਫ਼ ਅਤੇ ਖੁਸ਼ਕ ਰਿਹਾ, ਜਦਕਿ ਬਹੁਤੀਆਂ ਥਾਵਾਂ 'ਤੇ ਦਿਨ ਭਰ ਤੇਜ਼ ਧੁੱਪ ਖਿੜੀ ਰਹੀ। ਸ਼ਿਮਲਾ ਵਿੱਚ ਵੱਧ ਤੋਂ ਵੱਧ ਤਾਪਮਾਨ 27.2 ਡਿਗਰੀ ਸੈਲਸੀਅਸ, ਧਰਮਸ਼ਾਲਾ ਵਿੱਚ 33 ਡਿਗਰੀ ਸੈਲਸੀਅਸ, ਮਨਾਲੀ ਵਿੱਚ 26.8 ਡਿਗਰੀ ਸੈਲਸੀਅਸ, ਕਾਂਗੜਾ ਵਿੱਚ 36.4 ਡਿਗਰੀ ਸੈਲਸੀਅਸ, ਮੰਡੀ ਵਿੱਚ 35 ਡਿਗਰੀ ਸੈਲਸੀਅਸ, ਸੋਲਨ ਵਿੱਚ 33 ਡਿਗਰੀ ਸੈਲਸੀਅਸ, ਤਾਬੋ ਵਿੱਚ 17.9 ਡਿਗਰੀ ਸੈਲਸੀਅਸ, ਸੁੰਦਰਨਗਰ ਵਿੱਚ 35.8 ਡਿਗਰੀ ਸੈਲਸੀਅਸ, ਨਾਹਨ ਵਿੱਚ 34.9 ਡਿਗਰੀ ਸੈਲਸੀਅਸ, ਭੁੰਤਰ ਵਿੱਚ 33.4 ਡਿਗਰੀ ਸੈਲਸੀਅਸ ਅਤੇ ਕਲਪਾ ਵਿੱਚ 24.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਹੈ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਊਨਾ ਵਿੱਚ ਦਰਜ ਕੀਤਾ ਗਿਆ, ਜਦੋਂ ਕਿ ਸਭ ਤੋਂ ਘੱਟ ਤਾਪਮਾਨ ਲਾਹੌਲ ਅਤੇ ਸਪਿਤੀ ਜ਼ਿਲ੍ਹੇ ਦੇ ਕੁਕੁਮਸੇਰੀ ਪਿੰਡ ਵਿੱਚ 5.1 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ।

### ਐਨ.ਐਸ.ਏ. ਮਿਆਦ ਖ਼ਤਮ

ਨਾਲ ਜਾਂਚ, ਹਥਿਆਰਾਂ ਤੇ ਵਾਹਨਾਂ ਦੀ ਬਰਾਮਦਗੀ ਅਤੇ 'ਅਨੰਦਪੁਰ ਖ਼ਾਲਸਾ ਫੋਰਸ' ਦੀ ਕਥਿਤ ਸਥਾਪਨਾ ਪਿੱਛੇ ਸਾਜ਼ਿਸ਼ ਦਾ ਪਤਾ ਲਗਾਉਣ ਲਈ 15 ਦਿਨਾਂ ਦੇ ਰਿਮਾਂਡ ਦੀ ਮੰਗ ਕੀਤੀ ਸੀ। ਹਾਲਾਂਕਿ, ਬਚਾਅ ਪੱਖ ਦੇ ਵਕੀਲਾਂ ਹਰਪਾਲ ਸਿੰਘ ਖਾਰਾ ਅਤੇ ਰਿਤੂਰਾਜ ਸਿੰਘ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਸਿਰਫ਼ ਦੋ ਦਿਨਾਂ ਦਾ ਪੁਲਿਸ ਰਿਮਾਂਡ ਮਨਜ਼ੂਰ ਕੀਤਾ। ਰਿਮਾਂਡ ਦੌਰਾਨ ਅੰਮ੍ਰਿਤਪਾਲ ਸਿੰਘ ਡਿਬਰੂਗੜ੍ਹ ਜੇਲ੍ਹ ਵਿੱਚ ਹੀ ਰਹੇਗਾ ਅਤੇ ਪੁਲਿਸ ਉੱਥੇ ਹੀ ਉਸ ਤੋਂ ਪੁੱਛਗਿੱਛ ਕਰੇਗੀ। ਬਚਾਅ ਪੱਖ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਇਹ ਕੇਸ ਪਹਿਲਾਂ ਹੀ ਟਰਾਇਲ ਅਧੀਨ ਹੈ ਅਤੇ ਗਵਾਹੀਆਂ ਦੇ ਪੜਾਅ 'ਤੇ ਪਹੁੰਚ ਚੁੱਕਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਦੀ ਜਾਂਚ ਦੌਰਾਨ ਪੁਲਿਸ ਨੇ ਕਦੇ ਵੀ ਉਨ੍ਹਾਂ ਵਾਹਨਾਂ ਦਾ ਜ਼ਿਕਰ ਨਹੀਂ ਕੀਤਾ ਜਿਨ੍ਹਾਂ ਦੀ ਹੁਣ ਮੰਗ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ 23 ਅਪ੍ਰੈਲ, 2023 ਤੋਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਇਸ ਮਾਮਲੇ ਵਿੱਚ ਉਸ ਦੇ ਕਈ ਸਾਥੀ ਪਹਿਲਾਂ ਹੀ ਪੰਜਾਬ ਦੀਆਂ ਜੇਲ੍ਹਾਂ ਵਿੱਚ ਤਬਦੀਲ ਕੀਤੇ ਜਾ ਚੁੱਕੇ ਹਨ ਅਤੇ ਟਰਾਇਲ ਦਾ ਸਾਹਮਣਾ ਕਰ ਰਹੇ ਹਨ। ਪੰਜਾਬ ਸਰਕਾਰ ਨੇ ਸੁਰੱਖਿਆ ਅਤੇ ਅਮਨ-ਕਾਨੂੰਨ ਦੀ ਸਥਿਤੀ ਦਾ ਹਵਾਲਾ ਦਿੰਦੇ ਹੋਏ ਹਾਈ ਕੋਰਟ ਤੋਂ ਇਜਾਜ਼ਤ ਮੰਗੀ ਸੀ ਕਿ ਅੰਮ੍ਰਿਤਪਾਲ ਨੂੰ ਅੰਮ੍ਰਿਤਸਰ ਲਿਆਉਣ ਦੀ ਬਜਾਏ ਡਿਬਰੂਗੜ੍ਹ ਜੇਲ੍ਹ ਵਿੱਚ ਹੀ ਗ੍ਰਿਫ਼ਤਾਰ ਰੱਖਿਆ ਜਾਵੇ ਅਤੇ ਸਾਰੀ ਕਾਰਵਾਈ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਜਾਵੇ। ਹਾਈ ਕੋਰਟ ਨੇ ਹਾਲ ਹੀ ਵਿੱਚ ਸਰਕਾਰ ਦੀ ਇਸ ਬੇਨਤੀ ਨੂੰ ਪ੍ਰਵਾਨ ਕਰ ਲਿਆ ਸੀ, ਜਿਸ ਤੋਂ ਬਾਅਦ ਅੱਜ ਇਹ ਅਦਾਲਤੀ ਕਾਰਵਾਈ ਨੇਪਰੇ ਚੜ੍ਹੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ ਸ਼ਨੀਵਾਰ ਨੂੰ ਹੋਵੇਗੀ।

### ਤੇਲ ਕੀਮਤਾਂ 'ਚ ਵਾਧੇ ਦੀਆਂ ਖ਼ਬਰਾਂ 'ਅਫ਼ਵਾਹ',

ਸਥਿਰ ਰੱਖੀਆਂ ਗਈਆਂ ਹਨ।

ਪੈਟਰੋਲੀਅਮ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੱਛਮੀ ਏਸ਼ੀਆ ਦੇ ਹਾਲਾਤ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚਾ ਤੇਲ ਕਾਫ਼ੀ ਅਸਥਿਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਜੋ ਤੇਲ 70 ਡਾਲਰ ਪ੍ਰਤੀ ਬੈਰਲ ਸੀ, ਉਹ ਇਸ ਮਹੀਨੇ 113 ਡਾਲਰ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ। ਉਨ੍ਹਾਂ ਕਿਹਾ, 'ਭਾਰੀ ਵਾਧੇ ਦੇ ਬਾਵਜੂਦ ਸਰਕਾਰ ਦੀ ਕੋਸ਼ਿਸ਼ ਆਮ ਲੋਕਾਂ 'ਤੇ ਬੋਝ ਨਾ ਪਾਉਣ ਦੀ ਰਹੀ ਹੈ।'

ਜ਼ਿਕਰਯੋਗ ਹੈ ਕਿ ਅਪ੍ਰੈਲ, 2022 ਤੋਂ ਤੇਲ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਮੰਤਰਾਲੇ ਨੇ ਕੋਟਕ ਇੰਸਟੀਚਿਊਸ਼ਨਲ ਇਕੁਇਟੀਜ਼ ਦੀ ਉਸ ਰਿਪੋਰਟ ਨੂੰ 'ਗੁਮਰਾਹਕੁਨ' ਅਤੇ 'ਡਰ ਪੈਦਾ ਕਰਨ ਵਾਲੀ' ਦੱਸਿਆ, ਜਿਸ ਵਿੱਚ ਚੋਣਾਂ ਤੋਂ ਬਾਅਦ ਕੀਮਤਾਂ ਵਧਣ ਦਾ ਖ਼ਦਸ਼ਾ ਜ਼ਾਹਿਰ ਕੀਤਾ ਗਿਆ ਸੀ। ਸਰਕਾਰ ਨੇ ਦਾਅਵਾ ਕੀਤਾ ਕਿ ਭਾਰਤ ਦੁਨੀਆ ਦਾ ਇਕਲੌਤਾ ਅਜਿਹਾ ਦੇਸ਼ ਹੈ ਜਿੱਥੇ ਪਿਛਲੇ ਚਾਰ ਸਾਲਾਂ ਵਿੱਚ ਤੇਲ ਦੀਆਂ ਕੀਮਤਾਂ ਨਹੀਂ ਵਧੀਆਂ।

ਅਧਿਕਾਰੀਆਂ ਅਨੁਸਾਰ ਜੁਲਾਈ, 2023 ਤੋਂ ਅਪ੍ਰੈਲ, 2026 ਦਰਮਿਆਨ ਕੌਮਾਂਤਰੀ ਪੱਧਰ 'ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ 102 ਫ਼ੀਸਦੀ ਦਾ ਵਾਧਾ ਹੋਇਆ ਹੈ, ਪਰ ਭਾਰਤ ਵਿੱਚ ਸਰਕਾਰੀ ਯਤਨਾਂ ਸਦਕਾ ਇਨ੍ਹਾਂ ਕੀਮਤਾਂ ਵਿੱਚ 17 ਫ਼ੀਸਦੀ ਦੀ ਕਮੀ ਦਰਜ ਕੀਤੀ ਗਈ ਹੈ।

### ਮਿਰਜ਼ਾਪੁਰ 'ਚ ਹਾਦਸੇ

ਅੱਗ ਲੱਗ ਗਈ। ਸਾਰੇ ਯਾਤਰੀ ਅੰਦਰ ਫਸ ਗਏ ਅਤੇ ਜ਼ਿੰਦਾ ਸੜ ਗਏ। ਹਾਦਸੇ ਨਾਲ ਹਫੜਾ-ਦਫੜੀ ਮੱਚ ਗਈ। ਸਥਾਨਕ ਲੋਕ ਜਲਦੀ ਹੀ ਬਚਾਅ ਕਾਰਜਾਂ ਵਿੱਚ ਜੁਟ ਗਏ ਪਰ ਤੇਜ਼ ਅੱਗ ਕਾਰਨ ਕਿਸੇ ਨੂੰ ਵੀ ਨਹੀਂ ਬਚਾਇਆ ਜਾ ਸਕਿਆ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਸੁਪਰਡੈਂਟ ਅਪਰਣਾ ਰਜਤ ਕੌਸ਼ਿਕ, ਸੀਓ ਲਾਲਗੰਜ ਅਮਰ ਬਹਾਦੁਰ ਅਤੇ ਲਾਲਗੰਜ ਅਤੇ ਹਾਲੀਆ ਪੁਲਿਸ ਥਾਣਿਆਂ ਦੇ ਪੁਲਿਸ ਬਲ ਮੌਕੇ 'ਤੇ ਪਹੁੰਚੇ। ਫਾਇਰ ਬ੍ਰਿਗੇਡ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ।

### ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਐਲਾਨਨਾਮਾ

ਇਕ ਸਾਲ ਪਹਿਲਾਂ ਅਸਤੀਫਾ ਦੇਣਾ ਹੋਵੇਗਾ। ਪਾਰਟੀ ਵਿੱਚ ਯੂਥ ਵਿੰਗ ਦੀ ਉਮਰ ਹੱਦ 37 ਸਾਲ ਹੋਵੇਗੀ। ਇਸ ਦਸਤਾਵੇਜ ਵਿੱਚ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੂੰ ਪੁਨਰ-ਸੁਰਜੀਤ ਕਰਕੇ ਸਾਰੇ ਕਾਲਜਾਂ ਯੂਨੀਵਰਸਿਟੀਆਂ ਵਿੱਚ ਯੂਨਿਟ ਬਣਾਉਣ ਦੀ ਗੱਲ ਕਹੀ ਗਈ ਹੈ। ਇਸ ਐਲਾਨ ਨਾਮੇ ਅਨੁਸਾਰ ਪੰਥਕ ਦ੍ਰਿਸ਼ਟੀਕੋਣ ਵਿੱਚ ਦਸ ਗੁਰੂ ਸਹਿਬਾਨ ਅਤੇ ਗੁਰੂ ਗ੍ਰੰਥ ਸਹਿਬ ਜੀ ਦੇ ਫਲਸਫੇ ਦੇ ਪ੍ਰਸਾਰ ਅਤੇ ਪ੍ਰਚਾਰ ਕਰਨ ਦੀ ਗੱਲ ਕੀਤੀ ਗਈ ਹੈ ਜੋ ਅਕਾਲੀ ਦਲ ਦੇ ਪੁਰਾਣੇ ਸਰੂਪ ਨੂੰ ਪੁਨਰ ਜੀਵਤ ਕਰੇਗਾ। ਇਸ ਤੋਂ ਇਲਾਵਾ ਸ੍ਰੀ ਅਕਾਲ ਤਖਤ ਸਾਹਿਬ ਸਮੇਤ ਸਾਰੇ ਤਖਤਾਂ ਦੇ ਜਥੇਦਾਰ ਸਾਹਿਬਾਨ ਦੀ ਅਜ਼ਾਦ ਹਸਤੀ ਨੂੰ ਕਾਇਮ ਰੱਖਣ ਲਈ ਵਿਧੀ ਵਿਧਾਨ ਬਣਾਉਣ ਬਾਰੇ ਉਪਰਾਲੇ ਕੀਤੇ ਜਾਣਗੇ। ਉਹਨਾਂ ਨੇ ਦੱਸਿਆ ਕਿ ਪੰਜਾਬ ਦੇ ਹਰ ਵਰਗ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਇਸ ਦਸਤਾਵੇਜ ਵਿੱਚ ਗੰਭੀਰਤਾ ਨਾਲ ਗੱਲ ਕੀਤੀ ਗਈ ਹੈ। ਤਾਂ ਜੋ ਪੰਜਾਬ ਦੇ ਸਾਰੇ ਵਰਗਾਂ ਨੂੰ ਨਾਲ ਲੈ ਕੇ ਪੰਜਾਬ ਦੀ ਪੁਨਰ ਉਸਾਰੀ ਕੀਤੀ ਜਾ ਸਕੇ। ਕਿਉਂਕਿ ਪੰਜਾਬ ਦੀ ਖੇਤਰੀ ਪਾਰਟੀ ਦਾ ਅਸਲ ਮਕਸਦ ਇਹੋ ਹੈ। ਉਹਨਾਂ ਕਿਹਾ ਕਿ ਇਸ ਐਲਾਨਨਾਮੇ ਨੂੰ ਲਾਗੂ ਕਰਨ ਲਈ ਅੱਜ ਤੋਂ ਯਤਨ ਸ਼ੁਰੂ ਕਰ ਦਿੱਤੇ ਜਾਣਗੇ। ਹੋਰਨਾਂ ਰਾਜਨੀਤਿਕ ਪਾਰਟੀਆਂ ਵਾਂਗ ਇਹ ਸਿਰਫ਼ ਵਿਖਾਵੇ ਲਈ ਨਹੀਂ ਹੋਵੇਗਾ। ਅੱਜ ਦੀ ਇਸ ਪ੍ਰੈੱਸ ਕਾਨਫਰੰਸ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਸੁੱਚਾ ਸਿੰਘ ਛੋਟੇਪੁਰ, ਸ ਸੁਰਜੀਤ ਸਿੰਘ ਰੱਖੜਾ, ਬੀਬੀ ਜਗੀਰ ਕੌਰ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਸਤਵਿੰਦਰ ਸਿੰਘ ਟੌਹੜਾ, ਸ ਕਰਨੈਲ ਸਿੰਘ ਪੀਰਮੁਹੰਮਦ, ਸ ਗੁਰਮੋਹਨ ਸਿੰਘ ਵਾਲੀਆ, ਸ ਭੁਪਿੰਦਰ ਸਿੰਘ ਸੇਖੂਪੁਰਾ, ਸ ਪਰਮਪਾਲ ਸਿੰਘ ਸਭਰਾਅ, ਸ ਜਗਜੀਤ ਸਿੰਘ ਕੋਹਲੀ ਸਮੇਤ ਕਈ ਵੱਡੇ ਆਗੂ ਮੌਜੂਦ ਸਨ। ਪ੍ਰੈਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

### ਪੰਜਾਬ 'ਚ 2027 ਦੀਆਂ ਚੋਣਾਂ ਇਕੱਲਿਆਂ ਲੜੇਗੀ

ਕਿਸੇ ਦਾ ਕੋਈ ਸਮਰਥਨ ਨਹੀਂ ਹੋਵੇਗਾ। ਪੰਜਾਬ ਸਾਡੇ ਲਈ ਚੁਣੌਤੀ ਜ਼ਰੂਰ ਰਿਹਾ ਹੈ ਪਰ ਕਈ ਵਾਰ ਸੰਘਰਸ਼ ਵਿੱਚ ਸਮਾਂ ਲੱਗ ਜਾਂਦਾ ਹੈ। ਉਨ੍ਹਾਂ ਕਿਹਾ, ਪੰਜਾਬ ਦੀ ਭਾਵਨਾ ਹਮੇਸ਼ਾ ਭਾਜਪਾ ਦੇ ਨਾਲ ਰਹੀ ਹੈ, ਅਤੇ ਭਾਜਪਾ ਪੰਜਾਬ ਦੀ ਭਾਵਨਾ ਨੂੰ ਸਮਝਦੀ ਹੈ। ਅਸੀਂ ਕਦੇ ਵੀ ਪੰਜਾਬ ਦੀਆਂ ਕਦਰਾਂ-ਕੀਮਤਾਂ ਨਾਲ ਸਮਝੌਤਾ ਨਹੀਂ ਕੀਤਾ। ਪੰਜਾਬ ਵਿੱਚ ਸੀਮਤ ਸੀਟਾਂ ਦੇ ਬਾਵਜੂਦ, ਭਾਜਪਾ ਦਾ ਪੰਜਾਬ ਨਾਲ ਸਬੰਧ ਹਮੇਸ਼ਾ ਬਰਕਰਾਰ ਰਿਹਾ ਹੈ।

### ਜਸਟਿਸ ਲੀਜ਼ਾ ਗਿੱਲ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਪਹਿਲੇ

ਜਸਟਿਸ ਲੀਜ਼ਾ ਗਿੱਲ ਦਾ ਪਾਲਣ-ਪੋਸ਼ਣ ਹੀ ਕਾਨੂੰਨੀ ਮਾਹੌਲ ਵਿੱਚ ਹੋਇਆ ਹੈ। ਪੰਜਾਬ ਯੂਨੀਵਰਸਿਟੀ ਦੇ ਲਾਅ ਵਿਭਾਗ ਦੀ ਵਿਦਿਆਰਥਣ ਰਹੀ ਜਸਟਿਸ ਗਿੱਲ ਨੇ 1990 ਵਿੱਚ ਬਤੌਰ ਵਕੀਲ ਆਪਣੇ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਫੌਜਦਾਰੀ, ਸਿਵਲ, ਸਰਵਿਸ ਅਤੇ ਸੰਵਿਧਾਨਕ ਮਾਮਲਿਆਂ ਵਿੱਚ ਮਹੱਤਵਪੂਰਨ ਮੁਕਾਮ ਹਾਸਲ ਕੀਤਾ ਅਤੇ ਚੰਡੀਗੜ੍ਹ ਪ੍ਰਸ਼ਾਸਨ ਸਮੇਤ ਕਈ ਬੋਰਡਾਂ 'ਤੇ ਕਾਰਪੋਰੇਸ਼ਨਾਂ ਦੀ ਨੁਮਾਇੰਦਗੀ ਵੀ ਕੀਤੀ। ਮਾਰਚ, 2014 ਵਿੱਚ ਬੈਂਚ 'ਤੇ ਬਤੌਰ ਜੱਜ ਨਿਯੁਕਤ ਹੋਣ ਤੋਂ ਬਾਅਦ ਉਨ੍ਹਾਂ ਨੇ 10 ਸਾਲਾਂ ਤੋਂ ਵੱਧ ਸਮਾਂ ਸ਼ਾਨਦਾਰ ਸੇਵਾਵਾਂ ਦਿੱਤੀਆਂ। ਪਿਛਲੇ ਮਹੀਨੇ ਹੀ ਉਨ੍ਹਾਂ ਦਾ ਤਬਾਦਲਾ ਆਂਧਰਾ ਪ੍ਰਦੇਸ਼ ਕੀਤਾ ਗਿਆ ਸੀ, ਜੋ ਹੁਣ ਮੁੱਖ ਜੱਜ ਵਜੋਂ ਉਨ੍ਹਾਂ ਦੀ ਤਰੱਕੀ ਦਾ ਰਾਹ ਪੱਧਰਾ ਕਰ ਗਿਆ ਹੈ। ਲਗਭਗ 36 ਸਾਲਾਂ ਦੇ ਕਾਨੂੰਨੀ ਤਜਰਬੇ ਅਤੇ 11 ਸਾਲਾਂ ਦੀ ਨਿਆਂਇਕ ਸੇਵਾ ਦੇ ਨਾਲ, ਜਸਟਿਸ ਗਿੱਲ ਦੀ ਇਹ ਉਚਾਈ ਉਨ੍ਹਾਂ ਦੀ ਮਿਹਨਤ ਅਤੇ ਨਿਆਂ ਪ੍ਰਤੀ ਵਚਨਬੱਧਤਾ ਦਾ ਨਤੀਜਾ ਹੈ। ਸੁਪਰੀਮ ਕੋਰਟ ਦੇ ਕੌਲੀਜੀਅਮ ਦੀ ਨਵੀਂ ਨੀਤੀ ਤਹਿਤ ਉਨ੍ਹਾਂ ਦੀ ਪਹਿਲਾਂ ਤੋਂ ਕੀਤੀ ਗਈ ਬਦਲੀ ਨੇ ਅਹੁਦੇ ਦੇ ਤਬਾਦਲੇ ਨੂੰ ਬੇਹੱਦ ਸੁਖਾਲਾ ਬਣਾ ਦਿੱਤਾ ਹੈ। ਉੱਤਰ ਭਰਤ ਦੇ ਅਦਾਲਤੀ ਕਮਰਿਆਂ ਤੋਂ ਦੱਖਣ ਦੀ ਉੱਚ ਅਦਾਲਤ ਦੀ ਅਗਵਾਈ ਕਰਨ ਤੱਕ ਦਾ ਉਨ੍ਹਾਂ ਦਾ ਸਫ਼ਰ ਨਵੀਂ ਪੀੜ੍ਹੀ ਦੀਆਂ ਮਹਿਲਾ ਵਕੀਲਾਂ ਲਈ ਇੱਕ ਵੱਡੀ ਪ੍ਰੇਰਨਾ ਸਰੋਤ ਬਣੇਗਾ।

### ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ

ਕਈ ਪ੍ਰਾਈਵੇਟ ਸਕੂਲ ਐਨ.ਸੀ.ਈ.ਆਰ.ਟੀ. ਦੀਆਂ ਸਸਤੀਆਂ ਕਿਤਾਬਾਂ ਦੀ ਥਾਂ ਨਿੱਜੀ ਪ੍ਰਕਾਸ਼ਕਾਂ ਦੀਆਂ ਮਹਿੰਗੀਆਂ ਕਿਤਾਬਾਂ ਲਗਾ ਰਹੇ ਹਨ। ਉਨ੍ਹਾਂ ਤਰਕ ਦਿੱਤਾ ਕਿ ਜਿੱਥੇ ਸਰਕਾਰੀ ਕਿਤਾਬਾਂ ਦੀ ਕੀਮਤ ਸੈਂਕੜਿਆਂ ਵਿੱਚ ਹੁੰਦੀ ਹੈ, ਉੱਥੇ ਪ੍ਰਾਈਵੇਟ ਕਿਤਾਬਾਂ ਦੇ ਸੈੱਟ ਹਜ਼ਾਰਾਂ ਰੁਪਏ ਵਿੱਚ ਵੇਚੇ ਜਾ ਰਹੇ ਹਨ। ਕਮਿਸ਼ਨ ਨੇ ਕਿਹਾ ਕਿ ਅਜਿਹੀ ਲੁੱਟ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ 'ਤੇ ਭਾਰੀ ਬੋਝ ਪਾਉਂਦੀਹੈ। ਉਨ੍ਹਾਂ ਕਿਹਾ ਕਿ ਸਿੱਖਿਆ ਵਿੱਚ ਅਜਿਹਾ ਵਪਾਰੀਕਰਨ ਬੱਚਿਆਂ ਦੇ ਬਰਾਬਰ ਸਿੱਖਿਆ ਦੇ ਅਧਿਕਾਰ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਮਨੁੱਖੀ ਅਧਿਕਾਰ ਕਮਿਸ਼ਨ ਨੇ ਸੰਕੇਤ ਦਿੱਤਾ ਹੈ ਕਿ ਮਹਿੰਗੀਆਂ ਕਿਤਾਬਾਂ ਲਗਾਉਣਾ 'ਸਿੱਖਿਆ ਦੇ ਅਧਿਕਾਰ' ਐਕਟ ਦੀ ਧਾਰਾ 29 ਦੀ ਉਲੰਘਣਾ ਹੈ। ਇਹ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਉਦੇਸ਼ਾਂ ਦੇ ਵੀ ਵਿਰੁੱਧ ਹੈ। ਕਈ ਮਾਪਿਆਂ ਨੇ ਇਸ ਧੱਕੇਸ਼ਾਹੀ ਵਿਰੁੱਧ ਪੁਲਿਸ ਕੋਲ ਪਹੁੰਚ ਕਰਨ ਦੀ ਵੀ ਗੱਲ ਕਹੀ ਹੈ। ਕਮਿਸ਼ਨ ਨੇ ਸਾਫ਼ ਕੀਤਾ ਹੈ ਕਿ ਸਿੱਖਿਆ ਸਸਤੀ ਅਤੇ ਸਭ ਦੀ ਪਹੁੰਚ ਵਿੱਚ ਹੋਣੀ ਚਾਹੀਦੀ ਹੈ। ਹੁਣ ਸਰਕਾਰਾਂ ਨੂੰ ਇੱਕ ਮਹੀਨੇ ਦੇ ਅੰਦਰ ਇਹ ਦੱਸਣਾ ਪਵੇਗਾ ਕਿ ਉਹ ਇਸ ਲੁੱਟ ਨੂੰ ਰੋਕਣ ਲਈ ਕੀ ਕਦਮ ਚੁੱਕ ਰਹੀਆਂ ਹਨ।

### ਫਿਨਲੈਂਡ ਦੀ ਯੂਨੀਵਰਸਿਟੀ ਆਫ਼ ਟੁਰਕੂ ਨਾਲ ਪੰਜਾਬ

ਇਹ ਪ੍ਰੋਗਰਾਮ ਅਧਿਆਪਕਾਂ ਨੂੰ ਖੋਜ-ਅਧਾਰਤ ਤਰੀਕਿਆਂ ਨਾਲ ਲੈਸ ਕਰਨ 'ਤੇ ਕੇਂਦਰਿਤ ਹੈ, ਇਹ ਯਕੀਨੀ ਬਣਾਉਂਦਿਆਂ ਕਿ ਇਹ ਪਹੁੰਚ ਪੰਜਾਬ ਦੇ ਸਮਾਜਿਕ-ਸੱਭਿਆਚਾਰਕ ਸੰਦਰਭ ਦੇ ਅਨੁਕੂਲ ਹੋਵੇ। ਉਨ੍ਹਾਂ ਕਿਹਾ ਕਿ ਇਹ ਸਿਖਲਾਈ ਸੈਸ਼ਨ ਚੰਡੀਗੜ੍ਹ ਅਤੇ ਫਿਨਲੈਂਡ ਦੇ ਸ਼ਹਿਰਾਂ ਟੁਰਕੂ ਅਤੇ ਰਾਉਮਾ ਦੋਵੇਂ ਜਗ੍ਹਾ ਕਰਵਾਏ ਗਏ, ਜਿਸ ਵਿੱਚ ਅਧਿਆਪਕਾਂ ਨੂੰ ਵਰਕਸ਼ਾਪਾਂ, ਮਾਰਗਦਰਸ਼ਨ ਅਭਿਆਸਾਂ ਅਤੇ ਸਕੂਲਾਂ ਦੇ ਦੌਰਿਆਂ ਰਾਹੀਂ ਕਲਾਸਰੂਮ ਵਿਚਲੀਆਂ ਨਵੀਆਂ ਜੁਗਤਾਂ ਤੋਂ ਜਾਣੂ ਕਰਵਾਉਣਾ ਸ਼ਾਮਲ ਹੈ। ਦੱਸਣਯੋਗ ਹੈ ਕਿ ਮਈ 2026 ਤੱਕ ਚਾਰ ਗਰੁੱਪਾਂ ਵਿੱਚ ਲਗਪਗ 300 ਅਧਿਆਪਕ ਸਿਖਲਾਈ ਪ੍ਰਾਪਤ ਕਰ ਲੈਣਗੇ, ਜਿਸ ਨਾਲ ਪੰਜਾਬ ਭਰ ਦੇ ਵਿਦਿਆਰਥੀਆਂ ਨੂੰ ਲਾਭ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦਿੰਦਿਆਂ ਕਿਹਾ, "ਸਿੱਖਿਆ ਨੂੰ ਆਨੰਦਮਈ ਅਤੇ ਦਿਲਚਸਪ ਬਣਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਇਸ ਲਈ ਅਸੀਂ ਰੱਟੇ ਲਾਉਣ ਦੇ ਪੁਰਾਣੇ ਤਰੀਕਿਆਂ ਦੀ ਥਾਂ ਸਰਗਰਮ ਸ਼ਮੂਲੀਅਤ ਵੱਲ ਵਧ ਰਹੇ ਹਾਂ। ਅਧਿਆਪਕਾਂ ਨੂੰ ਮਾਹਿਰਾਂ ਦੀ ਸਹਾਇਤਾ ਵਾਲੇ ਸੰਦਰਭ-ਵਿਸ਼ੇਸ਼ ਪ੍ਰਾਜੈਕਟ ਡਿਜ਼ਾਈਨ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ ਹੈ ਤਾਂ ਜੋ ਇਨ੍ਹਾਂ ਵਿਚਾਰਾਂ ਨੂੰ ਉਨ੍ਹਾਂ ਦੇ ਆਪਣੇ ਕਲਾਸਰੂਮਾਂ ਵਿੱਚ ਲਾਗੂ ਕੀਤਾ ਜਾ ਸਕੇ। ਖੇਤਰ ਤੋਂ ਮਿਲੇ ਫੀਡਬੈਕ ਨਾਲ ਵਿਦਿਆਰਥੀਆਂ ਦੀ ਭਾਗੀਦਾਰੀ ਅਤੇ ਪ੍ਰੇਰਨਾ ਵਿੱਚ ਸੁਧਾਰ ਹੁੰਦਾ ਹੈ ਅਤੇ ਕਲਾਸਰੂਮ ਵਾਤਾਵਰਣ ਸਾਕਾਰਾਤਮਕ ਬਣਦਾ ਹੈ।

ਉਨ੍ਹਾਂ ਕਿਹਾ, "ਅਧਿਆਪਕਾਂ ਨੇ ਨਵੇਂ ਤਰੀਕਿਆਂ ਨਾਲ ਪ੍ਰਯੋਗ ਕਰਨ ਅਤੇ ਸਿੱਖਣ ਦੀਆਂ ਵੱਖ-ਵੱਖ ਲੋੜਾਂ ਅਨੁਸਾਰ ਪਾਠਾਂ ਨੂੰ ਢਾਲਣ ਵਿੱਚ ਵਧੇਰੇ ਵਿਸ਼ਵਾਸ ਪ੍ਰਗਟ ਕੀਤਾ ਹੈ। ਇਸ ਪਹਿਲਕਦਮੀ ਦੀ ਇੱਕ ਵਿਲੱਖਣ ਵਿਸ਼ੇਸ਼ਤਾ ਵਿਦੇਸ਼ੀ ਮਾਡਲਾਂ ਨੂੰ ਸਿੱਧੇ ਲਾਗੂ ਕਰਨ ਦੀ ਬਜਾਏ ਪ੍ਰਸੰਗਿਕ ਅਨੁਕੂਲਨ 'ਤੇ ਜ਼ੋਰ ਦੇਣਾ ਹੈ। ਫਿਨਲੈਂਡ ਦੇ ਮਾਹਿਰਾਂ ਤੋਂ ਨਿਰੰਤਰ ਸਲਾਹ ਸਹਾਇਤਾ ਨੇ ਇਸ ਤਬਦੀਲੀ ਨੂੰ ਸਮਰੱਥ ਬਣਾਇਆ ਹੈ ਅਤੇ ਇਹ ਯਕੀਨੀ ਬਣਾਇਆ ਗਿਆ ਹੈ ਕਿ ਆਲਮੀ ਪੱਧਰ ਦੇ ਸਭ ਤੋਂ ਵਧੀਆ ਅਭਿਆਸਾਂ ਨੂੰ ਸਥਾਨਕ ਪ੍ਰਣਾਲੀਆਂ ਵਿੱਚ ਅਰਥਪੂਰਨ ਢੰਗ ਨਾਲ ਏਕੀਕ੍ਰਿਤ ਕੀਤਾ ਜਾਵੇ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਸਥਾਰਿਤ ਗੱਲਬਾਤ ਲਈ ਟੁਰਕੂ ਯੂਨੀਵਰਸਿਟੀ ਅਤੇ ਟੁਰਕੂ ਅਧਿਆਪਕ ਸਿਖਲਾਈ ਸਕੂਲ ਦਾ ਵੀ ਦੌਰਾ ਕੀਤਾ। ਉਨ੍ਹਾਂ ਕਿਹਾ, "ਸਰਕਾਰ ਹੁਣ ਪ੍ਰੋਗਰਾਮ ਨੂੰ 'ਟਰੇਨ-ਦ-ਟਰੇਨਰਜ਼' ਪਹੁੰਚ ਰਾਹੀਂ ਵਧਾਉਣ ਦੀ ਯੋਜਨਾ ਬਣਾ ਰਹੀ ਹੈ, ਜਿਸ ਨਾਲ ਸੂਬੇ ਭਰ ਵਿੱਚ ਇਸਦੀ ਪਹੁੰਚ ਨੂੰ ਵਧਾਉਣ ਲਈ ਮਾਸਟਰ ਟਰੇਨਰਾਂ ਦਾ ਇੱਕ ਕਾਡਰ ਬਣਾਇਆ ਜਾ ਰਿਹਾ ਹੈ।"ਉਨ੍ਹਾਂ ਅੱਗੇ ਕਿਹਾ, "ਨਿਰੰਤਰ ਪੇਸ਼ੇਵਰ ਵਿਕਾਸ ਅਤੇ ਵਿਆਪਕ ਪਹੁੰਚ ਨੂੰ ਸਮਰਥਨ ਦੇਣ ਲਈ ਡਿਜੀਟਲ ਪਲੇਟਫਾਰਮ ਅਤੇ ਮਿਸ਼ਰਤ ਸਿਖਲਾਈ ਫਾਰਮੈਟ ਵੀ ਵਿਕਸਤ ਕੀਤੇ ਜਾ ਰਹੇ ਹਨ।"

ਮੁੱਖ ਮੰਤਰੀ ਨੇ ਕਿਹਾ, "ਵਿਸਥਾਰ ਲਈ ਇੱਕ ਢਾਂਚਾਗਤ ਪ੍ਰਣਾਲੀ ਅਤੇ ਸਿਖਲਾਈ ਪ੍ਰਾਪਤ ਸਿੱਖਿਅਕਾਂ ਦੇ ਵਧ ਰਹੇ ਪੂਲ ਦੇ ਨਾਲ ਸਹਿਯੋਗ ਨੂੰ ਪੰਜਾਬ ਦੇ ਵਿਆਪਕ ਸਿੱਖਿਆ ਸੁਧਾਰਾਂ ਦੇ ਅਧਾਰ ਵਜੋਂ ਦੇਖਿਆ ਜਾ ਰਿਹਾ ਹੈ। ਸੂਬਾ ਜਨਤਕ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤਾਂ ਜੋ ਵਿਦਿਆਰਥੀ ਸਫ਼ਲ ਹੋਣ ਲਈ ਬਿਹਤਰ ਢੰਗ ਨਾਲ ਤਿਆਰ ਹੋ ਸਕਣ ਅਤੇ ਇਸ ਖੇਤਰ ਵਿੱਚ ਰਫ਼ਤਾਰ ਬਣਾਈ ਰੱਖਣ ਲਈ ਇਸੇ ਤਰ੍ਹਾਂ ਦੀਆਂ ਪਹਿਲਕਦਮੀਆਂ ਕੀਤੀਆਂ ਜਾਣਗੀਆਂ।

### ਪੰਜਾਬ ਪੁਲਿਸ ਵੱਲੋਂ 'ਲਾਰੈਂਸ ਆਫ਼ ਪੰਜਾਬ'

ਉਨ੍ਹਾਂ ਨੂੰ ਅਪਰਾਧਿਕ ਗਤੀਵਿਧੀਆਂ ਨੂੰ ਆਮ ਜਾਂ ਗਲੈਮਰਸ ਸਮਝਣ ਲਈ ਪ੍ਰੇਰਿਤ ਕਰ ਸਕਦਾ ਹੈ। ਪੁਲਿਸ ਨੇ ਇਹ ਵੀ ਚੇਤਾਵਨੀ ਦਿੱਤੀ ਹੈ ਕਿ ਅਜਿਹੀ ਸਮੱਗਰੀ ਚੱਲ ਰਹੇ ਕਾਨੂੰਨ ਲਾਗੂ ਕਰਨ ਦੇ ਯਤਨਾਂ ਨੂੰ ਕਮਜ਼ੋਰ ਕਰ ਸਕਦੀ ਹੈ ਅਤੇ ਰਾਜ ਦੇ ਅੰਦਰ ਜਨਤਕ ਵਿਵਸਥਾ ਨੂੰ ਵਿਗਾੜ ਸਕਦੀ ਹੈ। ਇਹ ਬੇਨਤੀ ਸੂਚਨਾ ਤਕਨਾਲੋਜੀ ਐਕਟ, 2000 ਦੀ ਧਾਰਾ 691(1) ਦੇ ਤਹਿਤ ਕੀਤੀ ਗਈ ਹੈ, ਜਿਸ ਨੂੰ 9" (ਜਨਤਕ ਦੁਆਰਾ ਜਾਣਕਾਰੀ ਤੱਕ ਪਹੁੰਚ ਨੂੰ ਰੋਕਣ ਲਈ ਪ੍ਰਕਿਰਿਆ ਅਤੇ ਸੁਰੱਖਿਆ) ਨਿਯਮ, 2009 ਦੇ ਸੰਬੰਧਿਤ ਉਪਬੰਧਾਂ ਦੇ ਨਾਲ ਜੋੜ ਕੇ ਪੜ੍ਹਿਆ ਜਾਂਦਾ ਹੈ। ਪੰਜਾਬ ਪੁਲਿਸ ਨੇ ਵਿਸ਼ੇਸ਼ ਤੌਰ 'ਤੇ ਬੇਨਤੀ ਕੀਤੀ ਹੈ ਕਿ"555 ਨੂੰ ਦਸਤਾਵੇਜ਼ੀ ਨੂੰ ਸਟ੍ਰੀਮ ਨਾ ਕਰਨ ਅਤੇ ਇਸਦੇ ਟ੍ਰੇਲਰ ਤੱਕ ਪਹੁੰਚ ਨੂੰ ਵਿਸ਼ਵ ਪੱਧਰ 'ਤੇ ਹਟਾਉਣ ਦਾ ਨਿਰਦੇਸ਼ ਦਿੱਤਾ ਜਾਵੇ। ਪੱਤਰ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੁਆਰਾ ਕੀਤੇ ਗਏ ਪਿਛਲੇ ਨਿਰੀਖਣਾਂ ਦਾ ਵੀ ਹਵਾਲਾ ਦਿੱਤਾ ਗਿਆ ਹੈ, ਜਿਸ ਨੇ ਲਾਰੈਂਸ ਬਿਸ਼ਨੋਈ ਨਾਲ ਇੰਟਰਵਿਊਆਂ ਦਾ ਨੋਟਿਸ ਲਿਆ ਸੀ ਜੋ ਕਥਿਤ ਤੌਰ 'ਤੇ ਜੇਲ੍ਹ ਕੰਪਲੈਕਸ ਦੇ ਅੰਦਰ ਰਿਕਾਰਡ ਕੀਤੀਆਂ ਗਈਆਂ ਸਨ। ਅਦਾਲਤ ਨੇ ਦੇਖਿਆ ਸੀ ਕਿ ਅਜਿਹੀ ਸਮੱਗਰੀ ਅਪਰਾਧਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰ ਸਕਦੀ ਹੈ ਅਤੇ ਚੱਲ ਰਹੇ ਮੁਕੱਦਮਿਆਂ 'ਤੇ ਮਾੜਾ ਪ੍ਰਭਾਵ ਪਾ ਸਕਦੀ ਹੈ, ਅਤੇ ਅਧਿਕਾਰੀਆਂ ਨੂੰ ਡਿਜੀਟਲ ਪਲੇਟਫਾਰਮਾਂ ਤੋਂ ਸਮਾਨ ਸਮੱਗਰੀ ਨੂੰ ਹਟਾਉਣ ਦੇ ਨਿਰਦੇਸ਼ ਦਿੱਤੇ ਸਨ। ਅਧਿਕਾਰੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਇੰਟਰਨੈਟ-ਅਧਾਰਤ ਸਮੱਗਰੀ ਦੀ ਪਹੁੰਚ ਬਹੁਤ ਜ਼ਿਆਦਾ ਹੈ, ਅਤੇ ਇਸ ਦੀ ਆਡੀਓ-ਵਿਜ਼ੂਅਲ ਪ੍ਰਕਿਰਤੀ ਦੇ ਕਾਰਨ, ਇਹ ਇੱਕ ਉੱਚ ਪ੍ਰਭਾਵ ਪਾਉਂਦੀਹੈ-ਇਸ ਨੂੰ ਖਾਸ ਤੌਰ 'ਤੇ ਪਹੁੰਚਯੋਗ ਅਤੇ ਪ੍ਰਭਾਵਸ਼ਾਲੀ ਬਣਾਉਂਦੀਹੈ, ਖਾਸ ਕਰਤਕੇ ਨੌਜਵਾਨ ਅਤੇ ਪ੍ਰਭਾਵਸ਼ਾਲੀ ਦਰਸ਼ਕਾਂ ਵਿੱਚ। ਇਹ ਕਦਮ ਡਿਜੀਟਲ ਪਲੇਟਫਾਰਮਾਂ 'ਤੇ ਅਪਰਾਧ-ਅਧਾਰਤ ਸਮੱਗਰੀ ਦੀ ਵੱਧਦੀ ਜਾਂਚ ਦੇ ਵਿਚਕਾਰ ਆਇਆ ਹੈ, ਖਾਸ ਤੌਰ 'ਤੇ ਅਪਰਾਧਿਕ ਸ਼ਖਸੀਅਤਾਂ ਨੂੰ ਸਨਸਨੀਖੇਜ਼ ਬਣਾਉਣ ਜਾਂ ਵਡਿਆਈ ਕਰਨ ਵਾਲੀ ਸਮੱਗਰੀ ਵਜੋਂ ਸਮਝੀ ਜਾਂਦੀ ਹੈ। ਮੰਤਰਾਲੇ ਨੇ ਅਜੇ ਤੱਕ ਇਸ ਬੇਨਤੀ ਦਾ ਜਵਾਬ ਨਹੀਂ ਦਿੱਤਾ ਹੈ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

**ਮਾਲਵੀਆ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਜੈਪੁਰ**

ਜਵਾਹਰ ਲਾਲ ਨਹਿਰੂ ਮਾਰਗ, ਜੈਪੁਰ 302017 ਪੀਐਚ.ਡੀ. ਅਤੇ ਮਾਸਟਰ ਡਿਗਰੀ ਪ੍ਰੋਗਰਾਮਾਂ ਵਿੱਚ ਦਾਖਲਾ 2026-27

F.4/A-1-1/2026-27/Acad/Ph.D/01

ਔਡ ਸਮੈਸਟਰ 2026-27 (ਜੁਲਾਈ 2026) ਲਈ ਸਾਰੇ ਵਿਭਾਗਾਂ/ਕੇਂਦਰਾਂ ਵਿੱਚ ਪੀਐਚ.ਡੀ. ਅਤੇ ਐਮ.ਟੈਕ./ਐਮ.ਪਲਾਨ (ਸਪਾਂਸਰਡ (ਪੂਰਾ ਸਮਾਂ/ਪਾਰਟ ਟਾਈਮ) ਅਤੇ ਪੂਰਾ ਸਮਾਂ ਸਵੈ-ਵਿੱਤੀ) ਵਿੱਚ ਦਾਖਲੇ ਲਈ ਔਨਲਾਈਨ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ। ਵਧੇਰੇ ਜਾਣਕਾਰੀ ਲਈ www.mnit.ac.in ਤੇ ਜਾਓ। ਔਨਲਾਈਨ ਅਰਜ਼ੀ ਜਮ੍ਹਾਂ ਕਰਨ ਦੀ ਆਖਰੀ ਮਿਤੀ 07 ਮਈ 2026 ਹੈ। -ਰਜਿਸਟਰਾਰ

CBC 21312/11/0003/2627

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਅੰਬਾਲਾ ਕੈਂਟ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਅਤੇ ਉਨ੍ਹਾਂ ਦੇ ਲਈ ਉਤਰ ਰੇਲਵੇ ਅੰਬਾਲਾ ਮੰਡਲ ਦੇ ਰੇਲਵੇ ਸਟੇਸ਼ਨਾਂ ਤੇ ਕਾਂਟਰੈਕਟਾਂ ਦੇ ਅਲਾਟਮੈਂਟ ਦੇ ਲਈ IREPS ਵੈਬਸਾਈਟ ਉਤੇ ਈ-ਆਕਸ਼ਨ ਦੇ ਮਾਧਿਅਮ ਨਾਲ ਬੋਲੀਆਂ ਦੀ ਮੰਗ ਕਰਦੇ ਹਨ।

| SN. | Lot No. | Description | Auction start Date & Time |
|---|---|---|---|
| 1 | MSS-UMB-UMB-GZ-76-26-1 | ਅੰਬਾਲਾ ਕੈਂਟ (UMB) ਰੇਲਵੇ ਸਟੇਸ਼ਨ ਉਤੇ 13'x10' (130 ਵਰਗ ਫੁਟ) ਦੇ ਕੁਲ ਖੇਤਰ ਵਿਚ ਰਿਲੇਸਕਸੇਸ਼ਨ ਯੂਨਿਟਸ ਦੇ ਨਾਲ ਇਕ ਗੇਮਿੰਗ ਜੋਨ ਦਾ ਵਿਕਾਸ, ਸੰਚਾਲਨ ਅਤੇ ਪ੍ਰਬੰਧਨ 5 ਸਾਲਾਂ ਦੇ ਸਮੇਂ ਦੇ ਲਈ (ਸਵੀਕ੍ਰਿਤ ਸਾਈਟ ਸਕੀਮ ਦੇ ਅਨੁਸਾਰ) | 02.05.2026 12:00:00 hrs. |
| 2 | ADVT-Int-250749- 2-26-1 | ਟ੍ਰੇਨ ਨੰਬਰ 20493/94 (CDG-MDU-CDG) ਵਿਚ ਟ੍ਰੇਨ ਕੋਚਾਂ ਦੇ ਅੰਦਰੂਨੀ ਭਾਗ ਵਿਚ ਡਿਸਪਲੇ ਬੋਰਡਾਂ ਦਾ ਉਪਯੋਗ ਕਰਕੇ ਵਾਣਿਜਕ ਵਿਗਿਆਪਨ ਸਥਾਨ (ਵਿਗਿਆਪਨ ਦੇ ਲਈ ਕੋਚ ਸੰਰਚਨਾ ਅਤੇ ਆਯਾਮ ਦੇ ਅਨੁਸਾਰ) | 08.05.2026 12:00:00 hrs. |
| 3 | ADVT-Int-135985- 5-26-1 | ਟ੍ਰੇਨ ਨੰਬਰ 12449/50 (CDG-MAO-CDG) ਵਿਚ ਟ੍ਰੇਨ ਕੋਚਾਂ ਦੇ ਅੰਦਰੂਨੀ ਭਾਗ ਵਿਚ ਡਿਸਪਲੇ ਬੋਰਡਾਂ ਦਾ ਉਪਯੋਗ ਕਰਕੇ ਵਾਣਿਜਕ ਵਿਗਿਆਪਨ ਸਥਾਨ (ਵਿਗਿਆਪਨ ਦੇ ਲਈ ਕੋਚ ਸੰਰਚਨਾ ਅਤੇ ਆਯਾਮ ਦੇ ਅਨੁਸਾਰ) | 08.05.2026 12:00:00 hrs. |

-ਨੀਲਾਮੀ ਲੀਜ਼ਿੰਗ ਮੰਗ ਸੂਚਨਾ, ਨੀਲਾਮੀ ਫਾਰਮ, ਇਕ ਵਾਰ ਪੰਜੀਕਰਨ ਤੇ ਵਧੇਰੇ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in 'ਤੇ ਜਾਓ।

1351/26

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੰਜਾਬ ਕਿਰਤ ਭਲਾਈ ਬੋਰਡ ਨੇ 7831 ਉਦਯੋਗਿਕ ਕਾਮਿਆਂ ਨੂੰ 17.11 ਕਰੋੜ ਦੇ ਲਾਭ ਦਿੱਤੇ : ਸੌਂਦ



ਚੰਡੀਗੜ੍ਹ/ਐਸਏਐਸ ਨਗਰ, 23 ਅਪ੍ਰੈਲ (ਚ.ਨ.ਸ.): ਸੂਬੇ ਵਿੱਚ ਉਦਯੋਗਿਕ ਕਾਮਿਆਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਕਿਰਤ ਭਲਾਈ ਬੋਰਡ ਵੱਲੋਂ ਪਿਛਲੇ ਵਿੱਤੀ ਸਾਲ ਦੌਰਾਨ ਵੱਖ-ਵੱਖ ਭਲਾਈ ਸਕੀਮਾਂ ਅਧੀਨ 7831 ਲਾਭਪਾਤਰੀਆਂ ਨੂੰ 17.11 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ।

ਬੋਰਡ ਦੀਆਂ ਚੱਲ ਰਹੀਆਂ ਗਤੀਵਿਧੀਆਂ ਅਤੇ ਪ੍ਰਗਤੀ ਦਾ ਮੁਲਾਂਕਣ ਕਰਨ ਲਈ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਇਨ੍ਹਾਂ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਜਾਗਰੂਕਤਾ ਮੁਹਿੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਵੱਡੀ ਗਿਣਤੀ ਵਿੱਚ ਯੋਗ ਕਾਮੇ ਭਲਾਈ ਸਕੀਮਾਂ ਦਾ ਲਾਭ ਲੈ ਸਕਣ। ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਜਾਗਰੂਕਤਾ ਦੀ ਘਾਟ ਅਕਸਰ ਕਾਮਿਆਂ ਨੂੰ ਉਨ੍ਹਾਂ ਲਈ ਉਪਲਬਧ ਭਲਾਈ ਸਕੀਮਾਂ ਤੋਂ ਲਾਭ ਲੈਣ ਵਿੱਚ ਅੜਿੱਕਾ ਬਣਦੀ ਹੈ।

ਸਕੀਮਾਂ ਦੇ ਦਾਇਰੇ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਪੰਜਾਬ ਕਿਰਤ ਭਲਾਈ ਫੰਡ ਐਕਟ, 1965 ਅਧੀਨ ਆਉਂਦੇ ਅਦਾਰਿਆਂ ਵਿੱਚ ਕੰਮ ਕਰਨ ਵਾਲੇ ਉਦਯੋਗਿਕ ਕਾਮੇ ਬੋਰਡ ਵੱਲੋਂ ਦਿੱਤੇ ਜਾਂਦੇ ਲਾਭ ਪ੍ਰਾਪਤ ਕਰਨ ਦੇ ਯੋਗ ਹਨ। ਬੋਰਡ ਵੱਲੋਂ ਚਲਾਈ ਗਈਆਂ ਸਕੀਮਾਂ ਵਿੱਚ ਡਾਕਟਰੀ ਇਲਾਜ ਅਤੇ ਜਨਰਲ ਸਰਜਰੀਆਂ ਲਈ ਵਿੱਤੀ ਸਹਾਇਤਾ, ਐਕਸ-ਗ੍ਰੇਸ਼ੀਆ ਗ੍ਰਾਂਟ, ਅੰਤਿਮ ਸੰਸਕਾਰ ਦੇ ਖਰਚੇ, ਐਲ.ਟੀ.ਸੀ., ਜਣੇਪਾ ਲਾਭ ਅਤੇ ਮਾਨਸਿਕ ਜਾਂ ਸਰੀਰਕ ਅਪੰਗਤਾ ਵਾਲੇ ਕਾਮਿਆਂ ਲਈ ਸਹਾਇਤਾ ਸ਼ਾਮਲ ਹੈ। ਇਸ ਤੋਂ ਇਲਾਵਾ ਕਾਮੇ ਹੋਰਨਾਂ ਸਕੀਮਾਂ ਦਾ ਲਾਭ ਵੀ ਲੈ ਸਕਦੇ ਹਨ, ਜਿਨ੍ਹਾਂ ਵਿੱਚ ਸ਼ਗਨ ਸਕੀਮ, ਐਨਕਾਂ ਲਗਵਾਉਣ ਸਬੰਧੀ ਸਹਾਇਤਾ, ਦੰਦਾਂ ਦੀ ਦੇਖਭਾਲ ਅਤੇ ਸੁਣਨ- ਯੰਤਰਾਂ ਲਈ ਸਹਾਇਤਾ ਦੇ ਨਾਲ-ਨਾਲ ਸਿੱਖਿਆ ਅਤੇ ਅਪੰਗਤਾ ਮੁਆਵਜ਼ੇ ਲਈ ਵਜ਼ੀਫ਼ਾ ਸਕੀਮਾਂ ਸ਼ਾਮਲ ਹਨ।

ਮੰਤਰੀ ਨੇ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਹਰੇਕ ਯੋਗ ਕਾਮੇ ਤੱਕ ਭਲਾਈ ਸਕੀਮਾਂ ਦੀ ਪਹੁੰਚ ਯਕੀਨੀ ਬਣਾਈ ਜਾਵੇ ਤਾਂ ਜੋ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਹੋਵੇ ਅਤੇ ਲੋੜ ਸਮੇਂ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਜਾਗਰੂਕਤਾ ਕੈਂਪ ਅਤੇ ਆਸਾਨ ਅਰਜ਼ੀ ਪ੍ਰਕਿਰਿਆਵਾਂ ਸਮੇਤ ਸਰਗਰਮ ਉਪਾਅ ਅਪਣਾਉਣ ਦੀ ਅਪੀਲ ਕੀਤੀ ਤਾਂ ਜੋ ਇਨ੍ਹਾਂ ਸਕੀਮਾਂ ਦੇ ਦਾਇਰੇ ਅਤੇ ਪ੍ਰਭਾਵ ਨੂੰ ਹੋਰ ਵਡੇਰਾ ਕੀਤਾ ਜਾ ਸਕੇ।

ਇਸ ਮੌਕੇ ਕਿਰਤ ਵਿਭਾਗ ਦੇ ਸਕੱਤਰ ਮਨਵੇਸ਼ ਸਿੰਘ ਸਿੱਧੂ, ਇੰਡਸਟਰੀ ਤੇ ਕਾਮਰਸ ਵਿਭਾਗ ਦੇ ਸਕੱਤਰ ਮਹਿੰਦਰਪਾਲ, ਕਿਰਤ ਕਮਿਸ਼ਨਰ- ਕਮ -ਭਲਾਈ ਕਮਿਸ਼ਨਰ, ਪੰਜਾਬ ਰਾਜੀਵ ਕੁਮਾਰ ਗੁਪਤਾ, ਮੈਂਬਰ ਬਲਦੇਵ ਬਲਖੰਡੀ ਸਮੇਤ ਕਈ ਹੋਰ ਪਤਵੰਤੇ ਵੀ ਮੌਜੂਦ ਸਨ।

# ਚੀਮਾ ਵੱਲੋਂ ਸਿਹਤ ਵਿਭਾਗ ਨੂੰ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਦੇ ਮਾਣ ਭੱਤੇ ਵਧਾਉਣ ਲਈ ਕੇਂਦਰ ਤੱਕ ਪਹੁੰਚ ਦੇ ਨਿਰਦੇਸ਼



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਦੇ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਜ਼ਰੂਰੀ ਸਿਹਤ ਸੰਭਾਲ ਕਾਮਿਆਂ ਦੀ ਭਲਾਈ ਲਈ ਇੱਕ ਅਹਿਮ ਕਦਮ ਚੁੱਕਦਿਆਂ, ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਨੂੰ ਦਿੱਤੇ ਜਾਂਦੇ ਮਾਣ ਭੱਤਿਆਂ (ਇਨਸੈਂਟਿਵ) ਵਿੱਚ ਜ਼ਰੂਰੀ ਵਾਧੇ ਦੀ ਵਕਾਲਤ ਕਰਦੇ ਹੋਏ ਕੇਂਦਰ ਸਰਕਾਰ ਨੂੰ ਅਧਿਕਾਰਤ ਤੌਰ 'ਤੇ ਪੱਤਰ ਲਿਖਣ। ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਨੂੰ ਮੌਜੂਦਾ ਸਕੀਮ ਤਹਿਤ ਇਨ੍ਹਾਂ ਭੁਗਤਾਨਾਂ ਨੂੰ ਵਧਾਉਣ ਲਈ ਅਪੀਲ ਕੀਤੀ ਜਾਣੀ ਚਾਹੀਦੀ ਹੈ, ਜੋ ਕਿ ਕੇਂਦਰ ਤੇ ਸੂਬੇ ਦਰਮਿਆਨ 60:40 ਦੇ ਵਿੱਤੀ ਅਨੁਪਾਤ 'ਤੇ ਕੰਮ ਕਰਦੀ ਹੈ।

ਆਸ਼ਾ ਵਰਕਰਜ਼ ਐਂਡ ਫੈਸਿਲੀਟੇਟਰਜ਼ ਸਾਂਝਾ ਮੋਰਚਾ, ਪਾਵਰਕੌਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਤੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਸਮੇਤ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਵਫ਼ਦਾਂ ਨਾਲ ਮੀਟਿੰਗਾਂ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ. ਐਸ.ਪੀ.ਸੀ.ਐਲ.) ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀ. ਐਸ.ਟੀ.ਸੀ.ਐਲ.) ਨੂੰ ਵੀ ਨਿਰਦੇਸ਼ ਦਿੱਤੇ ਕਿ ਪਾਵਰਕੌਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੀਆਂ ਮੰਗਾਂ ਦੇ ਹੱਲ ਲਈ ਇੱਕ ਠੋਸ ਨੀਤੀ ਬਣਾਈ ਜਾਵੇ। ਆਸ਼ਾ ਵਰਕਰਜ਼ ਐਂਡ ਫੈਸਿਲੀਟੇਟਰਜ਼ ਸਾਂਝਾ ਮੋਰਚਾ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨ੍ਹਾਂ ਵਰਕਰਾਂ ਦੀ ਤੁਰੰਤ ਸਮਾਜਿਕ ਸੁਰੱਖਿਆ ਨੂੰ ਪਹਿਲ ਦਿੱਤੀ। ਉਨ੍ਹਾਂ ਨਿਰਦੇਸ਼ ਜਾਰੀ ਕਰਦਿਆਂ ਕਿਹਾ, "ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਾਰੀਆਂ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਲਈ ਜੀਵਨ ਬੀਮਾ ਕਵਰੇਜ ਨੂੰ ਯਕੀਨੀ ਬਣਾਉਣ ਲਈ ਕਿਸੇ ਬੈਂਕਿੰਗ ਸੰਸਥਾ ਨਾਲ ਸਮਝੌਤਾ ਕਰੇ।"

ਉਨ੍ਹਾਂ ਅੱਗੇ ਕਿਹਾ, "ਯੂਨੀਅਨ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ, ਜੋ ਸਿੱਧੇ ਤੌਰ 'ਤੇ ਵਿਭਾਗੀ ਪੱਧਰ 'ਤੇ ਹੱਲ ਕੀਤੀਆਂ ਜਾ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਪ੍ਰਸ਼ਾਸਨਿਕ ਮੀਟਿੰਗਾਂ ਅਤੇ ਫੈਸਲਾਕੁੰਨ ਕਾਰਵਾਈ ਰਾਹੀਂ ਬਿਨਾਂ ਕਿਸੇ ਦੇਰੀ ਦੇ ਹੱਲ ਕੀਤਾ ਜਾਣਾ ਚਾਹੀਦਾ ਹੈ।" ਸੂਬੇ ਦੇ ਬਿਜਲੀ ਖੇਤਰ ਦੇ ਕਾਮਿਆਂ ਦੀਆਂ ਚਿੰਤਾਵਾਂ ਨੂੰ ਸੰਬੋਧਿਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਾਵਰਕੌਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨਾਲ ਵਿਸਤ੍ਰਿਤ ਮੀਟਿੰਗ ਕੀਤੀ। ਉਨ੍ਹਾਂ ਨੂੰ ਦਰਪੇਸ਼ ਕਾਰਜਸ਼ੀਲ ਮੁਸ਼ਕਲਾਂ ਤੇ ਆਊਟਸੋਰਸਡ ਰੁਜ਼ਗਾਰ ਤੋਂ ਸੇਵਾਵਾਂ ਕੰਟਰੈਕਟ ਵਿੱਚ ਤਬਦੀਲ ਕਰਨ ਦੀ ਉਨ੍ਹਾਂ ਦੀ ਮੰਗ ਦਾ ਹਮਦਰਦੀ ਨਾਲ ਜਾਇਜ਼ਾ ਲਿਆ। ਮੁਲਾਜ਼ਮਾਂ ਨਾਲ ਮੀਟਿੰਗਾਂ ਦੀ ਇਸ ਲੜੀ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮਸਲਿਆਂ ਬਾਰੇ ਭਰੋਸਾ ਦਿਵਾਇਆ। ਉਨ੍ਹਾਂ ਯੂਨੀਅਨ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਸਬੰਧੀ ਠੋਸ ਭਰੋਸਾ ਦਿਵਾਉਂਦਿਆਂ ਦੱਸਿਆ ਕਿ ਸੂਬਾ ਸਰਕਾਰ ਇਨ੍ਹਾਂ 'ਤੇ ਹਮਦਰਦੀ ਨਾਲ ਵਿਚਾਰ ਕਰ ਰਹੀ ਹੈ। ਇਨ੍ਹਾਂ ਮੀਟਿੰਗਾਂ ਦੌਰਾਨ, ਆਸ਼ਾ ਵਰਕਰਜ਼ ਐਂਡ ਫੈਸਿਲੀਟੇਟਰਜ਼ ਸਾਂਝਾ ਮੋਰਚਾ ਵੱਲੋਂ ਅਮਰਜੀਤ ਕੌਰ, ਰਾਣੋ, ਹਰਿੰਦਰ ਕੌਰ ਸ਼ਤਰਾਣਾ ਅਤੇ ਸੰਤੋਸ਼ ਕੁਮਾਰ, ਪਾਵਰਕੌਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਬਲਿਹਾਰ ਸਿੰਘ, ਟੇਕ ਚੰਦ ਤੇ ਸ਼ੇਰ ਸਿੰਘ ਤੇ ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਵੱਲੋਂ ਗੁਰਬਾਜ਼ ਸਿੰਘ, ਪਵਨਬੀਰ ਸਿੰਘ ਅਤੇ ਗੁਰਵਿੰਦਰ ਸਿੰਘ ਨੇ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕੀਤੀਆਂ।

# ਪੰਜਾਬ 'ਚ ਬੇਅਦਬੀ ਵਿਰੋਧੀ ਕਾਨੂੰਨ ਲਾਗੂ ਕਰਨ ਲਈ ਸੰਧਵਾਂ ਦਾ ਵਿਸ਼ੇਸ਼ ਸਨਮਾਨ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਕੋਟਕਪੂਰਾ ਦੇ ਨਿਹੰਗ ਸਿੰਘਾਂ ਦੇ ਮੁੱਖ ਸੇਵਾਦਾਰ ਬਾਬਾ ਕੁਲਵੰਤ ਸਿੰਘ ਚਾਣਕੀਆ ਨੇ ਅੱਜ ਕੋਟਕਪੂਰਾ ਵਿਖੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਸੁਹਿਰਦ ਯਤਨਾਂ ਸਦਕਾ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 ਲਾਗੂ ਹੋ ਗਿਆ ਹੈ, ਜਿਸ ਨਾਲ ਵਿਸ਼ਵ ਭਰ ਵਿੱਚ ਸੰਗਤ ਨੇ ਖੁਸ਼ੀ ਮਨਾਈ ਹੈ। ਸੁਖਮਨੀ ਸਾਹਿਬ ਦਾ ਪਾਠ, ਨਿਤਨੇਮ ਬਾਣੀਆਂ, ਅਰਦਾਸ ਤੇ ਪਾਵਨ ਹੁਕਮਨਾਮੇ ਉਪਰੰਤ ਬਾਬਾ ਕੁਲਵੰਤ ਸਿੰਘ ਚਾਣਕੀਆ ਨੇ ਕਿਹਾ ਕਿ ਸਪੀਕਰ ਸੰਧਵਾਂ ਦੀ ਸ਼ਖਸੀਅਤ ਤੇ ਨਿਮਰ ਸੁਭਾਅ ਨੇ ਸਭਨਾਂ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਸਪੀਕਰ ਸੰਧਵਾਂ ਨੇ ਜਥੇਦਾਰ ਬਾਬਾ ਕੁਲਵੰਤ ਸਿੰਘ ਚਾਣਕਿਆ ਸਮੇਤ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਹ ਸਭ ਸੰਗਤ ਦੇ ਸਹਿਯੋਗ ਅਤੇ ਗੁਰੂ ਜੀ ਦੇ ਆਸ਼ੀਰਵਾਦ ਨਾਲ ਹੀ ਸੰਭਵ ਹੋਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਕਾਰਜ ਨੂੰ ਵੱਖ-ਵੱਖ ਰਵਾਇਤੀ ਪਾਰਟੀਆਂ ਦੇ ਆਗੂ ਤੇ ਪ੍ਰਭਾਵੀ ਸੰਗਠਨਾਂ ਦੇ ਨੁਮਾਇੰਦੇ ਸੱਤਾ ਵਿੱਚ ਹੋਣ ਦੇ ਬਾਵਜੂਦ ਵੀ ਅਮਲ ਵਿੱਚ ਨਹੀਂ ਲਿਆ ਸਕੇ। ਹੁਣ ਉਹ ਬੇਬੁਨਿਆਦ ਅਤੇ ਬੇਲੋੜੇ ਬਿਆਨ ਦੇ ਕੇ ਸਮਾਜ ਵਿੱਚ ਭੰਬਲਭੂਸਾ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਸਪੀਕਰ ਸੰਧਵਾਂ ਨੇ ਕਿਹਾ ਕਿ ਇਸ ਸਖ਼ਤ ਸਜ਼ਾ ਕਾਨੂੰਨ ਦੇ ਲਾਗੂ ਹੋਣ ਨਾਲ ਹੁਣ ਤੋਂ ਕੋਈ ਵੀ ਵਿਅਕਤੀ ਘਿਨਾਉਣੇ ਅਪਰਾਧ ਨੂੰ ਕਰਨ ਤੋਂ ਪਰਹੇਜ਼ ਕਰੇਗਾ। ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਤੋਂ ਇਕੱਠੀ ਹੋਈ ਸੰਗਤ ਨੇ ਇਸ ਮਿਸਾਲੀ ਕਾਰਜ ਲਈ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਦਾ ਧੰਨਵਾਦ ਕੀਤਾ।

# ਮੰਡੀਆਂ 'ਚ ਸੁਵਿਧਾਵਾਂ ਤੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਪਹੁੰਚੇ ਡਿਪਟੀ ਸਪੀਕਰ ਰੌੜੀ



ਚੰਡੀਗੜ੍ਹ/ਹੁਸ਼ਿਆਰਪੁਰ/ਗੜ੍ਹਸ਼ੰਕਰ, 23 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਹਲਕੇ ਦੀਆਂ ਵੱਖ-ਵੱਖ ਦਾਣਾ ਮੰਡੀਆਂ ਦਾ ਦੌਰਾ ਕਰਕੇ ਉੱਥੇ ਚੱਲ ਰਹੀਆਂ ਸੁਵਿਧਾਵਾਂ ਤੇ ਖਰੀਦ ਪ੍ਰਬੰਧਾਂ ਦਾ ਵਿਸਤ੍ਰਿਤ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਨੇ ਦਾਣਾ ਮੰਡੀ ਮੰਹਿਗਰੋਵਾਲ, ਦਾਣਾ ਮੰਡੀ ਮਾਹਿਲਪੁਰ ਤੇ ਦਾਣਾ ਮੰਡੀ ਮੋਰਾਂਵਾਲੀ ਵਿਖੇ ਮੌਕੇ ਦੀ ਸਥਿਤੀ ਦਾ ਅਨੁਮਾਨ ਲਗਾਇਆ ਤੇ ਮੰਡੀਆਂ ਵਿੱਚ ਮੌਜੂਦ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆ ਰਹੀਆਂ ਦਿੱਕਤਾਂ ਬਾਰੇ ਜਾਣਕਾਰੀ ਲਈ। ਕਿਸਾਨਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਦਿਆਂ ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਦੌਰਾਨ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਇਸ ਲਈ ਮੰਡੀਆਂ ਵਿੱਚ ਸੁਚੱਜੇ ਪ੍ਰਬੰਧ ਹੋਣੇ ਯਕੀਨੀ ਬਣਾਏ ਗਏ ਹਨ।

ਡਿਪਟੀ ਸਪੀਕਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫਸਲ ਦੀ ਤੋਲ, ਲਿਫਟਿੰਗ ਤੇ ਭੁਗਤਾਨ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਸਮੇਂ-ਸਿਰ ਮੁਕੰਮਲ ਕੀਤਾ ਜਾਵੇ। ਇਸ ਦੇ ਨਾਲ ਹੀ ਮੰਡੀਆਂ ਵਿੱਚ ਸਫਾਈ, ਪੀਣ ਵਾਲੇ ਪਾਣੀ, ਬਿਜਲੀ ਤੇ ਹੋਰ ਬੁਨਿਆਦੀ ਸੁਵਿਧਾਵਾਂ ਨੂੰ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਮੰਡੀ ਬੋਰਡ ਦੇ ਕਰਮਚਾਰੀ ਤੇ ਇਲਾਕੇ ਦੇ ਆਗੂ ਵੀ ਮੌਜੂਦ ਸਨ।

# ਬਰਿੰਦਰ ਕੁਮਾਰ ਗੋਇਲ ਵੱਲੋਂ ਗ਼ੈਰ-ਕਾਨੂੰਨੀ ਮਾਈਨਿੰਗ ਵਿਰੁੱਧ ਫ਼ਲਾਇੰਗ ਸਕੁਐਡ ਤੇ ਤਕਨੀਕ ਆਧਾਰਤ ਨਿਗਰਾਨੀ ਦੇ ਹੁਕਮ

## 30 ਜੂਨ ਤੱਕ ਹੜ੍ਹ ਰੋਕੂ ਕੰਮ ਮੁਕੰਮਲ ਕਰਨ ਦੇ ਨਿਰਦੇਸ਼, ਨਹਿਰੀ ਸਿੰਚਾਈ ਅਧੀਨ ਰਕਬਾ 78 ਫ਼ੀਸਦੀ ਤੋਂ ਵਧਾਉਣ 'ਤੇ ਜ਼ੋਰ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਦੇ ਜਲ ਸਰੋਤ, ਭੂਮੀ ਤੇ ਜਲ ਸੰਭਾਲ ਅਤੇ ਖਣਨ ਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਤਿੰਨ ਵੱਖ-ਵੱਖ ਵਿਭਾਗਾਂ ਦੀ ਉੱਚ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਸਿੰਚਾਈ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਤੇ ਸੂਬੇ ਭਰ 'ਚ ਹੜ੍ਹ ਰੋਕੂ ਕਾਰਜ ਛੇਤੀ ਤੋਂ ਛੇਤੀ ਮੁਕੰਮਲ ਕਰਨ ਲਈ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿਖੇ ਖਣਨ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦਿਆਂ ਕੈਬਨਿਟ ਮੰਤਰੀ ਨੇ ਗ਼ੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਫਲਾਇੰਗ ਸਕੁਐਡ ਬਣਾਉਣ ਦੇ ਹੁਕਮ ਦਿੱਤੇ। ਜਲ ਸਰੋਤ ਵਿਭਾਗ ਦੇ ਕਾਰਜਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਹਦਾਇਤ ਕੀਤੀ ਕਿ ਸਾਰੇ ਹੜ੍ਹ ਰੋਕਥਾਮ ਕਾਰਜ 30 ਜੂਨ ਤੋਂ ਪਹਿਲਾਂ ਪੂਰੇ ਕੀਤੇ ਜਾਣ ਤਾਂ ਜੋ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਸੰਕਟਕਾਲੀ ਸਥਿਤੀ ਨੂੰ ਟਾਲਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਹਿਰੀ ਪਾਣੀ ਅਧੀਨ ਸਿੰਜਾਈ ਖੇਤਰ ਦੇ ਮੌਜੂਦਾ 78 ਫ਼ੀਸਦੀ ਘੇਰੇ ਨੂੰ ਹੋਰ ਵਧਾਇਆ ਜਾਵੇ ਤਾਂ ਜੋ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਈ ਜਾ ਸਕੇ। ਕੈਬਨਿਟ ਮੰਤਰੀ ਨੇ ਵਿਭਾਗ ਨੂੰ ਵਾਢੀ ਦੇ ਸੀਜ਼ਨ ਦੇ ਮੱਦੇਨਜ਼ਰ ਚੱਲ ਰਹੇ ਨਹਿਰੀ ਪਾਣੀ ਦੀ ਵਰਤੋਂ ਸਬੰਧੀ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਖੇਤੀਬਾੜੀ ਉਤਪਾਦਨ ਨੂੰ ਵਧਾਉਣ ਤੇ ਪਾਣੀ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਸੇਮ-ਪ੍ਰਭਾਵਿਤ ਜ਼ਮੀਨਾਂ ਦੇ ਸੁਧਾਰ ਸਬੰਧੀ ਪਹਿਲਕਦਮੀਆਂ ਨੂੰ ਸਾਰੇ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਵਧਾਉਣ 'ਤੇ ਵੀ ਜ਼ੋਰ ਦਿੱਤਾ।

ਭੂਮੀ ਅਤੇ ਜਲ ਸੰਭਾਲ ਵਿਭਾਗ ਦੀ ਸਮੀਖਿਆ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੂੰ ਦੱਸਿਆ ਗਿਆ ਕਿ ਨਹਿਰੀ ਪਾਣੀ ਉਪਲਬਧ ਕਰਵਾਉਣ ਲਈ 5253 ਕਿਲੋਮੀਟਰ ਸਿੰਚਾਈ ਪਾਈਪਲਾਈਨ ਵਿਛਾਈ ਗਈ ਹੈ, ਜਿਸ ਨਾਲ 161,000 ਏਕੜ ਤੋਂ ਵੱਧ ਖੇਤੀਬਾੜੀ ਜ਼ਮੀਨ ਨੂੰ ਲਾਭ ਮਿਲਿਆ ਹੈ। ਸੂਬਾ ਸਰਕਾਰ ਦੀਆਂ ਮੁੱਖ ਪਹਿਲਕਦਮੀਆਂ ਗਿਣਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਤਿੰਨ ਵੱਡੇ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ, ਜਿਨ੍ਹਾਂ ਵਿੱਚ ਪਿੰਡਾਂ ਦੇ ਛੱਪੜਾਂ ਦੀ ਵਰਤੋਂ ਕਰਕੇ ਸੂਰਜੀ ਊਰਜਾ ਨਾਲ ਚੱਲਣ ਵਾਲੇ ਸਿੰਚਾਈ ਬੁਨਿਆਦੀ ਢਾਂਚੇ ਦੀ ਸਿਰਜਣਾ, ਮਿੱਟੀ ਦੇ ਖਿਸਕਾਅ ਨੂੰ ਰੋਕਣ, ਹੜ੍ਹਾਂ ਦੇ ਪ੍ਰਭਾਵ ਨੂੰ ਘਟਾਉਣ ਤੇ ਭੂਮੀਗਤ ਪਾਣੀ ਨੂੰ ਰੀਚਾਰਜ ਕਰਨ ਲਈ ਕੰਢੀ ਖੇਤਰ ਵਿੱਚ ਚੈੱਕ ਡੈਮਾਂ ਦਾ ਨਿਰਮਾਣ ਤੇ ਫਾਜ਼ਿਲਕਾ ਜ਼ਿਲ੍ਹੇ ਦੇ 29 ਪਿੰਡਾਂ ਵਿੱਚ ਸੇਮਗ੍ਰਸਤ ਜ਼ਮੀਨਾਂ ਦੀ ਮੁੜ-ਪ੍ਰਾਪਤੀ ਲਈ ਇੱਕ ਪ੍ਰਮੁੱਖ ਪ੍ਰਾਜੈਕਟ ਚਲਾਉਣਾ ਸ਼ਾਮਲ ਹੈ।

ਮੀਟਿੰਗ ਦੌਰਾਨ ਵਧੀਕ ਮੁੱਖ ਸਕੱਤਰ ਖਣਨ ਜਸਪ੍ਰੀਤ ਤਲਵਾੜ, ਪ੍ਰਮੁੱਖ ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ, ਡਾਇਰੈਕਟਰ ਮਾਈਨਿੰਗ ਅਭਿਜੀਤ ਕਪਲਿਸ਼, ਮੁੱਖ ਭੂਮੀ ਪਾਲ ਮਹਿੰਦਰ ਸਿੰਘ ਸੈਣੀ, ਮੁੱਖ ਇੰਜੀਨੀਅਰ (ਮਾਈਨਿੰਗ ਤੇ ਡਰੇਨੇਜ) ਹਰਦੀਪ ਸਿੰਘ ਮੈਂਦੀਰੱਤਾ, ਮੁੱਖ ਇੰਜੀਨੀਅਰ (ਕੈਨਾਲ) ਸ਼ੇਰ ਸਿੰਘ, ਪੀ.ਡਬਲਯੂ.ਆਰ.ਐਮ.ਡੀ.ਸੀ. ਦੇ ਪ੍ਰਬੰਧਕੀ ਨਿਰਦੇਸ਼ਕ ਮਨੋਜ ਬਾਂਸਲ ਤੇ ਐਕਸੀਅਨ (ਭੂਮੀ ਤੇ ਜਲ ਸੰਭਾਲ) ਜੀ.ਐਸ. ਢਿੱਲੋਂ ਹਾਜ਼ਰ ਸਨ।

# ਸਰਕਾਰ ਵੱਲੋਂ ਪਾਠ ਪੁਸਤਕਾਂ ਦੀ ਵੰਡ ਵਿੱਚ ਇਜਾਰੇਦਾਰੀ ਖ਼ਤਮ; ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੂੰ ਬੋਰਡ ਵੱਲੋਂ ਸਿੱਧੇ ਤੌਰ 'ਤੇ ਕੀਤੀ ਜਾਵੇਗੀ ਕਿਤਾਬਾਂ ਦੀ ਸਪਲਾਈ : ਬੈਂਸ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਸੂਬੇ ਵਿੱਚ ਹੋਰ ਬਿਹਤਰ ਤੇ ਸੁਚੱਜੇ ਢੰਗ ਨਾਲ ਸਕੂਲੀ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਵਿਦਿਆਰਥੀ-ਕੇਂਦ੍ਰਿਤ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਲਈ ਪਾਠ-ਪੁਸਤਕਾਂ ਦੀ ਵੰਡ ਵਿੱਚ ਇੱਕ ਵੱਡਾ ਸੁਧਾਰ ਕੀਤਾ ਹੈ। ਸਾਲ 2026-27 ਦੇ ਅਕਾਦਮਿਕ ਸੈਸ਼ਨ ਤੋਂ, ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਨਾਲ ਸਬੰਧਤ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਸਪਲਾਈ ਸਿੱਧੇ ਤੌਰ 'ਤੇ ਬੋਰਡ ਵੱਲੋਂ ਕੀਤੀ ਜਾਵੇਗੀ। ਇਸ ਉਪਰਾਲੇ ਨਾਲ ਨਾ ਸਿਰਫ਼ ਅਧਿਕਾਰਤ ਏਜੰਸੀਆਂ ਤੇ ਕਿਤਾਬਾਂ ਵੇਚਣ ਵਾਲੀਆਂ ਦੁਕਾਨਾਂ ਦੀ ਇਜਾਰੇਦਾਰੀ ਖ਼ਤਮ ਹੋਵੇਗੀ ਸਗੋਂ ਵਿਦਿਆਰਥੀਆਂ ਦੇ ਮਾਪਿਆਂ ਨੂੰ ਵੀ ਰਾਹਤ ਮਿਲੇਗੀ। ਇਸ ਨਵੇਂ ਸੁਧਾਰ ਦਾ ਐਲਾਨ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਫੈਸਲਾ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ, ਪਰਿਵਾਰਾਂ ਦਾ ਖ਼ਰਚਾ ਘਟਾਉਣ ਅਤੇ ਵਿਚੋਲਿਆਂ 'ਤੇ ਨਿਰਭਰਤਾ ਘਟਾਉਣ ਦੇ ਨਾਲ-ਨਾਲ ਪਾਠ-ਪੁਸਤਕਾਂ ਦੀ ਸਮੇਂ ਸਿਰ ਉਪਲਬਧਤਾ ਨੂੰ ਯਕੀਨੀ ਬਣਾਏਗਾ। ਬੈਂਸ ਨੇ ਨਵੇਂ ਸਿਸਟਮ ਬਾਰੇ ਵਿਸਥਾਰ ਨਾਲ ਦੱਸਦਿਆਂ ਕਿਹਾ, "ਸਕੂਲ ਸਖ਼ਤੀ ਨਾਲ ਇਹ ਯਕੀਨੀ ਬਣਾਉਣਗੇ ਕਿ ਛਪੀ ਹੋਈ ਕੀਮਤ ਤੋਂ ਵੱਧ ਕੋਈ ਪੈਸਾ ਨਾ ਲਿਆ ਜਾਵੇ। ਇਹ ਸਿਰਫ਼ ਕਿਤਾਬਾਂ ਵੰਡਣ ਦੀ ਸਹੂਲਤ ਹੋਵੇਗੀ ਨਾ ਕਿ ਮਾਲੀਆ ਜੁਟਾਉਣ ਦਾ ਕੋਈ ਢੰਗ। ਇਸ ਨਾਲ ਪ੍ਰਾਈਵੇਟ ਸਕੂਲਾਂ ਦੇ 10 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲੇਗਾ।"

ਪੰਜਾਬ ਸਰਕਾਰ ਦੀ ਪਹੁੰਚਯੋਗ ਅਤੇ ਕਿਫ਼ਾਇਤੀ ਸਿੱਖਿਆ 'ਤੇ ਧਿਆਨ ਕੇਂਦਰਿਤ ਕਰਨ ਸਬੰਧੀ ਪਹਿਲਕਦਮੀ ਬਾਰੇ ਦੱਸਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ 15% ਛੋਟ, ਜੋ ਪਹਿਲਾਂ ਕਿਤਾਬ ਵੇਚਣ ਵਾਲਿਆਂ ਨੂੰ ਮਿਲਦੀ ਸੀ , ਹੁਣ ਸਕੂਲਾਂ ਰਾਹੀਂ ਵਿਦਿਆਰਥੀਆਂ ਨੂੰ ਸਿੱਧੇ ਤੌਰ 'ਤੇ ਮਿਲੇਗੀ। ਇਸ ਕਦਮ ਨਾਲ ਜਿੱਥੇ ਪਰਿਵਾਰਾਂ 'ਤੇ ਵਿੱਤੀ ਬੋਝ ਘਟਣ ਦੀ ਉਮੀਦ ਹੈ ਉੱਥੇ ਹੀ ਸਿਸਟਮ ਵਿੱਚ ਵਧੇਰੇ ਜਵਾਬਦੇਹੀ ਵੀ ਆਵੇਗੀ। ਇਸ ਬਾਰੇ ਵਿਸਥਾਰ ਨਾਲ ਦੱਸਦਿਆਂ ਮੰਤਰੀ ਨੇ ਦੱਸਿਆ ਕਿ ਪੀ.ਐਸ.ਈ.ਬੀ. ਨੇ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਇੱਕ ਸਮਰਪਿਤ ਈ-ਕਾਮਰਸ ਪੋਰਟਲ ਵੀ ਬਣਾਇਆ ਹੈ। ਵਿਦਿਆਰਥੀ ਮੋਬਾਈਲ ਐਪਲੀਕੇਸ਼ਨ ਜਾਂ ਆਨਲਾਈਨ ਪੋਰਟਲ ਰਾਹੀਂ ਪਾਠ-ਪੁਸਤਕਾਂ ਸਬੰਧੀ ਮੰਗਾਂ ਰੱਖ ਸਕਣਗੇ ਜਦਕਿ ਸਕੂਲ ਕਲਾਸ-ਵਾਰ ਅਤੇ ਵਿਸ਼ਾ-ਵਾਰ ਜ਼ਰੂਰਤਾਂ ਨੂੰ ਡਿਜੀਟਲ ਰੂਪ ਵਿੱਚ ਅਪਲੋਡ ਕਰ ਸਕਣਗੇ। ਉਨ੍ਹਾਂ ਅੱਗੇ ਕਿਹਾ, "ਹਰੇਕ ਵਿਦਿਆਰਥੀ ਨੂੰ ਵਿਅਕਤੀਗਤ ਲੌਗਇਨ ਕ੍ਰੀਡੈਂਸ਼ੀਅਲਜ਼ ਪ੍ਰਦਾਨ ਕੀਤੇ ਜਾਣਗੇ ਤਾਂ ਜੋ ਲੋੜ ਪੈਣ ਤੇ ਮਾਪੇ ਸਿੱਧੇ ਤੌਰ 'ਤੇ ਆਰਡਰ ਬੁੱਕ ਕਰ ਸਕਣ।"

ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ ਕਿ ਪੋਰਟਲ ਨੂੰ ਇੱਕ ਸੁਰੱਖਿਅਤ ਆਨਲਾਈਨ ਭੁਗਤਾਨ ਗੇਟਵੇਅ ਨਾਲ ਜੋੜਿਆ ਗਿਆ ਹੈ ਤਾਂ ਜੋ ਆਸਾਨ, ਪਾਰਦਰਸ਼ੀ ਤੇ ਕੁਸ਼ਲ ਲੈਣ-ਦੇਣ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸਿਸਟਮ ਨੂੰ ਖ਼ਾਸ ਤੌਰ 'ਤੇ ਓਵਰਚਾਰਜਿੰਗ ਦੀ ਕਿਸੇ ਵੀ ਕਿਸਮ ਦੀ ਗੁੰਜਾਇਸ਼ ਨੂੰ ਖਤਮ ਕਰਨ ਅਤੇ ਪੂਰੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਬਣਾਈ ਰੱਖਣ ਲਈ ਤਿਆਰ ਕੀਤਾ ਗਿਆ ਹੈ।

# ਗੋਇਲ ਵੱਲੋਂ ਪਿੰਡ ਓਇੰਦ ਵਿਖੇ ਨਹਿਰੀ ਪਾਣੀ ਲਿਫ਼ਟ ਸਿੰਚਾਈ ਪ੍ਰਾਜੈਕਟ ਦਾ ਉਦਘਾਟਨ



ਚੰਡੀਗੜ੍ਹ/ਸ੍ਰੀ ਚਮਕੌਰ ਸਾਹਿਬ, 23 ਅਪ੍ਰੈਲ (ਅਵਤਾਰ ਸਿੰਘ ਭੰਗੂ): ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਤੇ ਖੇਤੀਬਾੜੀ ਨੂੰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਕੈਬਨਿਟ ਮੰਤਰੀ ਪੰਜਾਬ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਓਇੰਦ ਵਿਖੇ ਲਿਫਟ ਸਿੰਚਾਈ ਸਕੀਮ ਦਾ ਉਦਘਾਟਨ ਕੀਤਾ। ਇਹ ਪ੍ਰਾਜੈਕਟ ਸ੍ਰੀ ਚਮਕੌਰ ਸਾਹਿਬ ਤਹਿਸੀਲ ਦੇ ਉਨ੍ਹਾਂ ਪਿੰਡਾਂ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ ਜੋ ਅਜੇ ਤੱਕ ਨਹਿਰੀ ਪਾਣੀ ਤੋਂ ਵਾਂਝੇ ਰਹੇ ਹਨ ਤੇ ਜਿੱਥੇ ਧਰਤੀ ਹੇਠਲਾ ਪਾਣੀ ਲਗਾਤਾਰ ਡੂੰਘਾ ਹੁੰਦਾ ਜਾ ਰਿਹਾ ਹੈ। ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਇੱਕ ਇਤਿਹਾਸਕ ਨਗਰੀ ਹੈ ਤੇ ਇਸ ਖੇਤਰ ਵਿੱਚੋਂ ਲੰਘ ਰਹੀਆਂ ਮੁੱਖ ਨਹਿਰਾਂ-ਸਰਹਿੰਦ ਨਹਿਰ ਤੇ ਭਾਖੜਾ ਮੇਨ ਲਾਈਨ ਨਹਿਰ ਦੇ ਬਾਵਜੂਦ ਕਈ ਪਿੰਡਾਂ ਨੂੰ ਹੁਣ ਤੱਕ ਨਹਿਰੀ ਪਾਣੀ ਦੀ ਸੁਵਿਧਾ ਪ੍ਰਾਪਤ ਨਹੀਂ ਹੋ ਰਹੀ ਸੀ ਜਿਸ ਨਾਲ ਛੋਟੇ ਕਿਸਾਨ ਮੋਟਰ ਦਾ ਕੁਨੈਕਸ਼ਨ ਨਾ ਹੋਣ ਕਾਰਨ ਪਾਣੀ ਲਈ ਹੋਰ ਜ਼ਿਮੀਦਾਰਾਂ ਉੱਤੇ ਨਿਰਭਰ ਕਰਦੇ ਹਨ।

ਉਨ੍ਹਾਂ ਕਿਹਾ ਕਿ ਇਸ ਯੋਜਨਾ ਅਧੀਨ ਪਿੰਡ ਓਇੰਦ ਕੋਲੋਂ ਭਾਖੜਾ ਮੇਨ ਲਾਈਨ ਨਹਿਰ ਦੇ ਸਮਰਾਲਾ ਮੇਜਰ ਸਿਸਟਮ ਤੋਂ ਪਾਣੀ ਲਿਫਟ ਕਰਕੇ ਲਗਭਗ 900 ਮਿਲੀਮੀਟਰ (ਤਕਰੀਬਨ 3 ਫੁੱਟ) ਵਿਆਸ ਵਾਲੀ ਮੇਨ ਰਾਈਜ਼ਰ ਪਾਈਪ ਰਾਹੀਂ ਪਿੰਡ ਗੱਗੋਂ ਵਿਖੇ ਬਣਾਏ ਜਾਣ ਵਾਲੇ ਡੀ-ਟੈਂਕ ਤੱਕ ਪਹੁੰਚਾਇਆ ਜਾਵੇਗਾ। ਇਸ ਤੋਂ ਬਾਅਦ ਚਾਰ ਵੱਖ-ਵੱਖ ਡਿਸਟ੍ਰੀਬਿਊਸ਼ਨ ਸਕੀਮਾਂ ਰਾਹੀਂ ਆਲੇ-ਦੁਆਲੇ ਦੇ ਪਿੰਡਾਂ ਵਿੱਚ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ। ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਲਗਭਗ 44.83 ਕਰੋੜ ਰੁਪਏ ਦੀ ਲਾਗਤ ਆਵੇਗੀ ਤੇ ਇਸ ਨਾਲ ਕਰੀਬ 4500 ਏਕੜ ਖੇਤੀਯੋਗ ਜ਼ਮੀਨ ਨੂੰ ਨਹਿਰੀ ਪਾਣੀ ਦੀ ਸੁਵਿਧਾ ਪ੍ਰਾਪਤ ਹੋਵੇਗੀ। ਇਸ ਸਕੀਮ ਦਾ ਲਾਭ ਸ੍ਰੀ ਚਮਕੌਰ ਸਾਹਿਬ, ਸਲੋਮਾਜਰਾ, ਗੱਗੋਂ, ਗਧਰਾਮ ਖੁਰਦ, ਗਧਰਾਮ ਕਲਾਂ, ਪਿੱਪਲਮਾਜਰਾ, ਰੁੜਕੀ, ਤਾਲਾਪੁਰ, ਦੁੱਗਰੀ, ਕੋਟਲੀ, ਕਮਾਲਪੁਰ, ਰਾਮਪੁਰ ਬੇਟ ਸਮੇਤ ਕਈ ਹੋਰ ਪਿੰਡਾਂ ਨੂੰ ਮਿਲੇਗਾ।

ਹਲਕਾ ਵਿਧਾਇਕ ਸ੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ ਨੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦਾ ਇਸ ਖ਼ਾਸ ਪ੍ਰੋਜੈਕਟ ਲਈ ਧੰਨਵਾਦ ਕੀਤਾ। ਇਸ ਮੌਕੇ ਸਹਾਇਕ ਕਮਿਸ਼ਨਰ (ਜ) ਕਮ ਐਸਡੀਐਮ ਸ੍ਰੀ ਚਮਕੌਰ ਸਾਹਿਬ ਪਰਦੀਪ ਸਿੰਘ ਬੈਂਸ, ਡੀਐਸਪੀ ਸ੍ਰੀ ਚਮਕੌਰ ਸਾਹਿਬ ਮਨਜੀਤ ਸਿੰਘ ਔਲਖ, ਐਸ.ਈ. ਗਗਨਦੀਪ ਸਿੰਘ ਗਿੱਲ, ਐਕਸੀਅਨ ਗੁਰਸ਼ਰਨ ਸਿੰਘ ਵਿਰਕ, ਐੱਸਡੀਓ ਕੁਲਵਿੰਦਰ ਸਿੰਘ, ਪ੍ਰੋ. ਬੀਰਦਵਿੰਦਰ ਸਿੰਘ ਬੱਲਾਂ, ਐਨਪੀ ਰਾਣਾ, ਸਿਕੰਦਰ ਸਿੰਘ ਸਹੇੜੀ, ਅਮਨਦੀਪ ਸਿੰਘ ਮਾਂਗਟ, ਹਰਨੇਕ ਸਿੰਘ ਭੂਰਾ, ਜਗਦੇਵ ਭਟੋਆ, ਅੰਮ੍ਰਿਤਪਾਲ ਕੌਰ ਨਾਗਰਾ, ਜਗਤਾਰ ਸਿੰਘ ਘੜੂਆਂ ਤੋਂ ਇਲਾਵਾ ਹੋਰ ਉੱਚ ਅਧਿਕਾਰੀ ਤੇ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ ਦਾ ਨਸ਼ਿਆਂ ਵਿਰੁੱਧ ਯੁੱਧ : ਐਨ.ਡੀ.ਪੀ.ਐਸ. ਕੇਸਾਂ 'ਚ 40 ਫ਼ੀਸਦੀ ਵਾਧਾ, ਜ਼ਬਤੀਆਂ 'ਚ ਭਾਰੀ ਉਛਾਲ




ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਕਾਰਗਰ, ਤੇਜ਼ ਅਤੇ ਪ੍ਰਭਾਵੀ ਨਤੀਜੇ ਸਾਹਮਣੇ ਆ ਰਹੇ ਹਨ । ਤਾਜ਼ਾ ਅੰਕੜੇ ਦਰਸਾਉਂਦੇ ਹਨ ਕਿ ਨਸ਼ਿਆਂ ਵਿਰੁੱਧ ਕਾਰਵਾਈ ਵਿੱਚ ਵੱਡਾ ਵਾਧਾ ਹੋਇਆ ਹੈ, ਨਸ਼ਾ ਤਸਕਰੀ ਨੈੱਟਵਰਕਾਂ ਨੂੰ ਵੱਡੇ ਪੱਧਰ ਤੇ ਬੇਅਸਰ ਕੀਤਾ ਗਿਆ ਹੈ ਤੇ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਤਹਿਤ ਦੋਸ਼ੀਆਂ ਲਈ ਸਜ਼ਾ ਦਰ ਵਿੱਚ ਵੀ ਮਹੱਤਵਪੂਰਨ ਸੁਧਾਰ ਆਇਆ ਹੈ। ਅੰਕੜਿਆਂ ਅਨੁਸਾਰ 2022 ਤੋਂ 2026 (ਹੁਣ ਤੱਕ) ਦਰਮਿਆਨ 73,541 ਐਨਡੀਪੀਐਸ ਕੇਸ ਦਰਜ ਕੀਤੇ ਗਏ ਹਨ, ਜੋ ਕਿ 2017-21 ਦੇ 52,255 ਕੇਸਾਂ ਨਾਲੋਂ 40 ਫੀਸਦੀ ਤੋਂ ਵੱਧ ਵਾਧਾ ਦਰਸਾਉਂਦੇ ਹਨ। ਗ੍ਰਿਫ਼ਤਾਰੀਆਂ ਦੀ ਗਿਣਤੀ ਵੀ ਕਾਫੀ ਵਧੀ ਹੈ, ਜੋ 68,064 ਤੋਂ ਵੱਧ ਕੇ 98,596 ਹੋ ਗਈ ਹੈ, ਜਿਸ ਨਾਲ ਸੂਬੇ ਭਰ ਵਿੱਚ ਨਸ਼ਾ ਤਸਕਰੀ ਨੈੱਟਵਰਕਾ ਖ਼ਿਲਾਫ਼ ਲਗਾਤਾਰ ਅਤੇ ਵੱਡੇ ਪੱਧਰ 'ਤੇ ਕਾਰਵਾਈ ਦਾ ਪਤਾ ਲੱਗਦਾ ਹੈ।

ਜ਼ਬਤੀਆਂ ਦੇ ਅੰਕੜੇ ਇਸ ਕਾਰਵਾਈ ਦੀ ਕਾਮਯਾਬੀ ਨੂੰ ਹੋਰ ਸਪਸ਼ਟ ਕਰਦੇ ਹਨ, ਜੋ ਸਪਲਾਈ ਚੇਨਾਂ ਵਿੱਚ ਗਹਿਰੀ ਪਹੁੰਚ ਦਰਸਾਉਂਦੇ ਹਨ। ਹੈਰੋਇਨ ਦੀ ਬਰਾਮਦਗੀ ਵਿੱਚ 148% ਦਾ ਵਾਧਾ ਹੋਇਆ ਹੈ "2022 ਤੋਂ ਹੁਣ ਤੱਕ 5,979 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਗਈ, ਜਦਕਿ 2017-21 ਵਿੱਚ ਇਹ ਮਾਤਰਾ 2,412 ਕਿਲੋਗ੍ਰਾਮ ਸੀ। ਅਫੀਮ ਦੀ ਜ਼ਬਤੀ ਵਿੱਚ ਵੀ 43% ਤੋਂ ਵੱਧ ਵਾਧਾ ਹੋ ਕੇ 3,583 ਕਿਲੋਗ੍ਰਾਮ ਹੋਇਆ ਹੈ, ਜੋ ਜ਼ਮੀਨੀ ਪੱਧਰ 'ਤੇ ਕਾਰਵਾਈ ਦੇ ਤੇਜ਼ ਹੋਣ ਨੂੰ ਦਰਸਾਉਂਦਾ ਹੈ। ਸਿੰਥੈਟਿਕ ਨਸ਼ਿਆਂ ਖ਼ਿਲਾਫ਼ ਕਾਰਵਾਈ ਵਿੱਚ ਖਾਸ ਤੌਰ 'ਤੇ ਵੱਡਾ ਉਛਾਲ ਦੇਖਿਆ ਗਿਆ ਹੈ। ਆਈਸ (ਕ੍ਰਿਸਟਲ ਮੈਥਐਮਫੈਟਾਮਾਈਨ) ਦੀ ਜ਼ਬਤੀ 17 ਕਿਲੋਗ੍ਰਾਮ ਤੋਂ ਵੱਧ ਕੇ 93 ਕਿਲੋਗ੍ਰਾਮ ਹੋ ਗਈ ਹੈ, ਜੋ ਕਿ 447% ਦਾ ਵਾਧਾ ਹੈ। ਕੋਕੇਨ ਦੀ ਜ਼ਬਤੀ 6,064 ਕਿਲੋਗ੍ਰਾਮ ਰਹੀ, ਜੋ ਕਿ ਪਹਿਲਾਂ ਦਰਜ 6,852 ਕਿਲੋਗ੍ਰਾਮ ਦੇ ਲਗਭਗ ਬਰਾਬਰ ਹੈ।

ਇਸ ਮੁਹਿੰਮ ਦੀ ਪਕੜ ਹੁਣ ਦਵਾਈਆਂ ਦੇ ਗਲਤ ਇਸਤੇਮਾਲ ਤੱਕ ਵੀ ਪਹੁੰਚ ਗਈ ਹੈ। 2022-26 ਦੇ ਦੌਰਾਨ 8.7 ਕਰੋੜ ਗੋਲੀਆਂ ਤੇ ਕੈਪਸੂਲ ਜ਼ਬਤ ਕੀਤੇ ਗਏ ਹਨ, ਜੋ ਨੌਜਵਾਨਾਂ ਵਿੱਚ ਫੈਲ ਰਹੀ ਲਤ ਨੂੰ ਰੋਕਣ ਲਈ ਸਪਲਾਈ ਚੇਨਾਂ 'ਤੇ ਵੱਡਾ ਵਾਰ ਦਰਸਾਉਂਦਾ ਹੈ। ਸਭ ਤੋਂ ਅਹਿਮ ਗੱਲ ਇਹ ਹੈ ਕਿ ਇਹ ਕਾਰਵਾਈ ਨਿਆਂ ਪ੍ਰਣਾਲੀ ਵਿੱਚ ਵੀ ਨਤੀਜੇ ਦੇ ਰਹੀ ਹੈ। ਦੋਸ਼ੀਆਂ ਲਈ ਸਜ਼ਾ ਦਰ 89% ਤੱਕ ਪਹੁੰਚ ਗਈ ਹੈ, ਜੋ ਮਜ਼ਬੂਤ ਜਾਂਚ, ਸੁਚੱਜਤਾ ਨਾਲ ਸਬੂਤ ਜੁਟਾਉਣ ਤੇ ਪ੍ਰਭਾਵਸ਼ਾਲੀ ਮੁਕੱਦਮੇਬਾਜ਼ੀ ਨੂੰ ਦਰਸਾਉਂਦੀ ਹੈ।

ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਕਿਹਾ, "ਇਹ ਸਿਰਫ਼ ਕਾਰਵਾਈ ਵਿੱਚ ਵਾਧਾ ਨਹੀਂ, ਸਗੋਂ ਨਸ਼ਿਆਂ ਦੇ ਖ਼ਤਰੇ ਨਾਲ ਨਜਿੱਠਣ ਦੇ ਢੰਗ ਵਿੱਚ ਇਕ ਬੁਨਿਆਦੀ ਬਦਲਾਅ ਹੈ। ਕੇਸਾਂ ਤੇ ਜ਼ਬਤੀਆਂ ਵਿੱਚ ਵਾਧਾ ਇੰਟੈਲੀਜੈਂਸ ਅਧਾਰਿਤ ਕਾਰਵਾਈ ਨੂੰ ਦਰਸਾਉਂਦਾ ਹੈ, ਜਦਕਿ ਵਧਦੀ ਸਜ਼ਾ ਦਰ ਦਿਖਾਉਂਦੀ ਹੈ ਕਿ ਕੇਸ ਸਿੱਟਾ ਪੂਰਨ ਪੜਾਅ ਤੱਕ ਲਿਜਾਏ ਜਾ ਰਹੇ ਹਨ। ਸਪਲਾਇਰ ਤੋਂ ਲੈ ਕੇ ਡਿਸਟ੍ਰੀਬਿਊਟਰ ਤੱਕ ਪੂਰੀ ਲੜੀ 'ਤੇ ਲਗਾਤਾਰ ਦਬਾਅ ਬਣਾਇਆ ਗਿਆ ਹੈ।" ਡੀ ਜੀ ਪੀ ਨੇ ਦੱਸਿਆ ਕਿ ਇਸ ਕਾਰਵਾਈ ਦੀ ਵਿਆਪਕਤਾ ਅਤੇ ਲਗਾਤਾਰਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਪਸ਼ਟ ਰਣਨੀਤਿਕ ਸਮਝ ਦਾ ਨਤੀਜਾ ਹੈ, ਜਿਸ ਦੇ ਤਹਿਤ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਪੰਜਾਬ ਭਰ ਵਿੱਚ ਸਰਗਰਮ ਕਾਰਵਾਈ ਅਹਿਮ ਹਿੱਸਾ ਬਣ ਚੁੱਕੀ ਹੈ। ਹਾਲਾਂਕਿ ਜ਼ਬਤੀਆਂ ਵਿੱਚ ਵਾਧਾ ਜ਼ਮੀਨੀ ਕਾਰਵਾਈ ਵਿਚ ਤੇਜ਼ੀ ਨੂੰ ਦਰਸਾਉਂਦਾ ਹੈ, ਪਰ ਮਾਨ ਸਰਕਾਰ ਨੇ ਦੁਹਰਾਇਆ ਹੈ ਕਿ ਮੁੱਖ ਟੀਚਾ ਨਸ਼ਾ ਨੈੱਟਵਰਕ ਨੂੰ ਤੋੜਨਾ ਅਤੇ ਨਸ਼ਿਆਂ ਦੀ ਉਪਲਬਧਤਾ ਨੂੰ ਘਟਾਉਣਾ ਹੈ, ਤਾਂ ਜੋ ਇਹ ਕਾਰਵਾਈ ਸਥਾਈ ਪ੍ਰਭਾਵ ਵਿੱਚ ਬਦਲੇ।

# ਸਾਬਕਾ ਸੈਨਿਕਾਂ ਦੀ ਭਲਾਈ ਦੇ ਮਾਮਲੇ 'ਚ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਮੋਹਿੰਦਰ ਭਗਤ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਤ ਸਾਰੇ ਲੰਬਿਤ ਮਾਮਲਿਆਂ ਦੀ ਇੱਕ ਵਿਸਤ੍ਰਿਤ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ।

ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨਾਲ ਸਬੰਧਤ ਕਾਰਜਾਂ ਵਿੱਚ ਕੋਈ ਵੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭਗਤ ਨੇ ਜ਼ੋਰ ਦੇ ਕੇ ਕਿਹਾ ਕਿ ਲੰਬਿਤ ਮਾਮਲਿਆਂ ਦੇ ਤਰੁੰਤ, ਵਧੇਰੇ ਕੁਸ਼ਲ ਤੇ ਪੂਰੀ ਪਾਰਦਰਸ਼ਤਾ ਨਾਲ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਹਰੇਕ ਕੇਸ ਦੀ ਸਥਿਤੀ ਬਾਰੇ ਸੂਚੀ ਵਿੱਚ ਸਪੱਸ਼ਟ ਤੇ ਸਹੀ ਢੰਗ ਨਾਲ ਜਾਣਕਾਰੀ ਦਰਜ ਕੀਤੀ ਜਾਵੇ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਵਿਭਾਗ 'ਚ ਖਾਲੀ ਅਸਾਮੀਆਂ 'ਤੇ ਭਰਤੀ ਅਤੇ ਬਜਟ ਨਾਲ ਸਬੰਧਤ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਤੇ ਦੇਸ਼ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਬਹਾਦਰ ਜਵਾਨਾਂ ਪ੍ਰਤੀ ਪੂਰਾ ਸਤਿਕਾਰ ਰੱਖਦੀ ਹੈ।

# ਤਲਵੰਡੀ ਸਾਬੋ ਦੇ ਪਿੰਡ ਭਾਗੀਵਾਂਦਰ 'ਚ ਨੌਜਵਾਨ ਦਾ ਬੇਰਹਿਮੀ ਨਾਲ ਕਤਲ



ਬਠਿੰਡਾ, 23 ਅਪ੍ਰੈਲ (ਦੀਪਕ ਸ਼ਰਮਾ): ਤਲਵੰਡੀ ਸਾਬੋ ਦੇ ਨਜ਼ਦੀਕੀ ਪਿੰਡ ਭਾਗੀਵਾਂਦਰ ਵਿੱਚ ਬੁੱਧਵਾਰ ਦੇਰ ਰਾਤ ਮਾਮੂਲੀ ਤਕਰਾਰ ਨੇ ਉਸ ਵੇਲੇ ਖ਼ੂਨੀ ਰੂਪ ਧਾਰ ਲਿਆ, ਜਦੋਂ ਗੁਆਂਢੀਆਂ ਨੇ ਇੱਕ 26 ਸਾਲਾ ਨੌਜਵਾਨ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਹਰਜੀਤ ਸਿੰਘ ਪੁੱਤਰ ਬਿੱਲੂ ਸਿੰਘ ਵਜੋਂ ਹੋਈ ਹੈ। ਮਾਮੂਲੀ ਜਿਹੀ ਗੱਲ ਤੋਂ ਸ਼ੁਰੂ ਹੋਇਆ ਇਹ ਝਗੜਾ ਇੰਨਾ ਵਧ ਗਿਆ ਕਿ ਹਮਲਾਵਰਾਂ ਨੇ ਨੌਜਵਾਨ 'ਤੇ ਲੋਹੇ ਦੀਆਂ ਰਾਡਾਂ ਅਤੇ ਹੋਰ ਮਾਰੂ ਹਥਿਆਰਾਂ ਨਾਲ ਹਮਲਾ ਕਰਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਵਾਰਦਾਤ ਤੋਂ ਬਾਅਦ ਪੂਰੇ ਇਲਾਕੇ ਵਿੱਚ ਜਿੱਥੇ ਸੋਗ ਦੀ ਲਹਿਰ ਹੈ, ਉੱਥੇ ਹੀ ਪੀੜਤ ਪਰਿਵਾਰ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਹਰਜੀਤ ਸਿੰਘ ਦਾ ਆਪਣੇ ਹੀ ਗੁਆਂਢ ਵਿੱਚ ਰਹਿੰਦੇ ਕੁਝ ਲੋਕਾਂ ਨਾਲ ਕਿਸੇ ਗੱਲ ਨੂੰ ਲੈ ਕੇ ਝਗੜਾ ਹੋਇਆ ਸੀ। ਗੁੱਸੇ ਵਿੱਚ ਆਏ ਮੁਲਜ਼ਮਾਂ ਨੇ ਹਰਜੀਤ 'ਤੇ ਘਾਤ ਲਗਾ ਕੇ ਹਮਲਾ ਕਰ ਦਿੱਤਾ। ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਰਜੀਤ ਨੂੰ ਤੁਰੰਤ ਸਿਵਲ ਹਸਪਤਾਲ ਤਲਵੰਡੀ ਸਾਬੋ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਮੁੱਢਲੀ ਜਾਂਚ ਦੇ ਆਧਾਰ 'ਤੇ ਦੋ ਸਕੇ ਭਰਾਵਾਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ।ਅਮਨ-ਕਾਨੂੰਨ ਦੀ ਸਥਿਤੀ ਨੂੰ ਬਣਾਏ ਰੱਖਣ ਲਈ ਪਿੰਡ ਵਿੱਚ ਵਾਧੂ ਪੁਲਿਸ ਬਲ ਤਾਇਨਾਤ ਕਰ ਦਿੱਤਾ ਗਿਆ ਹੈ।

# ਸੁਨੀਲ ਜਾਖੜ ਦੇ ਬਿਆਨ 'ਤੇ ਨੀਲ ਗਰਗ ਦਾ ਪਲਟਵਾਰ ਜਿਨ੍ਹਾਂ ਪੰਜਾਬ ਨੂੰ ਹਨੇਰੇ 'ਚ ਧੱਕਿਆ, ਉਹ ਅੱਜ ਸੁਧਾਰਾਂ 'ਤੇ ਮਗਰਮੱਛ ਦੇ ਹੰਝੂ ਵਹਾ ਰਹੇ ਹਨ : ਨੀਲ ਗਰਗ



ਚੰਡੀਗੜ੍ਹ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂ ਨੀਲ ਗਰਗ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਬਿਜਲੀ ਦੇ ਕਟ ਨੂੰ ਲੈ ਕੇ ਦਿੱਤੇ ਗਏ ਬਿਆਨ 'ਤੇ ਤਿੱਖਾ ਪਲਟਵਾਰ ਕੀਤਾ ਹੈ। ਨੀਲ ਗਰਗ ਨੇ ਕਿਹਾ ਕਿ ਇਹ ਬੇਹੱਦ ਹਾਸੋਹੀਣਾ ਹੈ ਕਿ ਜਿਨ੍ਹਾਂ ਲੋਕਾਂ ਨੇ ਆਪਣੇ ਸ਼ਾਸਨਕਾਲ ਦੌਰਾਨ ਪੰਜਾਬ ਨੂੰ ਦਹਾਕਿਆਂ ਤੱਕ ਬਿਜਲੀ ਸੰਕਟ ਅਤੇ ਹਨੇਰੇ ਵਿੱਚ ਧੱਕਿਆ, ਅੱਜ ਉਹ ਸਿਸਟਮ ਦੀ ਮਜ਼ਬੂਤੀ ਲਈ ਲਗਾਏ ਜਾ ਰਹੇ ਮਹਿਜ਼ 2 ਘੰਟੇ ਦੇ ਮੁਰੰਮਤ ਕੱਟ 'ਤੇ ਮਗਰਮੱਛ ਦੇ ਹੰਝੂ ਵਹਾ ਕੇ ਰਾਜਨੀਤੀ ਕਰ ਰਹੇ ਹਨ। ਗਰਗ ਨੇ ਕਿਹਾ ਕਿ ਜਾਖੜ ਸਾਹਿਬ ਨੂੰ ਸ਼ਾਇਦ ਯਾਦ ਨਹੀਂ ਕਿ ਉਨ੍ਹਾਂ ਅਤੇ ਉਨ੍ਹਾਂ ਦੇ ਪੁਰਾਣੇ ਸਾਥੀਆਂ ਦੇ ਰਾਜ ਵਿੱਚ ਬਿਜਲੀ ਦੇ ਲੰਬੇ-ਲੰਬੇ ਕੱਟ ਆਮ ਗੱਲ ਸੀ, ਪਰ ਅੱਜ ਜਦੋਂ ਮਾਨ ਸਰਕਾਰ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਕੰਮ ਕਰ ਰਹੀ ਹੈ, ਤਾਂ ਉਨ੍ਹਾਂ ਨੂੰ ਦਰਦ ਹੋ ਰਿਹਾ ਹੈ।

ਨੀਲ ਗਰਗ ਨੇ ਕਿਹਾ ਕਿ ਜਾਖੜ ਸਾਹਿਬ ਅਤੇ ਉਨ੍ਹਾਂ ਦੀਆਂ ਪੁਰਾਣੀਆਂ ਪਾਰਟੀਆਂ ਦੇ ਸਮੇਂ ਕਿਸਾਨ ਕੜਕਦੀ ਠੰਢ ਅਤੇ ਹਨੇਰੀਆਂ ਰਾਤਾਂ ਵਿੱਚ ਖੇਤਾਂ ਨੂੰ ਪਾਣੀ ਦੇਣ ਲਈ ਮਜਬੂਰ ਸੀ। ਘੰਟਿਆਬੱਧੀ ਬਿਜਲੀ ਕਟੌਤੀ ਕਾਰਨ ਪੰਜਾਬ ਦਾ ਵਪਾਰ ਪੂਰੀ ਤਰ੍ਹਾਂ ਠੱਪ ਹੋ ਜਾਂਦਾ ਸੀ। ਬਿਜਲੀ ਦਾ ਬੁਨਿਆਦੀ ਢਾਂਚਾ ਪੂਰੀ ਤਰ੍ਹਾਂ ਚਰਮਰਾ ਗਿਆ ਸੀ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਦੂਰਅੰਦੇਸ਼ੀ ਨਾਲ ਕੰਮ ਨਹੀਂ ਕੀਤਾ। ਗਰਗ ਨੇ ਕਿਹਾ ਕਿ ਉਸ ਸਮੇਂ ਹਨੇਰਾ ਇਨ੍ਹਾਂ ਲਈ 'ਸਾਧਾਰਨ' ਸੀ ਅਤੇ ਅੱਜ ਜਦੋਂ ਮਾਨ ਸਰਕਾਰ ਸਿਸਟਮ ਨੂੰ ਦਰੁਸਤ ਕਰ ਰਹੀ ਹੈ, ਤਾਂ ਇਨ੍ਹਾਂ ਨੂੰ 'ਸਮੱਸਿਆ' ਨਜ਼ਰ ਆ ਰਹੀ ਹੈ। ਅੱਜ ਜੋ ਕੱਟ ਲਗਾਏ ਜਾ ਰਹੇ ਹਨ, ਉਹ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਭਵਿੱਖ ਵਿੱਚ ਵੱਡੇ ਤਕਨੀਕੀ ਨੁਕਸਾਨ ਤੋਂ ਬਚਣ ਲਈ ਹਨ।

ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਰਿਕਾਰਡ ਬਿਜਲੀ ਉਤਪਾਦਨ ਹੋ ਰਿਹਾ ਹੈ ਅਤੇ ਜਨਤਾ ਨੂੰ ਮੁਫ਼ਤ ਤੇ ਨਿਰਵਿਘਨ ਬਿਜਲੀ ਮਿਲ ਰਹੀ ਹੈ। ਪਿਛਲੀਆਂ ਸਰਕਾਰਾਂ ਦੀ ਲਾਪਰਵਾਹੀ ਅਤੇ ਭ੍ਰਿਸ਼ਟਾਚਾਰ ਕਾਰਨ ਜੋ ਸਿਸਟਮ ਕਮਜ਼ੋਰ ਹੋਇਆ ਸੀ, ਉਸ ਨੂੰ ਠੀਕ ਕਰਨ ਦੀ ਜ਼ਿੰਮੇਵਾਰੀ 'ਆਪ' ਸਰਕਾਰ ਬਾਖੂਬੀ ਨਿਭਾ ਰਹੀ ਹੈ।

# ਗੁਰਜੀਤ ਸਿੰਘ ਖ਼ਾਲਸਾ ਨੂੰ ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰਨ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਸਰਗਰਮ



ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ): ਪਿਛਲੇ 18 ਮਹੀਨਿਆਂ ਤੋਂ ਸੰਘਰਸ ਕਰ ਰਹੇ ਗੁਰਜੀਤ ਸਿੰਘ ਖਾਲਸਾ ਨੂੰ ਟਾਵਰ ਤੋਂ ਸੁਰੱਖਿਅਤ ਹੇਠਾਂ ਉਤਾਰਨ ਲਈ ਪ੍ਰਸਾਸਨ ਪੂਰੀ ਤਰ੍ਹਾਂ ਸਰਗਰਮ ਹੋ ਗਿਆ ਹੈ।ਪ੍ਰਸਾਸਨ ਦੇ ਵੱਖ ਵੱਖ ਮਹਿਕਮਿਆ ਦੇ ਸੀਨੀਅਰ ਅਧਿਕਾਰੀ, ਪੈਰਾਮਿਲਟਰੀ ਫੋਰਸਿਜ ਨੇ ਭਾਰਤੀ ਸੰਚਾਰ ਨਿਗਮ ਦੇ ਟਾਵਰ ਨੇੜੇ ਪਹੁੰਚ ਕੇ ਮੌਕੇ ਦੀ ਪੂਰੀ ਸਥਿਤੀ ਦਾ ਜਾਇਜ਼ਾ ਲਿਆ। ਪਟਿਆਲਾ ਤੋਂ ਐਸ.ਪੀ ਵੈਭਵ ਚੌਧਰੀ, ਸਮਾਣਾ ਪੁਲਿਸ ਤੇ ਸਿਵਲ ਪ੍ਰਸਾਸਨ ਦੇ ਅਧਿਕਾਰੀਆ ਵੱਲੋ ਵੀ ਰਾਹਤ ਕਾਰਵਾਈ ਦੀ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਸਮਾਣਾ ਵਿੱਚ ਲੰਮੇ ਸਮੇਂ ਤੋਂ ਟਾਵਰ 'ਤੇ ਬੈਠੇ ਗੁਰਜੀਤ ਸਿੰਘ ਖਾਲਸਾ ਨੂੰ ਹੇਠਾਂ ਉਤਾਰਣ ਲਈ ਵੀਰਵਾਰ ਸਵੇਰੇ 8 ਵਜੇ ਤੋਂ ਪੈਰਾਮਿਲਟਰੀ ਫੋਰਸ ਅਤੇ ਸਿਵਲ ਪ੍ਰਸਾਸਨ ਵੱਲੋਂ ਕਾਰਵਾਈ ਸ਼ੁਰੂ ਕਰ ਦਿੱਤੀ ਗਈ । ਭਾਰਤੀ ਸੰਚਾਰ ਨਿਗਮ ਦੀ ਬਿਲਡਿੰਗ ਅੰਦਰ ਅਧਿਕਾਰੀਆਂ ਵੱਲੋਂ ਸਥਿਤੀ ਦਾ ਜਾਇਜ਼ਾ ਲਿਆ ਗਿਆ, ਪਰ ਕਿਸੇ ਵੀ ਵਿਅਕਤੀ ਖਾਸ ਕਰਕੇ ਮੀਡੀਆ ਨੂੰ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਇਸ ਦੌਰਾਨ ਸਾਬਕਾ ਮੰਤਰੀ ਪੰਜਾਬ ਸੁਰਜੀਤ ਸਿੰਘ ਰੱਖੜਾ ਬਿਲਡਿੰਗ ਅੰਦਰ ਪਹੁੰਚੇ, ਜਦਕਿ ਮੀਡੀਆ ਨੂੰ ਰੋਕਿਆ ਗਿਆ। ਮੀਡੀਆ ਨਾਲ ਕੀਤੇ ਜਾ ਰਹੇ ਵਰਤਾਵੇ 'ਤੇ ਰੱਖੜਾ ਵੱਲੋਂ ਤਿੱਖੀ ਨਿੰਦਾ ਕੀਤੀ ਗਈ। ਦੇਰ ਸ਼ਾਮ ਤੱਕ ਧਰਮ ਯੁੱਧ ਮੋਰਚਾ ਕਮੇਟੀ ਅਤੇ ਸਮਾਣਾ ਪ੍ਰਸ਼ਾਸਨ ਵੱਲੋਂ ਭਾਈ ਗੁਰਜੀਤ ਸਿੰਘ ਖਾਲਸਾ ਤੋਂ ਨੀਚੇ ਉਤਾਰਨ ਦੇ ਬਾਰੇ ਮੀਡੀਆ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਜਾਣਕਾਰੀ ਨਹੀਂ ਦਿੱਤੀ ਗਈ।

ਜਿਸ ਦਾ ਧਰਮ ਯੁੱਧ ਮੋਰਚਾ ਕਮੇਟੀ ਦੇ ਕੁਝ ਮੈਂਬਰ ਇਹ ਦੋਸ਼ ਲਾ ਰਹੇ ਹਨ ਕਿ ਪ੍ਰਸ਼ਾਸਨ ਨੇ ਸਾਡੇ ਤੋਂ ਪੁੱਛੇ ਬਿਨਾਂ ਹੀ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਟਾਵਰ ਤੋਂ ਉਤਾਰਨ ਦੀਆਂ ਜੋ ਸਕੀਮਾਂ ਲਾਈਆ ਜਾ ਰਹੀਆਂ ਹਨ ਉਹਨਾਂ ਬਾਰੇ ਧਰਮ ਯੁੱਧ ਮੋਰਚਾ ਕਮੇਟੀ ਦੇ ਮੈਂਬਰਾਂ ਨੂੰ ਕੋਈ ਵੀ ਜਾਣਕਾਰੀ ਨਾਂ ਦੇਣਾ ਵਾਅਦਾ ਖਿਲਾਫੀ ਹੈ। ਧਰਮ ਯੁੱਧ ਮੋਰਚਾ ਕਮੇਟੀ ਦੇ ਮੈਂਬਰ ਅਮਿਤੋਜ ਸਿੰਘ ਮਾਨ ਨੇ ਕਿਹਾ ਕਿ ਅਸੀਂ ਪਹਿਲਾਂ ਸੰਗਤ ਤੋਂ ਪੁੱਛਾਗੇ ਫੇਰ ਸਰਕਾਰੀ ਅਧਿਕਾਰੀਆਂ ਨੂੰ ਕੋਈ ਅਪਰੇਸ਼ਨ ਕਰਨ ਦਿਆਂਗੇ। ਖਬਰ ਲਿਖੇ ਜਾਣ ਤੱਕ ਫਾਇਰ ਬ੍ਰਿਗੇਡ ਕਰਮੀਆਂ ਵੱਲੋਂ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਟਾਵਰ ਤੋਂ ਹੇਠਾਂ ਉਤਾਰਨ ਲਈ ਆਪਣੀ ਪੈਰਵਾਈ ਕੀਤੀ ਜਾ ਰਹੀ ਹੈ। ਇਸ ਸਬੰਧੀ ਜਦੋਂ ਡੀ.ਐਸ.ਪੀ. ਸਮਾਣਾ ਫਤਿਹ ਸਿੰਘ ਬਰਾੜ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਕਿ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਟਾਵਰ ਤੋਂ ਸੁਰੱਖਿਤ ਉਤਾਰਨ ਲਈ ਪੂਰੇ ਪੁਖਤਾ ਪ੍ਰਬੰਧ ਕਰ ਲਏ ਗਏ ਹਨ। ਭਾਈ ਗੁਰਜੀਤ ਸਿੰਘ ਖਾਲਸਾ ਨੂੰ ਸੁਕਰਵਾਰ ਸਵੇਰੇ ਉਤਾਰਿਆ ਜਾਵੇਗਾ।

# ਪੰਜਾਬ ਸਰਕਾਰ ਵੱਲੋਂ ਆਸ਼ਰਿਤ ਬੱਚਿਆਂ ਲਈ 35.50 ਕਰੋੜ ਦੀ ਵਿੱਤੀ ਸਹਾਇਤਾ ਜਾਰੀ : ਡਾ. ਬਲਜੀਤ ਕੌਰ

## ਵਿੱਤੀ ਸਾਲ 2026-27 ਲਈ 432.78 ਕਰੋ ਦਾ ਬਜਟ ਉਪਬੰਧ; ਨਿਰੰਤਰ ਸਹਾਇਤਾ ਯਕੀਨੀ



ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.): ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਸ਼ਰਿਤ ਤੇ ਨਿਰਭਰ ਬੱਚਿਆਂ ਦੀ ਭਲਾਈ ਤੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਸੰਦਰਭ ਵਿੱਚ ਵਿੱਤੀ ਸਾਲ 2026-27 ਦੌਰਾਨ ਮਹੀਨਾ ਮਾਰਚ ਲਈ ਪੰਜਾਬ ਸਰਕਾਰ ਵੱਲੋਂ 35.50 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ, ਜਿਸ ਨਾਲ ਸੂਬੇ ਭਰ ਦੇ ਲੋੜਵੰਦ 2.36 ਲੱਖ ਤੋਂ ਵੱਧ ਬੱਚਿਆਂ ਨੂੰ ਸਕੀਮ ਦਾ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਵਿੱਤੀ ਸਾਲ 2026-27 ਦੌਰਾਨ 432.78 ਕਰੋੜ ਰੁਪਏ ਦਾ ਬਜਟ ਉਪਬੰਧ ਵੀ ਕਰਵਾਇਆ ਗਿਆ ਹੈ, ਤਾਂ ਜੋ ਸੂਬੇ ਦੇ ਵੱਧ ਤੋਂ ਵੱਧ ਆਸ਼ਰਿਤ ਬੱਚਿਆਂ ਨੂੰ ਨਿਰੰਤਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਸਕੀਮ ਅਧੀਨ ਲੱਖਾਂ ਆਸ਼ਰਿਤ ਬੱਚਿਆਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਿੱਤੀ ਸਹਾਇਤਾ ਦਾ ਉਦੇਸ਼ ਬੱਚਿਆਂ ਦੀ ਸਿੱਖਿਆ, ਸਿਹਤ ਅਤੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਕੋਈ ਵੀ ਬੱਚਾ ਆਰਥਿਕ ਤੰਗੀ ਕਾਰਨ ਆਪਣੇ ਭਵਿੱਖ ਤੋਂ ਵੰਚਿਤ ਨਾ ਰਹੇ।

ਉਨ੍ਹਾਂ ਹੋਰ ਦੱਸਿਆ ਕਿ ਇਸ ਸਕੀਮ ਅਧੀਨ ਉਹ ਬੱਚੇ ਕਵਰ ਕੀਤੇ ਜਾਂਦੇ ਹਨ ਜਿਨ੍ਹਾਂ ਦੀ ਉਮਰ 21 ਸਾਲ ਤੋਂ ਘੱਟ ਹੋਵੇ ਅਤੇ ਜਿਨ੍ਹਾਂ ਦੇ ਮਾਤਾ-ਪਿਤਾ ਦਾ ਦੇਹਾਂਤ ਹੋ ਚੁੱਕਾ ਹੋਵੇ, ਮਾਤਾ-ਪਿਤਾ ਲਾਪਤਾ ਹੋਣ ਜਾਂ ਮਾਤਾ-ਪਿਤਾ ਸਰੀਰਕ ਜਾਂ ਮਾਨਸਿਕ ਤੌਰ 'ਤੇ ਪਰਿਵਾਰ ਦੀ ਦੇਖਭਾਲ ਕਰਨ ਦੇ ਯੋਗ ਨਾ ਹੋਣ। ਇਸ ਸਕੀਮ ਤਹਿਤ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਨਾਲ ਅਜਿਹੇ ਬੱਚਿਆਂ ਦੀ ਪੜ੍ਹਾਈ ਜਾਰੀ ਰੱਖਣ ਅਤੇ ਜੀਵਨ ਪੱਧਰ ਸੁਧਾਰਨ ਵਿੱਚ ਮਦਦ ਮਿਲਦੀ ਹੈ।

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸਮਾਜਿਕ ਸੁਰੱਖਿਆ ਯੋਜਨਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਨਾਲ ਸੰਬੰਧਤ ਹਰ ਬੱਚੇ ਦੀ ਦੇਖਭਾਲ, ਸੁਰੱਖਿਆ ਅਤੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

## ਸੰਪਾਦਕੀ

# ਤਣਾਓ ਬਰਕਰਾਰ

ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਜੰਗਬੰਦੀ ਨੂੰ ਅਨਮਿੱਥੇ ਸਮੇਂ ਲਈ ਵਧਾ ਦਿੱਤਾ ਗਿਆ ਹੈ। ਇਸ ਨਾਲ ਪੱਛਮੀ ਏਸ਼ੀਆ ਦੇ ਇੱਕ ਵਾਰ ਫਿਰ ਅੱਗ ਦੀਆਂ ਲਪਟਾਂ ਵਿੱਚ ਭੜਕਣ ਦੇ ਡਰ ਨੂੰ ਖਤਮ ਕਰ ਦਿੱਤਾ ਗਿਆ ਹੈ। ਜਦੋਂ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ ਐਲਾਨ ਨੂੰ ਅਸਥਾਈ ਤੌਰ 'ਤੇ ਇੱਕ ਸਕਾਰਾਤਮਕ ਪਹਿਲ ਮੰਨਿਆ ਜਾ ਰਿਹਾ ਹੈ, ਯੁੱਧ ਦੀ ਚੰਗਿਆੜੀ ਉਦੋਂ ਤੱਕ ਧੁਖਦੀ ਰਹੇਗੀ ਜਦੋਂ ਤੱਕ ਦੋਵਾਂ ਧਿਰਾਂ ਵਿਚਕਾਰ ਵਿਵਾਦ ਦਾ ਸਥਾਈ ਹੱਲ ਨਹੀਂ ਨਿਕਲ ਜਾਂਦਾ। ਇਸ ਤੋਂ ਇਲਾਵਾ, ਜੰਗਬੰਦੀ ਨੂੰ ਵਧਾਉਣ ਦਾ ਫੈਸਲਾ ਤਾਂ ਹੀ ਸਾਰਥਕ ਸਾਬਤ ਹੋਵੇਗਾ ਜੇਕਰ ਹੋਰਮੁਜ਼ ਜਲਡਮਰੂ ਨੂੰ ਦੁਨੀਆ ਲਈ ਖੋਲ੍ਹ ਦਿੱਤਾ ਜਾਂਦਾ ਹੈ, ਕਿਉਂਕਿ ਇਸ ਨਾਲ ਵਿਸ਼ਵਵਿਆਪੀ ਊਰਜਾ ਸੰਕਟ ਪੈਦਾ ਹੋਇਆ ਹੈ। ਇਹ ਉਨ੍ਹਾਂ ਦੇਸ਼ਾਂ 'ਤੇ ਵੀ ਪ੍ਰਭਾਵ ਪਾ ਰਿਹਾ ਹੈ ਜੋ ਸਿੱਧੇ ਤੌਰ 'ਤੇ ਯੁੱਧ ਵਿੱਚ ਸ਼ਾਮਲ ਨਹੀਂ ਹਨ। ਹੋਰਮੁਜ਼ ਜਲਡਮਰੂ 'ਤੇ ਈਰਾਨ ਦੇ ਜ਼ਿੱਦੀ ਰੁਖ਼ ਤੋਂ ਬਾਅਦ ਅਮਰੀਕੀ ਨਾਕਾਬੰਦੀ ਨੇ ਸਥਿਤੀ ਨੂੰ ਹੋਰ ਗੁੰਝਲਦਾਰ ਬਣਾ ਦਿੱਤਾ ਹੈ। ਇਸ ਲਈ, ਇਹ ਜ਼ਰੂਰੀ ਹੈ ਕਿ ਦੋਵੇਂ ਧਿਰਾਂ ਇਸਲਾਮਾਬਾਦ, ਪਾਕਿਸਤਾਨ ਵਿੱਚ ਬੇਕਾਰ ਰਹੀਆਂ ਸ਼ਾਂਤੀ ਵਾਰਤਾਵਾਂ ਨੂੰ ਅੱਗੇ ਵਧਾਉਣ ਨੂੰ ਤਰਜੀਹ ਦੇਣ। ਜ਼ਿਕਰਯੋਗ ਹੈ ਕਿ ਪੱਛਮੀ ਏਸ਼ੀਆ ਵਿੱਚ ਦੋ ਹਫ਼ਤਿਆਂ ਦੀ ਜੰਗਬੰਦੀ ਬੁੱਧਵਾਰ ਨੂੰ ਖਤਮ ਹੋ ਰਹੀ ਸੀ, ਜਦੋਂ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਸ਼ਾਂਤੀ ਵਾਰਤਾ ਦੇ ਦੂਜੇ ਦੌਰ ਬਾਰੇ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਸੀ। ਅਮਰੀਕਾ ਚਾਹੁੰਦਾ ਸੀ ਕਿ ਗੱਲਬਾਤ ਅੱਗੇ ਵਧੇ, ਪਰ ਈਰਾਨ ਨੇ ਅਮਰੀਕਾ ਦੀਆਂ ਧਮਕੀਆਂ ਦਾ ਹਵਾਲਾ ਦਿੰਦੇ ਹੋਏ ਗੱਲਬਾਤ ਦੀ ਮੇਜ਼ 'ਤੇ ਆਉਣ ਤੋਂ ਇਨਕਾਰ ਕਰ ਦਿੱਤਾ। ਰਾਸ਼ਟਰਪਤੀ ਡੋਨਾਲਡ ਟਰੰਪ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਇਹ ਕਦਮ ਤਹਿਰਾਨ ਦੀ ਅੰਦਰੂਨੀ ਤੌਰ 'ਤੇ ਵੰਡੀ ਹੋਈ ਲੀਡਰਸ਼ਿਪ ਨੂੰ ਸੱਤ ਹਫ਼ਤਿਆਂ ਦੀ ਜੰਗ ਨੂੰ ਖਤਮ ਕਰਨ ਲਈ ਪ੍ਰਸਤਾਵ ਤਿਆਰ ਕਰਨ ਲਈ ਸਮਾਂ ਦੇਣ ਲਈ ਚੁੱਕਿਆ ਹੈ। ਹਾਲਾਂਕਿ, ਸਵਾਲ ਇਹ ਹੈ: ਜੇਕਰ ਸ਼ਾਂਤੀ ਵਾਰਤਾ ਦੇ ਪਹਿਲੇ ਦੌਰ ਵਿੱਚ ਈਰਾਨ ਦੁਆਰਾ ਪੇਸ਼ ਕੀਤਾ ਗਿਆ ਪਿਛਲਾ ਪ੍ਰਸਤਾਵ ਕਿਸੇ ਸਹਿਮਤੀ 'ਤੇ ਪਹੁੰਚਣ ਵਿੱਚ ਅਸਫਲ ਰਿਹਾ ਤਾਂ ਨਵਾਂ ਪ੍ਰਸਤਾਵ ਕਿਵੇਂ ਸਵੀਕਾਰ ਕੀਤਾ ਜਾਵੇਗਾ? ਕੀ ਈਰਾਨ ਆਪਣੀਆਂ ਸ਼ਰਤਾਂ ਨਰਮ ਕਰੇਗਾ, ਜਾਂ ਕੀ ਅਮਰੀਕਾ ਆਪਣਾ ਰੁਖ਼ ਬਦਲਣ 'ਤੇ ਵਿਚਾਰ ਕਰੇਗਾ? ਦੋਵਾਂ ਧਿਰਾਂ ਦੁਆਰਾ ਦਿਖਾਇਆ ਗਿਆ ਮੌਜੂਦਾ ਰੁਖ਼ ਸਥਿਤੀ ਨੂੰ ਸੁਧਾਰਨ ਦੀ ਬਜਾਏ ਗੁੰਝਲਦਾਰ ਬਣਾ ਰਿਹਾ ਹੈ। ਜੰਗਬੰਦੀ ਵਧਾਉਣ ਦੀ ਘੋਸ਼ਣਾ ਦੇ ਨਾਲ, ਅਮਰੀਕੀ ਰਾਸ਼ਟਰਪਤੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਈਰਾਨ 'ਤੇ ਹਮਲੇ ਉਦੋਂ ਤੱਕ ਬੰਦ ਰਹਿਣਗੇ ਜਦੋਂ ਤੱਕ ਇਸਦੇ ਨੇਤਾ ਅਤੇ ਪ੍ਰਤੀਨਿਧੀ ਇੱਕ ਸੰਯੁਕਤ ਹੱਲ ਨਹੀਂ ਵਿਕਸਤ ਕਰਦੇ। ਉਨ੍ਹਾਂ ਇਹ ਵੀ ਕਿਹਾ ਕਿ ਈਰਾਨੀ ਬੰਦਰਗਾਹਾਂ 'ਤੇ ਆਰਥਿਕ ਨਾਕਾਬੰਦੀ ਜਾਰੀ ਰਹੇਗੀ। ਇਸ ਐਲਾਨ ਤੋਂ ਬਾਅਦ, ਈਰਾਨ ਨੇ ਹੋਰਮੁਜ਼ ਜਲਡਮਰੂ ਵਿੱਚ ਤਿੰਨ ਜਹਾਜ਼ਾਂ 'ਤੇ ਹਮਲਾ ਕੀਤਾ। ਇਸ ਤੋਂ ਪਹਿਲਾਂ, ਅਮਰੀਕੀ ਜਲ ਸੈਨਾ ਨੇ ਈਰਾਨੀ ਕੱਚੇ ਤੇਲ ਨੂੰ ਲੈ ਕੇ ਜਾਣ ਵਾਲੇ ਇੱਕ ਜਹਾਜ਼ ਨੂੰ ਜ਼ਬਤ ਕਰ ਲਿਆ ਸੀ। ਇਸ ਦੌਰਾਨ, ਈਰਾਨ ਨੇ ਕਿਹਾ ਹੈ ਕਿ ਜਦੋਂ ਤੱਕ ਅਮਰੀਕਾ ਨਾਕਾਬੰਦੀ ਨਹੀਂ ਹਟਾਉਂਦਾ, ਗੱਲਬਾਤ ਦੁਬਾਰਾ ਸ਼ੁਰੂ ਨਹੀਂ ਹੋਵੇਗੀ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਭਾਵੇਂ ਜੰਗਬੰਦੀ ਵੱਡੇ ਪੱਧਰ 'ਤੇ ਕਾਇਮ ਰਹਿੰਦੀ ਹੈ ਅਤੇ ਈਰਾਨ ਅਤੇ ਅਮਰੀਕਾ ਵੱਡੇ ਹਮਲੇ ਦੁਬਾਰਾ ਸ਼ੁਰੂ ਨਹੀਂ ਕਰਦੇ, ਤਣਾਅ ਵਿਸ਼ਵ ਅਰਥਵਿਵਸਥਾ 'ਤੇ ਦਬਾਅ ਪਾਉਂਦਾ ਰਹੇਗਾ। ਸਵਾਲ ਇਹ ਹੈ ਕਿ ਕੀ ਇਹ ਅਮਰੀਕਾ ਅਤੇ ਈਰਾਨ ਦੀ ਜ਼ਿੰਮੇਵਾਰੀ ਨਹੀਂ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਇਸ ਟਕਰਾਅ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਨਾ ਹੋਣ ਵਾਲੇ ਦੇਸ਼ ਪ੍ਰਭਾਵਿਤ ਨਾ ਹੋਣ? ਦੋਵਾਂ ਦੇਸ਼ਾਂ ਨੂੰ ਸ਼ਾਂਤੀ ਦੀ ਮੇਜ਼ 'ਤੇ ਆਉਣ ਅਤੇ ਵਿਵਾਦ ਦਾ ਸਥਾਈ ਹੱਲ ਲੱਭਣ ਦੀ ਇਮਾਨਦਾਰੀ ਨਾਲ ਕੋਸ਼ਿਸ਼ ਕਰਨ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਅਮਰੀਕਾ ਅਤੇ ਈਰਾਨ ਗੱਲਬਾਤ ਦੇ ਦੂਜੇ ਦੌਰ ਦੇ ਨੇੜੇ ਪਹੁੰਚ ਰਹੇ ਹਨ। ਹਾਲਾਂਕਿ, ਖੇਤਰ ਵਿੱਚ ਜਾਰੀ ਤਣਾਅ ਕੂਟਨੀਤਕ ਯਤਨਾਂ 'ਤੇ ਪਰਛਾਵਾਂ ਪਾ ਰਿਹਾ ਹੈ। ਨਿਊਯਾਰਕ ਪੋਸਟ (NYP) ਦੀ ਇੱਕ ਰਿਪੋਰਟ ਦੇ ਅਨੁਸਾਰ ਅਗਲੇ 36 ਤੋਂ 72 ਘੰਟਿਆਂ ਦੇ ਅੰਦਰ ਗੱਲਬਾਤ ਮੁੜ ਸ਼ੁਰੂ ਹੋਣ ਸੰਬੰਧੀ ਖੁਸ਼ਖਬਰੀ ਸਾਹਮਣੇ ਆ ਸਕਦੀ ਹੈ। ਇਹ ਉਦੋਂ ਆਇਆ ਹੈ ਜਦੋਂ ਡੋਨਾਲਡ ਟਰੰਪ ਨੇ ਸੰਕੇਤ ਦਿੱਤਾ ਹੈ ਕਿ ਇੱਕ ਸਫਲਤਾ ਅਜੇ ਵੀ ਸੰਭਵ ਹੈ।

**–ਜਗਜੀਤ ਸਿੰਘ ਦਰਦੀ**

# ਕੀ ਪੰਜਾਬ ਵਿੱਚ ਭਾਜਪਾ ਕੋਈ ਨਵਾਂ ਦਾਅ ਖੇਡ ਸਕਦੀ ਹੈ ਇਕੱਲੇ ਚੋਣਾਂ ਲੜਨ ਦੇ ਐਲਾਨ ਨਾਲ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

## ਪੰਜਾਬ ਅੱਜ ਰਾਜਨੀਤਿਕ ਪਾਰਟੀਆਂ ਦੀ ਬਹੁਤ ਕੌਣੀ ਲੜਾਈ ਦਾ ਮੈਦਾਨ
## ਆਪ ਤੇ ਸ਼੍ਰੋਮਣੀ ਅਕਾਲੀ ਦਲ ਲਈ ਸਿੱਧਾ ਚੈਲੰਜ ਹੈ ਭਾਜਪਾ ਦੀ ਇਹ ਰਾਜਨੀਤਿਕ ਨੀਤੀ

ਭਾਜਪਾ ਦੇ ਰਾਸ਼ਟਰੀ ਪ੍ਰਧਾਨ ਦੁਆਰਾ ਇਹ ਐਲਾਨ ਕਰਨਾ ਕਿ ਭਾਜਪਾ ਪੰਜਾਬ ਵਿੱਚ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਭਾਜਪਾ ਇਕੱਲੀ ਲੜੇਗੀ — ਗਠਜੋੜ ਤੋਂ ਇਨਕਾਰ ਅਤੇ ਬਹੁ-ਕੋਣੀ ਲੜਾਈ ਦਾ ਨਵਾਂ ਦ੍ਰਿਸ਼ ਹੈ। ਅੱਜ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਰਾਜਨੀਤਿਕ ਦ੍ਰਿਸ਼ ਹੁਣ ਬਹੁਤ ਸਪੱਸ਼ਟ ਹੁੰਦਾ ਜਾ ਰਿਹਾ ਹੈ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼੍ਰੋਮਣੀ ਅਕਾਲੀ ਦਲ (ਐਸਏਡੀ) ਨਾਲ ਸੰਭਾਵਿਤ ਗਠਜੋੜ ਬਾਰੇ ਸਾਰੀਆਂ ਕਿਆਸਅਰਾਈਆਂ ਨੂੰ ਖ਼ਤਮ ਕਰ ਦਿੱਤਾ ਹੈ। ਭਾਜਪਾ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਸਪੱਸ਼ਟ ਤੌਰ 'ਤੇ ਐਲਾਨ ਕੀਤਾ ਹੈ ਕਿ ਭਾਜਪਾ ਆਉਣ ਵਾਲੀਆਂ ਚੋਣਾਂ ਆਪਣੇ ਦਮ 'ਤੇ ਲੜੇਗੀ। ਇੱਕ ਇੰਟਰਵਿਊ ਵਿੱਚ ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਇੱਕ ਨਵੇਂ ਦ੍ਰਿਸ਼ਟੀਕੋਣ ਅਤੇ ਰਣਨੀਤੀ ਨਾਲ ਚੋਣਾਂ ਲੜੇਗੀ। ਸੰਗਠਨਾਤਮਕ ਤਿਆਰੀਆਂ ਜ਼ੋਰਾਂ 'ਤੇ ਹਨ ਅਤੇ ਪਾਰਟੀ ਬਿਨਾਂ ਕਿਸੇ ਸਹਿਯੋਗੀ ਦੇ ਚੋਣਾਂ ਲੜਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਅੱਜ ਇਸ ਐਲਾਨ ਨੇ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਲਹਿਰ ਪੈਦਾ ਕਰ ਦਿੱਤੀ ਹੈ। ਪਿਛਲੀਆਂ ਚੋਣਾਂ ਵਿੱਚ ਭਾਜਪਾ ਐਸਏਡੀ ਨਾਲ ਗਠਜੋੜ ਵਿੱਚ ਰਹੀ ਸੀ ਅਤੇ ਉਸ ਨੂੰ ਸੀਮਤ ਸੀਟਾਂ ਤੱਕ ਹੀ ਸੀਮਤ ਰੱਖਿਆ ਗਿਆ ਸੀ। ਹੁਣ ਉਹ "ਛੋਟਾ ਭਰਾ" ਵਾਲੀ ਭੂਮਿਕਾ ਛੱਡ ਕੇ ਆਪਣੇ ਦਮ 'ਤੇ ਲੜਨ ਦਾ ਫੈਸਲਾ ਲੈ ਚੁੱਕੀ ਹੈ। ਅਮਿਤ ਸ਼ਾਹ ਨੇ ਵੀ ਪਹਿਲਾਂ ਹੀ ਇਸ ਵੱਲ ਇਸ਼ਾਰਾ ਕੀਤਾ ਸੀ ਅਤੇ ਰਵਨੀਤ ਸਿੰਘ ਬਿੱਟੂ ਨੇ ਇਸ ਨੂੰ ਰਸਮੀ ਰੂਪ ਦੇ ਦਿੱਤਾ ਹੈ। ਭਾਜਪਾ ਦਾ ਦਾਅਵਾ ਹੈ ਕਿ ਉਹ 117 ਵਿਧਾਨ ਸਭਾ ਸੀਟਾਂ 'ਤੇ ਆਪਣੇ ਦਮ 'ਤੇ ਲੜੇਗੀ ਅਤੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ।

ਅੱਜ ਇਸ ਬਿਆਨ ਦੀ ਰੋਸ਼ਨੀ ਵਿੱਚ ਅੰਕੜਿਆਂ ਅਤੇ ਵਿਸ਼ਲੇਸ਼ਣ ਕਰਦਿਆਂ ਵੇਖੀਏ ਕਿ ਕੀ ਭਾਜਪਾ ਪੰਜਾਬ ਵਿੱਚ ਜਿੱਤ ਸਕਦੀ ਹੈ ਜਾਂ ਇੱਕ ਗੇਮ ਚੇਂਜਰ ਬਣ ਸਕਦੀ ਹੈ?

ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਤੋਂ ਇਨਕਾਰ ਵਾਲੀ ਹਾਲਤ ਵਿੱਚ ਹੋਰ ਕੌਣ ਉਸ ਨਾਲ ਸਮਝੌਤਾ ਕਰ ਸਕਦਾ ਹੈ? ਇਸ ਵਿੱਚ ਇਸ ਤੋਂ ਉੱਪਰ ਉੱਠ ਕੇ ਵਿਸਥਾਰ ਨਾਲ ਚਰਚਾ ਕਰਦਿਆਂ ਭਾਜਪਾ ਦਾ ਐਲਾਨ ਅੱਜ ਇੱਕ ਰਾਜਨੀਤਿਕ ਬਦਲਾਅ ਦੀ ਗੱਲ ਹੈ। ਨਿਤਿਨ ਨਬੀਨ ਦਾ ਬਿਆਨ ਭਾਜਪਾ ਲਈ ਇੱਕ ਰਣਨੀਤਕ ਬਦਲਾਅ ਹੈ। ਪਾਰਟੀ ਨੇ ਪੰਜਾਬ ਵਿੱਚ ਲੰਬੇ ਸਮੇਂ ਤੋਂ ਐਸਏਡੀ ਨਾਲ ਗਠਜੋੜ ਕੀਤਾ ਸੀ ਅਤੇ ਉਸ ਵਿੱਚ ਉਹ ਜੂਨੀਅਰ ਪਾਰਟਨਰ ਵਜੋਂ ਰਹੀ ਸੀ। 2022 ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ 73 ਸੀਟਾਂ 'ਤੇ ਲੜ ਕੇ ਸਿਰਫ਼ 2 ਸੀਟਾਂ ਜਿੱਤੀਆਂ ਅਤੇ ਵੋਟ ਸ਼ੇਅਰ 6.6 ਫੀਸਦੀ ਰਿਹਾ। 2024 ਲੋਕ ਸਭਾ ਚੋਣਾਂ ਵਿੱਚ ਵੀ ਉਸ ਨੇ ਕੋਈ ਸੀਟ ਨਾ ਜਿੱਤੀ, ਪਰ ਵੋਟ ਸ਼ੇਅਰ ਵੱਧ ਕੇ 18.56 ਫੀਸਦੀ ਹੋ ਗਿਆ — ਇਸ ਤੋਂ ਪਹਿਲਾਂ ਉਸ ਦਾ ਸਭ ਤੋਂ ਵੱਧ ਵੋਟ ਸ਼ੇਅਰ 9.63 ਫੀਸਦੀ (2019) ਸੀ। ਇਸ ਵੋਟ ਸ਼ੇਅਰ ਵਧਣ ਨੇ ਭਾਜਪਾ ਨੂੰ ਆਤਮਵਿਸ਼ਵਾਸ ਦਿੱਤਾ ਹੈ ਕਿ ਉਹ ਇਕੱਲੀ ਲੜ ਕੇ ਵੀ ਬਹੁਤ ਅੱਗੇ ਵੱਧ ਸਕਦੀ ਹੈ। ਪਾਰਟੀ ਨੇ ਪਿੰਡ ਪੱਧਰ 'ਤੇ ਆਪਣੀ ਪਕੜ ਮਜ਼ਬੂਤ ਕਰਨੀ ਸ਼ੁਰੂ ਕਰ ਦਿੱਤੀ ਹੈ।

ਅੱਜ ਪੰਚਾਇਤ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਵਿੱਚ ਉਸ ਨੇ ਸੀਮਤ ਸਫਲਤਾ ਹਾਸਲ ਕੀਤੀ ਹੈ ਅਤੇ ਕਿਸਾਨਾਂ ਸਮੇਤ ਪੇਂਡੂ ਭਾਈਚਾਰਿਆਂ ਵਿੱਚ ਆਪਣੀ ਪਹੁੰਚ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਰਵਨੀਤ ਬਿੱਟੂ ਨੇ ਦਾਅਵਾ ਕੀਤਾ ਹੈ ਕਿ 2022 ਅਤੇ 2024 ਵਿੱਚ ਭਾਜਪਾ ਨੇ ਘੱਟ ਫਰਕ ਨਾਲ ਕਈ ਸੀਟਾਂ ਗੁਆਈਆਂ ਸਨ ਅਤੇ ਹੁਣ ਉਹ ਉਨ੍ਹਾਂ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ। ਅੰਕੜਿਆਂ ਦੀ ਰੋਸ਼ਨੀ ਵਿੱਚ ਭਾਜਪਾ ਦੀਆਂ ਸੰਭਾਵਨਾਵਾਂ 2022 ਵਿਧਾਨ ਸਭਾ ਚੋਣਾਂ ਵਿੱਚ ਆਪ ਨੇ 42.01 ਫੀਸਦੀ ਵੋਟ ਨਾਲ 92 ਸੀਟਾਂ ਜਿੱਤੀਆਂ, ਕਾਂਗਰਸ ਨੇ 22.98 ਫੀਸਦੀ ਨਾਲ 18 ਸੀਟਾਂ ਅਤੇ ਐਸਏਡੀ ਨੇ 18.38 ਫੀਸਦੀ ਨਾਲ 3 ਸੀਟਾਂ ਹਾਸਲ ਕੀਤੀਆਂ। ਭਾਜਪਾ ਨੂੰ ਸਿਰਫ਼ 6.6 ਫੀਸਦੀ ਵੋਟ ਮਿਲੀ ਅਤੇ 2 ਸੀਟਾਂ। 2024 ਲੋਕ ਸਭਾ ਚੋਣਾਂ ਵਿੱਚ ਭਾਜਪਾ ਦਾ ਵੋਟ ਸ਼ੇਅਰ 18.56 ਫੀਸਦੀ ਤੱਕ ਪਹੁੰਚ ਗਿਆ, ਪਰ ਉਸ ਨੇ ਕੋਈ ਸੀਟ ਨਾ ਜਿੱਤੀ। ਇਸ ਵੋਟ ਸ਼ੇਅਰ ਵਧਣ ਨਾਲ ਭਾਜਪਾ ਨੂੰ ਉਮੀਦ ਹੈ ਕਿ ਉਹ 2027 ਵਿੱਚ ਘੱਟੋ-ਘੱਟ 20-30 ਸੀਟਾਂ ਤੱਕ ਪਹੁੰਚ ਸਕਦੀ ਹੈ ਪਰ ਚੁਣੌਤੀਆਂ ਵੀ ਬਹੁਤ ਵੱਡੀਆਂ ਹਨ। ਪੰਜਾਬ ਵਿੱਚ ਭਾਜਪਾ ਦੀ ਮੁੱਖ ਤਾਕਤ ਸ਼ਹਿਰੀ ਖੇਤਰਾਂ ਵਿੱਚ ਹੈ। ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਵਰਗੇ ਸ਼ਹਿਰੀ ਖੇਤਰਾਂ ਵਿੱਚ ਉਸ ਨੇ 2024 ਵਿੱਚ ਕਈ ਅਸੈਂਬਲੀ ਸੈਗਮੈਂਟਾਂ ਵਿੱਚ ਲੀਡ ਲਈ ਸੀ ਪਰ ਪੇਂਡੂ ਖੇਤਰਾਂ ਵਿੱਚ ਉਸ ਦੀ ਪਕੜ ਘੱਟ ਹੈ। ਪਿਛਲੀਆਂ ਪੰਚਾਇਤ ਚੋਣਾਂ ਵਿੱਚ ਭਾਜਪਾ ਨੇ ਜ਼ਿਲ੍ਹਾ ਪਰਿਸ਼ਦ ਵਿੱਚ ਕੋਈ ਸੀਟ ਨਾ ਜਿੱਤੀ ਅਤੇ ਪੰਚਾਇਤ ਸਮਿਤੀ ਵਿੱਚ ਸਿਰਫ਼ 3 ਸੀਟਾਂ ਹੀ ਜਿੱਤੀਆਂ। ਇਸ ਨੇ ਭਾਜਪਾ ਲਈ ਇੱਕ ਚੇਤਾਵਨੀ ਵੀ ਹੈ ਕਿ ਉਸ ਨੂੰ ਗ੍ਰਾਮੀਣ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰਨੀ ਪਵੇਗੀ।

ਅੱਜ ਜੇਕਰ ਭਾਜਪਾ ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਤੋਂ ਬਿਨਾਂ ਲੜਦੀ ਹੈ ਤਾਂ ਉਸ ਨੂੰ ਘੱਟੋ-ਘੱਟ 25-30 ਫੀਸਦੀ ਵੋਟ ਸ਼ੇਅਰ ਤੱਕ ਪਹੁੰਚਣਾ ਪਵੇਗਾ ਤਾਂ ਜੋ ਉਹ ਇੱਕ ਮਜ਼ਬੂਤ ਵਿਪੱਖ ਵਜੋਂ ਉਭਰ ਸਕੇ। ਵਰਤਮਾਨ ਵਿੱਚ ਉਸ ਦਾ ਵੋਟ ਸ਼ੇਅਰ 18-19 ਫੀਸਦੀ ਤੱਕ ਹੈ, ਇਸ ਲਈ ਉਸ ਨੂੰ ਆਪਣੀ ਰਣਨੀਤੀ ਵਿੱਚ ਬਦਲਾਅ ਲਿਆਉਣਾ ਪਵੇਗਾ। ਐਸਏਡੀ ਨਾਲ ਗਠਜੋੜ ਤੋਂ ਇਨਕਾਰ: ਹੋਰ ਸੰਭਾਵਿਤ ਸਮਝੌਤੇ ਭਾਜਪਾ ਨੇ ਐਸਏਡੀ ਨਾਲ ਗਠਜੋੜ ਤੋਂ ਇਨਕਾਰ ਕਰ ਦਿੱਤਾ ਹੈ। ਅਕਾਲੀ ਦਲ ਦੇ ਆਗੂਆਂ ਨੇ ਇਸ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਉਨ੍ਹਾਂ 'ਤੇ ਇਸ ਦਾ ਕੋਈ ਅਸਰ ਨਹੀਂ ਪਵੇਗਾ ਅਤੇ ਉਹ ਆਪਣੇ ਦਮ 'ਤੇ ਲੜਨਗੇ।

ਅੱਜ ਇਸ ਹਾਲਤ ਵਿੱਚ ਭਾਜਪਾ ਲਈ ਹੋਰ ਸੰਭਾਵਿਤ ਸਮਝੌਤੇ ਕੀ ਹੋ ਸਕਦੇ ਹਨ? ਕੈਪਟਨ ਅਮਰਿੰਦਰ ਸਿੰਘ ਵਰਗੀਆਂ ਤਾਕਤਾਂ ਨੂੰ ਕਿਉਂਕਿ ਕੈਪਟਨ ਅਮਰਿੰਦਰ ਸਿੰਘ ਭਾਜਪਾ ਵਿੱਚ ਹਨ ਅਤੇ ਉਨ੍ਹਾਂ ਨੇ ਅਕਾਲੀ ਦਲ ਨਾਲ ਗਠਜੋੜ ਦੀ ਹਮਾਇਤ ਕੀਤੀ ਸੀ। ਉਨ੍ਹਾਂ ਵਰਗੀਆਂ ਤਾਕਤਾਂ ਭਾਜਪਾ ਨੂੰ ਸ਼ਹਿਰੀ ਅਤੇ ਕੁਝ ਗ੍ਰਾਮੀਣ ਖੇਤਰਾਂ ਵਿੱਚ ਮਦਦ ਕਰ ਸਕਦੀਆਂ ਹਨ। ਅੱਜ ਛੋਟੀਆਂ ਪਾਰਟੀਆਂ ਜਾਂ ਆਜ਼ਾਦ ਉਮੀਦਵਾਰ ਭਾਜਪਾ ਛੋਟੀਆਂ ਧਿਰਾਂ ਨਾਲ ਸਮਝੌਤਾ ਕਰ ਸਕਦੀ ਹੈ ਜਾਂ ਆਜ਼ਾਦ ਉਮੀਦਵਾਰਾਂ ਨੂੰ ਸਮਰਥਨ ਦੇ ਸਕਦੀ ਹੈ। ਓਬੀਸੀ ਅਤੇ ਦਲਿਤ ਵੋਟ ਬੈਂਕ ਨੂੰ ਭਾਜਪਾ ਇਨ੍ਹਾਂ ਵਰਗਾਂ ਵਿੱਚ ਆਪਣੀ ਪਕੜ ਮਜ਼ਬੂਤ ਕਰ ਰਹੀ ਹੈ ਅਤੇ ਇਸ ਰਾਹੀਂ ਉਹ ਆਪਣੀ ਵੋਟ ਬੇਸ ਵਧਾ ਸਕਦੀ ਹੈ।

ਪਰ ਇਸ ਤੋਂ ਬਿਨਾਂ ਭਾਜਪਾ ਲਈ ਇੱਕਲੇ ਲੜਨਾ ਔਖਾ ਹੋਵੇਗਾ ਕਿਉਂਕਿ ਪੰਜਾਬ ਵਿੱਚ ਰਾਜਨੀਤੀ ਅਜੇ ਵੀ ਜਾਤੀ ਅਤੇ ਧਰਮੀ ਲਾਈਨਾਂ 'ਤੇ ਚੱਲਦੀ ਹੈ। ਅਕਾਲੀ ਦਲ ਨਾਲ ਗਠਜੋੜ ਤੋਂ ਬਿਨਾਂ ਭਾਜਪਾ ਨੂੰ ਸਿੱਖ ਵੋਟ ਬੈਂਕ ਵਿੱਚ ਘੁਸਪੈਠ ਕਰਨੀ ਪਵੇਗੀ, ਜੋ ਬਹੁਤ ਔਖਾ ਕੰਮ ਹੈ। ਚੋਣਾਂ ਦਾ ਬਹੁ-ਕੋਣੀ ਰੂਪ ਅਤੇ ਭਵਿੱਖੀ ਪ੍ਰਭਾਵ ਭਾਜਪਾ ਦੇ ਇੱਕਲੇ ਲੜਨ ਦੇ ਐਲਾਨ ਨਾਲ 2027 ਦੀਆਂ ਚੋਣਾਂ ਬਹੁ-ਕੋਣੀ ਬਣ ਗਈਆਂ ਹਨ। ਅੱਜ ਆਪ, ਕਾਂਗਰਸ, ਅਕਾਲੀ ਦਲ ਅਤੇ ਭਾਜਪਾ — ਚਾਰ ਵੱਡੀਆਂ ਧਿਰਾਂ ਆਪਣੇ ਦਮ 'ਤੇ ਲੜਨਗੀਆਂ। ਇਸ ਨਾਲ ਵੋਟਾਂ ਦੀ ਵੰਡ ਹੋਵੇਗੀ ਅਤੇ ਕੋਈ ਵੀ ਪਾਰਟੀ ਬਹੁਮਤ ਹਾਸਲ ਕਰਨ ਵਿੱਚ ਔਖਾਈ ਮਹਿਸੂਸ ਕਰ ਸਕਦੀ ਹੈ। ਭਾਜਪਾ ਲਈ ਇਹ ਇੱਕ ਗੇਮ ਚੇਂਜਰ ਬਣ ਸਕਦੀ ਹੈ ਜੇਕਰ ਉਹ ਆਪਣੀ ਰਣਨੀਤੀ ਵਿੱਚ ਸਫਲ ਹੋਈ। ਉਸ ਨੂੰ ਸ਼ਹਿਰੀ ਖੇਤਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰਨੀ ਪਵੇਗੀ ਅਤੇ ਗ੍ਰਾਮੀਣ ਖੇਤਰਾਂ ਵਿੱਚ ਆਪਣੀ ਪਹੁੰਚ ਵਧਾਉਣੀ ਪਵੇਗੀ। ਉਸ ਨੂੰ ਖੇਤੀ ਮੁੱਦਿਆਂ 'ਤੇ ਸੰਵੇਦਨਸ਼ੀਲ ਰਹਿਣਾ ਪਵੇਗਾ ਅਤੇ ਯੁਵਕਾਂ, ਓਬੀਸੀ ਅਤੇ ਡਾਲਿਟ ਵਰਗਾਂ ਵਿੱਚ ਆਪਣੀ ਪਕੜ ਵਧਾਉਣੀ ਪਵੇਗੀ।

ਅੱਜ ਜੇਕਰ ਭਾਜਪਾ 20-25 ਸੀਟਾਂ ਤੱਕ ਪਹੁੰਚ ਜਾਂਦੀ ਹੈ ਤਾਂ ਉਹ ਇੱਕ ਮਜ਼ਬੂਤ ਵਿਪੱਖ ਵਜੋਂ ਉਭਰ ਸਕਦੀ ਹੈ ਅਤੇ ਭਵਿੱਖ ਵਿੱਚ ਗਠਜੋੜ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਹੈ। ਪਰ ਜੇਕਰ ਉਸ ਨੂੰ ਘੱਟ ਸੀਟਾਂ ਮਿਲੀਆਂ ਤਾਂ ਇਸ ਐਲਾਨ ਨਾਲ ਉਸ ਨੂੰ ਨੁਕਸਾਨ ਵੀ ਹੋ ਸਕਦਾ ਹੈ। ਐਸਏਡੀ ਲਈ ਵੀ ਇਹ ਚੁਣੌਤੀ ਹੈ। ਉਸ ਨੂੰ ਆਪਣਾ ਅਕਸ ਬਦਲਣਾ ਪਵੇਗਾ ਅਤੇ ਯੁਵਕਾਂ ਅਤੇ ਸ਼ਹਿਰੀ ਵਰਗ ਤੱਕ ਪਹੁੰਚ ਬਣਾਉਣੀ ਪਵੇਗੀ। ਆਪ ਅਤੇ ਕਾਂਗਰਸ ਵੀ ਆਪਣੀਆਂ ਰਣਨੀਤੀਆਂ ਬਦਲਣਗੀਆਂ। ਇਸ ਨਾਲ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਗਤੀਸ਼ੀਲਤਾ ਆਵੇਗੀ।

ਅੱਜ ਪੰਜਾਬ ਵਿੱਚ ਇੱਕ ਨਵੀਂ ਰਾਜਨੀਤਿਕ ਖੇਡ ਦੀ ਸ਼ੁਰੂਆਤ ਭਾਜਪਾ ਦਾ ਇੱਕਲੇ ਲੜਨ ਦਾ ਐਲਾਨ ਪੰਜਾਬ ਵਿੱਚ ਰਾਜਨੀਤੀ ਦੀ ਇੱਕ ਨਵੀਂ ਅਧਿਆਇ ਦੀ ਸ਼ੁਰੂਆਤ ਹੈ। ਇਸ ਨਾਲ ਚੋਣਾਂ ਬਹੁ-ਕੋਣੀ ਬਣ ਗਈਆਂ ਹਨ ਅਤੇ ਵੋਟਾਂ ਦੀ ਵੰਡ ਹੋਵੇਗੀ। ਭਾਜਪਾ ਲਈ ਇਹ ਇੱਕ ਗੇਮ ਚੇਂਜਰ ਬਣ ਸਕਦੀ ਹੈ ਜੇਕਰ ਉਹ ਆਪਣੀ ਰਣਨੀਤੀ ਵਿੱਚ ਸਫਲ ਹੋਈ, ਪਰ ਇਸ ਵਿੱਚ ਔਖਾਈਆਂ ਵੀ ਬਹੁਤ ਹਨ।

ਅੱਜ ਪੰਜਾਬ ਵਾਸੀਆਂ ਲਈ ਇਹ ਇੱਕ ਮੌਕਾ ਵੀ ਹੈ ਕਿ ਉਹ ਰਾਜਨੀਤੀ ਵਿੱਚ ਬਦਲਾਅ ਲਿਆਉਣ ਅਤੇ ਅਸਲੀ ਮੁੱਦਿਆਂ 'ਤੇ ਧਿਆਨ ਦੇਣ ਵਾਲੀਆਂ ਤਾਕਤਾਂ ਨੂੰ ਸਮਰਥਨ ਦੇਣ। ਭਵਿੱਖ ਵਿੱਚ ਇਸ ਰਾਜਨੀਤਿਕ ਬਦਲਾਅ ਨਾਲ ਪੰਜਾਬ ਦੀ ਰਾਜਨੀਤੀ ਹੋਰ ਗਤੀਸ਼ੀਲ ਬਣ ਸਕਦੀ ਹੈ ਅਤੇ ਇਸ ਨਾਲ ਸੂਬੇ ਦਾ ਵਿਕਾਸ ਵੀ ਤੇਜ਼ ਹੋ ਸਕਦਾ ਹੈ। ਪਰ ਇਸ ਲਈ ਸਾਰੀਆਂ ਧਿਰਾਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਹਿੱਤਾਂ ਨੂੰ ਤਰਜੀਹ ਦੇਣੀ ਪਵੇਗੀ। ਅੱਜ ਭਾਜਪਾ ਦਾ ਇਕੱਲੇ ਲੜਨ ਦਾ ਫੈਸਲਾ ਇੱਕ ਵੱਡੀ ਚੁਣੌਤੀ ਹੈ ਅਤੇ ਇਸ ਨਾਲ ਪੰਜਾਬੀ ਰਾਜਨੀਤੀ ਵਿੱਚ ਇੱਕ ਨਵੀਂ ਲਹਿਰ ਆਵੇਗੀ। ਹੁਣ ਵੇਖਣਾ ਇਹ ਹੈ ਕਿ ਇਸ ਲਹਿਰ ਨਾਲ ਪੰਜਾਬ ਦਾ ਭਵਿੱਖ ਕਿਸ ਦਿਸ਼ਾ ਵੱਲ ਜਾਂਦਾ ਹੈ।

# ਭਾਈ ਰਾਜੋਆਣਾ ਨੇ ਕਦੇ ਨਹੀਂ ਮੰਗਿਆ ਰਹਿਮ !

ਕਮਲਜੀਤ ਸਿੰਘ ਬਨਵੈਤ
98147 34035



ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਪਿਛਲੇ 15 ਸਾਲਾਂ ਤੋਂ ਕਾਲ ਕੋਠੜੀ ਵਿੱਚ ਬੰਦ ਕੋਸ਼ਿਸ਼ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 14 ਸਾਲ ਪਹਿਲਾਂ ਰਾਸ਼ਟਰਪਤੀ ਕੋਲ ਰਹਿਮ ਦੀ ਕੀਤੀ ਸੀ ਅਪੀਲ। ਚੰਡੀਗੜ੍ਹ ਦੀ ਅਦਾਲਤ ਨੇ ਭਾਈ ਰਾਜੋਆਣਾ ਤੇ ਹਵਾਰਾ ਨੂੰ ਸੁਣਾਈ ਸੀ ਫਾਂਸੀ ਦੀ ਸਜ਼ਾ। ਹਵਾਰਾ ਮੈਂ ਹੇਠਲੀ ਅਦਾਲਤ ਦੇ ਫੈਸਲੇ ਨੂੰ ਹਾਈਕੋਰਟ ਵਿੱਚ ਦਿੱਤੀ ਚੁਣੌਤੀ ਤਾਂ ਫੈਸਲਾ ਤਾਉਮਰ ਕੈਦ ਵਿੱਚ ਬਦਲਿਆ। ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਦੀ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਕੀਤੀ ਖਿਚਾਈ। ਭਾਈ ਰਾਜੋਆਣਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪਟੀਸ਼ਨ ਵਾਪਸ ਲੈਣ ਲਈ ਕਿਹਾ। ਸ਼੍ਰੋਮਣੀ ਕਮੇਟੀ ਨੇ ਫ਼ੈਸਲਾ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਉੱਤੇ ਛੱਡਿਆ।

ਮੈਂ ਜਦੋਂ ਮਾਡਲ ਜੇਲ੍ਹ ਬੁੜੈਲ ਵਿੱਚ ਮੁੱਖ ਮੰਤਰੀ ਬੇਅੰਤ ਸਿੰਘ ਹੱਤਿਆ ਕੇਸ ਦੀ ਸੁਣਵਾਈ ਪੰਜਾਬੀ ਦੀ ਇੱਕ ਅਖ਼ਬਾਰ ਲਈ ਕਵਰ ਕਰਨ ਜਾਂਦਾ ਸਾਂ ਤਾਂ ਮੇਰੀ ਆੜੀ ਸਭ ਤੋਂ ਵੱਧ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਜਗਤਾਰ ਸਿੰਘ ਹਵਾਰਾ ਨਾਲ ਪਈ ਸੀ। ਭਾਈ ਰਾਜੋਆਣਾ ਸੱਚ ਉਤੇ ਖੜਨ ਵਾਲਾ ਬੰਦਾ ਹੈ। ਸੁਭਾਅ ਦਾ ਨਰਮ, ਤਬੀਅਤ ਵਿੱਚ ਹਲੀਮੀ, ਭਾਵਕ ਤਾਸੀਰ ਪਰ ਸਖ਼ਤ ਫੈਸਲੇ ਲੈਣਾ ਵੀ ਜਾਣਦੈ।

ਅਦਾਲਤ ਦੀ ਸੁਣਵਾਈ ਵੇਲੇ ਭਾਈ ਰਾਜੋਆਣਾ ਅਤੇ ਭਾਈ ਹਵਾਰਾ ਦੋ ਅਜਿਹੇ ਮੁਲਜ਼ਮ ਸਨ, ਜਿਹੜੇ ਜੱਜ ਦੇ ਮੂਹਰੇ ਹਿੱਕ ਤਾਣ ਕੇ ਖੜ੍ਹ ਜਾਂਦੇ ਅਤੇ ਨਾਲ ਹੀ ਕਹਿੰਦੇ ਕਿ ਉਹਨਾਂ ਨੇ ਮੁੱਖ ਮੰਤਰੀ ਬੇਅੰਤ ਸਿੰਘ ਦਾ ਕਤਲ ਕੀਤਾ ਹੈ। ਇਸ ਕਰਕੇ ਨਹੀਂ ਕਿ ਉਹਨਾਂ ਦੀ ਕੋਈ ਨਿੱਜੀ ਰੰਜਿਸ਼ ਸੀ ਸਗੋਂ ਇਸ ਕਰਕੇ ਕਿ ਉਸ ਨੇ ਪੰਜਾਬ ਵਿੱਚ ਸ਼ਾਂਤੀ ਲਿਆਉਣ ਦੇ ਨਾਂ ਹੇਠ ਸਿੱਖ ਨੌਜਵਾਨਾਂ ਦਾ ਘਾਣ ਕੀਤਾ ਸੀ। ਅਦਾਲਤ ਨੇ ਫ਼ੈਸਲਾ ਸੁਣਾਇਆ ਤਾਂ ਦੋਹਾਂ ਨੂੰ ਫ਼ਾਂਸੀ ਦੀ ਸਜ਼ਾ ਮਿਲੀ। ਦੋ ਬਰੀ ਹੋ ਗਏ ਤੇ ਬਾਕੀਆਂ ਨੂੰ ਤਾਉਮਰ ਕੈਦ ਦੀ ਸਜ਼ਾ ਸੁਣਾਈ ਗਈ।

ਭਾਈ ਹਵਾਰਾ ਨੇ ਹਾਈਕੋਰਟ ਵਿੱਚ ਹੇਠਲੀ ਅਦਾਲਤ ਦੇ ਫੈਸਲੇ ਖ਼ਿਲਾਫ਼ ਅਪੀਲ ਦਾਇਰ ਕੀਤੀ ਤਾਂ ਉਸ ਦੀ ਸਜ਼ਾ ਤਾਉਮਰ ਵਿੱਚ ਤਬਦੀਲ ਕਰ ਦਿੱਤੀ ਗਈ। ਭਾਵ ਕਿ ਉਹ ਆਖ਼ਰੀ ਦਮ ਤੱਕ ਜੇਲ੍ਹ ਦੀਆਂ ਸਲਾਖਾਂ ਪਿੱਛੇ ਬੰਦ ਰਹਿਣਗੇ। ਭਾਈ ਰਾਜੋਆਣਾ ਫਾਂਸੀ ਦਾ ਰੱਸਾ ਚੁੰਮਣ ਲਈ ਉਦੋਂ ਵੀ ਕਾਹਲ ਵਿੱਚ ਸਨ ਉਹਨਾਂ ਦੇ ਦਿਲ ਵਿੱਚ ਅੱਜ ਵੀ ਉਹ ਤਾਂਘ ਹੈ। ਭਾਈ ਹਵਾਰਾ ਨੂੰ ਤਿਹਾੜ ਜੇਲ੍ਹ ਦਿੱਲੀ ਤਬਦੀਲ ਕਰ ਦਿੱਤਾ ਗਿਆ ਅਤੇ ਭਾਈ ਰਾਜੋਆਣਾ ਮਾਡਲ ਜੇਲ੍ਹ ਬੁੜੈਲ ਤੋਂ ਕੇਂਦਰੀ ਜੇਲ੍ਹ ਪਟਿਆਲਾ ਭੇਜ ਦਿੱਤੇ ਗਏ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਰਚ 2012 ਵਿੱਚ ਭਾਈ ਰਾਜੋਆਣਾ ਦੀ ਫ਼ਾਂਸੀ ਦੀ ਸਜ਼ਾ ਨੂੰ ਮੁਆਫ਼ ਕਰਨ ਲਈ ਅਪੀਲ ਦਾਇਰ ਕਰ ਦਿੱਤੀ ਗਈ। ਇਹ ਅਪੀਲ ਕਦੇ ਭਾਰਤ ਦੇ ਰਾਸ਼ਟਰਪਤੀ ਅਤੇ ਕਦੇ ਸੁਪਰੀਮ ਕੋਰਟ ਦੇ ਦਫਤਰਾਂ ਦੇ ਚੱਕਰ ਕੱਟ ਰਹੀ ਹੈ। ਅਸਲ ਵਿੱਚ ਫੈਸਲਾ ਕੇਂਦਰੀ ਗ੍ਰਹਿ ਮੰਤਰਾਲੇ ਦੀ ਸਿਫਾਰਿਸ਼ 'ਤੇ ਲਿਆ ਜਾਣਾ ਹੈ, ਚਾਹੇ ਉੱਪਰ ਮੋਹਰ ਰਾਸ਼ਟਰਪਤੀ ਦੀ ਲੱਗਣੀ ਹੋਵੇ। ਬੇਅੰਤ ਸਿੰਘ ਦਾ ਕਤਲ ਸਿਆਸੀ ਸੀ ਇਸ ਕਰਕੇ ਫੈਸਲਾ ਵੀ ਸਿਆਸੀ ਤੌਰ 'ਤੇ ਲਿਆ ਜਾਣਾ ਹੈ।

ਹੁਣ ਸੁਪਰੀਮ ਕੋਰਟ ਨੇ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਦੇ ਦੋਸ਼ੀ ਭਾਈ ਰਾਜੋਆਣਾ ਦੀ ਰਹਿਮ ਦੀ ਅਪੀਲ ਉੱਤੇ ਕੇਂਦਰ ਸਰਕਾਰ ਨੂੰ ਦੋ ਹਫਤਿਆਂ ਵਿੱਚ ਜਵਾਬ ਦੇਣ ਲਈ ਕਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਰਾਜੋਆਣਾ ਲਈ ਰਹਿਮ ਦੀ ਅਪੀਲ ਉੱਤੇ ਫ਼ੈਸਲਾ ਕਰਨ ਵਿੱਚ ਬੇਲੋੜੀ ਦੇਰੀ ਕੀਤੀ ਜਾ ਰਹੀ ਹੈ। ਉਹ ਪਿਛਲੇ 29 ਸਾਲਾਂ ਤੋਂ ਜੇਲ੍ਹ ਵਿੱਚ ਹੈ ਜਿਸ ਵਿੱਚੋਂ 15 ਸਾਲ ਉਸਨੇ ਮੌਤ ਦੀ ਸਜ਼ਾ ਵਾਲੀ ਕਾਲ ਕੋਠੜੀ ਵਿੱਚ ਹੀ ਬਿਤਾਏ ਹਨ। ਕਾਲ ਕੋਠੜੀ ਵਿੱਚ ਨਿਤ ਨਿਤ ਦਾ ਮਰਨਾ ਹੁੰਦਾ ਹੈ।

ਜਸਟਿਸ ਬਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਵਿਜ ਬਿਸ਼ਨੋਈ ਦੀ ਸ਼ਮੂਲੀਅਤ ਵਾਲੇ ਬੈਂਚ ਨੇ ਕੇਂਦਰ ਸਰਕਾਰ ਵੱਲੋਂ ਪੇਸ਼ ਵਕੀਲ ਨੂੰ ਸਵਾਲ ਕੀਤਾ ਕਿ ਤੁਸੀਂ ਅਜੇ ਤੱਕ ਜਵਾਬ ਦਾਅਵਾ ਹਲਫਨਾਮਾ ਕਿਉਂ ਨਹੀਂ ਦਾਖ਼ਲ ਕੀਤਾ। ਸਰਕਾਰੀ ਵਕੀਲ ਨੇ ਕਿਹਾ ਕਿ ਉਹ ਸੀਲ ਬੰਦ ਕੁਝ ਦਸਤਾਵੇਜ਼ ਕੋਰਟ ਅੱਗੇ ਰੱਖਣਾ ਚਾਹੁੰਦੇ ਹਨ। ਪਰ ਬੈਂਚ ਨੇ ਨਾ ਵਿੱਚ ਸਿਰ ਹਿਲਾਉਂਦਿਆਂ ਕਿਹਾ ਕਿ ਹਲਫਨਾਮੇ ਦੇ ਰੂਪ ਵਿੱਚ ਆਪਣਾ ਜਵਾਬ ਦਾਅਵਾ ਦਾਖ਼ਲ ਕਰੋ ਨਹੀਂ ਤਾਂ ਰਾਜੋਆਣਾ ਦੇ ਦੋਸ਼ਾਂ ਨੂੰ ਨਿਰਆਧਾਰ ਮੰਨਿਆ ਜਾਵੇਗਾ।

ਭਾਈ ਰਾਜੋਆਣਾ ਵੱਲੋਂ ਪੇਸ਼ ਸੀਨੀਅਰ ਵਕੀਲ ਮੁਕਲ ਰੋਹਤੋਗੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਰਚ 2012 ਵਿੱਚ ਪਟੀਸ਼ਨਰ ਵਲੋਂ ਦਾਖ਼ਲ ਰਹਿਮ ਦੀ ਅਪੀਲ ਅਜੇ ਵੀ ਬਕਾਇਆ ਪਈ। ਉਹਨਾਂ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਹੀ 2023 ਵਿੱਚ ਕਿਹਾ ਸੀ ਕਿ ਅਧਿਕਾਰੀਆਂ ਨੂੰ ਰਹਿਮ ਦੀ ਅਪੀਲ 'ਤੇ ਫੈਸਲਾ ਕਰਨਾ ਚਾਹੀਦਾ। ਵਕੀਲ ਨੇ ਸੁਪਰੀਮ ਕੋਰਟ ਦੇ ਪਿਛਲੇ ਸਾਲ 24 ਸਤੰਬਰ ਦੇ ਹੁਕਮਾਂ ਦਾ ਵੀ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਇਸ ਮਾਮਲੇ ਵਿੱਚ ਸੁਣਵਾਈ ਅੱਗੇ ਪਾਉਣ ਦੀ ਪ੍ਰਤੀ ਕਿਸੇ ਵੀ ਹੋਰ ਬੇਨਤੀ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਬੈਂਚ ਨੇ ਕੇਂਦਰ ਸਰਕਾਰ ਦੇ ਵਕੀਲ ਨੂੰ ਹਲਫ਼ਨਾਮਾ ਦਾਇਰ ਕਰਨ ਲਈ ਦੋ ਹਫਤਿਆਂ ਦਾ ਮੁੱਲ ਦਿੰਦਿਆਂ ਸਾਫ ਕਰ ਦਿੱਤਾ ਕਿ ਇਸ ਤੋਂ ਬਾਅਦ ਹੋਰ ਸਮਾਂ ਨਹੀਂ ਮਿਲੇਗਾ। ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰ 31 ਅਗਸਤ 1995 ਨੂੰ ਚੰਡੀਗੜ੍ਹ ਵਿੱਚ ਸਿਵਲ ਸਕੱਤਰ ਦੇ ਵਿੱਚ ਦਾਖਲ ਗੇਟ ਉੱਤੇ ਧਮਾਕੇ ਵਿੱਚ ਮਾਰੇ ਗਏ ਸਨ।

ਰਾਜੋਆਣਾ ਨੇ ਰਹਿਮ ਦੀ ਅਪੀਲ ਦਾਇਰ ਨਹੀਂ ਕੀਤੀ ਹੈ ਸਗੋਂ ਉਹ ਤਾਂ ਫ਼ਾਂਸੀ ਦੀ ਸਜ਼ਾ ਲਟਕਾਉਣ ਦੇ ਵਿਰੋਧ ਵਿੱਚ ਜੇਲ੍ਹ ਅੰਦਰ ਭੁੱਖ ਹੜਤਾਲ ਰੱਖ ਚੁੱਕੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਕੀਲ ਹਰਜਿੰਦਰ ਸਿੰਘ ਧਾਮੀ ਨੇ ਆਪ ਜਾ ਕੇ ਜੇਲ੍ਹ ਵਿੱਚ ਉਸ ਦਾ ਮਾਰਨ ਵਰਤ ਖੁਲ੍ਹਵਾਇਆ ਸੀ। ਪਿੱਛੇ ਜਿਹੇ ਭਾਈ ਰਾਜੋਆਣਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਪੱਤਰ ਲਿਖ ਕੇ ਆਪਣੀ ਪਟੀਸ਼ਨ ਵਾਪਸ ਲੈਣ ਦੀ ਅਪੀਲ ਕੀਤੀ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੀ ਤਿੰਨ ਦਿਨ ਪਹਿਲਾਂ ਹੋਈ ਅੰਤਰਿਮ ਕਮੇਟੀ ਦੀ ਮੀਟਿੰਗ ਵਿੱਚ ਪਟੀਸ਼ਨ ਵਾਪਸ ਲੈਣ ਦਾ ਫ਼ੈਸਲਾ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਰਵਾਜ਼ੇ ਭੇਜ ਦਿੱਤਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਕੀਲ ਧਾਮੀ ਕਹਿੰਦੇ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਆਦੇਸ਼ਾਂ 'ਤੇ ਹੀ ਫ਼ਾਂਸੀ ਦੀ ਸਜ਼ਾ ਮੁਆਫੀ ਲਈ ਦੇਸ਼ ਦੇ ਰਾਸ਼ਟਰਪਤੀ ਕੋਲੇ ਪਟੀਸ਼ਨ ਦਾਇਰ ਕੀਤੀ ਗਈ ਸੀ ਅਤੇ ਉਹਨਾਂ ਦੇ ਆਦੇਸ਼ਾਂ ਤੋਂ ਬਾਅਦ ਹੀ ਪਟੀਸ਼ਨ ਵਾਪਸ ਲਈ ਜਾ ਸਕਦੀ ਹੈ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਇਸ ਵੇਲੇ ਨਿਊਜ਼ੀਲੈਂਡ ਦੀ ਫੇਰੀ ਉੱਤੇ ਹਨ।

ਇੱਥੇ ਮੁਲਕ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਦਾ ਜ਼ਿਕਰ ਕਰਨਾ ਵੀ ਜ਼ਰੂਰੀ ਹੋਵੇਗਾ ਜਿਸ ਵਿੱਚ ਉਹਨਾਂ ਨੇ ਕਿਹਾ ਸੀ ਕਿ ਜੇ ਭਾਈ ਰਾਜੋਆਣਾ ਨੂੰ ਆਪਣੇ ਕੀਤੇ ਉੱਤੇ ਪਛਤਾਵਾ ਨਹੀਂ ਤਾਂ ਉਹਨਾਂ ਦੀ ਫਾਂਸੀ ਦੀ ਸਜ਼ਾ ਮੁਆਫ ਕਰਨ ਦੀ ਕੋਈ ਤੁੱਕ ਨਹੀਂ ਬਣਦੀ ਹੈ। ਦੂਜੇ ਬੰਨੇ ਭਾਈ ਰਾਜੋਆਣਾ ਕੇਸ ਦੀ ਸੁਣਵਾਈ ਵੇਲੇ ਅਦਾਲਤ ਵਿੱਚ ਅਕਸਰ ਕਹਿ ਦਿਆ ਕਰਦੇ ਸਨ ਕਿ ਉਨਾਂ ਦਾ ਨਾ ਤਾਂ ਮੁਲਕ ਦੀ ਨਿਆਂਪਾਲਿਕਾ ਵਿੱਚ ਭਰੋਸਾ ਹੈ ਅਤੇ ਨਾ ਹੀ ਉਹ ਮੁਲਕ ਦੇ ਸੰਵਿਧਾਨ ਵਿੱਚ ਵਿਸ਼ਵਾਸ ਰੱਖਦੇ ਹਨ। ਉਹ ਅਕਸਰ ਕਹਿ ਦਿਆ ਕਰਦੇ ਸਨ ਕਿ ਬੇਅੰਤ ਸਿੰਘ ਦਾ ਕਤਲ ਉਹਨਾਂ ਨੇ ਕੀਤਾ ਹੈ ਅਤੇ ਉਹ ਇਸ ਲਈ ਮਿਲਣ ਵਾਲੀ ਕੋਈ ਵੀ ਸਜ਼ਾ ਹੱਸ ਕੇ ਸਵੀਕਾਰ ਕਰਨਗੇ। ਇਹੋ ਵਜ੍ਹਾ ਹੈ ਕਿ ਉਹਨਾਂ ਨੇ ਫਾਂਸੀ ਦੀ ਸਜ਼ਾ ਦੇ ਖ਼ਿਲਾਫ਼ ਰਹਿਮ ਦੀ ਅਪੀਲ ਦਾਇਰ ਨਹੀਂ ਸੀ ਕੀਤੀ

ਭਾਈ ਰਾਜੋਆਣਾ ਨੂੰ ਫ਼ਾਂਸੀ ਦੇਣ ਦਾ ਫੈਸਲਾ ਕਰਨਾ ਕੇਂਦਰ ਸਰਕਾਰ ਵਾਸਤੇ ਸੁਖਾਲਾ ਨਹੀਂ ਹੈ। ਸਿਆਸੀ ਤੌਰ 'ਤੇ ਕੀਤੇ ਗਏ ਕਤਲ ਬਾਰੇ ਲਏ ਜਾਣ ਵਾਲੇ ਸਿਆਸੀ ਫ਼ੈਸਲੇ ਨੂੰ ਸਿੱਖਾਂ ਦੀਆਂ ਭਾਵਨਾਵਾਂ ਨਾਲ ਦੀ ਖਹਿ ਕੇ ਗੁਜ਼ਰਨਾ ਪਵੇਗਾ। ਭਾਈ ਰਾਜੋਆਣਾ ਨੂੰ ਚੰਡੀਗੜ੍ਹ ਦੇ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਫ਼ਾਂਸੀ ਦੀ ਸਜ਼ਾ ਸੁਣਾਈ ਗਈ ਸੀ, ਉਹਨਾਂ ਦਿਨਾਂ ਵਿੱਚ ਹੀ ਲੋਕਾਂ ਦੇ ਜਜ਼ਬਾਤ ਠੱਲ ਨਹੀਂ ਸੀ ਰਹੇ। ਉਹਨਾਂ ਦੇ ਹੱਕ ਵਿੱਚ ਇੱਕ ਲਹਿਰ ਖੜੀ ਹੋ ਗਈ ਸੀ। ਇਥੋਂ ਤੱਕ ਕਿ ਕੇਂਦਰੀ ਜੇਲ੍ਹ ਪਟਿਆਲਾ ਦੇ ਸੁਪਰਡੈਂਟ ਨੇ ਵੀ ਫ਼ਾਂਸੀ ਦੀ ਸਜ਼ਾ ਦੇਣ ਤੋਂ ਨਾਂਹ ਕਰ ਦਿੱਤੀ ਸੀ। ਹੁਣ ਜਦੋਂ ਕਿ ਪੰਜਾਬ ਵਿੱਚ ਵਿਧਾਨ ਸਭਾ ਦੀਆਂ ਚੋਣਾਂ ਸਿਰ ਉੱਤੇ ਹਨ ਤਾਂ ਕੇਂਦਰ ਸਰਕਾਰ ਦੂਹਰੀ ਫਸ ਗਈ ਹੈ। ਕੇਂਦਰ ਸਰਕਾਰ ਨੂੰ ਸੋਚ ਸਮਝ ਕੇ ਫੈਸਲਾ ਲੈਣਾ ਪੈਣਾ ਹੈ ਨਹੀਂ ਤਾਂ ਪੰਜਾਬ ਵਿੱਚੋਂ ਦੀ ਲੰਘਣਾ ਵੀ ਸੋਚ ਕੇ ਪਿਆ ਕਰਨੈ। ਸਰਕਾਰ ਕੇਂਦਰ ਦੀ ਹੋਵੇ ਜਾਂ ਪੰਜਾਬ ਦੀ ਜੇ ਕਤਲ ਕੇਸ ਵਿੱਚ ਹੋਰਾਂ ਦੀ ਸਜ਼ਾ ਮੁਆਫ਼ ਹੋ ਸਕਦੀ ਹੈ ਤਾਂ ਭਲਾ ਪੰਜਾਬੀਆਂ ਨਾਲ ਕੀ ਵੈਰ ਹੋਇਆ! ਪੰਜਾਬੀ ਤਾਂ ਦੇਸ਼ ਲਈ ਮਰ ਮਿਟਣ ਵਾਲੀ ਕੌਮ ਹੈ। ਆਜ਼ਾਦੀ ਵੇਲੇ ਮੁਲਕ ਲਈ 80 ਫ਼ੀਸਦੀ ਕੁਰਬਾਨੀਆਂ ਪੰਜਾਬੀਆਂ ਨੇ ਹੀ ਦਿੱਤੀਆਂ ਸਨ। ਪੰਜਾਬੀਆਂ ਜੀਵਨ ਜਾਚ ਹੀ 'ਦੋ ਪੈਰ ਘੱਟ ਤੁਰਨਾ ਤੁਰਨਾ ਮੜਕ ਦੇ ਨਾਲ' ਹੈ।



ਵਿੰਕਲਜੀਤ ਸਿੰਘ ਸਰਾ
9501477889

## ਵਿਦਿਅਕ ਕ੍ਰਾਂਤੀ ਅਤੇ ਡਿਜ਼ੀਟਲ ਚੁਣੌਤੀਆਂ

# ਸਕੂਲਾਂ ਵਿੱਚ ਮੋਬਾਈਲ ਪਾਬੰਦੀ ਦਾ ਡੂੰਘਾ ਵਿਸ਼ਲੇਸ਼ਣ

**ਸਿੱਖਿਆ ਦੇ ਬਦਲਦੇ ਸਰੂਪ ਅਤੇ ਤਕਨਾਲੋਜੀ ਦਾ ਦਖ਼ਲ**

ਇੱਕਵੀਂ ਸਦੀ ਦੇ ਤੀਜੇ ਦਹਾਕੇ ਵਿੱਚ ਸਿੱਖਿਆ ਪ੍ਰਣਾਲੀ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਤਕਨਾਲੋਜੀ ਅਤੇ ਮਾਨਸਿਕ ਇਕਾਗਰਤਾ ਵਿਚਕਾਰ ਸਿੱਧੀ ਜੰਗ ਛਿੜੀ ਹੋਈ ਹੈ। ਯੂਨੈਸਕੋ ਦੀ 'ਗਲੋਬਲ ਐਜੂਕੇਸ਼ਨ ਮਾਨੀਟਰਿੰਗ ਰਿਪੋਰਟ 2026' ਨੇ ਇੱਕ ਬਹੁਤ ਹੀ ਹੈਰਾਨ ਕਰਨ ਵਾਲਾ ਤੱਥ ਸਾਹਮਣੇ ਲਿਆਂਦਾ ਹੈ ਕਿ ਪਿਛਲੇ ਸਿਰਫ਼ ਤਿੰਨ ਸਾਲਾਂ ਵਿੱਚ ਦੁਨੀਆ ਭਰ ਦੇ ਸਕੂਲਾਂ ਵਿੱਚ ਮੋਬਾਈਲ ਫ਼ੋਨਾਂ 'ਤੇ ਪਾਬੰਦੀ ਲਗਾਉਣ ਦਾ ਰੁਝਾਨ ਦੁੱਗਣੇ ਤੋਂ ਵੀ ਵੱਧ ਹੋ ਗਿਆ ਹੈ। ਸਾਲ 2023 ਵਿੱਚ ਜਿੱਥੇ ਸਿਰਫ਼ 24 ਫ਼ੀਸਦੀ ਸਿੱਖਿਆ ਪ੍ਰਣਾਲੀਆਂ ਮੋਬਾਈਲ ਨੂੰ ਕਲਾਸਰੂਮ ਤੋਂ ਬਾਹਰ ਰੱਖਣ ਦੇ ਹੱਕ ਵਿੱਚ ਸਨ, ਉੱਥੇ 2026 ਤੱਕ ਇਹ ਅੰਕੜਾ 58 ਫ਼ੀਸਦੀ ਤੱਕ ਪਹੁੰਚ ਗਿਆ ਹੈ। ਇਹ ਤਬਦੀਲੀ ਸਿਰਫ਼ ਇੱਕ ਪ੍ਰਸ਼ਾਸਨਿਕ ਫੈਸਲਾ ਨਹੀਂ ਹੈ, ਸਗੋਂ ਇਹ ਇਸ ਗੱਲ ਦਾ ਪ੍ਰਤੀਕ ਹੈ ਕਿ ਵਿਸ਼ਵ ਪੱਧਰ 'ਤੇ ਸਰਕਾਰਾਂ ਹੁਣ ਇਹ ਮਹਿਸੂਸ ਕਰਨ ਲੱਗੀਆਂ ਹਨ ਕਿ ਕੋਵਿਡ ਕਾਲ ਦੌਰਾਨ ਦਿੱਤੀ ਗਈ ਬੇਮੁਹਾਰ ਡਿਜ਼ੀਟਲ ਪਹੁੰਚ ਬੱਚਿਆਂ ਦੇ ਬੌਧਿਕ ਵਿਕਾਸ ਵਿੱਚ ਲਾਭ ਨਾਲੋਂ ਵੱਧ ਨੁਕਸਾਨ ਕਰ ਰਹੀ ਹੈ। ਅੱਜ ਕਲਾਸਰੂਮਾਂ ਦੀਆਂ ਹੱਦਾਂ ਨੂੰ ਮੁੜ ਨਿਰਧਾਰਿਤ ਕੀਤਾ ਜਾ ਰਿਹਾ ਹੈ ਤਾਂ ਜੋ ਸਿੱਖਣ ਦੀ ਪ੍ਰਕਿਰਿਆ ਨੂੰ ਸਕ੍ਰੀਨ ਦੇ ਪ੍ਰਭਾਵ ਤੋਂ ਮੁਕਤ ਕਰਕੇ ਮੁੜ ਅਸਲ ਸੰਵਾਦ ਵੱਲ ਮੋੜਿਆ ਜਾ ਸਕੇ।

**ਵਿਸ਼ਵ ਪੱਧਰ 'ਤੇ ਨੀਤੀਗਤ ਬਦਲਾਅ ਅਤੇ ਰਿਪੋਰਟ ਦੇ ਅੰਕੜੇ**: ਜੇਕਰ ਅਸੀਂ ਸੰਸਾਰਕ ਪੱਧਰ 'ਤੇ ਇਸ ਰੁਝਾਨ ਦਾ ਅਧਿਐਨ ਕਰੀਏ ਤਾਂ ਪਤਾ ਲੱਗਦਾ ਹੈ ਕਿ ਫ਼ਰਾਂਸ ਵਰਗੇ ਦੇਸ਼ਾਂ ਨੇ ਕੁਝ ਵਿਸ਼ੇਸ਼ ਜਮਾਤਾਂ ਵਿੱਚ ਲਗਭਗ ਮੁਕੰਮਲ ਪਾਬੰਦੀ ਲਗਾ ਕੇ ਇੱਕ ਮਿਸਾਲ ਪੇਸ਼ ਕੀਤੀ ਹੈ। ਦੂਜੇ ਪਾਸੇ ਸੰਯੁਕਤ ਬਾਦਸ਼ਾਹੀ (UK) ਨੇ ਰਾਸ਼ਟਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ ਤਾਂ ਜੋ ਸਕੂਲ ਆਪਣੇ ਪੱਧਰ 'ਤੇ ਸਖ਼ਤ ਨਿਯਮ ਲਾਗੂ ਕਰ ਸਕਣ। ਯੂਨੈਸਕੋ ਦੀ ਰਿਪੋਰਟ ਅਨੁਸਾਰ ਇਸ ਸਮੇਂ ਵਿਸ਼ਵ ਵਿੱਚ 114 ਅਜਿਹੀਆਂ ਸਿੱਖਿਆ ਪ੍ਰਣਾਲੀਆਂ ਹਨ ਜੋ ਰਾਸ਼ਟਰੀ ਪੱਧਰ 'ਤੇ ਮੋਬਾਈਲ ਦੀ ਵਰਤੋਂ ਨੂੰ ਨਿਯੰਤਰਿਤ ਕਰ ਰਹੀਆਂ ਹਨ। ਅਮਰੀਕਾ ਅਤੇ ਜਰਮਨੀ ਵਰਗੇ ਸੰਘੀ ਢਾਂਚੇ ਵਾਲੇ ਦੇਸ਼ਾਂ ਵਿੱਚ ਇਹ ਫੈਸਲੇ ਰਾਜ ਅਤੇ ਖੇਤਰੀ ਪੱਧਰ 'ਤੇ ਲਏ ਜਾ ਰਹੇ ਹਨ, ਜੋ ਕਿ ਹੌਲੀ-ਹੌਲੀ ਇੱਕ ਵਿਆਪਕ ਰਾਸ਼ਟਰੀ ਮੁਹਿੰਮ ਵਿੱਚ ਬਦਲ ਰਹੇ ਹਨ। ਇਹ ਸਥਿਤੀ ਦਰਸਾਉਂਦੀ ਹੈ ਕਿ ਵਿਕਸਿਤ ਦੇਸ਼ ਹੁਣ ਡਿਜ਼ੀਟਲ ਡਿਵਾਈਸਾਂ ਦੀ ਬਜਾਏ ਲਰਨਿੰਗ ਆਊਟਕਮਜ਼ ਭਾਵ ਸਿੱਖਣ ਦੇ ਨਤੀਜਿਆਂ ਨੂੰ ਸਿੱਖਿਆ ਪ੍ਰਣਾਲੀ ਦੇ ਕੇਂਦਰ ਵਿੱਚ ਰੱਖ ਰਹੇ ਹਨ। ਇਹ ਬਦਲਾਅ ਇੱਕ ਸਥਾਈ ਨੀਤੀਗਤ ਤਬਦੀਲੀ ਹੈ ਜੋ ਆਉਣ ਵਾਲੇ ਸਮੇਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਜ਼ਰੂਰੀ ਸਮਝੀ ਜਾ ਰਹੀ ਹੈ।

**ਮਾਨਸਿਕ ਇਕਾਗਰਤਾ ਅਤੇ ਅਕਾਦਮਿਕ ਕਾਰਗੁਜ਼ਾਰੀ ਦਾ ਸਬੰਧ**: ਸਕੂਲਾਂ ਵਿੱਚ ਮੋਬਾਈਲ ਪਾਬੰਦੀ ਦਾ ਸਭ ਤੋਂ ਵੱਡਾ ਤਰਕ ਵਿਦਿਆਰਥੀਆਂ ਦੀ ਇਕਾਗਰਤਾ ਨਾਲ ਜੁੜਿਆ ਹੋਇਆ ਹੈ। ਵੱਖ-ਵੱਖ ਮਨੋਵਿਗਿਆਨਕ ਅਧਿਐਨਾਂ ਨੇ ਸਾਬਤ ਕੀਤਾ ਹੈ ਕਿ ਮੋਬਾਈਲ ਫ਼ੋਨ ਦੀ ਸਿਰਫ਼ ਮੌਜੂਦਗੀ ਹੀ ਵਿਦਿਆਰਥੀ ਦੀ ਬੌਧਿਕ ਸਮਰੱਥਾ ਨੂੰ ਘਟਾ ਸਕਦੀ ਹੈ ਕਿਉਂਕਿ ਦਿਮਾਗ ਦਾ ਇੱਕ ਹਿੱਸਾ ਲਗਾਤਾਰ ਆਉਣ ਵਾਲੇ ਨੋਟੀਫਿਕੇਸ਼ਨਾਂ ਦੀ ਉਡੀਕ ਵਿੱਚ ਰਹਿੰਦਾ ਹੈ। ਜਦੋਂ ਕਲਾਸਰੂਮ ਵਿੱਚੋਂ ਮੋਬਾਈਲ ਨੂੰ ਬਾਹਰ ਕਰ ਦਿੱਤਾ ਜਾਂਦਾ ਹੈ, ਤਾਂ ਵਿਦਿਆਰਥੀ ਅਧਿਆਪਕ ਦੇ ਲੈਕਚਰ ਅਤੇ ਪਾਠ-ਪੁਸਤਕਾਂ ਵਿੱਚ ਡੂੰਘਾਈ ਨਾਲ ਉਤਰਨ ਦੇ ਯੋਗ ਹੁੰਦੇ ਹਨ। ਇਸ ਨਾਲ ਉਨ੍ਹਾਂ ਦੀ ਸਮਝਣ ਦੀ ਸ਼ਕਤੀ ਅਤੇ ਕਿਸੇ ਵੀ ਵਿਸ਼ੇ 'ਤੇ ਲੰਬੇ ਸਮੇਂ ਤੱਕ ਕੇਂਦਰਿਤ ਰਹਿਣ ਦੀ ਸਮਰੱਥਾ ਵਿੱਚ ਭਾਰੀ ਵਾਧਾ ਹੁੰਦਾ ਹੈ। ਅਕਾਦਮਿਕ ਪ੍ਰਦਰਸ਼ਨ ਵਿੱਚ ਇਹ ਸੁਧਾਰ ਸਿਰਫ਼ ਨੰਬਰਾਂ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਇਹ ਵਿਦਿਆਰਥੀ ਦੀ ਕ੍ਰਿਟੀਕਲ ਥਿੰਕਿੰਗ ਭਾਵ ਆਲੋਚਨਾਤਮਕ ਸੋਚ ਨੂੰ ਵੀ ਪ੍ਰਫੁੱਲਤ ਕਰਦਾ ਹੈ, ਜੋ ਕਿ ਅੱਜ ਦੇ ਡਿਜ਼ੀਟਲ ਯੁੱਗ ਵਿੱਚ ਬਹੁਤ ਜ਼ਰੂਰੀ ਹੈ।

**ਸੋਸ਼ਲ ਮੀਡੀਆ ਦੇ ਪ੍ਰਭਾਵ ਅਤੇ ਮਾਨਸਿਕ ਸਿਹਤ ਦੇ ਸਰੋਕਾਰ**: ਅਜੋਕੇ ਸਮੇਂ ਵਿੱਚ ਸੋਸ਼ਲ ਮੀਡੀਆ ਬੱਚਿਆਂ ਦੀ ਮਾਨਸਿਕ ਸਿਹਤ ਲਈ ਇੱਕ ਵੱਡੀ ਚੁਣੌਤੀ ਬਣ ਗਿਆ ਹੈ। ਸਕੂਲ ਦੇ ਸਮੇਂ ਦੌਰਾਨ ਮੋਬਾਈਲ ਫ਼ੋਨ ਦੀ ਵਰਤੋਂ ਬੱਚਿਆਂ ਨੂੰ ਸੋਸ਼ਲ ਮੀਡੀਆ ਦੀਆਂ ਅਭਿਆਸੀ ਤੁਲਨਾਵਾਂ, ਸਾਈਬਰ ਬੁਲਿੰਗ ਅਤੇ ਨਕਾਰਾਤਮਕ ਸਮੱਗਰੀ ਦੇ ਸਿੱਧੇ ਸੰਪਰਕ ਵਿੱਚ ਲਿਆਉਂਦੀ ਹੈ। ਪਾਬੰਦੀ ਲਗਾਉਣ ਨਾਲ ਬੱਚਿਆਂ ਨੂੰ ਇੱਕ ਅਜਿਹਾ ਸੁਰੱਖਿਅਤ ਮਾਹੌਲ ਮਿਲਦਾ ਹੈ, ਜਿੱਥੇ ਉਹ 'ਲਾਈਕਸ' ਅਤੇ 'ਵਿਊਜ਼' ਦੀ ਦੌੜ ਤੋਂ ਦੂਰ ਰਹਿ ਕੇ ਆਪਣੀ ਅਸਲ ਸ਼ਖ਼ਸੀਅਤ ਦਾ ਵਿਕਾਸ ਕਰ ਸਕਦੇ ਹਨ। ਇਸ ਨਾਲ ਬੱਚਿਆਂ ਵਿੱਚ ਚਿੰਤਾ, ਡਿਪ੍ਰੈਸ਼ਨ ਅਤੇ ਇਕੱਲੇਪਣ ਵਰਗੀਆਂ ਸਮੱਸਿਆਵਾਂ ਵਿੱਚ ਕਮੀ ਆਉਂਦੀ ਹੈ। ਜਦੋਂ ਉਹ ਸਕੂਲ ਵਿੱਚ ਹੁੰਦੇ ਹਨ, ਤਾਂ ਉਨ੍ਹਾਂ ਦਾ ਧਿਆਨ ਆਪਣੇ ਸਾਥੀਆਂ ਨਾਲ ਅਸਲ ਸੰਵਾਦ ਰਚਾਉਣ 'ਤੇ ਹੁੰਦਾ ਹੈ, ਨਾ ਕਿ ਸਕ੍ਰੀਨ 'ਤੇ ਚੱਲ ਰਹੀ ਆਭਾਸੀ ਦੁਨੀਆ 'ਤੇ। ਇਹ ਮਾਨਸਿਕ ਸ਼ਾਂਤੀ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਮਜ਼ਬੂਤ ਨੀਂਹ ਦਾ ਕੰਮ ਕਰਦੀ ਹੈ।

**ਸਮਾਜਿਕ ਰਿਸ਼ਤਿਆਂ ਦੀ ਮਜ਼ਬੂਤੀ ਅਤੇ ਅਨੁਸ਼ਾਸਨ ਦਾ ਮਾਹੌਲ**: ਸਕੂਲ ਸਿਰਫ਼ ਪੜ੍ਹਾਈ ਦੀਆਂ ਥਾਵਾਂ ਨਹੀਂ ਹਨ, ਸਗੋਂ ਇਹ ਸਮਾਜਿਕ ਰਿਸ਼ਤੇ ਸਿੱਖਣ ਦੀ ਪ੍ਰਯੋਗਸ਼ਾਲਾ ਵੀ ਹਨ। ਮੋਬਾਈਲ ਫ਼ੋਨਾਂ ਦੀ ਪਾਬੰਦੀ ਨਾਲ ਵਿਦਿਆਰਥੀ ਆਪਸ ਵਿੱਚ ਗੱਲਬਾਤ ਕਰਨ, ਖੇਡਣ ਅਤੇ ਟੀਮ ਵਰਕ ਵਰਗੇ ਗੁਣ ਸਿੱਖਣ ਲਈ ਮਜਬੂਰ ਹੁੰਦੇ ਹਨ। ਅੱਜ ਜਦੋਂ ਅਸੀਂ 'ਡਿਜ਼ੀਟਲ ਆਈਸੋਲੇਸ਼ਨ' ਦੇ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਤਾਂ ਸਕੂਲਾਂ ਵਿੱਚ ਮੋਬਾਈਲ ਮੁਕਤ ਸਮਾਂ ਬੱਚਿਆਂ ਨੂੰ ਦੋਸਤੀ ਅਤੇ ਹਮਦਰਦੀ ਦੀ ਅਸਲ ਭਾਸ਼ਾ ਸਿਖਾਉਂਦਾ ਹੈ। ਇਸ ਤੋਂ ਇਲਾਵਾ ਸਕੂਲ ਦੇ ਅਨੁਸ਼ਾਸਨ ਵਿੱਚ ਵੀ ਵੱਡਾ ਸੁਧਾਰ ਦੇਖਣ ਨੂੰ ਮਿਲਦਾ ਹੈ। ਕਲਾਸਰੂਮ ਵਿੱਚ ਫ਼ੋਨਾਂ ਦੀ ਅਣਹੋਂਦ ਨਾਲ ਨਿਯਮਾਂ ਦੀ ਪਾਲਣਾ ਵਧਦੀ ਹੈ ਅਤੇ ਅਧਿਆਪਕ ਤੇ ਵਿਦਿਆਰਥੀ ਵਿਚਕਾਰ ਸਤਿਕਾਰਤ ਸੰਬੰਧ ਮੁੜ ਸਥਾਪਿਤ ਹੁੰਦੇ ਹਨ। ਇੱਕ ਸ਼ਾਂਤ ਅਤੇ ਅਨੁਸ਼ਾਸਿਤ ਮਾਹੌਲ ਹੀ ਵਧੀਆ ਸਿੱਖਿਆ ਦੀ ਪਹਿਲੀ ਸ਼ਰਤ ਹੈ, ਜੋ ਮੋਬਾਈਲ ਪਾਬੰਦੀ ਨਾਲ ਅਸਾਨੀ ਨਾਲ ਹਾਸਲ ਕੀਤੀ ਜਾ ਸਕਦੀ ਹੈ।

**ਸਰੀਰਕ ਸਿਹਤ ਅਤੇ ਜੀਵਨ ਸ਼ੈਲੀ 'ਤੇ ਸਕਾਰਾਤਮਕ ਅਸਰ**: ਮੋਬਾਈਲ ਫ਼ੋਨ ਦੀ ਬਹੁਤੀ ਵਰਤੋਂ ਵਿਦਿਆਰਥੀਆਂ ਦੀ ਸਰੀਰਕ ਸਿਹਤ 'ਤੇ ਵੀ ਮਾੜਾ ਅਸਰ ਪਾ ਰਹੀ ਹੈ। ਸਕੂਲਾਂ ਵਿੱਚ ਪਾਬੰਦੀ ਲਗਾਉਣ ਨਾਲ ਬੱਚਿਆਂ ਦੇ ਸਕ੍ਰੀਨ ਟਾਈਮ ਵਿੱਚ ਕਮੀ ਆਉਂਦੀ ਹੈ, ਜਿਸ ਨਾਲ ਉਨ੍ਹਾਂ ਦੀਆਂ ਅੱਖਾਂ 'ਤੇ ਪੈਣ ਵਾਲਾ ਦਬਾਅ ਘਟਦਾ ਹੈ। ਇਸ ਤੋਂ ਇਲਾਵਾ, ਮੋਬਾਈਲ ਦੀ ਵਰਤੋਂ ਨਾ ਹੋਣ ਕਾਰਨ ਬੱਚੇ ਬ੍ਰੇਕ ਦੇ ਸਮੇਂ ਸਰੀਰਕ ਗਤੀਵਿਧੀਆਂ ਜਿਵੇਂ ਕਿ ਖੇਡਾਂ ਜਾਂ ਸੈਰ ਕਰਨ ਵੱਲ ਰੁਚਿਤ ਹੁੰਦੇ ਹਨ। ਇਹ ਉਨ੍ਹਾਂ ਦੀ ਸਰੀਰਕ ਤੰਦਰੁਸਤੀ ਅਤੇ ਮੋਟਾਪੇ ਵਰਗੀਆਂ ਸਮੱਸਿਆਵਾਂ ਨੂੰ ਰੋਕਣ ਵਿੱਚ ਮਦਦਗਾਰ ਸਾਬਤ ਹੁੰਦਾ ਹੈ। ਨੀਂਦ ਦੀ ਸਮੱਸਿਆ, ਜੋ ਅੱਜਕੱਲ੍ਹ ਵਿਦਿਆਰਥੀਆਂ ਵਿੱਚ ਆਮ ਹੈ, ਉਸ ਦਾ ਇੱਕ ਵੱਡਾ ਕਾਰਨ ਦੇਰ ਰਾਤ ਤੱਕ ਮੋਬਾਈਲ ਦੀ ਵਰਤੋਂ ਹੈ। ਜੇਕਰ ਸਕੂਲ ਵਿੱਚ ਫ਼ੋਨ ਦੀ ਵਰਤੋਂ ਨਿਯੰਤਰਿਤ ਹੋਵੇਗੀ, ਤਾਂ ਬੱਚਿਆਂ ਦੀ ਦਿਨਚਰੀ ਵਿੱਚ ਇੱਕ ਅਨੁਸ਼ਾਸਨ ਆਵੇਗਾ ਜੋ ਅੰਤ ਵਿੱਚ ਉਨ੍ਹਾਂ ਦੀ ਸਿਹਤ ਅਤੇ ਪੜ੍ਹਾਈ ਦੋਵਾਂ ਲਈ ਲਾਹੇਵੰਦ ਹੋਵੇਗਾ।

**ਭਾਰਤ ਵਿੱਚ ਡਿਜ਼ੀਟਲ ਪਾੜਾ ਅਤੇ ਨੀਤੀਗਤ ਚੁਣੌਤੀਆਂ**: ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਲਈ ਇਹ ਮਸਲਾ ਹੋਰ ਵੀ ਗੁੰਝਲਦਾਰ ਹੈ। ਭਾਰਤ ਵਿੱਚ ਹੁਣ 85 ਫ਼ੀਸਦੀ ਤੋਂ ਵੱਧ ਘਰਾਂ ਵਿੱਚ ਘੱਟੋ-ਘੱਟ ਇੱਕ ਸਮਾਰਟਫ਼ੋਨ ਮੌਜੂਦ ਹੈ, ਪਰ ਸਿੱਖਿਆ ਪ੍ਰਣਾਲੀ ਵਿੱਚ ਇਸ ਦੀ ਵਰਤੋਂ ਨੂੰ ਲੈ ਕੇ ਕੋਈ ਇਕਸਾਰ ਰਾਸ਼ਟਰੀ ਨੀਤੀ ਨਹੀਂ ਹੈ। ਹਿਮਾਚਲ ਪ੍ਰਦੇਸ਼ ਵਰਗੇ ਰਾਜਾਂ ਨੇ ਮਾਰਚ 2026 ਤੋਂ ਸਟੇਟ-ਵਾਈਡ ਪਾਬੰਦੀ ਦਾ ਐਲਾਨ ਕਰਕੇ ਇੱਕ ਦਲੇਰਾਨਾ ਕਦਮ ਚੁੱਕਿਆ ਹੈ, ਪਰ ਕਈ ਰਾਜ ਅਜੇ ਵੀ ਦੁਬਿਧਾ ਵਿੱਚ ਹਨ। ਭਾਰਤ ਵਿੱਚ ਚੁਣੌਤੀ ਇਹ ਹੈ ਕਿ ਇੱਕ ਪਾਸੇ ਅਸੀਂ ਡਿਜ਼ੀਟਲ ਇੰਡੀਆ ਦੀ ਗੱਲ ਕਰਦੇ ਹਾਂ ਅਤੇ ਦੂਜੇ ਪਾਸੇ ਕਲਾਸਰੂਮਾਂ ਵਿੱਚ ਮੋਬਾਈਲ ਨੂੰ ਰੋਕ ਰਹੇ ਹਾਂ। ਇਸ ਲਈ ਭਾਰਤ ਨੂੰ ਇੱਕ ਅਜਿਹੇ ਮਾਡਲ ਦੀ ਲੋੜ ਹੈ ਜੋ ਤਕਨਾਲੋਜੀ ਦੀ ਵਰਤੋਂ ਅਤੇ ਇਸ ਦੇ ਮਾੜੇ ਪ੍ਰਭਾਵਾਂ ਵਿਚਕਾਰ ਸੰਤੁਲਨ ਬਣਾ ਸਕੇ। ਖ਼ਾਸਕਰ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਮੌਜੂਦ ਡਿਜ਼ੀਟਲ ਪਾੜੇ ਨੂੰ ਧਿਆਨ ਵਿੱਚ ਰੱਖਦੇ ਹੋਏ ਨੀਤੀਆਂ ਅਜਿਹੀਆਂ ਹੋਣੀਆਂ ਚਾਹੀਦੀਆਂ ਹਨ ਜੋ ਸਿੱਖਣ ਦੇ ਬਰਾਬਰ ਮੌਕੇ ਪ੍ਰਦਾਨ ਕਰਨ।

**ਡਿਜ਼ੀਟਲ ਸਾਖਰਤਾ ਅਤੇ ਜ਼ਿੰਮੇਵਾਰਾਨਾ ਵਰਤੋਂ ਦੀ ਸਿਖਲਾਈ**: ਯੂਨੈਸਕੋ ਦੀ ਰਿਪੋਰਟ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਨੁਕਤਾ ਇਹ ਵੀ ਉਠਾਇਆ ਗਿਆ ਹੈ ਕਿ ਸਿਰਫ਼ ਪਾਬੰਦੀ ਲਗਾਉਣਾ ਹੀ ਸਮੱਸਿਆ ਦਾ ਹੱਲ ਨਹੀਂ ਹੈ। ਸਕੂਲਾਂ ਦੀ ਇਹ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਵਿਦਿਆਰਥੀਆਂ ਨੂੰ ਡਿਜ਼ੀਟਲ ਸਾਖਰਤਾ ਅਤੇ ਤਕਨਾਲੋਜੀ ਦੀ ਜ਼ਿੰਮੇਵਾਰਾਨਾ ਵਰਤੋਂ ਬਾਰੇ ਸਿਖਾਉਣ। ਜੇਕਰ ਅਸੀਂ ਬੱਚਿਆਂ ਨੂੰ ਸਿਰਫ਼ ਫ਼ੋਨ ਤੋਂ ਦੂਰ ਕਰ ਦਿਆਂਗੇ ਪਰ ਉਨ੍ਹਾਂ ਨੂੰ ਇਹ ਨਹੀਂ ਦੱਸਾਂਗੇ ਕਿ ਇਸ ਦੀ ਸਹੀ ਵਰਤੋਂ ਕਿਵੇਂ ਕਰਨੀ ਹੈ, ਤਾਂ ਉਹ ਸਕੂਲ ਤੋਂ ਬਾਹਰ ਜਾ ਕੇ ਫਿਰ ਉਸੇ ਗ਼ਲਤ ਰਾਹ 'ਤੇ ਚੱਲ ਸਕਦੇ ਹਨ। ਇਸ ਲਈ ਸਿੱਖਿਆ ਪ੍ਰਣਾਲੀ ਵਿੱਚ 'ਸਮਾਰਟ ਯੂਜ਼ੇਜ' ਦੇ ਪਾਠ ਸ਼ਾਮਲ ਹੋਣੇ ਚਾਹੀਦੇ ਹਨ। ਬੱਚਿਆਂ ਨੂੰ ਸੂਚਨਾ ਦੀ ਪ੍ਰਮਾਣਿਕਤਾ ਪਰਖਣ, ਸਾਈਬਰ ਸੁਰੱਖਿਆ ਦੇ ਨਿਯਮਾਂ ਅਤੇ ਸੰਤੁਲਿਤ ਸਕ੍ਰੀਨ ਟਾਈਮ ਦੇ ਫਾਇਦਿਆਂ ਬਾਰੇ ਜਾਣੂ ਕਰਵਾਉਣਾ ਅੱਜ ਦੀ ਸਭ ਤੋਂ ਵੱਡੀ ਲੋੜ ਹੈ।

**ਮਾਪਿਆਂ ਦੀ ਭੂਮਿਕਾ ਅਤੇ ਘਰੇਲੂ ਮਾਹੌਲ ਦਾ ਯੋਗਦਾਨ**: ਸਕੂਲਾਂ ਵਿੱਚ ਲਗਾਈ ਗਈ ਪਾਬੰਦੀ ਤਾਂ ਹੀ ਕਾਮਯਾਬ ਹੋ ਸਕਦੀ ਹੈ ਜੇਕਰ ਮਾਪੇ ਵੀ ਇਸ ਵਿੱਚ ਆਪਣਾ ਪੂਰਾ ਸਹਿਯੋਗ ਦੇਣ। ਅਕਸਰ ਦੇਖਿਆ ਜਾਂਦਾ ਹੈ ਕਿ ਸਕੂਲ ਵਿੱਚ ਤਾਂ ਸਖ਼ਤੀ ਹੁੰਦੀ ਹੈ ਪਰ ਘਰ ਪਹੁੰਚਦਿਆਂ ਹੀ ਬੱਚੇ ਘੰਟਿਆਂਬੱਧੀ ਫ਼ੋਨਾਂ 'ਤੇ ਜੁੜ ਜਾਂਦੇ ਹਨ। ਮਾਪਿਆਂ ਨੂੰ ਇਹ ਸਮਝਣਾ ਹੋਵੇਗਾ ਕਿ ਸਕੂਲ ਵਿੱਚ ਮੋਬਾਈਲ ਪਾਬੰਦੀ ਬੱਚੇ ਦੇ ਭਵਿੱਖ ਲਈ ਲਗਾਈ ਗਈ ਹੈ। ਘਰਾਂ ਵਿੱਚ ਵੀ ਇੱਕ 'ਨੋ-ਟੈਕ ਜ਼ੋਨ' ਜਾਂ 'ਨੋ-ਟੈਕ ਟਾਈਮ' ਹੋਣਾ ਚਾਹੀਦਾ ਹੈ, ਜਿੱਥੇ ਬੱਚੇ ਫ਼ੋਨ ਤੋਂ ਦੂਰ ਰਹਿ ਕੇ ਪਰਿਵਾਰ ਨਾਲ ਗੱਲਬਾਤ ਕਰਨ। ਮਾਪਿਆਂ ਦੀ ਨਿਗਰਾਨੀ ਅਤੇ ਉਨ੍ਹਾਂ ਵੱਲੋਂ ਪੇਸ਼ ਕੀਤੀ ਗਈ ਮਿਸਾਲ ਬੱਚੇ ਦੇ ਤਕਨਾਲੋਜੀ ਪ੍ਰਤੀ ਰੁਝਾਨ ਨੂੰ ਬਦਲਣ ਵਿੱਚ ਵੱਡੀ ਭੂਮਿਕਾ ਨਿਭਾ ਸਕਦੀ ਹੈ। ਸਿੱਖਿਆ ਅਤੇ ਸੰਸਕਾਰਾਂ ਦਾ ਇਹ ਸੁਮੇਲ ਹੀ ਬੱਚੇ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾ ਸਕਦਾ ਹੈ।

**ਇੱਕ ਸੰਤੁਲਿਤ ਭਵਿੱਖ ਦੀ ਲੋੜ**: ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਸਕੂਲਾਂ ਵਿੱਚ ਮੋਬਾਈਲ ਫ਼ੋਨਾਂ 'ਤੇ ਪਾਬੰਦੀ ਲਗਾਉਣਾ ਅੱਜ ਦੀ ਵਿਸ਼ਵਵਿਆਪੀ ਲੋੜ ਬਣ ਗਈ ਹੈ। ਯੂਨੈਸਕੋ ਦੀ 2026 ਦੀ ਰਿਪੋਰਟ ਸਾਨੂੰ ਚੇਤਾਵਨੀ ਦੇ ਰਹੀ ਹੈ ਕਿ ਜੇਕਰ ਅਸੀਂ ਹੁਣ ਨਾ ਸੰਭਲੇ ਤਾਂ ਆਉਣ ਵਾਲੀਆਂ ਨਸਲਾਂ ਆਪਣੀ ਮੌਲਿਕ ਸੋਚ ਅਤੇ ਇਕਾਗਰਤਾ ਗੁਆ ਸਕਦੀਆਂ ਹਨ। ਹਾਲਾਂਕਿ ਤਕਨਾਲੋਜੀ ਸਿੱਖਣ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ, ਪਰ ਇਸ ਦੀ ਵਰਤੋਂ ਸਿਰਫ਼ ਸਿੱਖਿਆ ਦੇ ਉਦੇਸ਼ਾਂ ਲਈ ਅਤੇ ਇੱਕ ਸੀਮਾ ਦੇ ਅੰਦਰ ਹੀ ਹੋਣੀ ਚਾਹੀਦੀ ਹੈ। ਪਾਬੰਦੀ ਦਾ ਮਕਸਦ ਬੱਚਿਆਂ ਨੂੰ ਤਕਨਾਲੋਜੀ ਤੋਂ ਕੱਟਣਾ ਨਹੀਂ, ਸਗੋਂ ਉਨ੍ਹਾਂ ਨੂੰ ਇਹ ਸਿਖਾਉਣਾ ਹੈ ਕਿ ਜ਼ਿੰਦਗੀ ਵਿੱਚ ਮਸ਼ੀਨਾਂ ਨਾਲੋਂ ਮਨੁੱਖੀ ਸੰਵਾਦ, ਇਕਾਗਰਤਾ ਅਤੇ ਮਾਨਸਿਕ ਸਿਹਤ ਜ਼ਿਆਦਾ ਮਹੱਤਵਪੂਰਨ ਹਨ। ਇੱਕ ਸਾਂਝੀ ਰਾਸ਼ਟਰੀ ਨੀਤੀ, ਡਿਜ਼ੀਟਲ ਸਾਖਰਤਾ ਅਤੇ ਸਮਾਜਿਕ ਜਾਗਰੂਕਤਾ ਦੇ ਸੁਮੇਲ ਨਾਲ ਅਸੀਂ ਆਪਣੇ ਬੱਚਿਆਂ ਲਈ ਇੱਕ ਅਜਿਹਾ ਭਵਿੱਖ ਸਿਰਜ ਸਕਦੇ ਹਾਂ ਜਿੱਥੇ ਉਹ ਤਕਨਾਲੋਜੀ ਦੇ ਗੁਲਾਮ ਨਹੀਂ ਸਗੋਂ ਮਾਲਕ ਹੋਣਗੇ।

**ਲੇਖਕ ਦਾ ਸੁਨੇਹਾ**: ਇਹ ਵਿਸ਼ਲੇਸ਼ਣ ਸਿਰਫ਼ ਅੰਕੜਿਆਂ 'ਤੇ ਅਧਾਰਿਤ ਨਹੀਂ ਹੈ, ਸਗੋਂ ਇਹ ਸਾਡੀ ਅਗਲੀ ਪੀੜ੍ਹੀ ਦੇ ਬੌਧਿਕ ਅਤੇ ਮਾਨਸਿਕ ਸੁਰੱਖਿਆ ਲਈ ਇੱਕ ਹੋਕਾ ਹੈ। ਇੱਕ ਮੀਡੀਆ ਪੇਸ਼ੇਵਰ ਅਤੇ ਸਮਾਜਿਕ ਚਿੰਤਕ ਵਜੋਂ ਸਾਡਾ ਫ਼ਰਜ਼ ਹੈ ਕਿ ਅਸੀਂ ਅਜਿਹੇ ਮਸਲਿਆਂ 'ਤੇ ਗੰਭੀਰ ਸੰਵਾਦ ਛੇੜੀਏ।

# ਐਸ.ਡੀ.ਐਮ. ਨਵਜੋਤ ਸ਼ਰਮਾ ਨਾਲ ਟਰੇਡ ਵਿੰਗ ਦੀ ਮੀਟਿੰਗ



ਫਤਹਿਗੜ੍ਹ ਚੂੜੀਆਂ, 23 ਅਪ੍ਰੈਲ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਵਿਖੇ ਟਰੇਡ ਕਮਿਸ਼ਨ ਦੀ ਮੀਟਿੰਗ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਐਸ.ਡੀ.ਐਮ. ਡਾ. ਨਵਜੋਤ ਸ਼ਰਮਾ ਹਾਜ਼ਰ ਰਹੇ। ਪਿਛਲੇ ਦਿਨੀਂ ਹਲਕਾ ਫਤਹਿਗੜ੍ਹ ਚੂੜੀਆਂ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਲੈ ਕੇ ਜੋ ਮੀਟਿੰਗਾਂ ਹੋਈਆਂ ਸੀ, ਉਨ੍ਹਾਂ ਦੇ ਬਾਰੇ ਵਿਚਾਰ-ਵਟਾਂਦਰੇ ਕੀਤੇ। ਇਸ ਮੀਟਿੰਗ ਦੌਰਾਨ ਚੇਅਰਮੈਨ ਗੁਰਪ੍ਰੀਤ ਸਿੰਘ, ਮਾਧਵ ਬੇਦੀ ਵਪਾਰੀ ਕਮਿਸ਼ਨ ਮੈਂਬਰ, ਗੁਰਪ੍ਰੀਤ ਸਿੰਘ ਖੋਦੇ ਬਾਂਗਰ ਟਰੇਡ ਵਿੰਗ ਮੈਂਬਰ ਬਲਾਕ ਪ੍ਰਧਾਨ, ਕੁਲਦੀਪ ਸਿੰਘ ਨੇ ਆਪਣੇ-ਆਪਣੇ ਵਿਚਾਰ ਰੱਖੇ। ਇਸ ਮੀਟਿੰਗ ਦੌਰਾਨ ਐਸ.ਡੀ.ਐਮ. ਡਾ. ਨਵਜੋਤ ਸ਼ਰਮਾ ਵੱਲੋਂ ਆ ਰਹੀਆਂ ਲੋਕਾਂ ਨੂੰ ਮੁਸ਼ਕਿਲਾਂ ਦਾ ਹੱਲ ਕਰਨ ਦੇ ਲਈ ਲੋਕਾਂ ਵੱਲੋਂ ਕੀਤੀਆਂ ਗਈਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਉਚ ਅਧਿਕਾਰੀਆਂ ਨੂੰ ਰਿਪੋਰਟਾਂ ਭੇਜ ਦਿੱਤੀਆਂ ਗਈਆਂ ਹਨ ਤੇ ਉਨ੍ਹਾਂ ਨੇ ਯਕੀਨ ਦਿਵਾਇਆ ਹੈ ਕਿ ਜਲਦ ਤੋਂ ਜਲਦ ਇਨ੍ਹਾਂ ਸ਼ਿਕਾਇਤਾਂ ਦਾ ਨਿਪਟਾਰਾ ਹੋਵੇਗਾ।

# ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਰਜਾਦਾ ਤਤਲਾ ਰੋਡ ਤੋਂ ਗੁ. ਸਾਹਿਬ ਠੰਡੀ ਖੂਹੀ ਤੱਕ ਸੜਕ ਦਾ ਨੀਂਹ ਪੱਥਰ ਰੱਖਿਆ

## ☛ਹਲਕਾ ਬਟਾਲਾ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾ ਰਹੀ ਹੈ

ਬਟਾਲਾ, 23 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਸਿਕੰਦਰ ਸਿੰਘ ਸੰਧੂ): ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਚਹੁੰਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਰਜਾਦਾ ਤਤਲਾ ਰੋਡ ਤੋਂ ਗੁਰਦੁਆਰਾ ਸਾਹਿਬ ਠੰਡੀ ਖੂਹੀ ਸੜਕ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਤੇ ਉਹ ਇਸ ਕੰਮ ਲਈ ਦਿਨ ਰਾਤ ਲੱਗੇ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਹਲਕੇ ਅੰਦਰ ਸਾਫ-ਸੁਥਰੀਆਂ ਲਿੰਕ ਸੜਕਾਂ ਦਾ ਜਾਲ ਵਿਛਾਉਣ ਦਾ ਕੰਮ



ਤੇਜ਼ੀ ਨਾਲ ਚੱਲ ਰਿਹਾ ਹੈ, ਜੋ ਆਉਂਦੇ ਦਿਨਾਂ ਅੰਦਰ ਮੁਕੰਮਲ ਹੋ ਕੇ ਹਲਕੇ ਦੇ ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸਹੂਲਤਾਂ ਪ੍ਰਦਾਨ ਹੋਣਗੀਆਂ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਕੰਮ ਕਰਵਾਏ ਜਾ ਰਹੇ ਹਨ। ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਮੈਦਾਨ ਬਣਾਏ ਗਏ ਹਨ। ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਗਏ ਹਨ ਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਨਿਪਟਾਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਕਲਸੀ ਦਾ ਧੰਨਵਾਦ ਕੀਤਾ।

# ਧਾਲੀਵਾਲ ਨੇ 85 ਲੱਖ ਰੁਪਏ ਦੀ ਲਾਗਤ ਨਾਲ 24 ਕਿਲੋਮੀਟਰ ਸੜਕਾਂ ਦੇ ਨਿਰਮਾਣ ਲਈ ਰੱਖੇ ਨੀਂਹ ਪੱਥਰ



ਅਜਨਾਲਾ, 23 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮੰਡੀਆਂ 'ਚ ਪੁੱਜ ਰਹੀ ਹਾੜ੍ਹੀ ਦੀ ਮੁੱਖ ਫ਼ਸਲ ਕਣਕ ਦੇ ਇੱਕ-ਇੱਕ ਦਾਣੇ ਦੀ ਨਿਰੰਤਰ ਸਰਕਾਰੀ ਖ੍ਰੀਦ ਲਈ ਜੰਗੀ ਪੱਧਰ 'ਤੇ ਜਾਰੀ ਪ੍ਰਕਿਰਿਆ ਦੇ ਨਾਲ ਹੁਣ ਅੰਨ ਉਤਪਾਦਕਾਂ/ਕਿਸਾਨਾਂ ਦੇ ਫੌਰੀ ਅਗਲੇ ਫ਼ਿਕਰ ਸਾਉਣੀ ਦੀ ਮੁੱਖ ਫ਼ਸਲ ਝੋਨੇ/ਪਲਮਲ/ਬਾਸਮਤੀ ਦੀ ਸਿੰਚਾਈ ਤੇ ਰਸਾਇਣਕ ਖਾਦਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਬਕਾਇਦਾ ਪੁਖ਼ਤਾ ਪ੍ਰਬੰਧ ਕਰ ਲਏ ਹਨ, ਜਿਸ ਤਹਿਤ ਸਾਲ 2022 ਤੋਂ ਮਾਨ ਸਰਕਾਰ ਨੇ ਚਾਰ ਸਾਲ 'ਚ 6700 ਕਰੋੜ ਰੁਪਏ ਦੀ ਲਾਗਤ ਨਾਲ ਨਹਿਰਾਂ, ਖਾਲਿਆਂ, ਰਾਜਬਹਿਆਂ ਦਾ ਨਵੀਨੀਕਰਨ ਕਰਕੇ ਧਰਤੀ ਹੇਠਲੇ ਪਾਣੀ ਦੀ ਬੱਚਤ ਲਈ ਪੰਜਾਬ ਦੇ ਇਤਿਹਾਸ 'ਚ ਹੁਣ ਤੱਕ ਦਾ ਨਵਾਂ ਕ੍ਰਾਂਤੀਕਾਰੀ ਮੀਲ ਪੱਥਰ ਸਥਾਪਤ ਕਰ ਦਿੱਤਾ ਹੈ। ਮਾਨ ਸਰਕਾਰ ਦੇ ਕਾਰਜਭਾਰ ਸੰਭਾਲਣ ਤੋਂ ਪਹਿਲਾਂ ਨਹਿਰੀ ਪਾਣੀ ਸਿੰਚਾਈ ਹੇਠਲੇ ਕੁੱਲ ਕਰੀਬ 76 ਲੱਖ ਏਕੜ ਰਕਬੇ 'ਚੋਂ ਸਿਰਫ 21 ਫ਼ੀਸਦੀ ਰਕਬੇ ਦੀ ਸਿੰਚਾਈ ਹੁੰਦੀ ਸੀ ਤੇ ਇਸ ਵੇਰਾਂ ਸਾਉਣੀ ਫ਼ਸਲ 'ਚ 86 ਫ਼ੀਸਦੀ ਰਕਬਾ ਨਹਿਰੀ ਪਾਣੀ ਸਿੰਚਾਈ ਦਾ ਟੀਚਾ ਹਾਸਲ ਕਰਨ ਜਾ ਰਿਹਾ ਹੈ।ਪਿਛਲੀ ਸਾਉਣੀ ਫਸਲ 'ਚ ਮਾਨ ਸਰਕਾਰ ਵੱਲੋਂ ਨਹਿਰੀ ਪਾਣੀ 76 ਫ਼ੀਸਦੀ ਰਕਬੇ ਦਾ ਟੀਚਾ ਹਾਸਲ ਕਰਨ ਦਾ ਰਿਕਾਰਡ ਕਾਇਮ ਕੀਤਾ ਸੀ।ਧਾਲੀਵਾਲ ਨੇ ਅੱਜ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰੀਬ 85 ਲੱਖ ਰੁਪਏ ਦੀ ਲਾਗਤ ਨਾਲ ਹਲਕੇ ਦੇ ਪਿੰਡ ਹਾਸ਼ਮਪੁਰਾ ਤੋਂ ਬਰਲਾਸ ਵੱਖ-ਵੱਖ ਪਿੰਡਾਂ ਨੂੰ ਮੋਲਵੀ 6 ਕਿਲੋਮੀਟਰ ਲੰਬੀ ਤੇ ਰਮਦਾਸ ਤੋਂ ਗਾਲਬ ਵੱਖ-ਵੱਖ ਪਿੰਡਾਂ ਨੂੰ ਜੋੜਦੀ 18 ਕਿਲੋਮੀਟਰ ਲੰਬੀ ਸੜਕਾਂ ਦੇ ਨਵ-ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਰੱਖਣ ਮੌਕੇ ਸਮਾਗਮਾਂ ਨੂੰ ਸੰਬੋਧਨ ਕਰਨ ਤੇ ਮੌਕੇ 'ਤੇ ਮੌਜੂਦ ਕਿਸਾਨਾਂ ਦੀਆਂ ਸਮੱਸਿਆਵਾਂ ਸੁਣਨ ਦੌਰਾਨ ਕੀਤਾ।ਧਾਲੀਵਾਲ ਨੇ ਸਪੱਸ਼ਟ ਕੀਤਾ ਕਿ ਨਹਿਰੀ ਪਾਣੀ ਨਾਲ ਖੇਤੀ ਰਕਬੇ ਦੀ ਸਿੰਚਾਈ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਉਚਾ ਹੋਣ ਦੇ ਮਾਨ ਸਰਕਾਰ ਵੱਲੋਂ ਸਿਰਜੇ ਇਤਿਹਾਸ ਦੀ ਸ਼ਲਾਘਾ ਲੋਕ ਸਭਾ ਸੈਸ਼ਨ 'ਚ ਕੇਂਦਰੀ ਜਲ ਮੰਤਰੀ ਵੱਲੋਂ ਕਰਦਿਆਂ ਹੋਰਨਾਂ ਸੂਬਿਆਂ ਨੂੰ ਵੀ ਪੰਜਾਬ ਦੀ ਇਸ ਨੀਤੀ ਤੋਂ ਪ੍ਰੇਰਨਾ ਲੈਣ ਦੀ ਸਲਾਹ ਦਿੱਤੀ ਸੀ।

# ਵਿਧਾਇਕ ਸ਼ੈਰੀ ਕਲਸੀ ਨੇ ਵੱਖ-ਵੱਖ ਪਿੰਡਾਂ 'ਚ ਕੰਕਰੀਟ ਲਾਈਨਿੰਗ ਤੇ ਨਹਿਰੀ ਖਾਲਾਂ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਰੱਖਿਆ

## ☛ਪੰਜਾਬ ਸਰਕਾਰ ਨੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ



ਬਟਾਲਾ, 23 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤਾਂ ਤੱਕ ਨਹਿਰੀ ਪਾਣੀ ਪੁੱਜਦਾ ਕੀਤਾ ਗਿਆ ਹੈ, ਜਿਸ ਨਾਲ ਵੱਡੇ ਪੱਧਰ 'ਤੇ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਗਿਆ ਹੈ। ਉਨ੍ਹਾਂ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਪਿੰਡ ਥਿੰਦ, ਧੰਨੇ ਧਾਰੀਵਾਲ ਦੁਨੀਆਂ ਸੰਧੂ, ਰਸੂਲਪੁਰ, ਦੌਲਤਪੁਰ ਤੇ ਪੰਜਗਰਾਈਆਂ ਦੇ ਰਜਵਾਹ ਡਿਚ ਨੰਬਰ 2 ਦੀ ਕੰਕਰੀਟ ਲਾਈਨਿੰਗ ਤੇ ਨਹਿਰੀ ਖਾਲਾਂ ਨੂੰ ਪੱਕੇ ਕਰਨ ਦਾ ਨੀਂਹ ਪੱਥਰ ਰੱਖਿਆ। ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਨੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਸਿੰਚਾਈ ਲਈ ਨਹਿਰੀ ਪਾਣੀ ਪਹੁੰਚਾਉਣ ਦਾ ਵਾਅਦਾ ਕੀਤਾ ਸੀ, ਜਿਸਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਹੁਣ ਤੱਕ ਸੂਬੇ ਦੀ 76 ਫੀਸਦੀ ਖੇਤਾਂ ਵਿੱਚ ਨਹਿਰੀ ਪਾਣੀ ਪਹੁੰਚਾ ਦਿੱਤਾ ਹੈ ਤੇ ਅੱਗੇ ਵੀ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਪੰਜਾਬ ਸਰਕਾਰ ਵੱਲੋਂ ਨਹਿਰਾਂ ਤੇ ਟੇਲਾਂ ਦੀ ਸਫਾਈ ਕਰਕੇ ਖੇਤਾਂ ਤੱਕ ਪਾਣੀ ਪੁੱਜਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਨਹਿਰੀ ਪਾਣੀ ਦੀ ਵਰਤੋਂ ਨਾਲ ਜ਼ਮੀਨੀ ਪਾਣੀ 'ਤੇ ਨਿਰਭਰਤਾ ਘਟੀ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਵੀ ਵੱਧ ਰਿਹਾ ਹੈ।

# ਮੁੱਖ ਮੰਤਰੀ ਦੀ ਅਗਵਾਈ ਹੇਠ ਸੂਬਾ ਵਾਸੀ ਵਿਕਾਸ ਤੇ ਸੁੱਖ-ਸਹੂਲਤਾਂ ਦਾ ਨਿੱਘ ਮਾਣ ਰਹੇ ਨੇ: ਵਿਧਾਇਕ ਅਮਰਪਾਲ ਸਿੰਘ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 23 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਦੇ ਨਵੇਂ ਮਿਆਰ ਸਥਾਪਤ ਕੀਤੇ ਜਾ ਰਹੇ ਹਨ ਤੇ ਸੂਬਾ ਵਾਸੀ ਵੱਖ-ਵੱਖ ਸੁੱਖ ਸਹੂਲਤਾਂ ਦਾ ਨਿੱਘ ਮਾਣ ਰਹੇ ਹਨ। ਇਹ ਪ੍ਰਗਟਾਵਾ ਹਲਕਾ ਵਿਧਾਇਕ ਸ੍ਰੀ ਹਰਿਗੋਬਿੰਦਪੁਰ ਸਾਹਿਬ ਐਡ. ਅਮਰਪਾਲ ਸਿੰਘ ਕਿਸ਼ਨਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ। ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕਈ ਵੱਡੇ ਫ਼ੈਸਲੇ ਕੀਤੇ ਗਏ ਹਨ, ਜਿਨ੍ਹਾਂ ਵਿੱਚ ਘਰੇਲੂ ਖਪਤਕਾਰਾਂ ਲਈ 600 ਯੂਨਿਟ ਮੁਫ਼ਤ ਬਿਜਲੀ, ਗਰੀਬ ਵਰਗਾਂ ਲਈ ਰਾਸ਼ਨ ਕਿੱਟਾਂ, ਕਿਸਾਨਾਂ ਨੂੰ ਟਿਊਬਵੈਲ ਲਈ ਮੁਫ਼ਤ ਬਿਜਲੀ ਦੀ ਸਹੂਲਤ ਸ਼ਾਮਲ ਹੈ। ਇਸ ਤੋਂ ਇਲਾਵਾ ਸੂਬੇ ਵਿੱਚ ਨਵੀਆਂ ਸੜਕਾਂ ਦੇ ਨਿਰਮਾਣ ਕਾਰਜ ਤੇਜ਼ੀ ਨਾਲ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਉਚ ਪੱਧਰੀ ਮੁਫ਼ਤ ਸਿੱਖਿਆ ਦਿੱਤੀ ਜਾ ਰਹੀ ਹੈ, ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਇਲਾਜ ਮਿਲ ਰਿਹਾ ਹੈ ਤੇ ਹਰ ਪਰਿਵਾਰ ਲਈ 10 ਲੱਖ ਰੁਪਏ ਤੱਕ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੁੱਧ ਕਾਨੂੰਨ ਪਾਸ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ। ਜੋ ਆਉਣ ਵਾਲੇ ਸਮੇਂ ਵਿੱਚ ਚੰਗੇ ਨਤੀਜੇ ਆਉਣਗੇ। ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਦਾ ਹਰ ਵਰਗ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਨਾਲ ਖੁਸ਼ ਹੈ ਤੇ ਮੁੱਖ ਮੰਤਰੀ ਦੀਆਂ ਨੀਤੀਆਂ ਦੀ ਸਰਾਹਨਾ ਕਰ ਰਿਹਾ ਹੈ। ਇਸ ਮੌਕੇ ਚੇਅਰਮੈਨ ਜਤਿੰਦਰ ਸਿੰਘ, ਹਨੀ ਦਿਓਲ, ਜ਼ਿਲ੍ਹਾ ਮੀਡੀਆ ਇੰਚਾਰਜ ਤੇ ਸਲਾਹਕਾਰ ਹਲਕਾ ਵਿਧਾਇਕ ਪਰਮਬੀਰ ਸਿੰਘ ਰਾਣਾ, ਸਰਪੰਚ ਨਰਿੰਦਰ ਨਿੰਦੀ, ਹਲਕਾ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਯਾਦਪੁਰ, ਸਾਬਕਾ ਚੇਅਰਮੈਨ ਕੁਲਵੰਤਬੀਰ ਸਿੰਘ, ਪੀਏ ਸੁਖਦੇਵ ਰੋਮੀ, ਪੀਏ ਰਾਜੂ ਭਿੰਡਰ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਜੋਨੀ ਘੁਮਾਣ, ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ, ਬਲਾਕ ਪ੍ਰਧਾਨ ਗੁਰਮੀਤ ਸਿੰਘ ਪੰਨੂੰ ਸਰਪੰਚ, ਸੋਸ਼ਲ ਮੀਡੀਆ ਇੰਚਾਰਜ ਸੁਖਦੇਵ ਸਿੰਘ ਸੱਖੋਵਾਲ, ਸਾਬਕਾ ਸਰਪੰਚ ਮਨਜੀਤ ਸਿੰਘ ਹਰਦਾਨ, ਸਰਪੰਚ ਬਲਜੀਤ ਸਿੰਘ ਪੇਜੋਚੱਕ, ਗੁਰਮੀਤ ਸਿੰਘ ਲਾਲਕਾ ਸਰਪੰਚ ਅਮੋਨੰਗਲ, ਸਰਪੰਚ ਨਿਸ਼ਾਨ ਸਿੰਘ ਮੱਲ੍ਹੀ, ਸੀਨੀਅਰ ਆਗੂ ਸਿਕੰਦਰ ਸਿੰਘ ਕਰਨਾਮਾ, ਸਰਪੰਚ ਤਜਿੰਦਰ ਸੰਧਵਾਂ ਆਦਿ ਹਾਜ਼ਰ ਸਨ।



# ਸਿਵਲ ਡਿਫੈਂਸ ਬਲੈਕਆਊਟ ਮੌਕ ਡਰਿੱਲ ਐਕਸਰਸਾਈਜ਼ ਅੱਜ ਕਰਵਾਈ ਜਾਵੇਗੀ

ਬਟਾਲਾ/ਨੌਸ਼ਹਿਰਾ ਮੱਝਾ ਸਿੰਘ, 23 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਤਨਾਮ ਸਿੰਘ ਸੰਧੂ): ਗ੍ਰਹਿ ਮੰਤਰਾਲਾ, ਭਾਰਤ ਸਰਕਾਰ ਵੱਲੋਂ ਪ੍ਰਾਪਤ ਹਦਾਇਤਾਂ ਤੇ ਰਾਮ ਸਿੰਘ ਡੀ.ਜੀ.ਪੀ. ਪੰਜਾਬ ਹੋਮ ਗਾਰਡਜ਼ ਤੇ ਡਾਇਰੈਕਟਰ ਸਿਵਲ ਡਿਫੈਂਸ ਪੰਜਾਬ, ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਦਿੱਤਿਆ ਉਪਲ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ ਸਿਵਲ ਡਿਫੈਂਸ, ਗੁਰਦਾਸਪੁਰ ਤੇ ਰਵੇਲ ਸਿੰਘ ਰੰਧਾਵਾ, ਐਡੀਸ਼ਨਲ ਕੰਟਰੋਲਰ ਸਿਵਲ ਡਿਫੈਂਸ, ਗੁਰਦਾਸਪੁਰ ਦੀ ਦੇਖ-ਰੇਖ ਹੇਠ 24 ਅਪ੍ਰੈਲ ਨੂੰ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਿਵਲ ਡਿਫੈਂਸ ਬਲੈਕਆਊਟ ਮੌਕ ਡਰਿੱਲ ਐਕਸਰਸਾਈਜ਼ ਕਰਵਾਈ ਜਾ ਰਹੀ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਦੌਰਾਨ ਐਮਰਜੈਂਸੀ ਹਲਾਤਾਂ ਨਾਲ ਨਜਿੱਠਿਆ ਜਾ ਸਕੇ। ਰਵੇਲ ਸਿੰਘ ਰੰਧਾਵਾ, ਐਡੀਸ਼ਨਲ ਕੰਟਰੋਲਰ ਸਿਵਲ ਡਿਫੈਂਸ, ਗੁਰਦਾਸਪੁਰ ਨੇ ਦੱਸਿਆ ਕਿ 24 ਅਪ੍ਰੈਲ ਨੂੰ ਸਿਵਲ ਡਿਫੈਂਸ ਬਲੈਕਆਊਟ ਮੌਕ ਡਰਿੱਲ ਐਕਸਰਸਾਈਜ਼ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਰਾਤ 8 ਵਜੇ ਹੋਵੇਗੀ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕਰਦਿਆਂ ਦੱਸਿਆ ਕਿ ਇਸ ਅਭਿਆਸ ਲਈ ਸਿਰਫ਼ ਇੱਕ ਮੌਕ ਡਰਿੱਲ ਬਲੈਕ-ਆਊਟ ਐਕਸਰਸਾਈਜ਼ ਹੈ ਤੇ ਘਬਰਾਉਣ ਦੀ ਬਿਲਕੁਲ ਵੀ ਕੋਈ ਲੋੜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਇਸ ਡਰਿੱਲ ਐਕਸਰਸਾਈਜ਼ ਸਮੇਂ ਪਾਵਰ ਸਪਲਾਈ ਬੰਦ ਰਹੇਗੀ, ਪਰ ਜ਼ਰੂਰੀ ਸੇਵਾਵਾਂ ਚਾਲੂ ਰਹਿਣਗੀਆਂ। ਉਨ੍ਹਾਂ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਇਸ ਅਭਿਆਸ ਵਿੱਚ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦਿੱਤਾ ਜਾਵੇ।

# ਛੋਟੇ ਹਾਥੀ ਨੂੰ ਅੱਗ ਲੱਗਣ ਦੇ ਸਦਮੇ 'ਚ 45 ਸਾਲਾ ਵਿਅਕਤੀ ਦੀ ਮੌਤ

ਡੇਰਾ ਬਾਬਾ ਨਾਨਕ, 23 ਅਪ੍ਰੈਲ (ਹੈਪੀ ਕੋਟਲੀ): ਪਿਛਲੇ ਦਿਨੀਂ ਜਿੱਥੇ ਬਟਾਲਾ ਡੇਰਾ ਬਾਬਾ ਨਾਨਕ ਰੋਡ 'ਤੇ ਪੈਂਦੇ ਪਿੰਡ ਦਾਲਮ ਨੰਗਲ ਵਿਖੇ ਪੱਕੀ ਹੋਈ ਕਣਕ ਦੀ ਫ਼ਸਲ ਨੂੰ ਅਚਾਨਕ ਅੱਗ



ਲੱਗਣ ਕਾਰਨ ਵੱਡਾ ਨੁਕਸਾਨ ਹੋਇਆ ਸੀ ਉਥੇ ਹੀ ਅੱਗ ਦੀ ਲਪੇਟ ਆਉਣ ਨਾਲ ਇੱਕ ਛੋਟਾ ਹਾਥੀ ਵੀ ਪੂਰੀ ਤਰ੍ਹਾਂ ਸੜ ਗਿਆ ਸੀ। ਇਸ ਸਦਮੇ ਨੂੰ ਨਾ ਸਹਾਰਦੇ ਹੋਏ 45 ਸਾਲਾ ਛੋਟੇ ਹਾਥੀ ਦੇ ਮਾਲਕ ਰਣਜੀਤ ਸਿੰਘ ਦੀ ਦਿਲ ਦਾ ਦੌਰਾ ਪੈ ਜਾਣ ਨਾਲ ਮੌਤ ਹੋ ਜਾਣ ਦਾ ਦੁੱਖਦਾਇਕ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦਿਆਂ ਮ੍ਰਿਤਕ ਰਣਜੀਤ ਸਿੰਘ ਦੀ ਪਤਨੀ ਸੁਖਦੀਪ ਕੌਰ ਪੁੱਤਰੀ ਪਰਕ੍ਰਿਤ ਕੌਰ, ਭਰਾ ਸੁਰਜੀਤ ਸਿੰਘ, ਬਚਿੱਤਰ ਸਿੰਘ, ਸਰਬਜੀਤ ਸਿੰਘ, ਨਰਿੰਦਰ ਕੌਰ, ਕਵਲਜੀਤ ਕੌਰ, ਗਗਨਦੀਪ ਕੌਰ, ਜਸਬੀਰ ਕੌਰ, ਸੁਮਨਪ੍ਰੀਤ ਕੌਰ, ਹਰਪਾਲ ਕੌਰ, ਕੁਲਬੀਰ ਸਿੰਘ, ਬਲਵੰਤ ਸਿੰਘ, ਮੇਜਰ ਸਿੰਘ ਤੇ ਹੋਰ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਬੀਤੇ ਦਿਨੀਂ ਉਨ੍ਹਾਂ ਦੇ ਪਿੰਡ ਦਾਲਮ ਨੰਗਲ 'ਚ ਪੱਕੀ ਹੋਈ ਕਣਕ ਦੀ ਫਸਲ ਨੂੰ ਅਚਾਨਕ ਅੱਗ ਲੱਗ ਜਾਣ ਕਾਰਨ ਵੱਡਾ ਨੁਕਸਾਨ ਹੋਇਆ ਸੀ, ਜਿਸ ਵਿੱਚ ਰਣਜੀਤ ਸਿੰਘ ਦਾ ਛੋਟਾ ਹਾਥੀ ਵੀ ਅੱਗ ਦੀ ਭੇਟ ਚੜ੍ਹ ਗਿਆ ਸੀ, ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਛੋਟੇ ਹਾਥੀ ਨਾਲ ਉਨ੍ਹਾਂ ਦੇ ਪਰਿਵਾਰ ਦਾ ਗੁਜ਼ਾਰਾ ਚੱਲਦਾ ਸੀ, ਰਣਜੀਤ ਸਿੰਘ ਨੂੰ ਇਹ ਸਦਮਾ ਨਾ ਸਹਾਰਦੇ ਹੋਏ ਦਿਲ ਦਾ ਦੌਰਾ ਪੈਣ ਜਾਣ ਨਾਲ ਮੌਤ ਹੋ ਗਈ ਸੀ। ਮ੍ਰਿਤਕ ਰਣਜੀਤ ਸਿੰਘ ਪਿੱਛੇ ਛੋਟੇ-ਛੋਟੇ ਬੱਚੇ ਪਤਨੀ ਛੱਡ ਗਿਆ ਹੈ। ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਮਦਦ ਦੀ ਗੁਹਾਰ ਲਗਾਈ ਗਈ ਹੈ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜਥੇਬੰਦਕ ਢਾਂਚੇ ਦਾ ਐਲਾਨ: ਜ਼ਿਲ੍ਹਾ ਪ੍ਰਧਾਨ ਗਿੱਲ

ਕਲਾਨੌਰ, 23 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਮਨਦੀਪ ਸਿੰਘ ਗਿੱਲ ਵੱਲੋਂ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਜ਼ਿਲ੍ਹਾ ਜਥੇਬੰਦਕ ਢਾਂਚੇ ਦਾ ਐਲਾਨ ਕਰਦਿਆਂ ਉਨ੍ਹਾਂ ਵੱਲੋਂ ਸੀਨੀਅਰ ਮੀਤ ਪ੍ਰਧਾਨ, ਮੁੱਖ ਬੁਲਾਰਾ, ਜਰਨਲ ਸਕੱਤਰ, ਸਲਾਹਕਾਰ, ਜਥੇਬੰਦਕ ਸਕੱਤਰ ਸਮੇਤ ਮੀਤ ਪ੍ਰਧਾਨਾਂ ਦਾ ਐਲਾਨ ਕੀਤਾ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਗਿੱਲ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਤੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਸੁੱਚਾ ਸਿੰਘ ਛੋਟੇਪੁਰ ਸਮੇਤ ਸਮੁੱਚੀ ਭਾਰਤੀ ਵੱਲੋਂ ਉਨ੍ਹਾਂ ਨੂੰ ਜ਼ਿਲ੍ਹਾ ਪ੍ਰਧਾਨ ਦੀ ਸੇਵਾ ਸੌਂਪੀ ਸੀ, ਜਿਸ ਦੇ ਮੱਦੇਨਜ਼ਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਮਜ਼ਬੂਤ ਕਰਦਿਆਂ ਹੋਇਆਂ ਜ਼ਿਲ੍ਹਾ ਜਥੇਬੰਦਕ ਢਾਂਚੇ ਦਾ ਐਲਾਨ ਕੀਤਾ ਗਿਆ। ਇਸ ਮੌਕੇ 'ਤੇ ਚੁਣੇ ਗਏ ਅਹੁਦੇਦਾਰਾਂ ਵੱਲੋਂ ਸ੍ਰੀ ਅਕਾਲ ਤਖ਼ਤ ਮਹਾਨ ਹੈ ਦੇ ਨਾਅਰੇ ਵੀ ਲਗਾਏ ਗਏ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਗਿੱਲ ਵੱਲੋਂ ਜ਼ਿਲ੍ਹਾ ਜਥੇਬੰਦਕ ਢਾਂਚੇ ਦਾ ਐਲਾਨ ਕਰਦਿਆਂ ਹੋਇਆਂ ਅਮਰੀਕ ਸਿੰਘ ਧਰਮੀ ਫੌਜੀ ਕਲਾਨੌਰ ਨੂੰ ਮੁੱਖ ਬੁਲਾਰਾ, ਲਖਬੀਰ ਸਿੰਘ ਪਨਿਆੜ, ਪਿਆਰਾ ਸਿੰਘ ਭੰਗੂ ਸੇਵਾ ਮੁਕਤ ਸੀਸੀਡੀਓ, ਰਤਨ ਸਿੰਘ ਵਾਹਲਾ, ਡਾ. ਪਲਵਿੰਦਰ ਸਿੰਘ ਹਕੀਮਪੁਰ, ਸੇਵਾ ਮੁਕਤ ਇੰਸਪੈਕਟਰ ਗੁਰਬਚਨ ਸਿੰਘ ਕੋਟਲਾ ਮੁਗਲਾਂ, ਜਸਪਾਲ ਸਿੰਘ ਨੈਨੇਕੋਟ, ਬਲਵਿੰਦਰ ਸਿੰਘ ਰਣੀਆ ਨੂੰ ਮੁੱਖ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੁਲਵਿੰਦਰ ਅਮਰਜੀਤ ਸਿੰਘ ਇੰਦਰਾਵਾਲ, ਜਸਬੀਰ ਸਿੰਘ ਸ਼ਾਹ ਜ਼ਫ਼ਰਵਾਲ, ਚੈਨ ਸਿੰਘ ਸਪਰਾਏ ਕੋਠੀ, ਦਿਲਜੋਤ ਸਿੰਘ ਡੇਹਰੀਵਾਲ ਦਰੋਗਾ, ਸੁਰਿੰਦਰ ਸਿੰਘ ਮੁਰੀਦ ਕੇ, ਨਰਿੰਦਰ ਸਿੰਘ ਖਹਿਰਾ ਕੋਟਲੀ, ਰਣਜੀਤ ਸਿੰਘ ਅਵਾਨ, ਸੁਵਿੰਦਰ ਸਿੰਘ ਘੁੰਮਣ, ਗੁਰਦੀਪ ਸਿੰਘ ਦੀਨਾ ਨਗਰ, ਸੁਖਜਿੰਦਰ ਸਿੰਘ ਮਧਰੇ, ਨਿਸ਼ਾਨ ਸਿੰਘ ਮੰਗਲ ਸੈਨ, ਗੁਲਾਬ ਸਿੰਘ ਲੋਪਾ, ਜਤਿੰਦਰ ਸਿੰਘ ਭੁੱਲਰ ਅਠਵਾਲ, ਰੂਪ ਸਿੰਘ ਦੂਲਾ ਨੰਗਲ ਤੇ ਹਰਜੀਤ ਸਿੰਘ ਬਰੀਲਾ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ।ਡਾ. ਸੁਖਦੇਵ ਸਿੰਘ ਬਿਧੀਪੁਰ, ਰਵਿੰਦਰ ਸਿੰਘ ਗੁਰਦਾਸ ਨੰਗਲ, ਜਗੀਰ ਸਿੰਘ ਕੋਟਲਾ, ਹਰ ਪ੍ਰਤਾਪ ਸਿੰਘ ਦੀਪੇਵਾਲ, ਸੁਰਜੀਤ ਸਿੰਘ ਗੋਰਾ ਇੰਦਰਾਂਵਾਲ, ਡਾ. ਪਾਲ ਸਿੰਘ ਰੋਸਾ, ਹਰਵੰਤ ਸਿੰਘ ਔਲਖ, ਰਘਬੀਰ ਸਿੰਘ ਜੌੜਾ ਵਡਾਲਾ ਬਾਂਗਰ, ਨਿਸ਼ਾਨ ਸਿੰਘ ਮੁਸਤਫਾਪੁਰ, ਕਸ਼ਮੀਰ ਸਿੰਘ ਬੱਲ, ਮਨਜੀਤ ਸਿੰਘ ਆਲੋਵਾਲ, ਇੰਸਪੈਕਟਰ ਬਖਸ਼ੀਸ ਸਿੰਘ ਠੇਠਰਕੇ, ਨਿਸ਼ਾਨ ਸਿੰਘ ਹਵੇਲੀਆਂ, ਦਿਲਬਾਗ ਸਿੰਘ ਪੱਬਾਰਾਲੀ ਤੇ ਗੁਰਬਾਜ ਸਿੰਘ ਰੱਤਾ ਨੂੰ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ।ਡਾ. ਜਸਪਾਲ ਸਿੰਘ ਸ਼ਾਲੇ ਚੱਕ, ਕੁਲਬੀਰ ਸਿੰਘ ਕੋਟ ਮੀਆ ਸਾਹਿਬ, ਸੁਖਪਾਲ ਸਿੰਘ, ਰਘਬੀਰ ਸਿੰਘ ਬਲੀਮ, ਜਗੀਰ ਸਿੰਘ ਕਲਿਆਣਪੁਰ, ਨਰੇਸ਼ ਮਸੀਹ ਖੁਸ਼ਹਾਲਪੁਰ, ਡਾ. ਗੁਰਭੇਜ ਸਿੰਘ ਬਹਿਲੋਲਪੁਰ, ਮੇਜਰ ਸਿੰਘ ਮੰਗੀਆਂ, ਗੁਲਜ਼ਾਰ ਸਿੰਘ ਕਲਾਨੌਰ, ਬਿਕਰਮਜੀਤ ਸਿੰਘ ਸਰਾਂ, ਦਵਿੰਦਰ ਸਿੰਘ ਲੱਡਾ ਤੇ ਮਨਦੀਪ ਸਿੰਘ ਕੋਟ ਕਰਮ ਚੰਦ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਥਾਪਿਆ ਗਿਆ।

# ਰੌੜੀ, ਚੱਬੇਵਾਲ, ਰਵਜੋਤ ਨੇ ਵਿਕਾਸ ਕਾਰਜਾਂ ਤੇ ਭਲਾਈ ਸਕੀਮਾਂ ਦੀ ਸਮੀਖਿਆ ਕੀਤੀ

ਹੁਸ਼ਿਆਰਪੁਰ, 23 ਅਪ੍ਰੈਲ (ਦੀਪਕ ਅਗਨੀਹੋਤਰੀ): ਲੋਕ ਸਭਾ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਨੇ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨੀ ਕਮੇਟੀ (ਦਿਸ਼ਾ) ਦੀ ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਤੇ ਭਲਾਈ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਤੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ ਕਰਨ ਦੇ ਨਾਲ-ਨਾਲ ਨਿਰਧਾਰਿਤ ਸਮੇਂ ਵਿੱਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦਿਸ਼ਾ ਦੀ ਮੀਟਿੰਗ ਦੌਰਾਨ ਵੱਖ-ਵੱਖ ਵਿਕਾਸ ਕਾਰਜਾਂ ਤੇ ਲੋਕਪੱਖੀ ਯੋਜਨਾਵਾਂ ਸਮੇਤ 40 ਦੇ ਕਰੀਬ ਵੱਖ-ਵੱਖ ਪ੍ਰੋਗਰਾਮਾਂ ਦੀ ਸਥਿਤੀ ਤੇ ਮੁਕੰਮਲ ਕਰਨ



ਸਬੰਧੀ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ। ਲੋਕ ਸਭਾ ਮੈਂਬਰ ਨੇ ਕੇਂਦਰ ਤੇ ਰਾਜ ਸਰਕਾਰ ਦੀਆਂ ਸਕੀਮਾਂ ਬਾਰੇ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਇਨ੍ਹਾਂ ਨੂੰ ਲਾਗੂ ਕਰਨ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਨਤਕ ਹਿੱਤਾਂ ਨੂੰ ਮੱਦੇਨਜ਼ਰ ਰੱਖਦਿਆਂ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਤੱਕ ਪੁੱਜਦਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਬਣਦਾ ਲਾਭ ਮਿਲ ਸਕੇ। ਸੰਸਦ ਮੈਂਬਰ ਡਾ. ਚੱਬੇਵਾਲ ਨੇ ਆਗਾਮੀ ਬਰਸਾਤੀ ਮੌਸਮ ਦੇ ਮੱਦੇਨਜ਼ਰ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਸਮੇਂ ਸਿਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਕੰਢੀ ਖੇਤਰ ਨੂੰ ਅਕਸਰ ਹੜ੍ਹਾਂ ਦੀ ਮਾਰ ਝੱਲਣੀ ਪੈਂਦੀ ਹੈ ਤੇ ਇਸ ਵਾਰ ਪਹਿਲਾਂ ਤੋਂ ਹੀ ਢੁੱਕਵੇਂ ਇੰਤਜ਼ਾਮ ਅਮਲ ਵਿੱਚ ਲਿਆਂਦੇ ਜਾਣ ਤਾਂ ਜੋ ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਿਆ ਜਾ ਸਕੇ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਹੁਸ਼ਿਆਰਪੁਰ ਵਿਖੇ ਬਣਨ ਵਾਲੇ ਮੈਡੀਕਲ ਕਾਲਜ ਦੇ ਪ੍ਰੋਜੈਕਟ ਦੀ ਸਥਿਤੀ ਬਾਰੇ ਪੁੱਛੇ ਜਾਣ 'ਤੇ ਸਬੰਧਤ ਅਧਿਕਾਰੀਆਂ ਨੇ ਦੱਸਿਆ ਕਿ ਮੈਡੀਕਲ ਕਾਲਜ ਤੇ ਹਸਪਤਾਲ ਦਾ ਨਿਰਮਾਣ ਕਾਰਜ ਜਲਦ ਹੀ ਸ਼ੁਰੂ ਹੋਣ ਜਾ ਰਿਹਾ ਹੈ ਜੋ ਆਉਂਦੇ ਦੋ ਸਾਲਾਂ ਵਿੱਚ ਮੁਕੰਮਲ ਹੋਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਬਿੰਦਰ ਸਿੰਘ ਪਾਬਲਾ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਨਿਧੀ ਕੁਮੁਦ ਬੰਬਾਹ ਮੌਜੂਦ ਸਨ।

# ਚੋਰ ਗਿਰੋਹ ਦੇ 2 ਮੈਂਬਰ ਚੋਰੀ ਦੇ ਮੋਟਰਸਾਈਕਲਾਂ ਸਮੇਤ ਕਾਬੂ



ਟਾਂਡਾ ਉੜਮੁੜ, 23 ਅਪ੍ਰੈਲ (ਅਰਜੁਨ ਜੈਨ): ਥਾਣਾ ਟਾਂਡਾ ਪੁਲਿਸ ਨੇ ਇੱਕ ਚੋਰ ਗਿਰੋਹ ਦੇ 2 ਵਿਅਕਤੀਆਂ ਨੂੰ ਚੋਰੀ ਦੇ 6 ਮੋਟਰਸਾਈਕਲਾਂ ਸਮੇਤ ਕਾਬੂ ਕਰਕੇ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਨਵਦੀਪ ਸਿੰਘ ਉਰਫ ਨਵੀਂ ਪੁੱਤਰ ਜਗਤਾਰ ਸਿੰਘ ਵਾਸੀ ਪੰਡੋਰੀ ਅਰਾਈਆ ਥਾਣਾ ਦਸੂਹਾ ਤੇ ਅਮਰਜੀਤ ਸਿੰਘ ਉਰਫ ਜੰਸੀ ਪੁੱਤਰ ਸੁਰਜੀਤ ਸਿੰਘ ਵਾਸੀ ਜੈਤਪੁਰ ਥਾਣਾ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਜੋਂ ਹੋਈ ਹੈ।ਇਸ ਸਬੰਧੀ ਇੱਕ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦੇ ਹੋਏ ਡੀਐਸਪੀ ਟਾਂਡਾ ਸੁਖਪਾਲ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੁਖੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ 'ਤੇ ਕਾਬੂ ਪਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਐਸਐਚਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਦੀ ਅਗਵਾਈ ਵਿੱਚ ਹੈਡ ਕਾਂਸਟੇਬਲ ਤਲਵਿੰਦਰ ਸਿੰਘ ਨੂੰ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ, ਜਦੋਂ ਪੁਲਿਸ ਪਾਰਟੀ ਗਸ਼ਤ ਵਾ ਚੈਕਿੰਗ ਸਿਨੇਮਾ ਚੌਕ ਟਾਂਡਾ ਉੜਮੁੜ ਖਾਸ ਮੁਖਬਰ ਦੀ ਇਤਲਾਹ 'ਤੇ ਨਵਦੀਪ ਸਿੰਘ ਉਰਫ ਨਵੀਂ ਨੂੰ ਚੈਕਿੰਗ ਦੌਰਾਨ ਚੋਰੀ ਦੇ ਮੋਟਰਸਾਈਕਲ ਬਿਨਾਂ ਨੰਬਰੀ ਮਾਰਕਾ ਹੀਰੋ ਸਪਲੈਂਡਰ ਰੰਗ ਕਾਲਾ ਸਮੇਤ ਕਾਬੂ ਕਰਕੇ ਥਾਣਾ ਟਾਂਡਾ ਲਿਆਂਦਾ ਤੇ ਮੁਕੱਦਮਾ ਦਰਜ ਕਰਕੇ ਤਫਤੀਸ਼ ਦੌਰਾਨ ਕੀਤੀ ਪੁੱਛਗਿੱਛ ਦੀ ਬਿਨਾਅ 'ਤੇ ਵੱਖ-ਵੱਖ ਜਗ੍ਹਾ 5 ਹੋਰ ਚੋਰੀ ਦੇ ਮੋਟਰਸਾਈਕਲ ਬ੍ਰਾਮਦ ਕਰਕੇ ਉਸਦੇ ਸਾਥੀ ਅਮਰਜੀਤ ਸਿੰਘ ਉਰਫ ਜੰਸੀ ਨੂੰ ਦਰਜ ਮੁਕੱਦਮਾ ਵਿੱਚ ਨਾਮਜ਼ਦ ਕਰ ਲਿਆ। ਡੀਐਸਪੀ ਨੇ ਦੱਸਿਆ ਕਿ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਵੀ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਲੈਕਆਊਟ ਤੇ ਮੌਕ ਡਰਿੱਲ ਅਭਿਆਸ ਅੱਜ ਰਾਤ: ਡੀ.ਸੀ.

ਹੁਸ਼ਿਆਰਪੁਰ, 23 ਅਪ੍ਰੈਲ (ਦੀਪਕ ਅਗਨੀਹੋਤਰੀ): ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁੱਕਰਵਾਰ ਸ਼ਾਮ ਨੂੰ ਅਭਿਆਸ ਦੇ ਤੌਰ 'ਤੇ ਸਥਾਨਕ ਡੀ.ਏ.ਵੀ. ਕਾਲਜ ਵਿਖੇ ਮੌਕ ਡਰਿੱਲ ਕੀਤੀ ਜਾਵੇਗੀ ਜਿਸਦਾ ਮਕਸਦ ਲੋਕਾਂ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਪੂਰੀ ਚੌਕਸੀ ਨਾਲ ਬਚਾਅ ਕਰਨਾ ਤੇ ਸੁਰੱਖਿਅਤ ਰਹਿਣ ਦਾ ਢੰਗ ਦੱਸਣਾ ਹੈ। ਇਸ ਦੇ ਨਾਲ ਹੀ ਸ਼ੁੱਕਰਵਾਰ ਰਾਤ 8:00 ਵਜੇ ਤੋਂ 8:20 ਵਜੇ ਤੱਕ ਸ਼ਹਿਰ ਵਿੱਚ ਬਲੈਕਆਊਟ ਤੇ ਮੌਕ ਡਰਿੱਲ ਅਭਿਆਸ ਕਰਵਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸ਼ਹਿਰ ਵਾਸੀਆਂ ਨੂੰ ਬਲੈਕਆਊਟ ਦੇ ਮੱਦੇਨਜ਼ਰ ਕਿਸੇ ਪੱਖੋਂ ਘਬਰਾਉਣ ਜਾਂ ਡਰਨ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਇਹ ਸਿਰਫ਼ ਸਿਵਲ ਡਿਫੈਂਸ ਦੀ ਮਜ਼ਬੂਤੀ ਲਈ ਅਭਿਆਸੀ ਪ੍ਰਕਿਰਿਆ ਹੈ। ਉਨ੍ਹਾਂ ਦੱਸਿਆ ਕਿ ਮੌਕ ਡਰਿੱਲ ਰਾਹੀਂ ਕਿਸੇ ਵੀ ਹੰਗਾਮੀ ਹਾਲਤ ਵਿੱਚ ਲੋਕਾਂ ਦੇ ਬਚਾਅ ਤੇ ਸੁਰੱਖਿਆ ਲਈ ਚੁੱਕੇ ਜਾਣ ਵਾਲੇ ਕਦਮਾਂ ਦੀ ਰਿਹਰਸਲ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬਲੈਕਆਊਟ ਤੋਂ ਦੋ ਮਿੰਟ ਪਹਿਲਾਂ ਸਾਇਰਨ ਵਜਾਇਆ ਜਾਵੇਗਾ, ਜਿਸ ਉਪਰੰਤ ਬਲੈਕਆਊਟ ਪ੍ਰਕਿਰਿਆ ਸ਼ੁਰੂ ਹੋਵੇਗੀ ਤੇ ਕਿਸੇ ਵੀ ਤਰ੍ਹਾਂ ਦੀ ਰੌਸ਼ਨੀ ਨਹੀਂ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਹਸਪਤਾਲਾਂ ਤੇ ਉਦਯੋਗਿਕ ਅਦਾਰਿਆਂ 'ਚ ਬਲੈਕਆਊਟ ਨਹੀਂ ਹੋਵੇਗਾ, ਜਦਕਿ ਬਾਜ਼ਾਰ, ਦੁਕਾਨਾਂ ਤੇ ਘਰਾਂ ਵਿਚ ਲਾਈਟਾਂ ਬਿਲਕੁਲ ਬੰਦ ਰਹਿਣਗੀਆਂ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬਲੈਕਆਊਟ ਪ੍ਰਕਿਰਿਆ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਮੁਕੰਮਲ ਤੌਰ 'ਤੇ ਲਾਈਟਾਂ ਬੰਦ ਰੱਖਣ ਵਿਚ ਸਹਿਯੋਗ ਕੀਤਾ ਜਾਵੇ।ਬਲੈਕ ਆਊਟ ਤੇ ਮੌਕ ਡਰਿੱਲ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਤੋਂ ਸੁਚੇਤ ਰਹਿਣ ਦਾ ਸੁਨੇਹਾ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਸਿਰਫ਼ ਇੱਕ ਅਭਿਆਸ ਦੀ ਪ੍ਰਕਿਰਿਆ ਹੈ ਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਵਿੱਚ ਨਹੀਂ ਆਉਣਾ ਚਾਹੀਦਾ। ਜੇਕਰ ਬਲੈਕ ਆਊਟ ਤੇ ਮੌਕ ਡਰਿੱਲ ਨੂੰ ਲੈ ਕੇ ਕੋਈ ਅਫ਼ਵਾਹ ਫੈਲਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

# ਖ਼ਾਲਸਾ ਕਾਲਜ ਦੇ ਇਤਿਹਾਸ ਵਿਭਾਗ ਵੱਲੋਂ ਭਾਰਤੀ ਗਿਆਨ ਪ੍ਰਣਾਲੀ ਤਹਿਤ ਵਿਸ਼ੇਸ਼ ਲੈਕਚਰ



ਗੜ੍ਹਦੀਵਾਲਾ, 23 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਇਤਿਹਾਸ ਵਿਭਾਗ ਵੱਲੋਂ ਭਾਰਤੀ ਗਿਆਨ ਪ੍ਰਣਾਲੀ ਤਹਿਤ ਪੰਜਾਬੀ ਸਭਿਆਚਾਰ, ਗੀਤਾਂ ਤੇ ਸਾਹਿਤ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਲੈਕਚਰ ਵਿੱਚ ਇਤਿਹਾਸ ਵਿਭਾਗ ਦੇ ਮੈਡਮ ਡਾ. ਮਨਜੀਤ ਕੌਰ ਬਾਜਵਾ ਨੇ ਵਿਦਿਆਰਥੀਆਂ ਨੂੰ ਪੰਜਾਬੀ ਸਭਿਆਚਾਰ, ਗੀਤਾਂ ਤੇ ਸਾਹਿਤ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਇਸ ਸੈਮੀਨਾਰ ਦਾ ਉਦੇਸ਼ ਪੰਜਾਬੀ ਸਭਿਆਚਾਰ ਤੇ ਗੀਤਾਂ ਨੂੰ ਉਤਸ਼ਾਹਿਤ ਕਰਨਾ ਤੇ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ ਤੇ ਇਤਿਹਾਸ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਅੰਤ ਵਿੱਚ ਡਾ. ਮਨਜੀਤ ਕੌਰ ਬਾਜਵਾ ਨੇ ਵਿਦਿਆਰਥੀਆਂ ਲਈ ਅਜਿਹੇ ਲੈਕਚਰਾਂ ਦੀ ਸੀਰੀਜ਼ ਸ਼ੁਰੂ ਕਰਨ ਲਈ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦਾ ਧੰਨਵਾਦ ਕੀਤਾ।

# ਕਣਕ ਖ਼ਰੀਦ ਦੀਆਂ ਸ਼ਰਤਾਂ ਨਰਮ ਕਰਕੇ ਕੇਂਦਰ ਨੇ ਕਿਸਾਨਾਂ ਨੂੰ ਦਿੱਤੀ ਰਾਹਤ: ਪੰਮੀ ਪੰਡੋਰੀ

ਗੜ੍ਹਸ਼ੰਕਰ, 23 ਅਪ੍ਰੈਲ (ਅਜਮੇਰ ਸਿੰਘ ਭਨੋਟ): ਭਾਜਪਾ ਦੀ ਕੇਂਦਰ ਸਰਕਾਰ ਕਿਸਾਨ ਪੱਖੀ ਹੈ। ਇਸ ਗੱਲ ਦਾ ਇਹ ਪ੍ਰਤੱਖ ਸਬੂਤ ਹੈ ਕਿ ਬੇਮੌਸਮੇ ਮੀਂਹ ਨਾਲ ਨੁਕਸਾਨੀ ਗਈ ਕਣਕ ਦੀ ਫ਼ਸਲ ਦੀ ਖ਼ਰੀਦ 'ਚ ਕਈ ਪੱਖਾਂ ਤੋਂ ਭਾਰੀ ਛੋਟ ਦਿੱਤੀ ਗਈ ਹੈ। ਇਹ ਵਿਚਾਰ ਭਾਜਪਾ ਦੇ ਜ਼ਿਲ੍ਹਾ ਹੁਸ਼ਿਆਰਪੁਰ ਮੀਤ ਪ੍ਰਧਾਨ ਪੰਮੀ ਪੰਡੋਰੀ ਨੇ ਕਹੇ। ਉਨ੍ਹਾਂ ਕਿਹਾ ਕਿ ਇਸ ਵਾਰ ਬੇਮੌਸਮੇ ਮੀਂਹ ਨਾਲ ਕਈ ਜਗ੍ਹਾ 'ਤੇ ਕਣਕ ਦੀ ਫ਼ਸਲ ਦਾ ਭਾਰੀ ਨੁਕਸਾਨ ਹੋਇਆ ਹੈ ਤੇ ਕਈ ਥਾਵਾਂ 'ਤੇ ਦਾਣਾ ਵੀ ਬੇਰੰਗਾ ਹੋ ਗਿਆ ਸੀ, ਜਿਸਦੇ ਚੱਲਦਿਆਂ ਸਰਕਾਰੀ ਖ਼ਰੀਦ ਪ੍ਰਭਾਵਿਤ ਹੋ ਰਹੀ ਸੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮੰਗ ਨੂੰ ਦੇਖਦਿਆਂ ਕੇਂਦਰ ਸਰਕਾਰ ਵੱਲੋਂ ਲਏ ਗਏ ਫ਼ੈਸਲੇ ਅਨੁਸਾਰ 70 ਫ਼ੀਸਦੀ ਤੱਕ ਕਿਸਾਨਾਂ ਦੀ ਫ਼ਸਲ ਦਾ ਬੇਰੰਗਾ ਦਾਣਾ ਤੇ 15 ਫ਼ੀਸਦੀ ਤੱਕ ਟੁੱਟਿਆ ਹੋਇਆ ਦਾਣਾ ਵੀ ਐਮ.ਐਸ.ਪੀ. 'ਤੇ ਖ਼ਰੀਦਿਆ ਜਾਵੇਗਾ। ਪੰਮੀ ਪੰਡੋਰੀ ਨੇ ਕਿਹਾ ਕਿ ਇਸ ਨਾਲ ਕਿਸਾਨਾਂ ਨੂੰ ਭਾਰੀ ਰਾਹਤ ਮਿਲੇਗੀ ਤੇ ਕਣਕ ਦੀ ਫ਼ਸਲ ਵੇਚਣ 'ਚ ਦਿੱਕਤ ਪੇਸ਼ ਨਹੀਂ ਆਵੇਗੀ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਕਿਸਾਨ ਹਿਤੈਸ਼ੀ ਦੱਸਣ ਵਾਲੀ ਸੂਬਾ ਸਰਕਾਰ ਕਣਕ ਦੇ ਮੰਡੀਕਰਨ 'ਚ ਪੂਰੀ ਤਰ੍ਹਾਂ ਫ਼ੇਲ੍ਹ ਸਾਬਤ ਹੋ ਰਹੀ ਹੈ ਤੇ ਜਗ੍ਹਾ-ਜਗ੍ਹਾ ਕਿਸਾਨ ਅੰਦੋਲਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੈਂਟਰ ਦੀ ਭਾਜਪਾ ਸਰਕਾਰ ਕਿਸਾਨਾਂ ਦੇ ਹੱਕਾਂ ਲਈ ਹਮੇਸ਼ਾ ਯਤਨਸ਼ੀਲ ਹੈ।



# ਦਸਮੇਸ਼ ਸੀਨੀ. ਸੈਕੰ. ਸਕੂਲ ਨੇ ਵਿਸ਼ਵ ਕਿਤਾਬ ਦਿਵਸ ਮਨਾਇਆ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 23 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਅੱਜ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਘੁਮਾਣ ਵਿਖੇ ਵਿਸ਼ਵ ਕਿਤਾਬ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਕਿਤਾਬਾਂ ਦੀ ਮਹੱਤਤਾ ਨਾਲ ਸਬੰਧਤ ਲੈਕਚਰ ਤੇ ਕਵਿਤਾ ਪੇਸ਼ ਕੀਤੀਆਂ ਗਈਆਂ ਸਨ। ਫਲਾਵਰ ਹਾਊਸ ਦੇ ਇੰਚਾਰਜ ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਅਹਿਮੀਅਤ ਬਾਰੇ ਦੱਸਦੇ ਹੋਏ ਕਿਹਾ ਕਿ ਕਿਤਾਬਾਂ ਮਨੁੱਖ ਦੀ ਸਭ ਤੋਂ ਚੰਗੀ ਦੋਸਤ ਹੈ, ਉਹ ਕਿਸੇ ਵੀ ਹਾਲ-ਹਾਲਾਤ ਵਿੱਚ ਵਿਅਕਤੀ ਦਾ ਸਾਥ ਨਹੀਂ ਛੱਡਦੀ। ਲੇਖਕ ਤੇ ਕਵੀ ਆਪਣੀਆਂ ਲਿਖਤਾਂ ਰਾਹੀਂ ਦੁਨੀਆਂ 'ਤੇ ਸਦਾ ਅਮਰ ਰਹਿੰਦੇ ਹਨ। ਫਿਰ ਸਕੂਲ ਦੇ ਮੈਨੇਜਮੈਂਟ ਡਾਇਰੈਕਟਰ ਗੁਰਨਾਮ ਸਿੰਘ ਮੰਡ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ 1995 ਤੋਂ ਯੂਨੈਸਕੋ ਵੱਲੋਂ ਕਿਤਾਬ ਦਿਵਸ ਸ਼ੁਰੂ ਕੀਤਾ ਗਿਆ ਹੈ। ਜੇਕਰ ਅੱਜ ਦੇ ਬੱਚੇ ਫੋਨ ਦੀ ਥਾਂ ਕਿਤਾਬਾਂ ਨੂੰ ਆਪਣਾ ਦੋਸਤ ਬਣਾਉਣ ਤਾਂ ਉਨ੍ਹਾਂ ਦਾ ਸਰਵਪੱਖੀ ਵਿਕਾਸ ਹੋ ਸਕਦਾ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਪ੍ਰਿੰਸੀਪਲ ਹਰਜਿੰਦਰ ਕੌਰ ਨੇ ਵਧੀਆ ਨੂੰ ਗੁਰਮਤਿ ਪ੍ਰਕਾਸ਼ ਪੰਖੜੀਆਂ ਤੇ ਬਾਲ ਬੋਧ ਪੁਸਤਕਾਂ ਵੰਡੀਆਂ।

# ਗੜ੍ਹੇਮਾਰੀ ਨਾਲ ਝੜੀ ਤੇ ਅੱਗ ਨਾਲ ਸੜੀ ਕਣਕ ਦਾ ਤੁਰੰਤ ਮੁਆਵਜ਼ਾ ਜਾਰੀ ਕਰੇ ਸਰਕਾਰ: ਲਾਡੀ ਘੁਮਾਣ

ਬਟਾਲਾ, 23 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸਰਕਾਰਾਂ ਦੀਆਂ ਕਿਸਾਨ ਵਿਰੋਧੀ ਨੀਤੀਆਂ ਤੇ ਬਦਲਦੇ ਮੌਸਮਾਂ ਦੀ ਮਾਰ ਹਰ ਵਾਰ ਕਿਸਾਨਾਂ ਦੇ ਲੱਖਾਂ ਸੁਪਨਿਆਂ ਨੂੰ ਖਤਮ ਕਰਦੀ ਹੈ ਤੇ ਪਹਿਲਾਂ ਤੋਂ ਆਰਥਿਕ ਤੰਗੀਆਂ ਦਾ ਸਾਹਮਣਾ ਕਰ ਰਹੇ ਕਿਸਾਨਾਂ ਦੀ ਹਾਲਤ ਹੋਰ ਵੀ ਬਦਤਰ ਹੋ ਜਾਂਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਰਾਜਗੁਰਵਿੰਦਰ ਸਿੰਘ ਘੁਮਾਣ ਨੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੇ ਨਾਕਾਫੀ ਪ੍ਰਬੰਧਾਂ ਦੇ ਚੱਲਦਿਆਂ ਹਰ ਵਾਰ ਕਣਕ ਦੀ ਪੱਕੀ ਫਸਲ ਅੱਗ ਦੀ ਭੇਟ ਚੜ੍ਹਦੀ ਹੈ। ਉਨ੍ਹਾਂ ਕਿਹਾ ਕਿ ਫਸਲ ਨਾ ਸਿਰਫ਼ ਅੱਗ ਨਾਲ ਮੱਚਦੀ ਹੈ, ਸਗੋਂ ਕਾਰਪੋਰੇਟ ਮੁਨਾਫ਼ੇ ਲਈ ਗੰਧਲੇ ਹੋ ਰਹੇ ਧਰਤੀ ਦੇ ਵਾਤਾਵਰਨ ਕਰਕੇ ਵੀ ਹਰ ਸਾਲ ਕਿਸਾਨਾਂ ਦੀ ਪੱਕੀ ਫ਼ਸਲ ਗੜ੍ਹੇਮਾਰੀ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਲੰਬੇ ਸਮੇਂ ਤੋਂ ਮੰਗ ਕਰ ਰਹੀਆਂ ਹਨ ਕਿ ਕਿਸਾਨਾਂ ਦੀ ਫਸਲ ਦਾ ਪੂਰਾ ਬੀਮਾ ਕਿਸਾਨਾਂ ਨੂੰ ਮਿਲਣਾ ਚਾਹੀਦਾ ਹੈ। ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਗੜ੍ਹੇਮਾਰੀ ਨਾਲ ਝੜੀ ਤੇ ਅੱਗ ਨਾਲ ਸੜੀ ਕਣਕ ਦਾ ਪੂਰਾ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ। ਇਸਦੇ ਨਾਲ ਉਨ੍ਹਾਂ ਕਿਹਾ ਕਿ ਪਹਿਲਾਂ ਕਣਕ ਦੀ ਖਰੀਦ ਬਹੁਤ ਮੁਸ਼ਕਿਲ ਨਾਲ ਸ਼ੁਰੂ ਹੋਈ ਹੈ ਤੇ ਹੁਣ ਮੰਡੀਆਂ ਵਿੱਚ ਲਿਫਟਿੰਗ ਬਿਲਕੁਲ ਨਹੀਂ ਹੋ ਰਹੀ। ਕਿਸਾਨ ਆਗੂ ਨੇ ਮੰਗ ਕੀਤੀ ਕਿ ਤੁਰੰਤ ਲਿਫਟਿੰਗ ਕਰਵਾਈ ਜਾਵੇ ਤੇ ਕਿਸਾਨਾਂ ਦੀ ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਪਾਈ ਜਾਵੇ ਤਾਂ ਜੋ ਆਰਥਿਕ ਤੰਗੀ ਦੇ ਚੱਲਦਿਆਂ ਕਿਸਾਨ ਨੂੰ ਆਪਣਾ ਪਰਿਵਾਰ ਪਾਲਣ ਤੇ ਅਗਲੀ ਫਸਲ ਦੀ ਬਿਜਾਈ ਲਈ ਸੜਕਾਂ 'ਤੇ ਰੁਲਣਾ ਨਾ ਪਵੇ।



# ਸਬੰਧਤ ਵਿਭਾਗ ਦੀ ਮਿਲੀ-ਭੁਗਤ ਨਾਲ ਗਲੀਆਂ-ਮੁਹੱਲਿਆਂ 'ਚ ਚੱਲ ਰਹੀਆਂ ਸ਼ਰਾਬ ਦੀਆਂ ਨਾਜਾਇਜ਼ ਬ੍ਰਾਂਚਾਂ: ਪ੍ਰਧਾਨ ਬੱਬਾ ਗਿੱਲ

## ☛ਕ੍ਰਿਸ਼ਚਿਨ ਨੈਸ਼ਨਲ ਫਰੰਟ 27 ਨੂੰ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ ਪੱਤਰ ਸੌਂਪੇਗਾ

ਧਾਰੀਵਾਲ, 23 ਅਪ੍ਰੈਲ (ਅਸ਼ੋਕ ਕੁਮਾਰ): ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਸਬੰਧੀ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਦਕਿ ਐਕਸਾਈਜ਼ ਵਿਭਾਗ ਦੇ ਕੁਝ ਅਧਿਕਾਰੀਆਂ ਦੀ ਮਿਲੀ ਭੁਗਤ ਨਾਲ ਧਾਰੀਵਾਲ ਇਲਾਕੇ ਅੰਦਰ ਮੁਹੱਲਿਆਂ ਵਿੱਚ ਨਾਜਾਇਜ਼ ਸ਼ਰਾਬ ਦੀਆਂ ਬ੍ਰਾਂਚਾਂ ਵੀ ਬਿਨਾਂ ਖੌਫ ਸ਼ਰੇਆਮ ਚੱਲ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕ੍ਰਿਸ਼ਚਿਨ ਨੈਸ਼ਨਲ ਫਰੰਟ ਦੇ ਸੂਬਾ ਯੂਥ ਪ੍ਰਧਾਨ ਬੱਬਾ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਬੱਸ ਸਟੈਂਡ ਧਾਰੀਵਾਲ ਵਿੱਚ ਜੋ ਸ਼ਰਾਬ ਦੇ ਠੇਕੇ ਦੀ ਦੁਕਾਨ ਹੈ, ਉਥੋਂ ਰੋਜ਼ਾਨਾ ਹੀ ਸਾਡੀ ਧੀਆਂ-ਭੈਣਾਂ ਬੱਸ ਵਿੱਚ ਸਫਰ ਕਰਨ ਲਈ ਖੜ੍ਹੇ ਹੋ ਕੇ ਬੱਸ ਦਾ ਇੰਤਜ਼ਾਰ ਕਰਦੀਆਂ ਹਨ, ਜਦਕਿ ਸ਼ਰਾਬ ਦੇ ਠੇਕੇ ਦੇ ਕਰਿੰਦੇ ਸ਼ਰਾਬੀਆਂ ਨੂੰ ਖੁੱਲ੍ਹੀ ਬੋਤਲ ਵਿੱਚੋਂ ਸ਼ਰਾਬ ਪਰੋਸਦੇ ਹਨ, ਜਿਸ ਕਰਕੇ ਰੋਜ਼ਾਨਾ ਦੀਆਂ ਸਵਾਰੀਆਂ ਨਿੱਤ ਇਨ੍ਹਾਂ ਤੋਂ ਪ੍ਰੇਸ਼ਾਨ ਹੁੰਦੀਆਂ ਹਨ। ਪ੍ਰਧਾਨ ਬੱਬਾ ਗਿੱਲ ਨੇ ਕਿਹਾ ਕਿ ਸਾਹਮਣੇ ਸ਼ਹੀਦ ਭਗਤ ਸਿੰਘ ਜੀ ਦਾ ਬੁੱਤ ਸਥਾਪਤ ਹੈ, ਉਸ ਤੋਂ ਕੁਝ ਕੁ ਮੀਟਰ ਦੂਰ ਸਾਹਮਣੇ ਸ਼ਰਾਬ ਦੀ ਦੁਕਾਨ ਖੋਲ੍ਹ ਕੇ ਸ਼ਹੀਦਾਂ ਦਾ ਅਪਮਾਨ ਹੋ ਰਿਹਾ ਹੈ। ਪ੍ਰਧਾਨ ਬੱਬਾ ਗਿੱਲ ਨੇ ਕਿਹਾ ਕਿ ਜੋ ਸ਼ਰਾਬ ਦੇ ਮਨਜ਼ੂਰਸ਼ੁਦਾ ਠੇਕੇ ਹਨ, ਉਥੋਂ ਕੋਈ ਵੀ ਰੇਟ ਲਿਸਟ ਨਹੀਂ ਚਪਕਾਈ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਧਾਰੀਵਾਲ ਇਲਾਕੇ ਦੇ ਗਲੀਆਂ ਮੁਹੱਲਿਆਂ ਵਿੱਚ ਅੰਦਰ ਚੱਲ ਰਹੀਆਂ ਸ਼ਰਾਬ ਦੀਆਂ ਨਾਜਾਇਜ਼ ਬ੍ਰਾਂਚਾਂ, ਨਾਜਾਇਜ਼ ਹਾਤੇ ਜਲਦ ਬੰਦ ਕਰਵਾਏ ਜਾਣ। ਉਨ੍ਹਾਂ ਨੇ ਅੱਗੇ ਦੱਸਿਆ ਕਿ ਇਸ ਸਬੰਧੀ ਕ੍ਰਿਸ਼ਚਿਨ ਨੈਸ਼ਨਲ ਫਰੰਟ ਦਾ ਇੱਕ ਵਫਦ ਜਲਦ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੇ ਐਸ.ਐਸ.ਪੀ. ਗੁਰਦਾਸਪੁਰ ਨੂੰ 27 ਅਪ੍ਰੈਲ ਨੂੰ ਮੰਗ ਪੱਤਰ ਸੌਂਪੇਗਾ।



# ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਲਈ ਰੋਜ਼ਾਨਾ ਤਿਆਰ ਹੁੰਦੈ 2 ਕੁਇੰਟਲ ਪਤਾਸਿਆਂ ਦਾ ਪ੍ਰਸ਼ਾਦਿ

ਅੰਮ੍ਰਿਤਸਰ, 23 ਅਪ੍ਰੈਲ (ਗੁਰਦਿਆਲ ਸਿੰਘ): ਸ੍ਰੀ ਹਰਿਮੰਦਰ ਸਾਹਿਬ ਵਿਖੇ ਜਿਥੇ ਕੜਾਹ ਪ੍ਰਸ਼ਾਦਿ ਸੰਗਤ ਭੇਟ ਕਰਵਾਉਂਦੀਆਂ ਹਨ, ਉਥੇ ਹੀ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਪਤਾਸਿਆਂ ਦਾ ਪ੍ਰਸ਼ਾਦਿ ਵੀ ਭੇਟਾ ਰਹਿਤ ਦਿੱਤਾ ਜਾਂਦਾ ਹੈ, ਜੋ ਆਪਣੇ ਪਰਿਵਾਰਕ ਮੈਂਬਰਾਂ ਲਈ ਨਾਲ ਲੈ ਕੇ ਜਾਂਦੀਆਂ ਹਨ। ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਪਤਾਸਿਆਂ ਦਾ ਪ੍ਰਸ਼ਾਦਿ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਸੰਗਤ ਨੂੰ ਅਰਦਾਸ ਕਰਵਾਉਣ ਸਮੇਂ ਅਰਦਾਸੀਏ ਸਿੰਘ, ਚੋਰਬਰਦਾਰ ਜਾਂ ਸੇਵਾਦਾਰ ਦਿੰਦੇ ਹਨ। ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਵਾਲੀਆਂ ਸੰਗਤਾਂ ਸ਼ਰਧਾ ਨਾਲ ਅਰਦਾਸ ਕਰਵਾਉਂਦੀਆਂ ਹਨ। ਅਰਦਾਸ ਕਰਵਾਉਣ ਸਮੇਂ ਸੰਗਤ



ਵੱਲੋਂ ਕਈ ਪ੍ਰਕਾਰ ਦੀ ਭੇਟਾ ਵੀ ਗੁਰੂ ਸਾਹਿਬ ਨੂੰ ਅਰਪਿਤ ਕੀਤੀਆਂ ਜਾਂਦੀ ਹੈ ਪਰ ਅਰਦਾਸ ਕਰਵਾਉਣ ਸਮੇਂ ਅਰਦਾਸੀਏ ਸਿੰਘ, ਚੋਰਬਰਦਾਰ ਸਿੰਘ ਜਾਂ ਸੇਵਾਦਾਰ ਬਖਸ਼ਿਸ਼ ਰੂਪੀ ਪਤਾਸਿਆਂ ਦਾ ਪ੍ਰਸ਼ਾਦਿ ਸੰਗਤਾਂ ਨੂੰ ਦਿੰਦੇ ਹਨ। ਉਨ੍ਹਾਂ ਦੱਸਿਆ ਕਿ ਜਿਵੇਂ ਕੜਾਹ ਪ੍ਰਸ਼ਾਦਿ ਪ੍ਰਬੰਧਕਾਂ ਵੱਲੋਂ ਮਰਿਆਦਾ ਨਾਲ ਤਿਆਰ ਹੁੰਦਾ ਹੈ, ਉਸੇ ਤਰ੍ਹਾਂ ਪਤਾਸਿਆਂ ਦਾ ਪ੍ਰਸ਼ਾਦਿ ਵੀ ਵਿਸ਼ੇਸ਼ ਪ੍ਰਬੰਧ ਤੇ ਮਰਿਆਦਾ ਤੇ ਸਾਫ-ਸਫਾਈ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾਂਦਾ ਹੈ। ਪਤਾਸੇ ਤਿਆਰ ਕਰਨ ਲਈ ਵਿਸ਼ੇਸ਼ ਕਾਰੀਗਰ ਲਗਾਏ ਗਏ ਹਨ। ਕਾਰੀਗਰ ਇੱਕ ਦਿਨ ਵਿੱਚ 2 ਕੁਇੰਟਲ ਦੇ ਕਰੀਬ ਪਤਾਸੇ ਤਿਆਰ ਕਰਦੇ ਹਨ, ਜੋ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਨੂੰ ਨਤਮਸਤਕ ਹੋਣ ਸਮੇਂ ਅਰਦਾਸ ਕਰਵਾਉਣ ਮੌਕੇ ਬਖਸ਼ਿਸ਼ ਰੂਪ ਵਿੱਚ ਦਿੱਤਾ ਜਾਂਦਾ ਹੈ। ਇਹ ਪ੍ਰਸ਼ਾਦਿ ਲੰਬੇ ਸਮੇਂ ਤੱਕ ਰੱਖ ਕੇ ਸੇਵਨ ਕੀਤਾ ਜਾ ਸਕਦਾ ਹੈ ਤਾਂ ਜੋ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਪਰਿਵਾਰਕ ਮੈਂਬਰਾਂ ਲਈ ਵੀ ਇਹ ਪ੍ਰਸ਼ਾਦਿ ਲੈ ਕੇ ਜਾ ਸਕੇ। ਇਸ ਤੋਂ ਇਲਾਵਾ ਪਿੰਨੀ ਪ੍ਰਸ਼ਾਦਿ ਵੀ ਸੰਗਤ ਲਈ ਉਪਲਬਧ ਹੈ।

# ਦਿੱਲੀ ’ਚ ਆਈਆਰਐਸ ਅਧਿਕਾਰੀ ਦੀ ਧੀ ਦੀ ਜਬਰ-ਜਨਾਹ ਪਿੱਛੋਂ ਹੱਤਿਆ

## ☛ਡਾਟਾ ਕੇਬਲ ਨਾਲ ਗਲਾ ਘੁੱਟ ਕੇ ਵਾਰਦਾਤ ਨੂੰ ਦਿੱਤਾ ਅੰਜਾਮ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ): ਅਮਰ ਕਲੋਨੀ ਥਾਣਾ ਖੇਤਰ ਕੈਲਾਸ਼ ਹਿੱਲਜ਼ ਵਿੱਚ ਡੇਢ ਮਹੀਨੇ ਪਹਿਲਾਂ ਕੱਢੇ ਗਏ ਘਰੇਲੂ ਸਹਾਇਕ ਨੇ ਆਈਆਰਐਸ ਅਧਿਕਾਰੀ ਦੀ ਧੀ ਦੀ ਜਬਰ-ਜਨਾਹ ਪਿੱਛੋਂ ਮੋਬਾਈਲ ਦੀ ਡਾਟਾ ਕੇਬਲ ਨਾਲ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ। ਵਾਰਦਾਤ ਸਮੇਂ ਕੁੜੀ ਘਰ ਵਿੱਚ ਇਕੱਲੀ ਸੀ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਮੰਗਲਵਾਰ ਰਾਤ ਕਰੀਬ 11 ਵਜੇ ਅਲਵਰ ਵਿੱਚ ਗੁਆਂਢ ’ਚ ਰਹਿਣ ਵਾਲੀ 35 ਸਾਲਾ ਔਰਤ ਨਾਲ ਘਰ ਵਿੱਚ ਵੜ ਕੇ ਜਬਰ-ਜਨਾਹ ਕੀਤਾ ਸੀ। ਇਸ ਤੋਂ ਬਾਅਦ ਸਵੇਰੇ ਸਾਢੇ ਛੇ ਵਜੇ ਦਿੱਲੀ ਵਿੱਚ ਘਟਨਾ ਨੂੰ ਅੰਜਾਮ ਦਿੱਤਾ। ਪੁਲਿਸ ਹੁਣ ਇਹ ਪਤਾ ਲਗਾ ਰਹੀ ਹੈ ਕਿ ਇੰਨੇ ਘੱਟ ਸਮੇਂ ਵਿੱਚ ਮੁਲਜ਼ਮ ਅਲਵਰ ਤੋਂ ਦਿੱਲੀ ਕਿਵੇਂ ਪਹੁੰਚਿਆ। ਪੁਲਿਸ ਨੇ ਦੇਰ ਰਾਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਦਾ ਕਹਿਣਾ ਹੈ ਕਿ ਜਬਰ-ਜਨਾਹ ਦੀ ਪੁਸ਼ਟੀ ਪੋਸਟਮਾਰਟਮ ਰਿਪੋਰਟ ਤੋਂ ਬਾਅਦ ਹੋਵੇਗੀ।ਪੁਲਿਸ ਅਨੁਸਾਰ ਅਲਵਰ ਦੇ ਰਹਿਣ ਵਾਲੇ 19 ਸਾਲਾ ਘਰੇਲੂ ਸਹਾਇਕ ਰਾਹੁਲ ਮੀਨਾ ਨੂੰ ਆਈਆਰਐਸ ਅਧਿਕਾਰੀ ਨੇ ਡੇਢ ਮਹੀਨੇ ਪਹਿਲਾਂ ਕੰਮ ਤੋਂ ਕੱਢ ਦਿੱਤਾ ਸੀ। ਦੋਸ਼ ਹੈ ਕਿ ਉਹ ਘਰੇਲੂ ਸਮਾਨ ਲਿਆਉਣ ਵਿੱਚ ਪੈਸੇ ਦਾ ਹੇਰ-ਫੇਰ ਕਰ ਰਿਹਾ ਸੀ। ਪੁਲਿਸ ਨੂੰ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਬੁੱਧਵਾਰ ਸਵੇਰੇ ਆਈਆਰਐਸ ਅਧਿਕਾਰੀ ਆਪਣੀ ਪਤਨੀ ਨਾਲ ਜਿੰਮ ਗਏ ਸਨ। ਘਰ ’ਚ ਉਨ੍ਹਾਂ ਦੀ 22 ਸਾਲਾ ਧੀ ਇਕੱਲੀ ਸੀ। ਉਹ ਇੰਜੀਨੀਅਰਿੰਗ ਤੋਂ ਬਾਅਦ ਸਿਵਲ ਸੇਵਾ ਪ੍ਰੀਖਿਆ ਦੀ ਤਿਆਰੀ ਕਰ ਰਹੀ ਸੀ। ਇਸ ਕਾਰਨ ਮਾਤਾ-ਪਿਤਾ ਜਿੰਮ ਜਾਣ ਵੇਲੇ ਧੀ ਨੂੰ ਡਿਸਟਰਬ ਨਹੀਂ ਕਰਦੇ ਸਨ ਤੇ ਘਰ ਵਿੱਚ ਤਾਲਾ ਲਗਾ ਕੇ ਚਾਬੀ ਕਿਸੇ ਗੁਪਤ ਸਥਾਨ ’ਤੇ ਰੱਖ ਦਿੰਦੇ ਸਨ। ਮੁਲਜ਼ਮ ਰਾਹੁਲ ਨੂੰ ਇਸ ਦੀ ਜਾਣਕਾਰੀ ਸੀ, ਇਸ ਲਈ ਉਹ ਬੁੱਧਵਾਰ ਸਵੇਰੇ ਆਸਥਾ ਕੁੰਜ ਪਾਰਕ ਪਹੁੰਚ ਗਿਆ ਤੇ ਜੋੜੇ ਦੇ ਜਾਣ ਦੀ ਉਡੀਕ ਕਰਨ ਲੱਗਾ। ਜਦੋਂ ਉਹ ਬਾਹਰ ਨਿਕਲੇ ਤਾਂ ਗਾਰਡ ਨਾਲ ਗੱਲਬਾਤ ਕਰਕੇ ਉਹ ਅੰਦਰ ਚਲਾ ਗਿਆ। ਕਿਉਂਕਿ ਉਸ ਨੇ ਲਗਭਗ ਅੱਠ ਮਹੀਨੇ ਤੱਕ ਕੰਮ ਕੀਤਾ ਸੀ, ਇਸ ਲਈ ਗਾਰਡ ਨੇ ਵੀ ਜ਼ਿਆਦਾ ਪੁੱਛਗਿੱਛ ਕਿਤੇ ਬਿਨਾਂ ਉਸ ਨੂੰ ਜਾਣ ਦਿੱਤਾ। ਇਸ ਤੋਂ ਬਾਅਦ ਚਾਬੀ ਨਾਲ ਦਰਵਾਜ਼ਾ ਖੋਲ੍ਹ ਕੇ ਉਹ ਅੰਦਰ ਗਿਆ ਤੇ ਘਟਨਾ ਨੂੰ ਅੰਜਾਮ ਦਿੱਤਾ। ਇਸ ਤੋਂ ਬਾਅਦ ਤੇਜ਼ੀ ਨਾਲ ਨਿਕਲਿਆ ਤੇ ਆਸਥਾ ਕੁੰਜ ਪਾਰਕ ਵੱਲ ਭੱਜ ਗਿਆ।ਪੁਲਿਸ ਸੂਤਰਾਂ ਮੁਤਾਬਿਕ ਹੱਤਿਆ ਮੋਬਾਈਲ ਦੀ ਡਾਟਾ ਕੇਬਲ ਨਾਲ ਗਲਾ ਘੁੱਟ ਕੇ ਕੀਤੀ ਗਈ। ਚਿਹਰੇ, ਗਰਦਨ ਤੇ ਸਿਰ ’ਤੇ ਗੰਭੀਰ ਸੱਟਾਂ ਦੇ ਨਿਸ਼ਾਨ ਮਿਲੇ ਹਨ।

# ਦਿੱਲੀ ’ਚ ਤਾਪਮਾਨ 42 ਡਿਗਰੀ ਦੇ ਪਾਰ, ਅੱਜ ਲੂ ਚੱਲਣ ਦਾ ਅਲਰਟ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ): ਵੱਧਦੇ ਤਾਪਮਾਨ ਦੇ ਵਿੱਚਕਾਰ ਰਾਜਧਾਨੀ ਦੇ ਵਸਨੀਕਾਂ ਨੇ ਬੁੱਧਵਾਰ ਨੂੰ ਦਿਨ ਭਰ ਗਰਮ ਹਵਾਵਾਂ ਦੇ ਝੱਖੜਾਂ ਨਾਲ ਜੂਝਦੇ ਹੋਏ ਬਿਤਾਇਆ। ਤੇਜ਼ ਧੁੱਪ ਤੇ ਖੁਸ਼ਕ ਹਵਾਵਾਂ ਕਾਰਨ ਲੋਕਾਂ ਨੂੰ ਹੁਣ ਭਿਆਨਕ ਗਰਮੀ ਨਾਲ ਜੂਝਣਾ ਪੈ ਰਿਹਾ ਹੈ। ਹਾਲਾਂਕਿ, ਇਹ ਤੱਥ ਬਣਿਆ ਹੋਇਆ ਹੈ ਕਿ ਮੌਸਮ ਵਿਭਾਗ ਦੀ ਭਵਿੱਖਬਾਣੀ ਲਗਾਤਾਰ ਦੂਜੇ ਦਿਨ ਗਲਤ ਸਾਬਤ ਹੋਈ। ਕੋਈ ਹੀਟਵੇਵ ਨਹੀਂ ਆਈ ਤੇ ਯੈਲੋ ਅਲਰਟ ਵਾਪਸ ਲੈਣਾ ਪਿਆ। ਵੀਰਵਾਰ ਨੂੰ ਵੀ ਹੀਟਵੇਵ ਦੇ ਕੋਈ ਸੰਕੇਤ ਨਹੀਂ ਹਨ। ਦਿੱਲੀ ਦੇ ਰਿਜ ਖੇਤਰ ਵਿੱਚ ਵੱਧ ਤੋਂ ਵੱਧ ਤਾਪਮਾਨ 42.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਹ ਧਿਆਨ ਦੇਣਯੋਗ ਹੈ ਕਿ ਕਿਸੇ ਸਥਿਤੀ ਨੂੰ ਅਧਿਕਾਰਤ ਤੌਰ ’ਤੇ ਹੀਟਵੇਵ ਵਜੋਂ ਸ਼੍ਰੇਣੀਬੱਧ



ਕੀਤਾ ਜਾਂਦਾ ਹੈ, ਜਦੋਂ ਵੱਧ ਤੋਂ ਵੱਧ ਤਾਪਮਾਨ ਆਮ ਪੱਧਰ ਤੋਂ 4.5 ਡਿਗਰੀ ਸੈਲਸੀਅਸ ਵੱਧ ਜਾਂਦਾ ਹੈ। ਮੌਸਮ ਵਿਭਾਗ ਨੇ ਸ਼ੁਰੂ ਵਿੱਚ ਮੰਗਲਵਾਰ ਲਈ ਹੀਟਵੇਵ ਅਲਰਟ ਜਾਰੀ ਕੀਤਾ ਸੀ, ਪਰ ਉਹ ਭਵਿੱਖਬਾਣੀ ਵੀ ਸਹੀ ਸਾਬਤ ਹੋਣ ਵਿੱਚ ਅਸਫਲ ਰਹੀ।

# ਦੁਕਾਨ ’ਚ ਧਮਾਕੇ ਕਾਰਨ ਪੰਜ ਜ਼ਖ਼ਮੀ

## ☛ਚਾਰ ਦੁਕਾਨਾਂ ਤੇ ਘਰ ਨੂੰ ਨੁਕਸਾਨ ਪੁੱਜਿਆ

ਅਬੋਹਰ, 23 ਅਪ੍ਰੈਲ (ਬਖਸ਼ੀਸ਼ ਸਿੰਘ): ਇਥੇ ਦੇਰ ਰਾਤ ਬਾਜ਼ਾਰ ਵਿੱਚ ਭਿਆਨਕ ਧਮਾਕਾ ਹੋਇਆ। ਇਹ ਘਟਨਾ ਪਟੇਲ ਪਾਰਕ ਤੇ ਵਿਜ ਹਾਲ ਦੇ ਨੇੜੇ ਵਾਪਰੀ, ਜਿੱਥੇ ਗੰਨੇ ਦੇ ਜੂਸ ਦੀ ਦੁਕਾਨ



ਵਿੱਚ ਲੱਗੇ ਜੈਨਰੇਟਰ ਵਿੱਚ ਧਮਾਕਾ ਹੋਣ ਦਾ ਖ਼ਦਸ਼ਾ ਹੈ। ਇਸ ਕਾਰਨ ਚਾਰ ਦੁਕਾਨਾਂ ਤੇ ਘਰ ਨੂੰ ਨੁਕਸਾਨ ਪਹੁੰਚਿਆ ਹੈ। ਇਸ ਧਮਾਕੇ ਕਾਰਨ ਪੰਜ ਜਣੇ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਵਿੱਚ ਪਰਿਵਾਰ ਦੇ ਤਿੰਨ ਮੈਂਬਰ ਦੁਕਾਨਦਾਰ ਦੀਪਕ ਚੁੱਘ, ਉਸ ਦੀ ਭੈਣ ਪੂਜਾ ਤੇ ਮਾਂ ਨੀਲਮ ਸਣੇ ਢਾਬਾ ਮਾਲਕ ਤੇ ਮਹਿਲਾ ਗ੍ਰਾਹਕ ਸ਼ਾਮਲ ਹਨ। ਇੱਕ ਔਰਤ ਦੀ ਹਾਲਤ ਨਾਜ਼ੁਕ ਹੈ। ਧਮਾਕੇ ਦੀ ਸੂਚਨਾ ਮਿਲਦਿਆਂ ਹੀ ਪੁਲਿਸ ਤੇ ਫਾਇਰ ਬ੍ਰਿਗੇਡ ਦੀਆਂ ਟੀਮਾਂ ਘਟਨਾ ਸਥਾਨ ’ਤੇ ਪਹੁੰਚ ਗਈਆਂ ਤੇ ਅੱਗ ਬੁਝਾਈ। ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਤੁਰੰਤ ਸਰਕਾਰੀ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਕੁਝ ਦੀ ਗੰਭੀਰ ਹਾਲਤ ਕਾਰਨ ਉਨ੍ਹਾਂ ਨੂੰ ਅੱਗੇ ਰੈਫਰ ਕੀਤਾ ਗਿਆ। ਘਟਨਾ ਸਥਾਨ ’ਤੇ ਫੌਰੈਂਸਿਕ ਟੀਮ ਨੇ ਵੀ ਜਾਂਚ ਕੀਤੀ। ਸ਼ੁਰੂਆਤੀ ਤੌਰ ’ਤੇ ਬੰਬ ਜਾਂ ਪਟਾਕਿਆਂ ਦੇ ਧਮਾਕੇ ਦਾ ਸ਼ੱਕ ਸੀ ਪਰ ਜਾਂਚ ਵਿੱਚ ਸਾਹਮਣੇ ਆਇਆ ਕਿ ਜੈਨਰੇਟਰ ਦਾ ਪਿਸਟਨ ਫਟ ਗਿਆ, ਜਿਸ ਨਾਲ ਇਹ ਹਾਦਸਾ ਵਾਪਰਿਆ। ਹਾਦਸੇ ਸਮੇਂ ਦੁਕਾਨ ਵਿੱਚ ਕਈ ਗੈਸ ਸਿਲੰਡਰ ਵੀ ਪਏ ਸਨ, ਜਿਨ੍ਹਾਂ ਨੂੰ ਲੋਕਾਂ ਨੇ ਸਮੇਂ ਸਿਰ ਬਾਹਰ ਕੱਢ ਲਿਆ। ਅੱਜ ਸਵੇਰੇ ਐਸਐਸਪੀ ਗੁਰਮੀਤ ਸਿੰਘ ਨੇ ਘਟਨਾ ਸਥਾਨ ਦਾ ਮੁਆਇਨਾ ਕਰਦੇ ਹੋਏ ਕਿਹਾ ਕਿ ਉਥੇ ਕੋਈ ਵਿਸਫੋਟਕ ਸਮੱਗਰੀ ਨਹੀਂ ਮਿਲੀ। ਇਸ ਤੋਂ ਇਲਾਵਾ ਸਿਆਸੀ ਆਗੂਆਂ ਨੇ ਵੀ ਹਸਪਤਾਲ ਪਹੁੰਚ ਕੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ।

# ਵਿਆਹ ਸਮਾਗਮ ’ਚ ਵੜੇ ਅਵਾਰਾ ਕੁੱਤੇ ਨੇ 60 ਤੋਂ ਵੱਧ ਜਣਿਆਂ ਨੂੰ ਵੱਢਿਆ

ਬਦਾਯੂੰ, 23 ਅਪ੍ਰੈਲ (ਚ.ਨ.ਸ): ਉੱਤਰ ਪ੍ਰਦੇਸ਼ ਦੇ ਬਦਾਯੂੰ ਜ਼ਿਲ੍ਹੇ ਵਿੱਚ ਲਾੜੀ ਦੀ ਵਿਦਾਇਗੀ ਮੌਕੇ ਪੈਲੇਸ ’ਚ ਵੜੇ ਅਵਾਰਾ ਕੁੱਤੇ ਨੇ ਵਿਆਹ ’ਚ ਸ਼ਾਮਲ ਦੋਵਾਂ ਪਾਸਿਆਂ ਦੇ 60 ਤੋਂ ਵੱਧ ਲੋਕਾਂ ਨੂੰ ਕੱਟ ਲਿਆ। ਘਟਨਾ ਸੋਮਵਾਰ ਸਵੇਰੇ ਬਿਸੌਲੀ ਥਾਣੇ ਅਧੀਨ ਪੈਂਦੇ ਬਿਲਸੀ ਰੋਡ ’ਤੇ ਅਭਿਨੰਦਨ ਬੈਂਕੁਇਟ ਹਾਲ ’ਚ ਵਾਪਰੀ, ਜਦੋਂ ਅਵਾਰਾ ਕੁੱਤਾ ਕੰਪਲੈਕਸ ’ਚ ਵੜ ਗਿਆ ਤੇ ਮਹਿਮਾਨਾਂ ਨੂੰ ਵੱਢਣਾ ਸ਼ੁਰੂ ਕਰ ਦਿੱਤਾ। ਮੌਕੇ ਦੇ ਗਵਾਹਾਂ ਮੁਤਾਬਿਕ ਕੁੱਤੇ ਦੇ ਅਚਾਨਕ ਹਮਲੇ ਕਾਰਨ ਸਮਾਗਮ ’ਚ ਭਗਦੜ ਵਰਗੀ ਸਥਿਤੀ ਬਣ ਗਈ ਤੇ ਕਈ ਲੋਕ ਬਚ ਕੇ ਭੱਜਣ ਦੇ ਚੱਕਰ ’ਚ ਇੱਕ-ਦੂਜੇ ’ਤੇ ਡਿੱਗ ਪਏ, ਜਿਸ ਕਾਰਨ ਉਨ੍ਹਾਂ ਨੂੰ ਸੱਟਾਂ



ਲੱਗੀਆਂ।ਅਧਿਕਾਰੀਆਂ ਮੁਤਾਬਿਕ ਵਿਆਹ ’ਚ ਮਹਿਮਾਨਾਂ ’ਤੇ ਹਮਲੇ ਮਗਰੋਂ ਅਵਾਰਾ ਕੁੱਤਾ ਬਾਹਰ ਭੱਜ ਗਿਆ ਤੇ ਸੜਕ ਕਿਨਾਰੇ ਕਈ ਰਾਹਗੀਰਾਂ ਤੇ ਦੁਕਾਨਦਾਰਾਂ ਨੂੰ ਕੱਟ ਲਿਆ। ਬਾਅਦ ’ਚ ਕੁੱਤੇ ਨੇ ਪਿੰਡ ਵਿੱਚ ਪਸ਼ੂਆਂ ’ਤੇ ਵੀ ਹਮਲਾ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਅਵਾਰਾ ਕੁੱਤੇ ਦੇ ਹਮਲੇ ’ਚ ਜ਼ਖ਼ਮੀ ਹੋਏ ਲੋਕਾਂ ਨੂੰ ਬਿਸੌਲੀ ਸਥਿਤ ਕਥਿਤ ਕਮਿਊਨਿਟੀ ਸਿਹਤ ਕੇਂਦਰ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੂੰ ਰੈਬੀਜ਼ ਦੀ ਰੋਕਥਾਮ ਲਈ ਟੀਕੇ ਲਗਾਏ ਗਏ। ਸੀਐਚਸੀ ਦੇ ਮੈਡੀਕਲ ਅਧਿਕਾਰੀ ਮੁਤਾਬਿਕ ਅਰਵਿੰਦ ਵਰਮਾ ਨੇ ਦੱਸਿਆ ਕਿ 109 ਜਣਿਆਂ ਜਿਨ੍ਹਾਂ ਵਿੱਚੋਂ ਲਗਭਗ 60 ਜਣੇ ਵਿਆਹ ’ਚ ਹੋਈ ਘਟਨਾ ਦੇ ਪੀੜਤ ਸਨ, ਨੂੰ ਹਲਕਾਅ ਤੋਂ ਬਚਾਅ ਸਬੰਧੀ ਟੀਕੇ ਲਗਾਏ ਗਏ।

# ਵੱਡੀ ਵਾਰਦਾਤ ਟਲੀ, ਲੁੱਟ ਦੀ ਯੋਜਨਾ ਬਣਾਉਂਦਾ ਗਿਰੋਹ 5 ਹਥਿਆਰਾਂ ਸਮੇਤ ਕਾਬੂ

ਕੋਟਕਪੂਰਾ, 23 ਅਪ੍ਰੈਲ (ਵਿਪਨ ਗੋਇਲ): ਜ਼ਿਲ੍ਹਾ ਫਰੀਦਕੋਟ ਵਿੱਚ ਪੁਲਿਸ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਹੋਈ ਹੈ। ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਨੇ ਕੋਟਕਪੂਰਾ ਖੇਤਰ ਵਿੱਚ ਲੁੱਟ-ਖੋਹ ਦੀ ਯੋਜਨਾ ਬਣਾਉਂਦੇ ਇੱਕ ਗਿਰੋਹ ਨੂੰ ਵਾਰਦਾਤ ਤੋਂ ਪਹਿਲਾਂ ਹੀ ਕਾਬੂ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਐਸ.ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਤੇ ਡੀ.ਐਸ.ਪੀ. ਕੋਟਕਪੂਰਾ ਸੰਜੀਵ ਕੁਮਾਰ ਦੀ ਰਹਿਨੁਮਾਈ ਹੇਠ ਥਾਣਾ ਸਿਟੀ ਕੋਟਕਪੂਰਾ ਦੀ ਪੁਲਿਸ ਟੀਮ ਵੱਲੋਂ ਗਸ਼ਤ ਤੇ ਚੈਕਿੰਗ ਦੌਰਾਨ ਇਹ ਕਾਰਵਾਈ ਕੀਤੀ ਗਈ। ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਕੁਝ ਵਿਅਕਤੀ ਜੈਤੋ ਰੋਡ ਬਾਈਪਾਸ ਲਿੰਕ ਰੋਡ ਨੇੜੇ ਲੁਕ ਛਿਪ ਕੇ ਤੇਜ਼ਧਾਰ ਹਥਿਆਰਾਂ ਨਾਲ ਲੁੱਟ-ਖੋਹ ਦੀ ਯੋਜਨਾ ਬਣਾ ਰਹੇ ਹਨ। ਸੂਚਨਾ ਦੇ ਆਧਾਰ ’ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਪਾਰਟੀ ਨੇ ਮੌਕੇ ’ਤੇ ਪਹੁੰਚ ਕੇ 5



ਦੋਸ਼ੀਆਂ ਨੂੰ ਕਾਬੂ ਕਰ ਲਿਆ। ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਦੀ ਪਹਿਚਾਣ ਪਵਨ ਕੁਮਾਰ ਉਰਫ ਲੰਗੂ, ਕਰਨ, ਰਵੀ, ਜਸਵੰਤ ਸਿੰਘ ਤੇ ਹੈਪੀ ਵਜੋਂ ਹੋਈ ਹੈ, ਜੋ ਸਾਰੇ ਕੋਟਕਪੂਰਾ ਦੇ ਰਹਿਣ ਵਾਲੇ ਹਨ। ਦੋਸ਼ੀਆਂ ਕੋਲੋਂ 1 ਲੋਹੇ ਦੀ ਪਾਈਪ, 1 ਕ੍ਰਿਪਾਨ, 2 ਕਾਪੇ ਤੇ 1 ਖੰਡਾ ਬ੍ਰਾਮਦ ਕੀਤਾ ਗਿਆ ਹੈ। ਪੁਲਿਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਗ੍ਰਿਫਤਾਰ ਦੋਸ਼ੀਆਂ ਦਾ ਪੁਰਾਣਾ ਕ੍ਰਿਮੀਨਲ ਰਿਕਾਰਡ ਵੀ ਹੈ ਤੇ ਇਨ੍ਹਾਂ ਖ਼ਿਲਾਫ਼ ਨਸ਼ਾ ਤਸਕਰੀ ਸਮੇਤ ਵੱਖ-ਵੱਖ ਸੰਗੀਨ ਧਾਰਾਵਾਂ ਹੇਠ ਕੁੱਲ 11 ਮੁਕੱਦਮੇ ਦਰਜ ਹਨ। ਇਸ ਮਾਮਲੇ ਸਬੰਧੀ ਥਾਣਾ ਸਿਟੀ ਕੋਟਕਪੂਰਾ ਵਿੱਚ ਮੁਕੱਦਮਾ ਨੰਬਰ 79 ਮਿਤੀ 21.04.2026 ਅਧੀਨ ਧਾਰਾ 310(4) ਤੇ 310(5) ਬੀ.ਐਨ.ਐਸ. ਤਹਿਤ ਕੇਸ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਹੋਰ ਖੁਲਾਸੇ ਹੋ ਸਕਣ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਬਣਾਈ ਰੱਖਣਾ ਸਭ ਤੋਂ ਵੱਡੀ ਤਰਜੀਹ ਹੈ ਤੇ ਮਾੜੇ ਅਨਸਰਾਂ ਖ਼ਿਲਾਫ਼ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।

# ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਬੌਧਿਕ ਸੰਪਤੀ ਦਿਵਸ ਮੌਕੇ ਸੈਮੀਨਾਰ ਕਰਵਾਇਆ



ਮੰਡੀ ਗੋਬਿੰਦਗੜ੍ਹ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਖੇਤੀਬਾੜੀ ਤੇ ਜੀਵ ਵਿਗਿਆਨ ਫੈਕਲਟੀ ਦੇ ਅਗ੍ਰਿਮ ਕਲੱਬ ਵੱਲੋਂ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਤੇ ਇੰਟਰਨਲ ਕੁਆਲਿਟੀ ਇੰਸ਼ੋਰੈਂਸ ਸੈਲ ਦੇ ਸਹਿਯੋਗ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਵਰਲਡ ਇੰਟੈਲੈਕਚੁਅਲ ਪ੍ਰਾਪਰਟੀ ਦਿਵਸ-2026 ਮੌਕੇ ਸੈਮੀਨਾਰ ਕਰਵਾਇਆ ਗਿਆ। ਇਸ ਦਾ ਥੀਮ ‘ਬੌਧਿਕ ਸੰਪਤੀ ਤੇ ਖੇਡਾਂ ਬਾਰੇ ਝਲਕ: ਰੈਡੀ, ਸੈਟ, ਇਨੋਵੇਟ’ ਅਧੀਨ ਕਰਵਾਏ ਇਸ ਪ੍ਰੋਗਰਾਮ ਵਿੱਚ ਖੇਡਾਂ ਤੇ ਖੋਜ ਖੇਤਰਾਂ ਵਿੱਚ ਨਵੀਨਤਾ, ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਬੌਧਿਕ ਸੰਪਤੀ ਅਧਿਕਾਰਾਂ ਦੀ ਮਹੱਤਵਪੂਰਨ ਭੂਮਿਕਾ ’ਤੇ ਰੋਸ਼ਨੀ ਪਾਈ ਗਈ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ-ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂ ਕਿ ਪੰਜਾਬੀ ਯੂਨੀਵਰਸਿਟੀ ਦੇ ਪ੍ਰੋ. (ਡਾ.) ਬਲਵਿੰਦਰ ਸਿੰਘ ਸੂਚ ਤੇ ਆਈਪੀ ਇੰਡੀਆ ਦੀ ਵਿਗਿਆਨਿਕ ਸਲਾਹਕਾਰ ਡਾ. ਰੁਚੀ ਸਿੰਗਲਾ ਨੇ ਵਿਸ਼ੇਸ਼ ਸਰੋਤ ਵਿਅਕਤੀਆਂ ਵਜੋਂ ਸ਼ਿਰਕਤ ਕੀਤੀ।ਖੇਤੀਬਾੜੀ ਤੇ ਜੀਵ ਵਿਗਿਆਨ ਫੈਕਲਟੀ ਦੇ ਡੀਨ ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਸਵਾਗਤ ਕੀਤਾ। ਡਾ. ਸਦਾਵਰਤੀ ਨੇ ਵਿਦਿਆਰਥੀਆਂ ਨੂੰ ਨਵੀਨਤਾ ਵੱਲ ਅੱਗੇ ਵਧਣ ਤੇ ਆਪਣੇ ਰਚਨਾਤਮਕ ਵਿਚਾਰਾਂ ਨੂੰ ਬੌਧਿਕ ਸੰਪਤੀ ਰਾਹੀਂ ਸੁਰੱਖਿਅਤ ਕਰਨ ਲਈ ਪ੍ਰੇਰਿਤ ਕੀਤਾ। ਡਾ. ਸੂਚ ਨੇ ਖੋਜ, ਨਵੀਨਤਾ ਤੇ ਖੇਡਾਂ ਦੇ ਖੇਤਰ ਵਿੱਚ ਬੌਧਿਕ ਸੰਪਤੀ ਦੀ ਭੂਮਿਕਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੇਟੈਂਟ, ਟਰੇਡਮਾਰਕ ਤੇ ਡਿਜ਼ਾਈਨ ਕਿਵੇਂ ਖਿਡਾਰੀਆਂ, ਉਪਕਰਣ ਨਿਰਮਾਤਾਵਾਂ ਤੇ ਸਪੋਰਟਸ-ਟੈਕ ਸਟਾਰਟਅਪਾਂ ਦੀ ਸਹਾਇਤਾ ਕਰਦੇ ਹਨ। ਡਾ. ਰੁਚੀ ਸਿੰਗਲਾ ਨੇ ਬੌਧਿਕ ਸੰਪਤੀ ਨਾਲ ਸਬੰਧਤ ਪ੍ਰਕਿਰਿਆਵਾਂ, ਨਵੀਨਤਾ ਕਰਤਾਵਾਂ ਤੇ ਉਦਯੋਗਪਤੀਆਂ ਲਈ ਲਾਭਾਂ ਤੇ ਮੁਕਾਬਲੇ ਵਿੱਚ ਅੱਗੇ ਰਹਿਣ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਬਾਰੇ ਜਾਣਕਾਰੀ ਦਿੱਤੀ। ਬਾਅਦ ਵਿੱਚ ਇੰਟਰਐਕਟਿਵ ਸੈਸ਼ਨ ਹੋਇਆ, ਜਿਸ ਵਿੱਚ ਭਾਗੀਦਾਰਾਂ ਨੇ ਬੌਧਿਕ ਸੰਪਤੀ ਤੇ ਉਦਯਮਿਤਾ ਨਾਲ ਜੁੜੇ ਮਹੱਤਵਪੂਰਨ ਮਾਮਲਿਆਂ ’ਤੇ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ ਤੇ ਅਕਾਦਮਿਕ ਕੋਆਰਡੀਨੇਟਰ ਡਾ. ਅਵਿਨਾਸ਼ ਕੁਮਾਰ ਭਾਟੀਆ ਨੇ ਧੰਨਵਾਦ ਕੀਤਾ।

# ਮਰਦਮਸ਼ੁਮਾਰੀ 2027 ਲਈ ਨਗਰ ਕੌਂਸਲ ’ਚ 3 ਰੋਜ਼ਾ ਟ੍ਰੇਨਿੰਗ ਦੀ ਸ਼ੁਰੂਆਤ

## ☛ਮਕਾਨ ਸੂਚੀਕਰਨ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਦੀ ਪ੍ਰਕਿਰਿਆ ਆਰੰਭੀ



ਫ਼ਿਰੋਜ਼ਪੁਰ, 23 ਅਪ੍ਰੈਲ (ਤਿਵਾੜੀ): ਭਾਰਤ ਦੀ ਮਰਦਮਸ਼ੁਮਾਰੀ 2027 ਨੂੰ ਸੁਚਾਰੂ, ਸਹੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਉਣ ਲਈ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਨਗਰ ਕੌਂਸਲ ਦਫ਼ਤਰ ਵਿਖੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਆਈ.ਏ.ਐਸ. ਦੀ ਅਗਵਾਈ ਹੇਠ ਮਕਾਨ ਸੂਚੀਕਰਨ ਤੇ ਮਕਾਨਾਂ ਦੀ ਗਿਣਤੀ ਸਬੰਧੀ 3 ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਮਰਦਮ ਸ਼ੁਮਾਰੀ ਦੇ ਪਹਿਲੇ ਪੜਾਅ ਨੂੰ ਪੂਰੀ ਤਰ੍ਹਾਂ ਵਿਗਿਆਨਕ ਤੇ ਡਿਜੀਟਲ ਢੰਗ ਨਾਲ ਪੂਰਾ ਕਰਨਾ ਹੈ ਤਾਂ ਜੋ ਅਗਲੇ ਪੜਾਅ ਦੀ ਯੋਜਨਾ ਸਹੀ ਆਧਾਰ ’ਤੇ ਬਣ ਸਕੇ। ਇਸ ਟ੍ਰੇਨਿੰਗ ਵਿੱਚ ਇੰਚਾਰਜ ਅਫ਼ਸਰ ਸੁਖਪਾਲ ਸਿੰਘ ਸੁਪਰਡੈਂਟ, ਇੰਸਪੈਕਟਰ ਅਭਿਸ਼ੇਕ, ਫੀਲਡ ਟਰੇਨਰ ਅਸ਼ਵ ਬਜਾਜ, ਸਰਬਜੀਤ ਸਿੰਘ ਭਾਵੜਾ, ਰਜਨੀਸ਼ ਕੰਬੋਜ, ਰਿਤਿਕ ਤੇ ਜ਼ਿਲ੍ਹਾ ਮਾਸਟਰ ਟਰੇਨਰ ਮਲਕੀਤ ਸਿੰਘ ਹਰਾਜ ਤੇ ਸੁਖਜਿੰਦਰ ਸਿੰਘ ਵੱਲੋਂ ਮਰਦਮ ਸ਼ੁਮਾਰੀ ਨਾਲ ਜੁੜੇ ਹਰੇਕ ਮਹੱਤਵਪੂਰਨ ਪੱਖ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਟ੍ਰੇਨਿੰਗ ਵਿੱਚ ਵੱਖ-ਵੱਖ ਵਿਭਾਗਾਂ ਤੋਂ ਗਿਣਤੀਕਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਟਰੇਨਰਾਂ ਵੱਲੋਂ ਮਕਾਨ ਸੂਚੀਕਰਨ ਦੇ ਤਰੀਕਿਆਂ, ਮਕਾਨਾਂ ਦੀ ਸਹੀ ਪਛਾਣ, ਪਰਿਵਾਰਕ ਇਕਾਈਆਂ ਦੀ ਗਿਣਤੀ, ਡਾਟਾ ਇਕੱਠਾ ਕਰਨ ਦੀ ਵਿਧੀ ਤੇ ਰਿਕਾਰਡ ਭਰਨ ਦੀ ਪ੍ਰਕਿਰਿਆ ਬਾਰੇ ਸਪੱਸ਼ਟ ਤੇ ਆਸਾਨ ਢੰਗ ਨਾਲ ਸਮਝਾਇਆ ਗਿਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਮਕਾਨ ਸੂਚੀਕਰਨ ਮਰਦਮ ਸ਼ੁਮਾਰੀ ਦਾ ਸਭ ਤੋਂ ਮਹੱਤਵਪੂਰਨ ਪੜਾਅ ਹੁੰਦਾ ਹੈ, ਜਿਸ ਦੇ ਆਧਾਰ ’ਤੇ ਆਗਾਮੀ ਕਾਰਵਾਈ ਨਿਰਭਰ ਕਰਦੀ ਹੈ। ਇਸ ਲਈ ਹਰ ਕਰਮਚਾਰੀ ਵੱਲੋਂ ਪੂਰੀ ਇਮਾਨਦਾਰੀ, ਜ਼ਿੰਮੇਵਾਰੀ ਤੇ ਚੌਕਸੀ ਨਾਲ ਆਪਣੀ ਡਿਊਟੀ ਨਿਭਾਉਣਾ ਬਹੁਤ ਜ਼ਰੂਰੀ ਹੈ। ਟ੍ਰੇਨਿੰਗ ਦੌਰਾਨ ਮੈਦਾਨੀ ਪੱਧਰ ’ਤੇ ਆ ਸਕਣ ਵਾਲੀਆਂ ਸੰਭਾਵਿਤ ਸਮੱਸਿਆਵਾਂ ਜਿਵੇਂ ਕਿ ਡਾਟਾ ਇਕੱਠਾ ਕਰਨ ਵਿੱਚ ਆਉਣ ਵਾਲੀਆਂ ਰੁਕਾਵਟਾਂ, ਲੋਕਾਂ ਨਾਲ ਸੰਚਾਰ ਦੀਆਂ ਚੁਣੌਤੀਆਂ ਤੇ ਤਕਨੀਕੀ ਦਿੱਕਤਾਂ ਬਾਰੇ ਵੀ ਚਰਚਾ ਕੀਤੀ ਗਈ ਤੇ ਉਨ੍ਹਾਂ ਦੇ ਹੱਲ ਵੀ ਸਾਂਝੇ ਕੀਤੇ ਗਏ।ਇਸ ਤੋਂ ਇਲਾਵਾ ਨਵੇਂ ਡਿਜੀਟਲ ਸਾਧਨਾਂ ਦੀ ਵਰਤੋਂ ਰਾਹੀਂ ਡਾਟਾ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਹੋਰ ਵੀ ਆਸਾਨ, ਤੇਜ਼ ਤੇ ਪਾਰਦਰਸ਼ੀ ਬਣਾਉਣ ’ਤੇ ਖਾਸ ਧਿਆਨ ਦਿੱਤਾ ਗਿਆ।

# ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੀ ਰਹਿੰਦ-ਖੂੰਹਦ/ਨਾੜ ਨੂੰ ਅੱਗ ਲਗਾਉਣ ’ਤੇ ਪਾਬੰਦੀ ਦੇ ਹੁਕਮ ਜਾਰੀ

ਫ਼ਿਰੋਜ਼ਪੁਰ, 23 ਅਪ੍ਰੈਲ (ਤਿਵਾੜੀ): ਵਧੀਕ ਜ਼ਿਲ੍ਹਾ ਮੈਜਿਸਟਰੇਟ ਡਾ. ਅਮਨਦੀਪ ਕੌਰ ਪੀ.ਸੀ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫ਼ਿਰੋਜ਼ਪੁਰ ਅੰਦਰ ਕਣਕ ਦੀ ਕਟਾਈ ਤੋਂ ਬਾਅਦ ਬਚ ਗਈ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ/ਸਾੜਨ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।



ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕਣਕ ਦੇ ਸੀਜ਼ਨ ਦੌਰਾਨ ਕਣਕ ਦੀ ਕਟਾਈ ਉਪਰੰਤ ਕਈ ਕਿਸਾਨਾਂ ਵੱਲੋਂ ਫਸਲ ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਕਰਕੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਤੇ ਜਨਤਾ ਦੀ ਸਿਹਤ ’ਤੇ ਵੀ ਮਾੜਾ ਅਸਰ ਪੈਂਦਾ ਹੈ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘੱਟਦੀ ਹੈ। ਇਸ ਤੋਂ ਇਲਾਵਾ ਜ਼ਮੀਨ ਦੀ ਉਪਰਲੀ ਸੱਤ੍ਹਾ ਨੂੰ ਅੱਗ ਲਗਾਉਣ ਨਾਲ ਜ਼ਮੀਨ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂ ਵੀ ਮਰ ਜਾਂਦੇ ਹਨ ਤੇ ਆਲੇ-ਦੁਆਲੇ ਦੇ ਖੇਤਾਂ ਵਿੱਚ ਖੜ੍ਹੀ ਫਸਲ ਦੇ ਨਾਲ-ਨਾਲ ਪਿੰਡਾਂ ਵਿੱਚ ਵੀ ਅੱਗ ਲੱਗਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਤਰ੍ਹਾਂ ਦੀ ਲਗਾਈ ਜਾਂਦੀ ਅੱਗ ਨਾਲ ਪੈਦਾ ਹੋਣ ਵਾਲੇ ਧੂੰਏਂ ਕਾਰਨ ਸੜਕ ਉਪਰ ਹਾਦਸੇ ਵਾਪਰਨ ਨਾਲ ਲੋਕਾਂ ਦਾ ਜਾਨੀ-ਮਾਲੀ ਨੁਕਸਾਨ ਹੋਣ ਤੇ ਪਿੰਡਾਂ ਆਦਿ ਹੋਰ ਥਾਵਾਂ ’ਤੇ ਲੜਾਈ ਹੋਣ ਦਾ ਖਦਸ਼ਾ ਵੀ ਰਹਿੰਦਾ ਹੈ। ਇਸ ਤੱਥਾਂ ਨੂੰ ਦੇਖਦੇ ਹੋਏ ਉਕਤ ਅਨੁਸਾਰ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ ਅਗਲੇ 02 ਮਹੀਨੇ ਤੱਕ ਜਾਰੀ ਰਹਿਣਗੇ।

# ਰਾਏ ਸਿੱਖ ਬਰਾਦਰੀ ਵੱਲੋਂ ਐਸ.ਐਸ.ਪੀ. ਨੂੰ ਮੰਗ ਪੱਤਰ, ਅਪਮਾਨਜਨਕ ਗੀਤ ਖ਼ਿਲਾਫ਼ ਕਾਰਵਾਈ ਦੀ ਮੰਗ



ਫਾਜ਼ਿਲਕਾ, 23 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਵਿੱਚ ਰਾਏ ਸਿੱਖ ਬਰਾਦਰੀ ਨਾਲ ਸਬੰਧਤ ਇੱਕ ਵਿਵਾਦਤ ਗੀਤ ਨੂੰ ਲੈ ਕੇ ਮਾਹੌਲ ਗਰਮਾਇਆ ਹੋਇਆ ਹੈ। ਅੱਜ ਰਾਏ ਸਿੱਖ ਆਜ਼ਾਦ ਸੈਨਾ ਦੇ ਪੰਜਾਬ ਪ੍ਰਧਾਨ ਬੂਟਾ ਸਿੰਘ ਵੜਵਾਲ ਦੀ ਅਗਵਾਈ ਹੇਠ ਬਰਾਦਰੀ ਦੇ ਆਗੂਆਂ, ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਐਸ.ਐਸ.ਪੀ. ਸਾਹਿਬ ਨੂੰ ਮੰਗ ਪੱਤਰ ਸੌਂਪਿਆ ਗਿਆ। ਆਗੂਆਂ ਨੇ ਦੱਸਿਆ ਕਿ ਬੀਤੇ ਦਿਨੀਂ ਸੋਸ਼ਲ ਮੀਡੀਆ ਤੇ ਯੂਟਿਊਬ ’ਤੇ ਇੱਕ ਗੀਤ ਕਾਫੀ ਵਾਇਰਲ ਹੋ ਰਿਹਾ ਹੈ, ਜਿਸ ਵਿੱਚ ਰਾਏ ਸਿੱਖ ਬਰਾਦਰੀ ਬਾਰੇ ਭੱਦੇ ਤੇ ਅਪਮਾਨਜਨਕ ਸ਼ਬਦ ਵਰਤੇ ਗਏ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਗੀਤ ਵਿੱਚ ਬਰਾਦਰੀ ਨੂੰ ਅਨਪੜ੍ਹ, ਗੈਰ-ਕਾਨੂੰਨੀ ਕੰਮ ਕਰਨ ਵਾਲੀ, ਨਸ਼ਾ ਵੇਚਣ ਵਾਲੀ ਤੇ ਦਾਜ ਦੀ ਲਾਲਚੀ ਵਜੋਂ ਦਰਸਾਇਆ ਗਿਆ ਹੈ। ਇਸ ਤੋਂ ਇਲਾਵਾ ਰੰਗਭੇਦੀ ਤੇ ਨਸਲਭੇਦੀ ਟਿੱਪਣੀਆਂ ਕਰਕੇ ਸਮਾਜ ਦੀ ਛਵੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਗਈ ਹੈ।ਮੰਗ ਪੱਤਰ ਵਿੱਚ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਗੀਤ ਦੇ ਲੇਖਕ, ਗਾਇਕ, ਨਿਰਮਾਤਾ, ਨਿਰਦੇਸ਼ਕ ਤੇ ਇਸ ਨਾਲ ਜੁੜੇ ਸਾਰੇ ਕਲਾਕਾਰਾਂ ਖ਼ਿਲਾਫ਼ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਅੱਜ ਰਾਤ 8 ਵਜੇ ਸਿਵਲ ਡਿਫੈਂਸ ਵੱਲੋਂ ਕੀਤੀ ਜਾਵੇਗੀ ਮੌਕ ਡਰਿੱਲ: ਅਰਵਿੰਦ ਕੁਮਾਰ ਗੁਪਤਾ

ਸ੍ਰੀ ਫ਼ਤਹਿਗੜ੍ਹ ਸਾਹਿਬ, 23 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਗ੍ਰਹਿ ਮੰਤਰਾਲਾ, ਭਾਰਤ ਸਰਕਾਰ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ 24 ਅਪ੍ਰੈਲ, 2026 ਨੂੰ ਰਾਤ 8:00 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਫਤਹਿਗੜ੍ਹ ਸਾਹਿਬ ਵਿਖੇ ਸਿਵਲ ਡਿਫੈਂਸ ਏਅਰ ਰੇਡ/ ਬਲੈਕਆਊਟ ਮੌਕ ਐਕਸਰਸਾਈਜ਼ ਕਰਵਾਈ ਜਾ ਰਹੀ ਹੈ। ਇਹ ਮੌਕ ਐਕਸਰਸਾਈਜ਼ ਰਾਜ ਦੇ ਸਾਰੇ ਜ਼ਿਲ੍ਹਿਆਂ ਵਿੱਚ ਸਿਵਲ ਡਿਫੈਂਸ ਦੀ ਤਿਆਰੀ ਦੀ ਜਾਂਚ ਕਰਨ ਲਈ ਕੀਤੀ ਜਾ ਰਹੀ ਹੈ। ਇਸ ਸਬੰਧੀ ਸਹਾਇਕ ਕਮਿਸ਼ਨਰ-ਕਮ-ਉਪ ਮੰਡਲ ਮੈਜਿਸਟਰੇਟ ਅਰਵਿੰਦ ਕੁਮਾਰ ਗੁਪਤਾ ਤੇ ਕੰਪਨੀ ਕਮਾਂਡਰ ਪੰਜਾਬ ਹੋਮਗਾਰਡ ਤੇ ਸਿਵਲ ਡਿਫੈਂਸ ਸੰਤੋਖ ਸਿੰਘ ਨੇ ਸਬੰਧਤ ਵਿਭਾਗਾਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜੋ



ਸਾਇਰਨਾਂ ਰਾਹੀਂ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਮੌਕ ਡਰਿੱਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗੀ ਤੇ ਬਿਜਲੀ ਵਿਭਾਗ ਵੱਲੋਂ ਕੇਵਲ ਇਸੇ ਹੀ ਇਲਾਕੇ ਦੀਆਂ ਲਾਈਟਾਂ ਨੂੰ ਕੁਝ ਸਮੇਂ ਲਈ ਬੰਦ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਿਸ਼ਚਤ ਸਥਾਨ ’ਤੇ ਬਲੈਕਆਊਟ ਦੌਰਾਨ ਨਿਰਧਾਰਿਤ ਖੇਤਰਾਂ ਵਿੱਚ ਆਮ ਜਨਤਾ ਵੱਲੋਂ ਸਾਰੀਆਂ ਗੈਰ-ਜ਼ਰੂਰੀ ਬੱਤੀਆਂ ਬੰਦ ਕੀਤੀਆਂ ਜਾਣ। ਹਾਲਾਂਕਿ, ਜ਼ਰੂਰੀ ਸੇਵਾਵਾਂ ਇਸ ਦੌਰਾਨ ਚੱਲਦੀਆਂ ਰਹਿਣਗੀਆਂ। ਮੀਟਿੰਗ ਦੌਰਾਨ ਕੰਪਨੀ ਕਮਾਂਡਰ ਸੰਤੋਖ ਸਿੰਘ ਨੇ ਦੱਸਿਆ ਕਿ ਮੌਕ ਐਕਸਰਸਾਈਜ਼ ਦੇ ਸ਼ੁਰੂ ਵਿੱਚ ਸਾਇਰਨ ਉਚੀ ਆਵਾਜ਼ ਤੋਂ ਘੱਟ ਹੁੰਦਾ ਹੋਇਆ 02 ਮਿੰਟ ਲਈ ਰੁਕ-ਰੁਕ ਕੇ ਵੱਜੇਗਾ ਤੇ ਸਮਾਪਤ ਹੋਣ ਉਪਰੰਤ ਆਲ ਕਲੀਅਰ ਸਿਗਨਲ (2 ਮਿੰਟ ਲਈ ਲਗਾਤਾਰ ਉਚ ਧੁਨੀ ਵਾਲਾ ਸਾਇਰਨ) ਦਿੱਤਾ ਜਾਵੇਗਾ, ਜੋ ਇਸ ਐਕਸਰਸਾਈਜ਼ ਦੇ ਖਤਮ ਹੋਣ ਦਾ ਸੰਕੇਤ ਹੋਵੇਗਾ।ਇਸ ਮੀਟਿੰਗ ਵਿੱਚ ਡੀ.ਐਸ.ਪੀ. ਹਿਤੇਸ਼ ਕੌਸ਼ਿਕ, ਤਹਿਸੀਲਦਾਰ ਬੱਸੀ ਪਠਾਨਾ ਜਿਸ਼ੂ ਬਾਂਸਲ, ਸਹਾਇਕ ਸਿਵਲ ਸਰਜਨ ਕੇ.ਡੀ.ਸਿੰਘ, ਆਰ.ਟੀ.ਏ. ਰਣਪ੍ਰੀਤ ਸਿੰਘ ਭਿਓਰਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਲਾਇਨ ਮਨੀਸ਼ ਰੋਮਾਣਾ ਦੇ ਸਿਰ ਸਜਿਆ ਲਾਇਨਜ਼ ਕਲੱਬ ਜੈਤੋ ਰਾਇਲ ਦੀ ਪ੍ਰਧਾਨਗੀ ਦਾ ਤਾਜ

ਜੈਤੋ, 23 ਅਪ੍ਰੈਲ (ਸੰਜੀਵ ਗੋਇਲ/ਵਿਪਨ ਗੋਇਲ): ਜੈਤੋ ਦੀ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਜੈਤੋ ਰਾਇਲ ਦੇ ਡਬਲ ਐਮ.ਜੇ.ਐਫ. ਲਾਇਨ ਵਿਕੇਸ਼ ਕਾਂਸਲ ਤੇ ਸਾਬਕਾ ਪ੍ਰਧਾਨ ਲਾਇਨ ਪੂਜਨ ਸੱਚਦੇਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ ਲਾਇਨਜ਼ ਕਲੱਬ ਰਾਇਲ ਜੈਤੋ ਦੀ ਇੱਕ ਅਹਿਮ ਮੀਟਿੰਗ ਪੂਲ ਕਲੱਬ ਜੈਤੋ ਵਿਖੇ ਕੀਤੀ ਗਈ। ਇਸ ਵਿੱਚ ਸਰਬਸੰਮਤੀ ਨਾਲ ਸਾਲ 2026-27 ਲਈ ਲਾਇਨ ਮਨੀਸ਼ ਰੋਮਾਣਾ (ਟੀਟਾ) ਨੂੰ ਪ੍ਰਧਾਨ, ਲਾਇਨ ਪੰਕਜ ਸਿੰਗਲਾ ਨੂੰ ਸਕੱਤਰ, ਲਾਇਨ ਰਾਜੀਵ ਕਟਾਰੀਆ ਨੂੰ ਕੈਸ਼ੀਅਰ ਤੇ ਲਾਇਨ ਪ੍ਰਿਤਪਾਲ ਸਿੰਘ ਨੂੰ ਪੀਆਰਓ ਚੁਣਿਆ ਗਿਆ। ਕਲੱਬ ਦੇ ਨਵੇਂ ਬਣੇ ਪ੍ਰਧਾਨ ਲਾਇਨ ਮਨੀਸ਼ ਰੋਮਾਣਾ ਨੇ ਪ੍ਰੈਸ ਦੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੈਨੂੰ




ਕਲੱਬ ਵੱਲੋਂ ਜੋ ਵੀ ਜ਼ਿੰਮੇਵਾਰੀ ਮਿਲੀ ਹੈ, ਮੈਂ ਉਸ ਨੂੰ ਪੂਰੀ ਲਗਨ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਾਂਗਾ। ਮੈਨੂੰ ਯਕੀਨ ਨਹੀਂ ਵਿਸ਼ਵਾਸ ਹੈ ਕਿ ਕਲੱਬ ਦਾ ਹਰ ਇੱਕ ਮੈਂਬਰ ਮੇਰੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹੇਗਾ ਤੇ ਕਲੱਬ ਦੀ ਹਰ ਗਤੀਵਿਧੀ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗਾ। ਇਸ ਮੌਕੇ ਹਾਜ਼ਰ ਮੈਂਬਰ ਲਾਇਨ ਨੀਰਜ ਮਹੇਸ਼ਵਰੀ, ਲਾਇਨ ਧਰਮਿੰਦਰ ਗਰਗ ਸ਼ੈਲੀ, ਲਾਇਨ ਵਰੁਣ ਡੋਡ, ਲਾਇਨ ਦਵਿੰਦਰ ਗੋਇਲ ਐ ਲਾਇਨ ਜਗਦੀਸ਼ ਸਿੰਘ ਢਿੱਲੋਂ ਆਦਿ ਵੱਲੋਂ ਕਲੱਬ ਦੇ ਨਵੇਂ ਬਣੇ ਪ੍ਰਧਾਨ ਲਾਇਨ ਮਨੀਸ਼ ਰੋਮਾਣਾ ਤੇ ਨਵੀਂ ਚੁਣੀ ਟੀਮ ਦੇ ਹਾਰ ਪਾ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਵਧਾਈਆਂ ਦਿੱਤੀਆਂ। ਲਾਇਨ ਪੂਜਨ ਸੱਚਦੇਵਾ ਨੇ ਦੱਸਿਆ ਕਿ ਨਵੀਂ ਚੁਣੀ ਟੀਮ ਵਿੱਚ ਇੱਕ ਵੱਖਰਾ ਹੀ ਜੋਸ਼ ਵੇਖਣ ਨੂੰ ਮਿਲਿਆ। ਵੈਸੇ ਤਾਂ ਕਲੱਬ ਦੀ ਸਾਰੀ ਟੀਮ ਬਹੁਤ ਖੁਸ਼ ਨਜ਼ਰ ਆ ਰਹੀ ਸੀ ਪਰ ਕਲੱਬ ਦੇ ਡਬਲ ਐਮ.ਜੇ.ਐਫ. ਲਾਇਨ ਵਿਕੇਸ਼ ਕਾਂਸਲ ਦੇ ਚਿਹਰੇ ’ਤੇ ਖੁਸ਼ੀ ਦਾ ਇੱਕ ਵੱਖਰਾ ਹੀ ਰੂਪ ਦੇਖਣ ਨੂੰ ਨਜ਼ਰ ਆਇਆ।

# ਸਰਕਾਰੀ ਕਾਲਜ ਤੂਰਾਂ ’ਚ ਧਰਤੀ ਦਿਵਸ ਮੌਕੇ ਸਮਾਗਮ ਕਰਵਾਇਆ

ਮੰਡੀ ਗੋਬਿੰਦਗੜ੍ਹ, 23 ਅਪ੍ਰੈਲ (ਸੂਦ): ਜਵਾਹਰ ਲਾਲ ਨਹਿਰੂ ਸਰਕਾਰੀ ਕਾਲਜ ਤੂਰਾਂ ਮੰਡੀ ਗੋਬਿੰਦਗੜ੍ਹ ਵਿਖੇ ਕਾਲਜ ਦੇ ਈਕੋ ਕਲੱਬ ਵੱਲੋਂ ਧਰਤੀ ਦਿਵਸ ਨੂੰ ਮੁੱਖ ਰੱਖ ਕੇ ਜੈਵਿਕ ਖੇਤੀ ਉਪਰ ਅਗਾਂਹਵਧੂ ਕਿਸਾਨ ਪਲਵਿੰਦਰ ਸਿੰਘ ਬਰੋਗਾ ਬੁਲੰਦ ਦਾ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਸਬੰਧੀ ਫੈਕਲਟੀ ਤੇ ਵਿਦਿਆਰਥੀਆਂ ਨੂੰ ਸਹੁੰ ਵੀ ਚੁਕਾਈ ਗਈ। ਲੈਕਚਰ ਦੌਰਾਨ ਪਲਵਿੰਦਰ ਸਿੰਘ ਨੇ ਦੱਸਿਆ ਕਿ ਮੌਜੂਦਾ ਖੇਤੀ ਢਾਂਚੇ ਅੰਦਰ ਲਗਾਤਾਰ ਰਸਾਇਣਕ ਖਾਦਾਂ ਤੇ ਕੀਟਨਾਸ਼ਕ ਦਵਾਈਆਂ ਦੀ ਵੱਧ ਵਰਤੋਂ ਨਾਲ ਖੇਤੀ ਯੋਗ ਭੂਮੀ ਦੀ ਉਪਜਾਊ ਸ਼ਕਤੀ ਘੱਟ ਹੁੰਦੀ ਜਾ ਰਹੀ ਹੈ ਤੇ ਜ਼ਮੀਨੀ ਪ੍ਰਦੂਸ਼ਣ ਲਗਾਤਾਰ ਵੱਧ ਰਿਹਾ ਹੈ, ਜਿਸ ਦਾ ਮਾੜਾ ਪ੍ਰਭਾਵ ਨਾ ਕੇਵਲ ਸਾਡੇ ਵਾਤਾਵਰਨ ’ਤੇ ਪੈ ਰਿਹਾ



ਹੈ, ਸਗੋਂ ਮਨੁੱਖੀ ਜੀਵਨ ਵਿੱਚ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਵੱਧ ਰਹੀਆਂ ਹਨ।ਇਸ ਲਈ ਮਨੁੱਖੀ ਜ਼ਿੰਦਗੀ ਨੂੰ ਸਿਹਤਮੰਦ ਬਣਾਈ ਰੱਖਣ ਲਈ ਆਪਣੇ ਵਾਤਾਵਰਨ ਨੂੰ ਸਾਫ-ਸੁਥਰਾ ਤੇ ਪ੍ਰਦੂਸ਼ਣ ਰਹਿਤ ਬਣਾਈ ਰੱਖਣ ਲਈ ਜੈਵਿਕ ਖੇਤੀ ਦੀ ਵਰਤੋਂ ਕਰਨੀ ਜ਼ਰੂਰੀ ਤੇ ਲਾਹੇਵੰਦ ਹੈ। ਉਨ੍ਹਾਂ ਜੈਵਿਕ ਖੇਤੀ ਦੀ ਮਹੱਤਤਾ ਬਾਰੇ ਵਿਸਥਾਰ ’ਚ ਜਾਣਕਾਰੀ ਦਿੱਤੀ। ਕਲੱਬ ਦੀ ਕੋਆਰਡੀਨੇਟਰ ਰਿਤੂ ਰਾਣੀ, ਮੈਂਬਰ ਡਾ. ਯਸ਼ਪ੍ਰੀਤ ਕੌਰ ਤੇ ਲਖਵਿੰਦਰ ਸਿੰਘ ਨੇ ਧੰਨਵਾਦ ਕੀਤਾ। ਕਾਲਜ ਦੇ ਡਿਜ਼ਾਸਟਰ ਮੈਨੇਜਮੈਂਟ ਕਲੱਬ ਵੱਲੋਂ ਕੁਦਰਤੀ ਦੁਰਘਟਨਾਵਾਂ ਜਿਵੇਂ ਭੂਚਾਲ, ਹੜ੍ਹਾਂ, ਸੁਨਾਮੀ ਆਦਿ ਦੌਰਾਨ ਆਪਣਾ ਬਚਾਅ ਕਰਨ ਸਬੰਧੀ ਲੈਕਚਰ ਕਰਵਾਇਆ ਗਿਆ। ਇਸ ਦੌਰਾਨ ਡਾ. ਕਮਾਲ ਨੇ ਵਿਦਿਆਰਥੀਆਂ ਨੂੰ ਕੁਦਰਤੀ ਦੁਰਘਟਨਾਵਾਂ ਖਾਸ ਤੌਰ ’ਤੇ ਭੂਚਾਲ ਤੇ ਅੱਗ ਲੱਗਣ ਸਮੇਂ ਆਪਣੇ ਬਚਾਅ ਕਰਨ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਡੀਏਵੀ ਸਕੂਲ ਦੇ ਵਿਦਿਆਰਥੀਆਂ ਦਾ ਜੇਈਈ ਮੇਨਜ਼ ’ਚ ਧਮਾਕਾ, ਵਾਸੂ ਜੋਸ਼ੀ 99.6% ਨਾਲ ਜ਼ਿਲ੍ਹਾ ਟਾਪਰ

ਕੋਟਕਪੂਰਾ, 23 ਅਪ੍ਰੈਲ (ਵਿਪਨ ਗੋਇਲ): ਡੀਏਵੀ ਪਬਲਿਕ ਸਕੂਲ ਕੋਟਕਪੂਰਾ ਦੇ ਹੋਣਹਾਰ ਵਿਦਿਆਰਥੀਆਂ ਨੇ ਜੇਈਈ ਮੇਨਜ਼ ਦੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਵਿਦਿਆਰਥੀ ਵਾਸੂ ਜੋਸ਼ੀ ਨੇ 99.6% ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਪੱਧਰ ’ਤੇ ਟਾਪ ਕੀਤਾ। ਇਸ ਤੋਂ ਇਲਾਵਾ ਤੋਸ਼ਿਤ ਨੇ 96.3%, ਗਰਵ ਮਿੱਤਲ ਨੇ 93.7%, ਸ਼ਿਵਮ ਨੰਦਵਾਨੀ ਨੇ 92.7%, ਆਸਥਾ ਨੇ 90.6% ਤੇ ਆਨਿਆ ਬੰਸਲ ਨੇ 89.9% ਅੰਕ ਹਾਸਲ ਕਰਕੇ ਵੱਡੀ ਸਫਲਤਾ ਦਰਜ ਕੀਤੀ ਹੈ।



ਵਿਦਿਆਰਥੀਆਂ ਨੇ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਮਾਪਿਆਂ ਤੇ ਅਧਿਆਪਕਾਂ ਨੂੰ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਤੇ ਮਾਰਗਦਰਸ਼ਨ ਨਾਲ ਹੀ ਇਹ ਮੁਕਾਮ ਹਾਸਲ ਹੋ ਸਕਿਆ ਹੈ। ਉਨ੍ਹਾਂ ਨੇ ਆਪਣੇ ਸਕੂਲੀ ਦਿਨਾਂ ਨੂੰ ਯਾਦ ਕਰਦਿਆਂ ਦੱਸਿਆ ਕਿ ਅਧਿਆਪਕਾਂ ਵੱਲੋਂ ਸਮੇਂ-ਸਮੇਂ ’ਤੇ ਦਿੱਤਾ ਗਿਆ ਮਾਰਗਦਰਸ਼ਨ ਉਨ੍ਹਾਂ ਲਈ ਬਹੁਤ ਮਦਦਗਾਰ ਸਾਬਤ ਹੋਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਰਾਜਵੀਰ ਸਿੰਘ ਕੰਗ ਵੱਲੋਂ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜੇਈਈ ਮੇਨਜ਼ ਦੀ ਪ੍ਰੀਖਿਆ ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ ਦੇਸ਼ ਭਰ ਵਿੱਚ ਕਰਵਾਈ ਜਾਂਦੀ ਹੈ ਤੇ ਇਸ ਵਾਰ ਇਹ ਪ੍ਰੀਖਿਆ 2 ਤੋਂ 8 ਅਪ੍ਰੈਲ ਤੱਕ ਹੋਈ, ਜਿਸ ਵਿੱਚ ਲਗਭਗ 11.23 ਲੱਖ ਉਮੀਦਵਾਰਾਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚੋਂ ਸਖ਼ਤ ਮੁਕਾਬਲੇ ਦੇ ਬਾਵਜੂਦ ਸਕੂਲ ਦੇ ਵਿਦਿਆਰਥੀਆਂ ਨੇ ਇਹ ਸ਼ਾਨਦਾਰ ਨਤੀਜੇ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਲਗਨ, ਮਿਹਨਤ ਤੇ ਕੇਂਦ੍ਰਿਤ ਤਿਆਰੀ ਦਾ ਨਤੀਜਾ ਹੈ। ਇਸ ਮੌਕੇ ਉਨ੍ਹਾਂ ਨੇ ਸੀਨੀਅਰ ਸੈਕੰਡਰੀ ਬਲਾਕ ਦੇ ਕੋਆਰਡੀਨੇਟਰ ਸੁਮਨ ਪੁਰੀ, ਕੁਨਾਲ ਮੌਂਗਾ, ਸ਼ਵੇਤਾ ਗੁਪਤਾ, ਸੁਖਜੀਤ ਕੌਰ ਤੇ ਸਾਇੰਸ ਵਿਭਾਗ ਦੀ ਪੂਰੀ ਟੀਮ ਨੂੰ ਵੀ ਵਧਾਈ ਦਿੱਤੀ। ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਅਜੈ ਗੋਸੁਵਾਮੀ, ਡਾਇਰੈਕਟਰ ਵੀ.ਕੇ. ਚੋਪੜਾ, ਵਾਈਸ ਚੇਅਰਮੈਨ ਰਾਜ ਕੁਮਾਰ ਅਗਰਵਾਲ, ਮੈਨੇਜਰ ਡਾ. ਸਤਵੰਤ ਕੌਰ ਭੁੱਲਰ ਤੇ ਹੋਰ ਮੈਂਬਰਾਂ ਵੱਲੋਂ ਵੀ ਵਿਦਿਆਰਥੀਆਂ ਨੂੰ ਵਧਾਈ ਸੰਦੇਸ਼ ਭੇਜੇ ਗਏ ਹਨ।

# ਅਕਾਲੀ ਦਲ ਵਾਰਿਸ ਦੀ 28 ਦੀ ਕਾਨਫਰੰਸ ਇਤਿਹਾਸਕ ਹੋਵੇਗੀ: ਜਥੇ. ਲਖਬੀਰ ਸਿੰਘ ਖ਼ਾਲਸਾ

## ☛ਪਿੰਡਾਂ ’ਚ ਮੀਟਿੰਗਾਂ ਕਰਕੇ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ

ਅਮਲੋਹ, 23 ਅਪ੍ਰੈਲ (ਜਸਵੰਤ ਸਿੰਘ): ਅਕਾਲੀ ਦਲ ਵਾਰਿਸ ਦੇ ਸੂਬਾਈ ਆਗੂ ਜਥੇਦਾਰ ਲਖਵੀਰ ਸਿੰਘ ਖ਼ਾਲਸਾ ਨੇ 28 ਅਪ੍ਰੈਲ ਨੂੰ ਪਿੰਡ ਸੌਂਟੀ ਵਿੱਚ ਕੀਤੀ ਜਾ ਰਹੀ ਕਾਨਫਰੰਸ ਸਬੰਧੀ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਲੋਕਾਂ ਨੂੰ ਇਸ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।



ਉਨ੍ਹਾਂ ਦੱਸਿਆ ਕਿ ਕਾਨਫਰੰਸ ਵਿੱਚ ਸੂਬਾਈ ਲੀਡਰਸ਼ਿਪ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਭਾਗ ਲੈਣਗੀਆਂ ਤੇ ਪਾਰਟੀ ਹਾਈਕਮਾਂਡ ਅਗਲੀ ਰਣਨੀਤੀ ਬਾਰੇ ਜਾਣਕਾਰੀ ਦਵੇਗੀ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਅਕਾਲੀ ਦਲ ਵਾਰਿਸ ਨਾਲ ਖੜ੍ਹੇ ਹਨ ਕਿਉਂਕਿ ਬਾਕੀ ਪਾਰਟੀਆਂ ਨੇ ਪੰਜਾਬ ਤੇ ਪੰਥ ਦੇ ਭਲੇ ਲਈ ਕੁਝ ਨਹੀਂ ਕੀਤਾ ਸਗੋਂ ਆਪਣੀਆਂ ਤਜੌਰੀਆਂ ਭਰਨ ਨੂੰ ਹੀ ਤਰਜੀਹ ਦਿੱਤੀ ਹੈ। ਉਨ੍ਹਾਂ ਲੋਕਾਂ ਨੂੰ 28 ਦੀ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

## ਲੁਧਿਆਣਾ ਦੇ ਵਪਾਰੀ ਤੋਂ 1 ਕਰੋੜ ਰੁਪਏ ਦੀ ਮੰਗੀ ਫ਼ਿਰੌਤੀ



ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ) : ਲੁਧਿਆਣਾ ਦੇ ਇੱਕ ਵਪਾਰੀ ਤੋਂ 1 ਕਰੋੜ ਰੁਪਏ ਦੀ ਫ਼ਿਰੌਤੀ ਮੰਗੀ ਗਈ ਹੈ।ਇੱਕ ਕਾਰ ਡੀਲਰ ਨੂੰ ਵਿਦੇਸ਼ੀ ਨੰਬਰ ਤੋਂ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਕਾਰੋਬਾਰੀਆਂ ਤੋਂ ਫ਼ਿਰੌਤੀ ਦੇ ਮਾਮਲੇ ਰੁਕਦੇ ਨਜ਼ਰ ਨਹੀਂ ਆ ਰਹੇ ਹਨ। ਗੈਂਗਸਟਰ ਹਰ ਰੋਜ਼ ਲੋਕਾਂ ਨੂੰ ਫ਼ੋਨ ਕਰ ਰਹੇ ਹਨ ਅਤੇ ਫ਼ਿਰੌਤੀ ਮੰਗ ਰਹੇ ਹਨ।ਨਿਊ ਜਨਤਾ ਨਗਰ ਦੇ ਵਸਨੀਕ ਰਾਕੇਸ਼ ਕੁਮਾਰ, ਜੋ ਗਿੱਲ ਰੋਡ 'ਤੇ ਕਮਲ ਆਟੋ ਫੀਲਡਜ਼ ਦੇ ਨਾਮ ਨਾਲ ਵਾਹਨਾਂ ਦੀ ਖਰੀਦ-ਵੇਚ ਦਾ ਕਾਰੋਬਾਰ ਕਰਦਾ ਹੈ, ਉਸ ਨੇ ਸ਼ਿਕਾਇਤ ਕੀਤੀ ਕਿ 18 ਅਪ੍ਰੈਲ, 2026 ਤੋਂ +351927361380 ਤੋਂ ਉਸਦੇ ਮੋਬਾਈਲ ਨੰਬਰ 'ਤੇ ਕਾਲਾਂ ਆ ਰਹੀਆਂ ਸਨ। ਕਾਲਰ ਨੇ 1 ਕਰੋੜ ਰੁਪਏ ਦੀ ਫ਼ਿਰੌਤੀ ਮੰਗੀ ਅਤੇ ਉਸਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ। ਧਮਕੀ ਮਿਲਣ ਤੋਂ ਬਾਅਦ, ਰਾਕੇਸ਼ ਨੇ ਤੁਰੰਤ ਸ਼ਿਮਲਾਪੁਰੀ ਪੁਲਿਸ ਸਟੇਸ਼ਨ ਨੂੰ ਸੂਚਿਤ ਕੀਤਾ। ਪੁਲਿਸ ਨੇ ਅਣਪਛਾਤੇ ਮੁਲਜ਼ਮਾਂ ਵਿਰੁੱਧ ਭਾਰਤੀ ਦੰਡ ਸੰਹਿਤਾ ਦੀ ਧਾਰਾ 308(2) ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਨੇ ਕਿਹਾ ਕਿ ਕਾਲ ਕਰਨ ਵਾਲੇ ਦੀ ਪਛਾਣ ਕਰ ਲਈ ਗਈ ਹੈ। ਅਤੇ ਦੋਸ਼ੀ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਅੱਜ ਸ਼ਾਮ 8 ਤੋਂ 8:15 ਵਜੇ ਤੱਕ ਬਲੈਕਆਊਟ ਮੌਕ ਡ੍ਰਿਲ ਹੋਵੇਗੀ



ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ): ਵਧੀਕ ਡਿਪਟੀ ਕਮਿਸ਼ਨਰ (ਜ) ਪੂਨਮ ਸਿੰਘ ਨੇ ਵੀਰਵਾਰ ਨੂੰ ਦੱਸਿਆ ਕਿ ਸ਼ੁੱਕਰਵਾਰ ਨੂੰ ਸ਼ਾਮ 8:00 ਵਜੇ ਤੋਂ 8:15 ਵਜੇ ਤੱਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ), ਕਿਚਲੂ ਨਗਰ ਅਤੇ ਅਗਰ ਨਗਰ ਪੀ.ਐਸ.ਪੀ.ਸੀ.ਐਲ ਡਿਵੀਜ਼ਨ ਅਧੀਨ ਆਉਣ ਵਾਲੇ ਹੋਰ ਖੇਤਰਾਂ ਵਿੱਚ ਇੱਕ ਬਲੈਕਆਊਟ ਮੌਕ ਡ੍ਰਿਲ ਕੀਤੀ ਜਾਵੇਗੀ।

ਨਿਵਾਸੀਆਂ ਨੂੰ ਨਾ ਘਬਰਾਉਣ ਦੀ ਅਪੀਲ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਇਹ ਅਭਿਆਸ ਪੂਰੀ ਤਰ੍ਹਾਂ ਇੱਕ ਤਿਆਰੀ ਅਭਿਆਸ ਹੈ, ਜਿਸਦਾ ਉਦੇਸ਼ ਭਵਿੱਖ ਵਿੱਚ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਤਿਆਰੀ ਦਾ ਮੁੱਲਾਂਕਣ ਕਰਨਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਭਿਆਸ ਨਾਲ ਸਬੰਧਤ ਕਿਸੇ ਵੀ ਅਫਵਾਹ ਜਾਂ ਗਲਤ ਖ਼ਬਰ ਨੂੰ ਫੈਲਾਉਣ ਜਾਂ ਵਿਸ਼ਵਾਸ ਕਰਨ ਤੋਂ ਪਰਹੇਜ਼ ਕਰਨ। ਪੂਨਮ ਸਿੰਘ ਨੇ ਨਿਵਾਸੀਆਂ ਨੂੰ ਮੌਕ ਡ੍ਰਿਲ ਦੌਰਾਨ ਸਾਰੀਆਂ ਲਾਈਟਾਂ ਬੰਦ ਕਰਕੇ ਅਤੇ ਜਨਰੇਟਰ ਸੈੱਟ, ਪਾਵਰ ਬੈਕਅੱਪ ਸਿਸਟਮ, ਟਾਰਚ, ਮੋਮਬੱਤੀਆਂ ਜਾਂ ਮਾਚਿਸ ਦੀਆਂ ਸਟਿਕਸ ਦੀ ਵਰਤੋਂ ਤੋਂ ਬਚਣ ਲਈ ਪੂਰਾ ਸਹਿਯੋਗ ਦੇਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਅੱਗੇ ਦੱਸਿਆ ਕਿ ਸਾਇਰਨ ਸ਼ਾਮ 7:55 ਵਜੇ ਦੇ ਕਰੀਬ ਵਜਾਏ ਜਾਣਗੇ, ਨਾਲ ਹੀ ਜਨਤਕ ਥਾਵਾਂ ਤੋਂ ਸੂਚਿਤ ਕੀਤਾ ਜਾਵੇਗਾ, ਤਾਂ ਜੋ ਵਸਨੀਕਾਂ ਨੂੰ ਮੌਕ ਡ੍ਰਿਲ ਬਾਰੇ ਸੁਚੇਤ ਕੀਤਾ ਜਾ ਸਕੇ। ਸਾਇਰਨਾਂ ਤੋਂ ਬਾਅਦ ਪੀ.ਐਸ.ਪੀ.ਸੀ.ਐਲ ਅਭਿਆਸ ਦੇ ਹਿੱਸੇ ਵਜੋਂ ਬਿਜਲੀ ਸਪਲਾਈ ਅਸਥਾਈ ਤੌਰ 'ਤੇ ਕੱਟ ਦੇਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਬਲੈਕਆਊਟ ਨੂੰ ਸਖ਼ਤੀ ਨਾਲ ਅਤੇ ਇਸਦੀ ਅਸਲ ਭਾਵਨਾ ਨਾਲ ਦੇਖਿਆ ਜਾਣਾ ਚਾਹੀਦਾ ਹੈ।

## ਮੰਤਰੀ ਸੌਂਦ ਨੇ ਕਣਕ ਖ਼ਰੀਦ ਅਤੇ ਲਿਫਟਿੰਗ ਪ੍ਰਬੰਧਾਂ ਦੀ ਕੀਤੀ ਸਮੀਖਿਆ

ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵੀਰਵਾਰ ਨੂੰ ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ, ਖੰਨਾ ਦੇ ਮਾਰਕੀਟ ਕਮੇਟੀ ਦੇ ਮੀਟਿੰਗ ਹਾਲ ਵਿੱਚ ਕਣਕ ਦੀ ਖਰੀਦ ਅਤੇ ਲਿਫਟਿੰਗ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਖਰੀਦ ਏਜੰਸੀਆਂ ਦੇ ਮੁਖੀਆਂ, ਮੰਡੀ ਬੋਰਡ ਅਤੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਹੋਰ ਸਬੰਧਿਤ ਵਿਭਾਗਾਂ ਅਤੇ ਆੜ੍ਹਤੀਆ ਐਸੋਸੀਏਸ਼ਨ ਖੰਨਾ ਨਾਲ ਮੀਟਿੰਗ ਕੀਤੀ। ਇਸ ਮੌਕੇ ਉਹਨਾਂ ਦੇ ਨਾਲ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ ਅਤੇ ਉਪ ਮੰਡਲ ਮੈਜਿਸਟ੍ਰੇਟ ਖੰਨਾ ਸਵਾਤੀ ਟਿਵਾਣਾ ਵੀ ਮੌਜੂਦ ਸਨ। ਕੈਬਨਿਟ ਮੰਤਰੀ ਸੌਂਦ ਨੇ ਇਸ ਮੀਟਿੰਗ ਵਿੱਚ ਸਾਰਿਆਂ ਨੂੰ ਆਪਣੀ ਬਣਦੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ ਗਿਆ, ਤਾਂ ਜੋ ਮੌਜੂਦਾ ਕਣਕ ਦੇ ਸੀਜ਼ਨ ਦੌਰਾਨ ਕਿਸਾਨਾਂ ਦੀ ਸਹਾਇਤਾ ਲਈ ਕਣਕ ਦੀ ਨਿਰਵਿਘਨ ਅਤੇ ਮੁਸ਼ਕਲ ਰਹਿਤ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਜਾ ਸਕੇ। ਤਰੁਨਪ੍ਰੀਤ ਸਿੰਘ ਸੌਂਦ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਿਹਾ ਕਿ ਅਨਾਜ ਮੰਡੀ ਵਿੱਚ ਆਏ ਕਿਸਾਨਾਂ ਦੇ ਇੱਕ-ਇੱਕ ਦਾਣੇ ਦੀ ਖਰੀਦ ਤਰੁੰਤ ਕੀਤੀ ਜਾਵੇ ਅਤੇ ਖਰੀਦ ਕੀਤੀ ਕਣਕ ਦੀ ਸਮੇਂ ਸਿਰ ਲਿਫਟਿੰਗ ਕਰਨ ਨੂੰ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਦੱਸਿਆ ਕਿ ਖੰਨਾ ਅਨਾਜ ਮੰਡੀ ਵਿੱਚ ਕੁੱਲ 7,43,789 ਮੈਟਰਿਕ ਟਨ ਕਣਕ ਆਈ ਸੀ, ਜਿਸ ਵਿੱਚੋਂ 4,29,845 ਮੈਟਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ। ਸਰਕਾਰ ਵੱਲੋਂ ਖਾਸ ਟ੍ਰੇਨਾਂ (ਸਪੈਸ਼ਲਾਂ) ਰਾਹੀਂ ਵੀ ਅਨਾਜ ਨੂੰ ਜਲਦੀ ਉਠਾ ਕੇ ਭੇਜਿਆ ਜਾ ਰਿਹਾ ਹੈ, ਤਾਂ ਜੋ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਸੁਚੱਜੀ ਤਰ੍ਹਾਂ ਚੱਲਦੀ ਰਹੇ। ਇਸ ਮੌਕੇ ਉਪ ਮੰਡਲ ਮਜਿਸਟਰੇਟ ਖੰਨਾ ਸਵਾਤੀ ਟਿਵਾਣਾ, ਸਕੱਤਰ ਮਾਰਕੀਟ ਕਮੇਟੀ ਖੰਨਾ ਕਮਲਦੀਪ ਸਿੰਘ ਮਾਨ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਇਲਾਵਾ ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ, ਆੜ੍ਹਤੀਆ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀਏ ਮੌਜੂਦ ਸਨ।

## ਟੀ.ਬੀ. ਮੁਕਤ ਭਾਰਤ ਅਭਿਆਨ ਦੇ ਹਿੱਸੇ ਵਜੋਂ ਜ਼ਿਲ੍ਹੇ ਵਿੱਚ ਕਈ ਸਕ੍ਰੀਨਿੰਗ ਕੈਂਪ ਲਗਾਏ



ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ) : ਓਏਟੀ ਸੈਂਟਰ, ਲੁਧਿਆਣਾ (ਸ਼ਹਿਰੀ ਬਲਾਕ) ਵਿਖੇ ਇੱਕ ਏਸੀਐਫ ਕੈਂਪ ਲਗਾਇਆ ਗਿਆ, ਜਿੱਥੇ ਜੋਖਮ ਵਾਲੇ ਵਿਅਕਤੀਆਂ ਲਈ ਮੁਫਤ ਛਾਤੀ ਦਾ ਐਕਸ-ਰੇ ਸਕ੍ਰੀਨਿੰਗ ਅਤੇ ਥੁੱਕ ਦਾ ਨਮੂਨਾ ਇਕੱਠਾ ਕੀਤੇ ਗਏ। ਇਸ ਤੋਂ ਬਾਅਦ, ਸਾਹਨੇਵਾਲ ਦਿਹਾਤੀ ਬਲਾਕ ਅਧੀਨ ਸਿਹਤ ਅਤੇ ਤੰਦਰੁਸਤੀ ਕੇਂਦਰ (ਐਚਡਬਲਯੂਸੀ) ਆਲਮਗੀਰ ਅਤੇ ਐਚਡਬਲਯੂਸੀ ਜਸਵਾਲ (ਉੱਚ-ਜੋਖਮ ਖੇਤਰ) ਵਿਖੇ ਵੀ ਇਸੇ ਤਰ੍ਹਾਂ ਦੇ ਕੈਂਪ ਲਗਾਏ ਗਏ, ਕਮਜ਼ੋਰ ਆਬਾਦੀ 'ਤੇ ਧਿਆਨ ਕੇਂਦ੍ਰਿਤ ਕਰਦੇ ਹੋਏ। ਯਤਨਾਂ ਨੂੰ ਜਾਰੀ ਰੱਖਦੇ ਹੋਏ, ਸਾਹਨੇਵਾਲ ਦਿਹਾਤੀ ਬਲਾਕ ਦੇ ਐਚਡਬਲਯੂਸੀ ਧਾਂਦਰਾ (ਉੱਚ-ਜੋਖਮ ਖੇਤਰ) ਵਿਖੇ ਇੱਕ ਏਸੀਐਫ ਕੈਂਪ ਲਗਾਇਆ ਗਿਆ, ਜਿਸ ਨਾਲ ਜ਼ਿਲ੍ਹੇ ਵਿੱਚ ਸਰਗਰਮ ਨਿਗਰਾਨੀ ਨੂੰ ਹੋਰ ਮਜ਼ਬੂਤ ਕੀਤਾ ਗਿਆ। ਇਹ ਕੈਂਪ ਭਾਰਤ ਸਰਕਾਰ ਦੇ ਟੀਬੀ-ਮੁਕਤ ਭਾਰਤ ਦੇ ਦ੍ਰਿਸ਼ਟੀਕੋਣ ਦਾ ਹਿੱਸਾ ਹਨ, ਜਿਸਦਾ ਉਦੇਸ਼ ਕਮਿਊਨਿਟੀ-ਅਧਾਰਤ ਸਕ੍ਰੀਨਿੰਗ ਪਹਿਲਕਦਮੀਆਂ ਰਾਹੀਂ ਮਾਮਲਿਆਂ ਦੀ ਜਲਦੀ ਪਛਾਣ ਅਤੇ ਤੁਰੰਤ ਪ੍ਰਬੰਧਨ ਕਰਨਾ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਤਪਦਿਕ ਦੇ ਖਾਤਮੇ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਦੱਸਿਆ ਕਿ ਤਪਦਿਕ ਮੁਕਤ ਭਾਰਤ ਪਹਿਲਕਦਮੀ ਤਹਿਤ ਮਹੀਨੇ ਭਰ ਵਿੱਚ ਅਜਿਹੇ ਹੋਰ ਏਸੀਐਫ ਕੈਂਪ ਲਗਾਏ ਜਾਣਗੇ, ਤਾਂ ਜੋ ਵੱਧ ਤੋਂ ਵੱਧ ਆਬਾਦੀ ਅਤੇ ਉੱਚ-ਜੋਖਮ ਵਾਲੇ ਸਮੂਹਾਂ ਨੂੰ ਕਵਰ ਕੀਤਾ ਜਾ ਸਕੇ।

## ਵਿਧਾਇਕ ਛੀਨਾ ਵੱਲੋਂ ਸ਼ਰਧਾਲੂਆਂ ਦੀ 25ਵੀਂ ਬੱਸ ਰਵਾਨਾ



ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਦੇ ਵਸਨੀਕਾਂ ਵੱਲੋਂ ਤੀਰਥ ਯਾਤਰਾ ਯੋਜਨਾ ਦਾ ਭਰਪੂਰ ਲਾਭ ਲਿਆ ਜਾ ਰਿਹਾ, ਜਿਸਦੇ ਤਹਿਤ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਸ਼ਰਧਾਲੂਆਂ ਦੀ 25ਵੀਂ ਬੱਸ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਹ ਯੋਜਨਾ ਲੋਕਾਂ ਦੀ ਆਸਥਾ ਅਤੇ ਭਰੋਸੇ ਨੂੰ ਹੋਰ ਮਜ਼ਬੂਤ ਕਰ ਰਹੀ ਹੈ। ਇਸ ਦੌਰਾਨ ਸੰਗਤਾਂ ਵਿੱਚ ਵੱਡਾ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕ ਇਸ ਯੋਜਨਾ ਨਾਲ ਬਹੁਤ ਖੁਸ਼ ਨਜ਼ਰ ਆਏ। ਸੰਗਤਾਂ ਨੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੂੰ ਦਿਲੋਂ ਅਸੀਸਾਂ ਦਿੰਦਿਆਂ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ।

## ਵਿਦਿਆਰਥੀਆਂ ਨੂੰ ਸਕੂਲ ਵਿੱਚ ਅੱਗ ਸੁਰੱਖਿਆ ਅਭਿਆਸ ਕਰਵਾਇਆ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਮਾਨਵ ਰਚਨਾ ਇੰਟਰਨੈਸ਼ਨਲ ਸਕੂਲ, ਲੁਧਿਆਣਾ ਨੇ ਵਿਦਿਆਰਥੀਆਂ ਨੂੰ ਜ਼ਰੂਰੀ ਜੀਵਨ-ਰੱਖਿਅਕ ਹੁਨਰਾਂ ਨਾਲ ਲੈਸ ਕਰਨ ਅਤੇ ਅਣਕਿਆਸੇ ਖ਼ਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਫਾਇਰ ਵਿਭਾਗ ਦੇ ਸਹਿਯੋਗ ਨਾਲ ਇੱਕ ਵਿਆਪਕ ਅੱਗ ਸੁਰੱਖਿਆ ਅਭਿਆਸ ਕਰਵਾਇਆ।ਸੈਸ਼ਨ ਅੱਗ ਸੁਰੱਖਿਆ ਉਪਾਵਾਂ, ਅੱਗ ਬੁਝਾਉਣ ਵਾਲੇ ਉਪਕਰਨਾਂ ਦੀ ਸਹੀ ਵਰਤੋਂ ਅਤੇ ਐਮਰਜੈਂਸੀ ਦੌਰਾਨ ਪ੍ਰਭਾਵਸ਼ਾਲੀ ਪ੍ਰਤੀਕਿਰਿਆ ਰਣਨੀਤੀਆਂ 'ਤੇ ਕੇਂਦ੍ਰਿਤ ਸੀ। ਵਿਦਿਆਰਥੀਆਂ ਨੂੰ ਸ਼ਾਂਤ ਰਹਿਣ, ਤੁਰੰਤ ਕਾਰਵਾਈ ਕਰਨ ਅਤੇ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਬਾਰੇ ਮਾਰਗਦਰਸ਼ਨ ਕੀਤਾ ਗਿਆ।

ਇੱਕ ਇੰਟਰਐਕਟਿਵ ਸੈਸ਼ਨ ਨੇ ਉਨ੍ਹਾਂ ਦੀ ਸਮਝ ਨੂੰ ਹੋਰ ਵਧਾਇਆ, ਚੌਕਸੀ ਅਤੇ ਨਾਜ਼ੁਕ ਸਥਿਤੀਆਂ ਵਿੱਚ ਜਲਦੀ ਫੈਸਲਾ ਲੈਣ ਨੂੰ ਉਤਸ਼ਾਹਿਤ ਕੀਤਾ।ਪ੍ਰਿੰਸੀਪਲ ਸ਼ਿਲਪੀ ਸੂਦ ਗਿੱਲ ਨੇ ਫਾਇਰ ਵਿਭਾਗ ਦਾ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕੀਤਾ ਅਤੇ ਨਿਯਮਤ ਜਾਗਰੂਕਤਾ ਪਹਿਲਕਦਮੀਆਂ ਰਾਹੀਂ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਕੂਲ ਦੀ ਵਚਨਬੱਧਤਾ ਨੂੰ ਦੁਹਰਾਇਆ।

## ਲੁਧਿਆਣਾ ਡੀ.ਸੀ. ਨੂੰ ਲਿਖੇ ਪੀਏਸੀ ਦੇ ਪੱਤਰ 'ਤੇ ਕੀਤੀ ਗਈ ਕਾਰਵਾਈ : ਬੇਨੀਪਾਲ, ਖੰਨਾ



ਲੁਧਿਆਣਾ, 23 ਅਪ੍ਰੈਲ (ਵਿਸ਼ਾਲ ਸ਼ਰਮਾ): ਪੀ.ਏ.ਸੀ. (ਪਬਲਿਕ ਐਕਸ਼ਨ ਕਮੇਟੀ) ਮੱਤੇਵਾੜਾ ਜੰਗਲ, ਸਤਲੁਜ ਅਤੇ ਬੁੱਢਾ ਦਰਿਆ ਵੱਲੋਂ ਇਹ ਮਾਮਲਾ ਉਠਾਇਆ ਗਿਆ ਹੈ ਕਿ ਆਮ ਪਬਲਿਕ, ਜੋ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਵਿੱਚ ਆਉਂਦੀ ਹੈ, ਨੂੰ ਉੱਥੇ ਬੁਨਿਆਦੀ ਸਹੂਲਤਾਂ ਦੀ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ। ਸਰਕਾਰੀ ਦਫ਼ਤਰਾਂ, ਕਚਹਿਰੀਆਂ ਅਤੇ ਹੋਰ ਸਰਕਾਰੀ ਇਮਾਰਤਾਂ ਵਿੱਚ ਸਾਫ਼-ਸਫ਼ਾਈ ਦੀ ਕਮੀ, ਗੰਦਗੀ ਨਾਲ ਭਰੇ ਬਾਥਰੂਮ, ਸਾਫ਼ ਪੀਣ ਯੋਗ ਪਾਣੀ ਦੀ ਅਣਉਪਲੱਬਧਤਾ, ਥਾਂ-ਥਾਂ ਗੰਦਗੀ ਦੇ ਢੇਰ ਅਤੇ ਬਦਬੂਦਾਰ ਵਾਤਾਵਰਨ ਆਮ ਸਮੱਸਿਆਵਾਂ ਹਨ। ਇਸ ਸਮੱਸਿਆ ਦੇ ਹੱਲ ਲਈ ਪੀ.ਏ.ਸੀ. ਵੱਲੋਂ 3-4-2026 ਨੂੰ ਇੱਕ ਪੱਤਰ ਲਿਖ ਕੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਕੋਲ ਮੰਗ ਕੀਤੀ ਗਈ ਸੀ, ਕਿ ਆਮ ਪਬਲਿਕ ਨੂੰ ਬੁਨਿਆਦੀ ਅਧਿਕਾਰਾਂ ਦੇ ਤਹਿਤ ਆਉਣ ਵਾਲੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਪੀ.ਏ.ਸੀ. ਦੇ ਮੈਂਬਰਾਂ ਮਨਿੰਦਰਜੀਤ ਸਿੰਘ ਬੈਨੀਪਾਲ ਅਤੇ ਐਡਵੋਕੇਟ ਯੋਗੇਸ਼ ਖੰਨਾ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਡਿਪਟੀ ਕਮਿਸ਼ਨਰ ਲੁਧਿਆਣਾ ਵੱਲੋਂ 22-4-2026 ਨੂੰ ਪੱਤਰ ਨੰਬਰ 9096-9161/ਫ.ਸ ਰਾਹੀਂ ਜ਼ਿਲ੍ਹੇ ਦੇ 65 ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਪੀ.ਏ.ਸੀ. ਦੇ ਮੰਗ ਪੱਤਰ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਬਿਨ੍ਹਾਂ ਦੇਰੀ ਸਾਰੀਆਂ ਬੁਨਿਆਦੀ ਸਹੂਲਤਾਂ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾਣ। ਪੀ.ਏ.ਸੀ. ਮੈਂਬਰਾਂ ਮਨਿੰਦਰਜੀਤ ਸਿੰਘ ਬੈਨੀਪਾਲ ਅਤੇ ਐਡਵੋਕੇਟ ਯੋਗੇਸ਼ ਖੰਨਾ ਨੇ ਇਸ ਕਾਰਵਾਈ ਲਈ ਡਿਪਟੀ ਕਮਿਸ਼ਨਰ ਲੁਧਿਆਣਾ ਦਾ ਧੰਨਵਾਦ ਕੀਤਾ।

## ਅਕਾਲੀ ਦਲ ਬੀ.ਸੀ.ਵਿੰਗ 10 ਮਈ ਨੂੰ ਮਨਾਏਗਾ ਸ੍ਰ. ਜੱਸਾ ਸਿੰਘ ਰਾਮਗੜ੍ਹੀਆ ਦਾ ਦਿਹਾੜਾ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸ਼੍ਰੋਮਣੀ ਅਕਾਲੀ ਦਲ ਬੀ.ਸੀ.ਵਿੰਗ ਦੇ ਕੌਮੀ ਪ੍ਰਧਾਨ ਜੱਥੇਦਾਰ ਹੀਰਾ ਸਿੰਘ ਗਾਬੜੀਆ ਦੀ ਪ੍ਰਧਾਨਗੀ ਹੇਠ ਜਨਤਾ ਨਗਰ ਗਿੱਲ ਰੋਡ ਵਿਖੇ ਪੂਰੇ ਪੰਜਾਬ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਹੋਈ। ਜਿਸਨੂੰ ਸੰਬੋਧਨ ਕਰਦਿਆਂ ਜੱਥੇਦਾਰ ਹੀਰਾ ਸਿੰਘ ਗਾਬੜੀਆ ਨੇ ਕਿਹਾ ਕਿ 18ਵੀਂ ਸਦੀ ਦੇ ਮਹਾਨ ਯੋਧੇ, ਰਾਮਗੜ੍ਹੀਆ ਮਿਸਲ ਦੇ ਬਾਨੀ, ਲਾਲ ਕਿਲ੍ਹੇ ਦੇ ਜੇਤੂ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 303ਵੇਂ ਜਨਮਦਿਨ ਨੂੰ 10 ਮਈ ਨੂੰ ਦੁਪਹਿਰ 2 ਵਜੇ ਦਾਣਾ ਮੰਡੀ, ਗਿੱਲ ਰੋਡ, ਨੇੜੇ ਅਰੋੜਾ ਪੈਲੇਸ ਵਿਖੇ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਜੱਥੇਦਾਰ ਗਾਬੜੀਆ ਨੇ ਕਿਹਾ ਕਿ ਮੀਟਿੰਗ ਵਿੱਚ ਪੰਜਾਬ ਭਰ ਦੇ ਅਹੁਦੇਦਾਰਾਂ, ਜ਼ਿਲ੍ਹਾ ਪ੍ਰਧਾਨਾਂ ਅਤੇ ਸਮੂਹ ਅਹੁਦੇਦਾਰਾਂ ਨੂੰ ਆ ਰਹੀਆਂ ਨਗਰ ਕੌਂਸਲ ਚੋਣਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਅਤੇ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਵਿੱਚ ਹਾਜਰ ਅਹੁਦੇਦਾਰਾਂ ਦਾ ਗੁਰਮੀਤ ਕੁਲਾਰ ਨੇ ਧੰਨਵਾਦ ਕੀਤਾ। ਇਸ ਸਮੇਂ ਗੁਰਦੀਪ ਸਿੰਘ ਲੀਲ, ਗੁਰਦੀਪ ਸਿੰਘ ਸ਼ੇਖੂਪੁਰਾ, ਗੁਰਚਰਨ ਸਿੰਘ ਗੁਰੂ,ਭੁਪਿੰਦਰ ਪਾਲ ਸਿੰਘ ਜਾਗੜਾ, ਦਵਿੰਦਰ ਸਿੰਘ ਕਲਸੀ, ਜਸਦੀਪ ਸਿੰਘ ਕਾਉਂਕੇ, ਚਰਨਜੀਤ ਸਿੰਘ ਚੰਨੀ , ਹਰਦਿਆਲ ਸਿੰਘ ਭੱਟੀ ਪਟਿਆਲਾ, ਹਰੀਸ਼ ਕੁਮਾਰ ਪਠਾਨਕੋਟ, ਨਰਿੰਦਰ ਸਿੰਘ ਸੇਖਵਾ, ਇੰਦਰਜੀਤ ਸਿੰਘ ਪੰਡੋਰੀ ਅੰਮ੍ਰਿਤਸਰ, ਚਮਕੌਰ ਸਿੰਘ ਉੱਭੀ ਸੁਰਿੰਦਰ ਸਿੰਘ ਸੈਣੀ ਪਠਾਨਕੋਟ, ਸਿਰਾਜ ਮੁਹੰਮਦ, ਮਨਜਿੰਦਰ ਸਿੰਘ ਤਰਨਤਾਰਨ, ਸੁਰਜੀਤ ਸਿੰਘ ਕੈਰੇ ਹੁਸ਼ਿਆਰਪੁਰ, ਮਲਕੀਤ ਸਿੰਘ ਸਸਰਾਲੀ , ਰਛਪਾਲ ਸਿੰਘ ਫੌਜੀ, ਸਵਰਨ ਸਿੰਘ ਮਹੌਲੀ, ਨਰਿੰਦਰਪਾਲ ਸਿੰਘ ਮੋਗਾ, ਜਸਪਿੰਦਰ ਸਿੰਘ ਫਤਹਿਗੜ੍ਹ ਸਾਹਿਬ, ਪਰਮਿੰਦਰ ਸਿੰਘ ਜੰਡੂ ਫਗਵਾੜਾ, ਅਜੈਬ ਸਿੰਘ ਹਰਬੰਸਪੁਰ, ਜਸਬੀਰ ਸਿੰਘ ਮੰਗਲੀ ਅਤੇ ਅਵਤਾਰ ਸਿੰਘ ਸੁਲਤਾਨਪੁਰ ਲੋਧੀ ਹਾਜ਼ਰ ਸਨ।

## ਰੱਖ-ਰਖਾਅ ਦੇ ਨਾਮ 'ਤੇ ਬਿਜਲੀ ਕੱਟਾਂ ਨੇ ਲੋਕਾਂ ਦਾ ਜੀਵਨ ਪ੍ਰਭਾਵਿਤ ਕੀਤਾ : ਮੱਲ੍ਹੀ, ਡਾ. ਸਤੀਸ਼



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਹੁਣ ਜਦੋਂ ਗਰਮੀਆਂ ਆ ਗਈਆਂ ਹਨ, ਤਾਂ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਬਣਾਈ ਰੱਖਣ ਦੇ ਨਾਮ 'ਤੇ ਪੰਜਾਬ ਭਰ ਵਿੱਚ ਬਿਜਲੀ ਕੱਟ ਦਿੱਤੀ ਗਈ ਹੈ। ਜ਼ਿਲ੍ਹਾ ਭਾਜਪਾ ਦੇ ਜਨਰਲ ਸਕੱਤਰ ਸਰਦਾਰ ਨਰਿੰਦਰ ਸਿੰਘ ਮੱਲ੍ਹੀ ਅਤੇ ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ ਨੇ ਬਿਜਲੀ ਵਿਭਾਗ ਵੱਲੋਂ ਰੱਖ-ਰਖਾਅ ਦੇ ਨਾਮ 'ਤੇ ਲਗਾਏ ਗਏ ਲੰਬੇ ਬਿਜਲੀ ਕੱਟਾਂ ਲਈ 'ਆਪ' ਸਰਕਾਰ ਦੀ ਵਿਅੰਗਮਈ ਆਲੋਚਨਾ ਕੀਤੀ। ਭਾਜਪਾ ਆਗੂਆਂ ਨੇ ਕਿਹਾ ਕਿ ਬਿਜਲੀ ਵਿਭਾਗ ਵੱਲੋਂ ਰੱਖ-ਰਖਾਅ ਦੇ ਨਾਮ 'ਤੇ ਦਿਨ-ਭਰ ਬਿਜਲੀ ਕੱਟ ਲੋਕਾਂ ਦੇ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਰਹੇ ਹਨ। ਪੰਜਾਬ ਸਰਕਾਰ ਦੇ 300 ਯੂਨਿਟ ਮੁਫ਼ਤ ਬਿਜਲੀ ਦੇ ਦਾਅਵੇ 'ਤੇ ਸਵਾਲ ਉਠਾਉਂਦੇ ਹੋਏ, ਉਨ੍ਹਾਂ ਨੇ ਇਸ ਸਹੂਲਤ ਦੇ ਲਾਭਾਂ 'ਤੇ ਸਵਾਲ ਉਠਾਏ ਜਦੋਂ ਬਿਜਲੀ ਮਹੀਨੇ ਵਿੱਚ ਸਿਰਫ਼ 10 ਤੋਂ 15 ਦਿਨ ਹੀ ਉਪਲੱਬਧ ਹੁੰਦੀ ਹੈ। ਇਸ ਤੋਂ ਇਲਾਵਾ, ਐਲਾਨੇ ਅਤੇ ਅਣ-ਐਲਾਨੇ ਬਿਜਲੀ ਕੱਟਾਂ ਕਾਰਨ, ਪਾਣੀ ਵੀ ਘਰਾਂ ਤੱਕ ਨਹੀਂ ਪਹੁੰਚ ਰਿਹਾ, ਜਿਸ ਨਾਲ ਜਨਤਾ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਵਿਘਨ ਪੈ ਰਿਹਾ ਹੈ। ਡਾ. ਕੁਮਾਰ ਨੇ ਪੁੱਛਿਆ, ਕੀ ਇਹ ਫਰਵਰੀ ਜਾਂ ਮਾਰਚ ਵਿੱਚ ਨਹੀਂ ਕੀਤਾ ਜਾ ਸਕਦਾ ਸੀ? ਹੁਣ ਜਦੋਂ ਗਰਮੀ ਆਪਣੇ ਸਿਖਰ 'ਤੇ ਹੈ, ਤਾਂ ਸਰਕਾਰ ਨੇ ਲੰਬੇ ਬਿਜਲੀ ਕੱਟ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਜਦੋਂ ਬਿਜਲੀ ਨਿਗਮ ਕੋਲ ਕੋਈ ਨਿਯਮਤ ਚੇਅਰਮੈਨ ਵੀ ਨਹੀਂ ਹੈ, ਤਾਂ ਇਹ ਫੈਸਲੇ ਕੌਣ ਲੈ ਰਿਹਾ ਹੈ। ਇਹ ਚਿੰਤਾ ਦਾ ਵਿਸ਼ਾ ਹੈ।

## ਗੁੱਡ ਅਰਥ ਕਨਵੈਂਟ ਸਕੂਲ ਸਿਆੜ ਵਿਖੇ ਧੂਮਧਾਮ ਨਾਲ ਮਨਾਇਆ ਧਰਤੀ ਦਿਵਸ



ਰਾੜਾ ਸਾਹਿਬ, 23 ਅਪ੍ਰੈਲ (ਸੰਜੀਵ ਲਹਿਲ) : ਧਰਤੀ ਮਾਤਾ ਦੇ ਸਨਮਾਨ ਅਤੇ ਵਾਤਾਵਰਣ ਦੀ ਸੰਭਾਲ ਲਈ ਗੁੱਡ ਅਰਥ ਕਨਵੈਂਟ ਸਕੂਲ ਸਿਆੜ ਵੱਲੋਂ 22 ਅਪ੍ਰੈਲ 2026 ਨੂੰ ਧਰਤੀ ਦਿਵਸ ਬੜੀ ਹੀ ਸ਼ਾਨ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਬੰਧਕਾਂ ਵੱਲੋਂ ਇਸ ਦਿਨ ਨੂੰ ਸਮਰਪਿਤ ਕਰਦੇ ਹੋਏ ਵੱਖ-ਵੱਖ ਸ਼੍ਰੇਣੀਆਂ ਵਿੱਚ ਵਿਦਿਆਰਥੀਆਂ ਲਈ ਰਚਨਾਤਮਕ ਅਤੇ ਜਾਣਕਾਰੀਪ੍ਰਦ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।

ਸਕੂਲ ਦੇ ਨੰਨ੍ਹੇ ਮੁੰਨੇ ਬੱਚਿਆਂ ਤੋਂ ਲੈ ਕੇ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਤੱਕ ਸਭ ਨੇ ਵੱਡੇ ਚਾਵ ਨਾਲ ਭਾਗ ਲਿਆ। ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਬੱਚਿਆਂ ਲਈ ਕਲਰਿੰਗ ਮੁਕਾਬਲੇ, ਪਹਿਲੀ ਤੋਂ ਦੂਜੀ ਜਮਾਤ ਲਈ ਵਾਲ ਹੈਂਗਿੰਗ, ਤੀਜੀ ਤੋਂ ਚੌਥੀ ਲਈ ਕ੍ਰਾਫਟ ਆਨ ਅਰਥ ਡੇ÷, ਪੰਜਵੀਂ ਤੋਂ ਛੇਵੀਂ ਲਈ ਕੋਲਾਜ ਮੇਕਿੰਗ, ਸੱਤਵੀਂ ਤੋਂ ਅੱਠਵੀਂ ਲਈ ਪਲਾਸਟਿਕ ਬੋਤਲਾਂ ਨਾਲ ਫੁੱਲਦਾਨ ਬਣਾਉਣ ਅਤੇ ਨੌਵੀਂ ਤੋਂ ਦਸਵੀਂ ਜਮਾਤ ਲਈ ਲੀਫ ਕ੍ਰਾਫਟ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਵੇਸਟ ਮਟੀਰੀਅਲ ਨਾਲ ਪੰਛੀਆਂ ਦੇ ਘੋਂਸਲੇ ਤਿਆਰ ਕਰਕੇ ਵਾਤਾਵਰਣ ਸੁਰੱਖਿਆ ਦਾ ਅਨੋਖਾ ਸੰਦੇਸ਼ ਦਿੱਤਾ ਗਿਆ।

ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੇ ਇਹ ਦਰਸਾਇਆ ਕਿ ਅਸੀਂ ਸਾਰਿਆਂ ਨੂੰ ਮਿਲ ਕੇ ਧਰਤੀ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਯਤਨ ਕਰਨੇ ਚਾਹੀਦੇ ਹਨ ਅਤੇ ਆਪਣੇ ਆਲੇ ਦੁਆਲੇ ਦੇ ਵਾਤਾਵਰਣ ਨੂੰ ਸਾਫ-ਸੁਥਰਾ ਰੱਖਣਾ ਚਾਹੀਦਾ ਹੈ।

ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਨਵੀਨ ਬਾਂਸਲ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਧਰਤੀ ਦਿਵਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਧਰਤੀ ਸਾਡਾ ਸਾਂਝਾ ਘਰ ਹੈ ਅਤੇ ਇਸ ਦੀ ਸੰਭਾਲ ਕਰਨਾ ਹਰ ਇੱਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਰੋਜ਼ਾਨਾ ਜੀਵਨ ਵਿੱਚ ਛੋਟੇ-ਛੋਟੇ ਕਦਮ ਚੁੱਕ ਕੇ ਵਾਤਾਵਰਣ ਦੀ ਰੱਖਿਆ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਉੱਤੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸਰਟੀਫਿਕੇਟ ਵੀ ਵੰਡੇ ਗਏ। ਇਹ ਸਾਰੇ ਪ੍ਰੋਗਰਾਮ ਇੰਚਾਰਜ ਕੁਲਦੀਪ ਸਿੰਘ ਅਤੇ ਰਾਜਵੰਤ ਕੌਰ ਦੀ ਰਹਿਨੁਮਾਈ ਹੇਠ ਸਫਲਤਾਪੂਰਵਕ ਕਰਵਾਏ ਗਏ।

ਇਸ ਦੌਰਾਨ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਸਿੰਘ, ਸੁਪਰਵਾਈਜ਼ਰ ਹਰਪ੍ਰੀਤ ਕੌਰ, ਮਨਦੀਪ ਕੌਰ ਪੰਧੇਰ ਅਤੇ ਆਰਟ ਟੀਚਰ ਬਲਵੰਤ ਸਿੰਘ ਸਮੇਤ ਸਕੂਲ ਦਾ ਸਾਰਾ ਸਟਾਫ ਹਾਜ਼ਰ ਸਨ।

## ਸਵਾਮੀ ਸੱਤਿਆਨਾਥ ਦਾ ਲੁਧਿਆਣਾ ਪਹੁੰਚਣ 'ਤੇ ਸਤਵਿੰਦਰ ਮਠਾੜੂ ਨੇ ਕੀਤਾ ਸਵਾਗਤ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸੁਆਮੀ ਸੱਤਿਆਨਾਥ ਸ੍ਰੀ ਨਾਰਾਇਣੀ ਮੱਠ ਟਿੱਬੀ ਹਨੂਮਾਨਗੜ੍ਹ ਰਾਜਸਥਾਨ ਲੁਧਿਆਣਾ ਵਿਖੇ ਪਧਾਰੇ । ਉਨ੍ਹਾਂ ਨੇ ਰਕੇਸ਼ ਕੁਮਾਰ ਗੋਇਲ ਦੇ ਧਾਂਦਰਾ ਰੋਡ ਦਫਤਰ ਵਿਖੇ ਪਹੁੰਚ ਕੇ ਸੰਗਤਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸਤਵਿੰਦਰ ਸਿੰਘ ਮਠਾੜੂ ਕਾਰਜਕਾਰੀ ਪ੍ਰਧਾਨ ਹਿਊਮਨ ਰਾਈਟ ਕੌਂਸਲ ਪੰਜਾਬ ਨੇ ਸਵਾਮੀ ਜੀ ਦਾ ਸਵਾਗਤ ਕੀਤਾ। ਉਹਨਾਂ ਆਖਿਆ ਕਿ ਸਵਾਮੀ ਜੀ ਦਾ ਇੱਥੇ ਆਉਣਾ ਸਾਡੇ ਸਭ ਲਈ ਵੱਡੇ ਭਾਗਾਂ ਵਾਲੀ ਗੱਲ ਹੈ। ਸਵਾਮੀ ਜੀ ਨੇ ਵੀ ਸੰਗਤਾਂ ਦੇ ਨਾਲ ਆਤਮਾ ਅਤੇ ਪਰਮਾਤਮਾ ਦੇ ਮੇਲ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਰਕੇਸ਼ ਗੋਇਲ, ਰਾਜੂ, ਦਿਨੇਸ਼, ਕੁੱਕੂ ਅਤੇ ਬੀਜਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## 14 ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਇਤਿਹਾਸਿਕ ਸਥਾਨ 'ਤੇ ਫਤਹਿ ਦਾ ਝੰਡਾ ਲਹਿਰਾਇਆ ਜਾਵੇਗਾ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ ਫਤਿਹਗੜ੍ਹ ਸਾਹਿਬ ਵਿਖੇ ਸਰਹਿੰਦ ਫਤਿਹ ਦਿਵਸ ਦਾ 316ਵਾਂ ਇਤਿਹਾਸਿਕ ਦਿਹਾੜਾ ਮਨਾਉਣ ਸਬੰਧੀ ਪ੍ਰਿੰਸੀਪਲ ਡਾ. ਲਖਵੀਰ ਸਿੰਘ ਨਾਲ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਮੁੱਖ ਸਰਪ੍ਰਸਤ ਮਲਕੀਤ ਸਿੰਘ ਦਾਖਾ, ਸਮਾਗਮ ਦੇ ਕਨਵੀਨਰ ਜਸਵੰਤ ਸਿੰਘ ਛਾਪਾ, ਦਾਰਾ ਦਾਸ ਬਾਵਾ, ਮੋਹਣ ਦਾਸ ਬਾਵਾ ਨੇ ਮੀਟਿੰਗ ਕੀਤੀ। ਇਸ ਸਮੇਂ ਫੈਸਲਾ ਹੋਇਆ ਕਿ 14 ਮਈ ਸਵੇਰੇ 10.30 ਵਜੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਬੁੱਤ @ਤੇ ਹਾਰ ਪਾਏ ਜਾਣਗੇ।ਉਪਰੰਤ 11 ਵਜੇ ਤੋਂ 1 ਵਜੇ ਤੱਕ ਸੈਮੀਨਾਰ ਕਾਲਜ ਵਿਖੇ ਹੋਵੇਗਾ।ਪੰਥ ਦੀ ਮਹਾਨ ਸ਼ਖ਼ਸੀਅਤ ਗੁਰਚਰਨ ਸਿੰਘ ਟੌਹੜਾ ਨੂੰ ਵੀ ਇਸ ਮੌਕੇ ਯਾਦ ਕੀਤਾ ਜਾਵੇਗਾ।ਬਾਵਾ ਨੇ ਦੱਸਿਆ ਕਿ 1.30 ਵਜੇ ਬਾਅਦ ਦੁਪਹਿਰ ਫਤਿਹ ਦਾ ਝੰਡਾ ਨਿਹੰਗ ਸਿੰਘਾਂ ਫੌਜਾਂ ਦੀ ਰਹਿਨੁਮਾਈ ਹੇਠ ਇਤਿਹਾਸਿਕ ਅਸਥਾਨ @ਤੇ ਲਹਿਰਾਇਆ ਜਾਵੇਗਾ। ਉਪਰੰਤ ਫਤਿਹ ਦੀ ਅਰਦਾਸ ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿਖੇ ਹੋਵੇਗੀ। ਇਸ ਸਮੇਂ ਜਗਦੀਸ਼ ਬਾਵਾ, ਦਾਰਾ ਦਾਸ ਬਾਵਾ, ਮੋਹਣ ਦਾਸ ਬਾਵਾ ਰਿਟਾ. ਪੁਲਿਸ ਇੰਸਪੈਕਟਰ, ਹਰਦੀਪ ਸਿੰਘ ਸੋਮਲ, ਸਾਹਨੀ, ਦਰਸ਼ਨ ਸਿੰਘ ਰੁੜਕੀ, ਜੀਤ ਸਿੰਘ, ਸਰਬਜੀਤ ਸਿੰਘ ਸਰਹੰਦ ਦੀ ਸਮੁੱਚੇ ਪ੍ਰਬੰਧਾਂ ਲਈ ਕਮੇਟੀ ਦਾ ਗਠਨ ਬਾਵਾ ਨੇ ਕੀਤਾ।

## ਡੰਗ ਨੇ ਕੀਤਾ ਨਗਰ ਕੀਰਤਨ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸਰਬ ਸਾਂਝੀ ਸੇਵਾ ਸੋਸਾਇਟੀ ਦੀ ਇੱਕ ਮੀਟਿੰਗ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਹਰਪ੍ਰੀਤ ਸਿੰਘ ਡੰਗ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਪਿਛਲੇ ਦਿਨੀ ਸੁਸਾਇਟੀ ਵੱਲੋਂ ਵਿਸਾਖੀ ਨੂੰ ਸਮਰਪਿਤ ਕੱਢੇ ਗਏ ਨਗਰ ਕੀਰਤਨ ਵਿੱਚ ਸਹਿਯੋਗ ਦੇਣ ਵਾਲੇ ਵਾਲਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰ ਡੰਗ ਨੇ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਦੁਆਰਾ ਕਲਗੀਧਰ ਸਾਹਿਬ ਦੇ ਪ੍ਰਬੰਧਕ ਅਤੇ ਪੁਲਿਸ ਦਾ ਸੁਸਾਇਟੀ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਜਾਂਦਾ ਹੈ, ਜਿਨ੍ਹਾਂ ਨੇ

ਇਸ ਨਗਰ ਕੀਰਤਨ ਲਈ ਬਣਦਾ ਸਹਿਯੋਗ ਦਿੱਤਾ ਅਤੇ ਜਿਨ੍ਹਾਂ ਦੀ ਬਦੌਲਤ ਸੁਸਾਇਟੀ ਨਗਰ ਕੀਰਤਨ ਕੱਢਣ ਵਿੱਚ ਕਾਮਯਾਬ ਹੋ ਸਕੀ। ਉਹਨਾਂ ਆਖਿਆ ਕਿ ਸੁਸਾਇਟੀ ਵੱਲੋਂ ਧਾਰਮਿਕ ਗਤੀਵਿਧੀਆਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ ਅਤੇ ਜਲਦੀ ਹੀ ਅਗਲੇ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਬਲਵਿੰਦਰ ਸਿੰਘ ਭੁੱਲਰ, ਹਰਪਾਲ ਸਿੰਘ ਖਾਲਸਾ, ਸਰਬਜੀਤ ਸਿੰਘ ਛਾਪਾ, ਕੰਵਲਦੀਪ ਸਿੰਘ ਬਹਿਲ, ਜਗਦੀਪ ਸਿੰਘ ਕਾਉਂਕੇ, ਜਤਿੰਦਰਪਾਲ ਸਿੰਘ ਖਾਲਸਾ, ਸੰਤੋਖ ਸਿੰਘ, ਗੁਰਚਰਨ ਸਿੰਘ ਰੰਧਾਵਾ, ਕਿਰਪਾਲ ਸਿੰਘ ਮਨੋਚਾ, ਜਸਵਿੰਦਰ ਸਿੰਘ ਢਿੱਲੋਂ, ਪਵਿੱਤਰ ਸਿੰਘ ਹੈਪੀ, ਕਰਨਵੀਰ ਸਿੰਘ ਬਿੱਟਾ, ਮਨਸਿਮਰਨ ਸਿੰਘ, ਬੌਬੀ ਕਥੂਰੀਆ, ਰਾਣੀ ਧਾਲੀਵਾਲ, ਗੁਰਚਰਨ ਸਿੰਘ ਰੰਧਾਵਾ, ਜਸਪਾਲ ਕੌਰ, ਭੁਪਿੰਦਰ ਸਿੰਘ ਸਿੱਧੂ ਅਤੇ ਹੋਰ ਅਨੇਕਾਂ ਮੈਂਬਰ ਤੇ ਅਹੁਦੇਦਾਰ ਮੌਜੂਦ ਸਨ।

## ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਅੱਗੇ ਅੱਜ ਦੇਣਗੇ ਧਰਨਾ



ਲੁਧਿਆਣਾ, 23 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਥੜੇ ਦੇ ਅਧਾਰਿਤ ਪੀ ਐੱਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ), ਪੈਨਸ਼ਨਰ ਵੈਲਫੇਅਰ ਫੈਡਰੇਸ਼ਨ (ਪਹਿਲਵਾਨ) ਨੇ ਅੱਜ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਮੀਟਿੰਗ ਕਰਕੇ 24 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਰਿਹਾਇਸ਼ ਅੱਗੇ ਲਾ ਮਿਸਾਲ ਸੂਬਾ ਪੱਧਰੀ ਧਰਨਾ ਲਗਾ ਕੇ ਸ਼ਹਿਰ ਵਿੱਚ ਰੋਸ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ। ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਬਲਜੀਤ ਸਿੰਘ ਮੋਦਲਾ, ਦੇਵਿੰਦਰ ਸਿੰਘ ਪਿਸ਼ੌਰ, ਰਵੇਲ ਸਿੰਘ ਸਹਾਏਪੁਰ, ਇੰਜ ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਕੌਰ ਸਿੰਘ ਸੋਹੀ, ਪਵਨਪ੍ਰੀਤ ਸਿੰਘ, ਦਲੀਪ ਕੁਮਾਰ, ਰਾਧੇ ਸ਼ਿਆਮ, ਬਾਬਾ ਅਮਰਜੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਦੱਸਿਆ ਕਿ 16 ਅਪ੍ਰੈਲ ਨੂੰ ਜੱਥੇਬੰਦੀਆਂ ਅਤੇ ਬਿਜਲੀ ਮੰਤਰੀ ਵਿਚਾਲੇ ਹੋਈ ਮੀਟਿੰਗ ਦੌਰਾਨ ਬਿਜਲੀ ਮੰਤਰੀ ਵੱਲੋਂ ਮੁਲਾਜ਼ਮਾਂ ਦੇ ਹੱਕੀ ਅਤੇ ਜਾਇਜ਼ ਮੰਗਾਂ/ ਮਸਲਿਆਂ ਦੇ ਹੱਲ ਕਰਨ ਦੀ ਬਜਾਏ ਆਕੜ ਭਰਿਆ ਵਤੀਰਾ ਅਪਣਾਇਆ । ਜਿਸ ਕਾਰਨ ਮੀਟਿੰਗ ਬੇਸਿੱਟਾ ਰਹੀ। ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੇ ਇਸ ਮੁਲਾਜ਼ਮ ਵਿਰੋਧੀ ਵਤੀਰੇ ਦੇ ਮੱਦੇਨਜ਼ਰ ਜੱਥੇਬੰਦੀਆਂ ਵੱਲੋਂ ਅੱਜ ਅਗਲੇ ਸੰਘਰਸ਼ ਦਾ ਐਲਾਨ ਕੀਤਾ ਗਿਆ । ਜਿਸ ਵਿੱਚ ਵਰਕ-ਟੂ-ਰੂਲ ਦਾ ਸੰਘਰਸ਼ 24 ਮਈ ਤੱਕ ਇਸੇ ਤਰਾਂ ਜਾਰੀ ਰਹੇਗਾ, 24 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਸਥਿਤ ਰਿਹਾਇਸ਼ ਅੱਗੇ ਸੂਬਾ ਪੱਧਰੀ ਰੋਸ ਧਰਨਾ ਲਗਾ ਕੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, 17 ਅਤੇ 18 ਜੂਨ ਨੂੰ ਬਿਜਲੀ ਕਰਮਚਾਰੀਆਂ ਵੱਲੋਂ ਦੋ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ ਅਤੇ ਪੈਨਸ਼ਨਰਾਂ ਵਲੋਂ ਜੇਲ੍ਹ ਭਰੋ ਅੰਦੋਲਨ ਕੀਤਾ ਜਾਵੇਗਾ। ਆਗੂਆਂ ਨੇ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ ਨਹੀਂ ਤਾਂ ਜੱਥੇਬੰਦੀਆਂ ਚੱਲਦੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੀਆਂ, ਜਿਸ ਦੀ ਜਿੰਮੇਵਾਰੀ ਬਿਜਲੀ ਮੰਤਰੀ ਅਤੇ ਮੈਨੇਜਮੈਂਟ ਦੀ ਹੋਵੇਗੀ ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 27 ਅਪ੍ਰੈਲ ਨੂੰ ਸੀ ਐਚ ਬੀ ਕਾਮਿਆਂ ਦੇ ਸੰਘਰਸ਼ ਦੀ ਹਮਾਇਤ ਵਿੱਚ ਰੋਸ ਰੈਲੀਆਂ ਕੀਤੀਆਂ ਜਾਣਗੀਆਂ। 1ਮਈ ਤੋਂ ਬਿਜਲੀ ਮੰਤਰੀ ,ਸੀ ਐਮ ਡੀ ਅਤੇ ਡਾਇਰੈਕਟਰ ਨੂੰ ਫੀਲਡ ਵਿੱਚ ਕਾਲੇ ਝੰਡੇ ਦਿਖਾਉਣ ਉਪਰੰਤ ਪ੍ਰਦਰਸ਼ਨ ਕੀਤੇ ਜਾਣਗੇ।

## ਆਤਮਾ ਰਾਮ ਬਾਵਾ ਨਮਿੱਤ ਗਰੁੜ ਪੁਰਾਣ ਦੇ ਪਾਠ ਦਾ ਭੋਗ ਅਤੇ ਸ਼ਰਧਾਂਜਲੀ ਸਮਾਗਮ



ਜਗਰਾਓਂ, 23 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ): ਸਥਾਨਕ ਸ਼ਹਿਰ ਦੀ ਉੱਘੀ ਸ਼ਖ਼ਸੀਅਤ, ਕੌਂਸਲਰ ਅਨਮੋਲ ਗੁਪਤਾ ਅਤੇ ਅੰਕੁਰ ਗੁਪਤਾ ਦੇ ਪੂਜਨੀਕ ਪਿਤਾ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਕਨਹਈਆ ਲਾਲ ਬਾਂਕਾ ਜੀ ਦੇ ਤਾਇਆ ਜੀ, ਸ੍ਰੀ ਆਤਮਾ ਰਾਮ ਬਾਵਾ ਜੀ ਦੇ ਨਮਿੱਤ ਰੱਖੇ ਗਏ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਅਤੇ ਸ਼ਰਧਾਂਜਲੀ ਸਮਾਗਮ ਅੱਜ ਸਥਾਨਕ ਸਨਮਤੀ ਮਾਤਰੀ ਸੰਘ ਵਿਖੇ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ, ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਪਹੁੰਚ ਕੇ ਵਿਛੜੀ ਰੂਹ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ। ਸ੍ਰੀ ਆਤਮਾ ਰਾਮ ਬਾਵਾ ਜੀ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚੀਆਂ ਪ੍ਰਮੁੱਖ ਹਸਤੀਆਂ ਨੇ ਉਨ੍ਹਾਂ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਗੁਪਤਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ: ਪ੍ਰਮੁੱਖ ਸ਼ਖ਼ਸੀਅਤਾਂ ਨੇ ਦਿੱਤੀ ਸ਼ਰਧਾਂਜਲੀ ਪ੍ਰੋਫੈਸਰ ਸੁਖਵਿੰਦਰ ਸਿੰਘ ,ਆਪ ਆਗੂ ਕੁਲਵਿੰਦਰ ਸਿੰਘ ਕਾਲਾ.ਸਾਬਕਾ ਵਿਧਾਇਕ ਐੱਸ.ਆਰ. ਕਲੇਰ.ਐੱਸ.ਜੀ.ਪੀ.ਸੀ.ਮੈਂਬਰ ਗੁਰਚਰਨ ਸਿੰਘ ਗਰੇਵਾਲ .ਪੰਜਾਬ ਵਿਕਾਸ ਦਲਿਤ ਬੋਰਡ ਦੇ ਚੇਅਰਮੈਨ ਵਿਜੇ ਦਾਨਵ. ਮਲਕੀਤ ਸਿੰਘ ਦਾਖਾ. ਕਾਂਗਰਸੀ ਆਗੂ ਰਜੇਸ਼ੰਦਰ ਸਿੰਘ ਸਿੱਧੂ .ਪ੍ਰਸ਼ੋਤਮ ਲਾਲ ਖਲੀਫਾ .ਅਕਾਲੀ ਆਗੂ ਕਮਲਜੀਤ ਸਿੰਘ ਮੁੱਲਾ. ਇਨ੍ਹਾਂ ਤੋਂ ਇਲਾਵਾ ਸ਼ਹਿਰ ਦੇ ਕਈ ਹੋਰ ਮੰਨੇ-ਪ੍ਰਮੰਨੇ ਰਾਜਨੀਤਿਕ ਅਤੇ ਸਮਾਜਿਕ ਆਗੂਆਂ ਨੇ ਬਾਵਾ ਜੀ ਦੇ ਅਕਾਲ ਚਲਾਣੇ ਨੂੰ ਪਰਿਵਾਰ ਅਤੇ ਸ਼ਹਿਰ ਲਈ ਇੱਕ ਨਾ-ਪੂਰਿਆ ਜਾਣ ਵਾਲਾ ਘਾਟਾ ਦੱਸਿਆ।ਸ਼ਰਧਾਂਜਲੀ ਸਮਾਗਮ ਦੌਰਾਨ ਸਟੇਜ ਦੇ ਸੰਚਾਲਨ ਦੀ ਜ਼ਿੰਮੇਵਾਰੀ ਕੈਪਟਨ ਨਰੇਸ਼ ਵਰਮਾ ਨੇ ਬੜੇ ਹੀ ਸੁਚੱਜੇ ਅਤੇ ਵਧੀਆ ਢੰਗ ਨਾਲ ਨਿਭਾਈ। ਉਨ੍ਹਾਂ ਨੇ ਆਤਮਾ ਰਾਮ ਬਾਵਾ ਜੀ ਦੇ ਜੀਵਨ ਸਫ਼ਰ ਅਤੇ ਸਮਾਜ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਬਹੁਤ ਹੀ ਭਾਵੁਕ ਸ਼ਬਦਾਂ ਵਿੱਚ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਵਿੱਚ ਜਗਰਾਓਂ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ। ਸ਼ਹਿਰ ਵਾਸੀਆਂ ਦਾ ਭਾਰੀ ਇਕੱਠ ਇਸ ਗੱਲ ਦਾ ਗਵਾਹ ਸੀ ਕਿ ਬਾਵਾ ਜੀ ਦਾ ਮਿਲਾਪੜਾ ਸੁਭਾਅ ਅਤੇ ਸਮਾਜਿਕ ਸਰੋਕਾਰਾਂ ਪ੍ਰਤੀ ਉਨ੍ਹਾਂ ਦੀ ਲਗਨ ਕਰਕੇ ਹਰ ਵਰਗ ਦੇ ਮਨ ਵਿੱਚ ਉਨ੍ਹਾਂ ਲਈ ਬਹੁਤ ਸਤਿਕਾਰ ਸੀ। ਅੰਤ ਵਿੱਚ, ਗੁਪਤਾ ਪਰਿਵਾਰ ਅਤੇ ਕਨਹਈਆ ਲਾਲ ਬਾਂਕਾ ਜੀ ਨੇ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਣ ਵਾਲੀਆਂ ਸਾਰੀਆਂ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।




## ਆਈ.ਏ.ਐਸ. ਅਫ਼ਸਰ ਗੁਰਕੰਵਲ ਸਿੰਘ ਨੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ



ਅੰਮ੍ਰਿਤਸਰ, 23 ਅਪ੍ਰੈਲ (ਬਬਲੂ ਮਹਾਜਨ) : 2025 ਬੈਚ ਦੇ ਸਲੈਕਟ ਹੋਏ ਆਈਏਐਸ ਅਫਸਰ ਗੁਰਕੰਵਲ ਸਿੰਘ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਪਣੇ ਪਰਿਵਾਰ ਸਮੇਤ ਮੱਥਾ ਟੇਕ ਕੇ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕੀਤਾ। ਇਸ ਮੌਕੇ 'ਤੇ ਉਹਨਾਂ ਨੇ ਗੁਰਬਾਣੀ ਕੀਰਤਨ ਸੁਣਿਆ ਅਤੇ ਸੰਸਾਰ ਦੀ ਭਲਾਈ ਲਈ ਅਰਦਾਸ ਕੀਤੀ।

ਗੁਰਕੰਵਲ ਸਿੰਘ ਨੇ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਕਿਹਾ ਕਿ ਇਹ ਉਪਲੱਬਧੀ ਸਿਰਫ਼ ਉਨ੍ਹਾਂ ਦੀ ਮਿਹਨਤ ਦਾ ਹੀ ਨਹੀਂ, ਸਗੋਂ ਗੁਰੂ ਸਾਹਿਬ ਦੀ ਕਿਰਪਾ ਦਾ ਨਤੀਜਾ ਹੈ। ਉਨ੍ਹਾਂ ਨੇ ਕਿਹਾ ਕਿ ਉਹਨਾਂ ਨੂੰ ਜੋ ਸੇਵਾ ਮਿਲੀ ਹੈ, ਉਹ ਇਸ ਨੂੰ ਤਨ-ਮਨ-ਧਨ ਨਾਲ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨਗੇ।

ਇਸ ਦੌਰਾਨ ਸੂਚਨਾ ਕੇਂਦਰ ਵਿਖੇ ਸੂਚਨਾ ਅਧਿਕਾਰੀ ਅੰਮ੍ਰਿਤ ਪਾਲ ਸਿੰਘ, ਰਣਧੀਰ ਸਿੰਘ, ਜਤਿੰਦਰ ਸਿੰਘ ਅਤੇ ਸਰਦਾਰ ਓਂਕਾਰ ਸਿੰਘ ਵੱਲੋਂ ਗੁਰਕੰਵਲ ਸਿੰਘ ਨੂੰ ਸਨਮਾਨਿਤ ਵੀ ਕੀਤਾ ਗਿਆ। ਉਨ੍ਹਾਂ ਨੇ ਗੁਰਕੰਵਲ ਸਿੰਘ ਦੀ ਇਸ ਵੱਡੀ ਕਾਮਯਾਬੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਲਈ ਇਹ ਇੱਕ ਪ੍ਰੇਰਣਾਦਾਇਕ ਮਿਸਾਲ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਗੁਰਕੰਵਲ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਦੇ ਪਿੱਛੇ ਉਨ੍ਹਾਂ ਦੇ ਮਾਪਿਆਂ ਦੀ ਮਹੱਤਵਪੂਰਨ ਭੂਮਿਕਾ ਹੈ। ਇਸ ਮੌਕੇ ਉਨ੍ਹਾਂ ਦੇ ਪਿਤਾ ਸਰਦਾਰ ਸਤਪਾਲ ਸਿੰਘ ਮੁਲਤਾਨੀ, ਜੋ ਕਿ ਸਾਬਕਾ ਅਸਿਸਟੈਂਟ ਕਮਿਸ਼ਨਰ ਜੀਐਸਟੀ ਰਹੇ ਹਨ, ਅਤੇ ਮਾਤਾ ਪਰਮਜੀਤ ਕੌਰ, ਰਣਵੀਰ ਸਿੰਘ ਛਾਬੜਾ ਮੌਜੂਦ ਸਨ।

ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਮਾਪਿਆਂ ਦੇ ਸਹਿਯੋਗ ਅਤੇ ਅਸੀਸਾਂ ਦੇ ਕਰਜ਼ਦਾਰ ਹਨ ਅਤੇ ਭਵਿੱਖ ਵਿੱਚ ਵੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।

## ਇੰਡੀਅਨ ਜਰਨਲਿਸਟਸ ਯੂਨੀਅਨ ਦੇ ਜਸਬੀਰ ਸਿੰਘ ਪੱਟੀ ਬਣੇ ਉਪ ਪ੍ਰਧਾਨ



ਅੰਮ੍ਰਿਤਸਰ, 23 ਅਪ੍ਰੈਲ (ਬਬਲੂ ਮਹਾਜਨ) : ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਸ੍ਰੀ ਕੇ ਬੀ ਪੰਡਤ ਨੇ ਇੱਕ ਪੱਤਰ ਜਾਰੀ ਕਰਕੇ ਜਾਣਕਾਰੀ ਦਿੱਤੀ ਕਿ ਸ੍. ਜਸਬੀਰ ਸਿੰਘ ਪੱਟੀ ਪ੍ਰਧਾਨ ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਨੂੰ ਆਈ ਏ ਯੂ (ਇੰਡੀਅਨ ਜਰਨਲਿਸਟਸ ਯੂਨੀਅਨ) ਦੇ ਕੌਮੀ ਵਾਈਸ ਪ੍ਰਧਾਨ ਨਿਯੁਕਤ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਉਹਨਾਂ ਨੂੰ ਜੰਮੂ ਕਸ਼ਮੀਰ, ਹਿਮਾਚਲ ਤੇ ਚੰਡੀਗੜ੍ਹ ਦਾ ਵੀ ਇੰਚਾਰਜ ਨਿਯੁਕਤ ਕੀਤਾ ਗਿਆ ਹੈ।

ਸ੍ਰੀ ਪੰਡਤ ਨੇ ਕਿਹਾ ਕਿ ਸ੍. ਜਸਬੀਰ ਸਿੰਘ ਪੱਟੀ ਪਿਛਲੇ 33 ਸਾਲਾਂ ਤੋਂ ਪੱਤਰਕਾਰਾ ਦੀ ਸੇਵਾ ਕਰ ਰਹੇ ਹਨ ਉਹਨਾਂ ਨੇ ਇਸ ਖੇਤਰ ਵਿੱਚ ਵੱਡਾ ਨਾਮਣਾ ਖੱਟਿਆ ਹੈ।ਪੱਤਰਕਾਰਾਂ ਦੀਆਂ ਮੁਸ਼ਕਲਾਂ ਨੂੰ ਹਰ ਪੱਧਰ 'ਤੇ ਬੜੀ ਮੁਸ਼ਤੈਦੀ ਨਾਲ ਉਠਾਇਆ ਹੈ ਤੇ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ ਕਰਦਿਆ ਉਹਨਾਂ ਨੂੰ ਕਈ ਵਾਰੀ ਪੁਲੀਸ ਦੀ ਕਰੂਰਤਾਂ ਦਾ ਵੀ ਸਾਹਮਣਾ ਕਰਨਾ ਪਿਆ। ਅਕਾਲੀ ਸਰਕਾਰ ਵੇਲੇ ਇੱਕ ਮੰਤਰੀ ਨੂੰ ਮੰਗ ਪੱਤਰ ਦੇਣ ਸਮੇਂ ਇੱਕ ਵਾਰੀ ਪੁਲੀਸ ਦੀਆਂ ਲਾਠੀਆਂ ਦਾ ਵੀ ਸਾਹਮਣਾ ਕਰਨਾ ਪਿਆ ਸੀ।ਸ੍. ਜਸਬੀਰ ਸਿੰਘ ਪੱਟੀ ਦੀਆਂ ਸੇਵਾਂਵਾਂ ਨੂੰ ਮੁੱਖ ਰੱਖਦਿਆ ਉਹਨਾਂ ਨੂੰ ਕੌਮੀ ਉਪ ਪ੍ਰਧਾਨ ਦੀ ਸੇਵਾ ਦਿੱਤੀ ਗਈ ਹੈ।ਸਿੱਖ ਸਿਆਸਤ ਵਿੱਚ ਉਹਨਾਂ ਦੀ ਕਾਫੀ ਪਕੜ ਹੈ ਤੇ ਅੱਜਕਲ੍ਹ ਉਹ ਕਈ ਟੀ ਵੀ ਚੈਨਲਾਂ ਤੇ ਕੰਮ ਕਰ ਰਹੇ ਹਨ ਤੇ ਕਈ ਵਿਚਾਰ ਚਰਚਾਵਾਂ ਵਿੱਚ ਵੀ ਅਕਸਰ ਭਾਗ ਲੈਂਦੇ ਵੇਖੇ ਜਾ ਸਕਦੇ ਹਨ।

## ਜਥੇਦਾਰ ਗੜਗੱਜ ਵੱਲੋਂ ਆਕਲੈਂਡ 'ਚ ਸਿੱਖ ਨੌਜਵਾਨਾਂ ਨਾਲ ਸੰਵਾਦ, ਏਕਤਾ, ਸਿੱਖਿਆ ਅਤੇ ਗੁਰਮਤਿ ਮੁੱਲਾਂ 'ਤੇ ਜ਼ੋਰ



ਅੰਮ੍ਰਿਤਸਰ, 23 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਔਕਲੈਂਡ ਦੇ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਟਾਕਾਨੀਨੀ ਵਿਖੇ ਨਿਊਜ਼ੀਲੈਂਡ ਸਿੱਖ ਨੌਜਵਾਨ ਸੰਸਥਾ ਨਾਲ ਜੁੜੇ ਨੌਜਵਾਨਾਂ ਨਾਲ ਲਗਭਗ ਡੇਢ ਘੰਟਾ ਵਿਸ਼ੇਸ਼ ਇਕੱਤਰਤਾ ਕੀਤੀ। ਇਸ ਦੌਰਾਨ ਨੌਜਵਾਨਾਂ ਨੇ ਜਥੇਦਾਰ ਗੜਗੱਜ ਨੂੰ ਸਿੱਖ ਸੰਸਥਾਵਾਂ, ਸਿੱਖਾਂ ਵਿਰੁੱਧ ਖੜ੍ਹੇ ਕੀਤੇ ਜਾਂਦੇ ਬਿਰਤਾਂਤ, ਮਰਯਾਦਾ, ਗੁਰਮਤਿ ਵਿੱਦਿਆ ਅਤੇ ਧਰਮ ਪ੍ਰਚਾਰ ਸਬੰਧੀ ਸਵਾਲ ਕੀਤੇ, ਜਿਨ੍ਹਾਂ ਦੇ ਸਿੰਘ ਸਾਹਿਬ ਨੇ ਜਵਾਬ ਦਿੱਤੇ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਸਿੱਖ ਨੌਜਵਾਨ ਆਪਣੇ ਧਰਮ ਅਤੇ ਸੰਸਥਾਵਾਂ ਪ੍ਰਤੀ ਬਹੁਤ ਜਾਗਰੂਕ ਅਤੇ ਚਿੰਤਤ ਹਨ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਦੇ ਸਿੱਖ ਨੌਜਵਾਨ ਚੜ੍ਹਦੀ ਕਲਾ ਦੇ ਕਾਰਜ ਕਰ ਰਹੇ ਹਨ ਅਤੇ ਉਮੀਦ ਜਤਾਈ ਕਿ ਉਹ ਹਮੇਸ਼ਾ ਹੀ ਗੁਰਮਤਿ ਅਨੁਸਾਰ ਸੇਵਾ ਕਰਦੇ ਰਹਿਣਗੇ।

ਜਥੇਦਾਰ ਗੜਗੱਜ ਨੇ ਸਿੱਖ ਨੌਜਵਾਨਾਂ ਨੂੰ ਸਨੇਹਾ ਦਿੱਤਾ ਕਿ ਕੌਮ ਦੀ ਚੜ੍ਹਦੀ ਕਲਾ ਲਈ ਉਹ ਵਿੱਦਿਆ ਹਾਸਲ ਕਰਕੇ ਚੰਗੇ ਰੁਤਬੇ ਪ੍ਰਾਪਤ ਕਰਨ ਅਤੇ ਸੇਵਾਵਾਂ ਨਿਭਾਉਣ। ਉਨ੍ਹਾਂ ਸਮੂਹ ਨੌਜਵਾਨਾਂ ਨੂੰ ਆਪਸ ਵਿੱਚ ਮਿਲ ਜੁਲ ਕੇ ਰਹਿਣ, ਇੱਕ ਦੂਜੇ ਦੀ ਮਦਦ ਕਰਨ, ਗੁਰਮੁਖੀ ਪੰਜਾਬੀ ਸਿੱਖਣ ਅਤੇ ਸਾਬਤ ਸੂਰਤ ਸਿੱਖ ਪਛਾਣ ਕਾਇਮ ਰੱਖਣ ਦੀ ਤਾਕੀਦ ਕੀਤੀ।

ਇਸ ਮੌਕੇ ਜਥੇਦਾਰ ਗੜਗੱਜ ਨੇ ਕੁਝ ਸਿੱਖ ਨੌਜਵਾਨ ਜਿਨ੍ਹਾਂ ਨੇ ਕੇਸ ਕਤਲ ਕੀਤੇ ਹੋਏ ਸਨ, ਉਨ੍ਹਾਂ ਨੂੰ ਸਾਬਤ ਸੂਰਤ ਸਿੱਖ ਪਛਾਣ ਕਾਇਮ ਰੱਖਣ ਦਾ ਪ੍ਰਣ ਵੀ ਕਰਵਾਇਆ।

ਇਕੱਤਰਤਾ ਦੌਰਾਨ ਨੌਜਵਾਨਾਂ ਨੇ ਵਿਸ਼ੇਸ਼ ਰੂਪ ਵਿੱਚ ਜਥੇਦਾਰ ਗੜਗੱਜ ਦਾ ਸਨਮਾਨ ਕੀਤਾ। ਹਾਜ਼ਰ ਸ਼ਖ਼ਸੀਅਤਾਂ ਵਿੱਚ ਸ. ਦਲਜੀਤ ਸਿੰਘ ਪ੍ਰਧਾਨ ਨਿਊਜ਼ੀਲੈਂਡ ਸੈਂਟਰਲ ਸਿੱਖ ਐਸੋਸੀਏਸ਼ਨ ਦੇ ਪ੍ਰਧਾਨ, ਨਿਊਜ਼ੀਲੈਂਡ ਸਿੱਖ ਯੂਥ ਦੀ ਤਰਫ਼ੋਂ ਸ. ਗੁਰਨਾਮ ਸਿੰਘ, ਬੀਬੀ ਪਾਹੁਲਪ੍ਰੀਤ ਕੌਰ, ਬੀਬੀ ਗੁਰਲੀਨ ਕੌਰ, ਬੀਬੀ ਸੁਪਿੰਦਰ ਕੌਰ, ਬੀਬੀ ਪ੍ਰੀਤੀ ਕੌਰ, ਬੀਬੀ ਅਗਮਜੋਤ ਕੌਰ, ਯੂਥ ਅਕਾਲੀ ਦਲ ਦੇ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ ਸ. ਜਸਕਰਨ ਸਿੰਘ ਮੀਡੀਆ ਸਲਾਹਕਾਰ ਆਦਿ ਹਾਜ਼ਰ ਸਨ।

## ਪਿੰਡ ਬੁਰਜ਼ ਤੇ ਪਿੰਡ ਭਿੰਡੀ ਨੈਣ ਤੋਂ ਸ਼ਰਧਾਲੂਆਂ ਦੇ ਜੱਥੇ ਦੀ 6ਵੀਂ ਬੱਸ ਸੋਨੀਆ ਮਾਨ ਵੱਲੋਂ ਰਵਾਨਾ



ਚੋਗਾਵਾਂ, 23 ਅਪ੍ਰੈਲ (ਸੁਬੇਗ ਸਿੰਘ ਸੋਨਾ): ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਤੀਰਥ ਯਾਤਰਾ ਯੋਜਨਾ ਦੇ ਉਪਰਾਲੇ ਤਹਿਤ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਤਹਿਤ ਅੱਜ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਬੁਰਜ਼ ਅਤੇ ਪਿੰਡ ਭਿੰਡੀ ਨੈਣ ਤੋਂ ਸ਼ਰਧਾਲੂਆਂ ਦੀ 6 ਵੀ ਬੱਸ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਜੀ ਦੇ ਵੱਲੋਂ ਅਰਦਾਸ ਬੇਨਤੀ ਕਰਕੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਬੱਸ ਰਵਾਨਾ ਕੀਤੀ ਗਈ , ਇਸ ਮੌਕੇ ਉਹਨਾਂ ਦੇ ਨਾਲ਼ ਬੀਡੀਓ ਸ਼ਮਸ਼ੇਰ ਸਿੰਘ, ਵੀਡੀਓ ਭਪਿੰਦਰ ਸਿੰਘ, ਪੰਚਾਇਤ ਅਫਸਰ ਸਾਹਿਬ ਸਿੰਘ, ਸਰਪੰਚ ਲੱਖਵਿੰਦਰ ਸਿੰਘ ਬੁਰਜ਼, ਸਰਪੰਚ ਮੇਜਰ ਸਿੰਘ ਭਿੰਡੀ ਨੈਣ, ਵਿਰਾਸਤ ਸੇਵਾ ਸੰਗਠਨ ਦਾ ਇੰਚਾਰਜ ਅੰਮ੍ਰਿਤਪਾਲ ਸਿੰਘ ਸ਼ਹੂਰਾ, ਵੱਲੋਂ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ। ਇਸ ਹਲਕਾ ਰਾਜਾ ਮੈਡਮ ਸੋਨੀਆ ਮਾਨ ਨੇ ਕਿਹਾ ਕਿ ਇਹ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ, ਨੈਣਾਂ ਦੇਵੀ ਦੇ ਦਰਸ਼ਨ ਦੀਦਾਰ ਕਰਨ ਲਈ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਯੋਜਨਾ ਨਾਲ ਲੋਕ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ। ਲੋਕਾਂ ਵਿੱਚ ਇਸ ਯਾਤਰਾ ਪ੍ਰਤੀ ਕਾਫ਼ੀ ਉਤਸ਼ਾਹ ਹੈ ਅਤੇ ਸਰਕਾਰ ਵੱਲੋਂ ਵੀ ਸ਼ਰਧਾਲੂਆਂ ਦੀ ਮੰਗ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਬੱਸਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਰਸਤੇ ਵਿੱਚ ਖਾਣ-ਪੀਣ ਤੇ ਹੋਰ ਲੋੜੀਂਦਾ ਸਾਮਾਨ ਅਤੇ ਉੱਥੇ ਰਹਿਣ ਦਾ ਵੀ ਪ੍ਰਬੰਧ ਕੀਤਾ ਜਾਂਦਾ ਹੈ। ਇਸ ਮੌਕੇ ਤੇ ਮੈਂਬਰ ਕੰਵਲ ਸਿੰਘ ਬੁਰਜ, ਮੈਂਬਰ ਸੁਖਵਿੰਦਰ ਸਿੰਘ, ਮੈਂਬਰ ਕਸ਼ਮੀਰ ਸਿੰਘ, ਮੈਂਬਰ ਵਜ਼ੀਰ ਸਿੰਘ, ਪਿੰਡ ਭਿੰਡੀ ਨੈਣ ਦੇ ਮੈਂਬਰ ਬੱਗਾ ਸਿੰਘ, ਮੈਂਬਰ ਬਲਦੇਵ ਸਿੰਘ, ਸਰਪੰਚ ਹਰਵੇਲ ਸਿੰਘ ਹੈਰੀ ਧੁੱਪਸੜੀ, ਸਰਪੰਚ ਬੂਟਾ ਸਿੰਘ ਪਿੰਡ ਤੂਰ, ਭਾਗ ਸਿੰਘ ਹੇਤਮਪੁਰਾ, ਆਦਿ ਹਾਜ਼ਰ ਸਨ।

## ਮਾਨ ਸਰਕਾਰ ਵੱਲੋਂ ਲਾਗੂ ਆਤਮ ਨਿਰਭਰ ਤੇ ਮਾਡਲ ਵਿਕਸਿਤ ਪਿੰਡਾਂ ਦੇ ਵਿਜ਼ਨ ਕਾਰਣ ਸ਼ਹਿਰਾਂ ਵੱਲ ਹਿਜਰਤ ਨੂੰ ਪਈ ਠੱਲ੍ਹ : ਧਾਲੀਵਾਲ



ਅਜਨਾਲਾ, 23 ਅਪ੍ਰੈਲ (ਸੁਖਦੇਵ ਸਿੰਘ ਖਾਲਸਾ) : ਅੱਜ ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਬਲਾਕ ਸੰਮਤੀ ਅਜਨਾਲਾ ਦੇ ਚੇਅਰਪਰਸਨ ਬੀਬੀ ਸਵਿੰਦਰ ਕੌਰ, ਤੇ ਉੱਪ ਚੇਅਰਮੈਨ ਸਰਬਜੀਤ ਸਿੰਘ, ਬਲਾਕ ਸੰਮਤੀ ਰਮਦਾਸ ਦੇ ਚੇਅਰਮੈਨ ਸ. ਪ੍ਰਿਥੀਪਾਲ ਸਿੰਘ ਵਾਹਲਾ ਤੇ ਉੱਪ ਚੇਅਰਪਰਸਨ ਬੀਬੀ ਪਲਵਿੰਦਰ ਕੌਰ ਨੂੰ ਆਪਣੇ ਆਹੁਦਿਆਂ 'ਤੇ ਰਸਮੀ ਤੌਰ 'ਤੇ ਬਿਰਾਜਮਾਨ ਕਰਵਾਉਣ ਮੌਕੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮਾਂ 'ਚ ਬਤੌਰ ਮੁੱਖ ਮਹਿਮਾਨ ਵੱਜੋਂ ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਸ਼ਾਮਲ ਹੋਏ। ਇਨ੍ਹਾਂ ਚੇਅਰਮੈਨਾਂ ਤੇ ਉੱਪ ਚੇਅਰਮੈਨਾਂ ਨੂੰ ਆਹੁਦੇ ਸੰਭਾਲਣ ਮੌਕੇ ਸ. ਧਾਲੀਵਾਲ ਨੇ ਸਨਮਾਨਿਤ ਕਰਦਿਆਂ ਹਾਰਦਿਕ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਉਪਰੰਤ ਸੰਖੇਪ ਤੇ ਪ੍ਰਭਾਵਸ਼ਾਲੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਸ. ਧਾਲੀਵਾਲ ਨੇ ਕਿਹਾ ਕਿ ਪੇਂਡੂ ਵਿਕਾਸ 'ਚ ਗ੍ਰਾਮ ਪੰਚਾਇਤਾਂ ਦੇ ਨਾਲ ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸੰਮਤੀਆਂ ਦੇ ਮੈਂਬਰਾਂ/ ਚੇਅਰਮੈਨਾਂ/ ਉੱਪ ਚੇਅਰਮੈਨਾਂ ਅਤੇ ਸ਼ਹਿਰੀ ਵਿਕਾਸ 'ਚ ਨਗਰ ਨਿਗਮਾਂ/ ਨਗਰ ਕੌਂਸਲਾਂ, ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਨੇ ਬਲਾਕ ਸੰਮਤੀਆਂ ਦੇ ਨਵੇਂ ਚੁਣੇ ਗਏ ਚੇਅਰਮੈਨਾਂ ਤੇ ਉੱਪ ਚੇਅਰਮੈਨਾਂ ਸਮੇਤ ਮੈਂਬਰਾਂ ਨੂੰ ਪੇਂਡੂ ਵਿਕਾਸ 'ਚ ਆਪਣੀ ਜਿੰਮੇਵਾਰੀ ਪੂਰੀ ਪਾਰਦਰਸ਼ਤਾ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਪਿਛਲੀਆਂ ਸਾਬਕਾ ਕਾਂਗਰਸ ਤੇ ਅਕਾਲੀ ਭਾਜਪਾ ਸਰਕਾਰਾਂ ਵੱਲੋਂ ਪੇਂਡੂ ਤੇ ਸ਼ਹਿਰੀ ਵਿਕਾਸ 'ਚ ਪਾਏ ਗਏ ਪਾੜੇ ਨੂੰ ਦੂਰ ਕਰਨ ਲਈ ਪੰਜਾਬ ਦੇ ਹੁਣ ਤੱਕ ਦੇ ਇਤਿਹਾਸ 'ਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਤਮ ਨਿਰਭਰ ਤੇ ਮਾਡਲ ਪਿੰਡਾਂ ਵੱਜੋਂ ਵਿਕਸਿਤ ਕਰਨ ਦੇ ਠੋਸ ਵਿਜ਼ਨ ਨੂੰ ਅਮਲ ਵਿੱਚ ਲਿਆਂਦਾ ਹੈ। ਜਿਸ ਦੇ ਨਤੀਜੇ ਵੱਜੋਂ ਪੇਂਡੂ ਨਾਗਰਿਕਾਂ ਦੀ ਸ਼ਹਿਰਾਂ ਵੱਲ ਹੁੰਦੀ ਮਜਬੂਰੀ 'ਚ ਹਿਜ਼ਰਤ ਨੂੰ ਕਾਫੀ ਹੱਦ ਤੱਕ ਠੱਲ ਪਈ ਹੈ। ਸ. ਧਾਲੀਵਾਲ ਨੇ ਦਾਅਵਾ ਕੀਤਾ ਕਿ ਪੇਂਡੂ ਤੇ ਸ਼ਹਿਰੀ ਵਿਕਾਸ 'ਚ ਗ੍ਰਾਂਟਾ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਸ. ਧਾਲੀਵਾਲ ਨੇ ਆਪਣੇ ਸੰਬੋਧਨ 'ਚ ਇਹ ਵੀ ਪ੍ਰਗਟਾਵਾ ਕੀਤਾ ਕਿ ਪੰਜਾਬ ਭਰ 'ਚ ਖੇਡ ਸਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ 3100 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਜਾ ਰਹੇ ਦਰਜਨਾਂ ਪਿੰਡਾਂ 'ਚ ਮਾਡਲ ਖੇਡ ਮੈਦਾਨਾਂ, 10 ਲੱਖ ਰੁਪਏ ਤੱਕ ਪੰਜਾਬ ਦੇ 3 ਕਰੋੜ ਨਾਗਰਿਕਾਂ ਨੂੰ ਮੁਫਤ ਸਿਹਤ ਬੀਮਾ ਦਾ ਬਿਨ੍ਹਾਂ ਸ਼ਰਤ ਲਾਭ, ਹਰੇਕ ਘਰੇਲੂ ਬਿਜਲੀ ਖਪਤਕਾਰਾਂ ਨੂੰ ਬਿਨ੍ਹਾਂ ਕਿਸੇ ਜਾਤੀ ਭੇਦਭਾਵ ਤੋਂ 600 ਯੂਨਿਟ ਮੁਫਤ ਬਿਜਲੀ ਸਪਲਾਈ ਦੇ ਕੇ ਪ੍ਰਤੀ ਖਪਤਕਾਰ 5000 ਰੁਪਏ ਦੇ ਕਰੀਬ ਵਿੱਤੀ ਲਾਭ ਪਹੁੰਚਾਉਣ, ਸਿੱਖਿਆ ਕ੍ਰਾਂਤੀ 'ਚ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਸਮੇਤ ਸਿੱਖਿਆ ਦੇ ਮਿਆਰ ਨੂੰ ਦੇਸ਼ ਪੱਧਰੀ ਰੁਤਬਾ ਦਿਵਾਉਣ , ਮਿਆਰੀ ਮੁਫਤ ਸਿਹਤ ਸਹੂਲਤਾਂ ਲਈ ਆਮ ਆਦਮੀ ਪਾਰਟੀ ਕਲੀਨਿਕ ਖੋਲ੍ਹੇ ਜਾਣ, ਆਮ ਸ਼੍ਰੇਣੀ ਦੀਆਂ ਔਰਤਾਂ ਨੂੰ 1 ਹਜਾਰ ਰੁਪਏ ਪ੍ਰਤੀ ਮਹੀਨਾ ਤੇ ਦਲਿਤ ਸ਼੍ਰੇਣੀ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ 4 ਲੱਖ ਤੋਂ ਵੱਧ ਸਮਾਰਟ ਕਾਰਡ ਹੋਲਡਰਾਂ ਨੂੰ ਮੁਫਤ ਕਣਕ ਦੇ ਨਾਲ ਰਸੋਈ ਲਈ ਵਰਤੋਂ 'ਚ ਆਉਣ ਵਾਲੀਆਂ ਖੰਡ, ਚਾਹ ਪੱਤੀ , ਤੇਲ, ਲੂਣ ਆਦਿ ਮੁਫਤ ਦੇਣ ਸਮੇਤ ਸੂਬੇ ਭਰ 'ਚ ਅਮਨ ਕਾਨੂੰਨ ਤੇ ਫਿਰਕੂ ਸਦਭਾਵਨਾ ਦੀ ਸਥਿਤੀ ਮਜਬੂਤ ਕਰਨ ਲਈ ਗੈਂਗਸਟਰਵਾਦ, ਫਿਰੌਤੀਆਂ ਤੇ ਨਸ਼ਾ ਤਸਕਰਾਂ ਨਾਲ ਲੋਹਾ ਲੈਣ ਲਈ ਚਲਾਏ ਗਏ ਯੁੱਧ ਨਸ਼ਿਆਂ ਵਿਰੁੱਧ ਤੇ ਅਪਰੇਸ਼ਨ ਪ੍ਰਹਾਰ ਆਦਿ ਮੁੱਖਪ੍ਰਾਪਤੀਆਂ ਕਾਰਣ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਿਰਫ ਪੰਜਾਬ ਸੂਬੇ ਦੇ ਲੋਕਾਂ ਹੀ ਨਹੀਂ ਸਗੋਂ ਵਿਸ਼ਵ ਭਰ ਦੇ ਲੋਕਾਂ ਦਾ ਮੁੱਖ ਆਕਰਸ਼ਨ ਕੇਂਦਰ ਬਣੀ ਹੋਈ ਹੈ। ਜਿਸ ਦੇ ਨਤੀਜੇ ਵੱਜੋਂ ਵਿਦੇਸ਼ੀ ਬਹੁਕੌਮੀ ਕੰਪਨੀਆਂ ਦੇ ਅਦਾਰਿਆਂ ਵਲੋਂ ਪੰਜਾਬ 'ਚ ਪੂੰਜੀ ਨਿਵੇਸ਼ ਲਈ ਕਦਮ ਚੁੱਕੇ ਗਏ ਹਨ। ਜਿਸ ਦੇ ਸਦਕਾ ਲੱਖਾਂ ਬੇਰੁਜਗਾਰ ਰੁਜਗਾਰ ਹਾਸਲ ਕਰਨ ਦਾ ਲਾਭ ਉਠਾ ਸਕਣਗੇ।

## ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਮੱਲੀਆਂ ਵਿਖੇ ਹਿੰਦੋਸਤਾਨ ਸਕਾਊਟ ਐਂਡ ਗਾਈਡਜ਼ ਕੈਂਪ ਲਗਾਇਆ



ਜੰਡਿਆਲਾ ਗੁਰੂ, 23 ਅਪ੍ਰੈਲ (ਰਾਮ ਸ਼ਰਨਜੀਤ ਸਿੰਘ): ਮਿਸਲ ਸ਼ਹੀਦਾਂ ਤਰਨਾ ਦਲ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ, ਮੱਲੀਆਂ ਵਿਖੇ ਅੱਜ 'ਹਿੰਦੋਸਤਾਨ ਸਕਾਊਟ ਐਂਡ ਗਾਈਡਜ਼' ਕੈਂਪ ਸਬੰਧੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ, ਸ਼੍ਰੋਮਣੀ ਪੰਥ ਅਕਾਲੀ ਅਤੇ ਮਿਸਲ ਸ਼ਹੀਦਾਂ ਤਰਨਾ ਦਲ ਦੇ 16ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁੱਖ ਮਹਿਮਾਨ ਵਜੋਂ ਪਹੁੰਚੇ।

ਵਿਦਿਆਰਥੀਆਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਮੁੱਖ ਮਹਿਮਾਨ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦੇ ਸ਼ਬਦ ਕੀਰਤਨ ਨਾਲ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਅਨੁਸ਼ਾਸਨ ਅਤੇ ਦੇਸ਼ਭਗਤੀ ਨਾਲ ਭਰਪੂਰ ਪ੍ਰਦਰਸ਼ਨ ਪੇਸ਼ ਕੀਤਾ ਗਿਆ ਅਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਪਲਵਿੰਦਰ ਪਾਲ ਸਿੰਘ ਜੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਅਨੁਸ਼ਾਸਨ, ਮਿਹਨਤ ਅਤੇ ਦੇਸ਼ ਸੇਵਾ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਤਿੰਨ ਦਿਨਾਂ ਸਕਾਊਟ ਐਂਡ ਗਾਈਡਜ਼ ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵੱਖ-ਵੱਖ ਗਤੀਵਿਧੀਆਂ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨਾ ਹੈ।

ਉਨ੍ਹਾਂ ਹੋਰ ਕਿਹਾ ਕਿ ਐਨ.ਸੀ.ਸੀ. ਅਤੇ ਸਕਾਊਟ-ਗਾਈਡਜ਼ ਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਨੇਤ੍ਰਿਤਵ, ਹਿੰਮਤ ਅਤੇ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਦੀਆਂ ਹਨ, ਜਿਸ ਨਾਲ ਉਹ ਭਵਿੱਖ ਵਿੱਚ ਉੱਚ ਅਹੁਦਿਆਂ 'ਤੇ ਸਥਾਪਿਤ ਹੋ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਸਕੂਲ ਪੜ੍ਹਾਈ ਦੇ ਨਾਲ-ਨਾਲ ਹੋਰ ਗਤੀਵਿਧੀਆਂ ਵਿੱਚ ਵੀ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰ ਰਿਹਾ ਹੈ ਅਤੇ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਅੰਤ ਵਿੱਚ ਉਨ੍ਹਾਂ ਵੱਲੋਂ ਮੁੱਖ ਮਹਿਮਾਨ ਅਤੇ ਸਕਾਊਟ ਦੇ ਕਮਾਂਡਿੰਗ ਅਫ਼ਸਰ ਸ੍ਰੀ ਮੰਗੇਰਾਮ ਚੌਹਾਨ ਜੀ ਦਾ ਧੰਨਵਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

## ਹਲਕਾ ਪੂਰਬੀ 'ਚ ਕਾਂਗਰਸ ਦੀ ਮਜ਼ਬੂਤੀ ਲਈ ਦਿਨੇਸ਼ ਬੱਸੀ ਦੀ ਅਗਵਾਈ ਵਿੱਚ ਮੀਟਿੰਗ



ਅੰਮ੍ਰਿਤਸਰ, 23 ਅਪ੍ਰੈਲ (ਗੁਰਦਿਆਲ ਸਿੰਘ) : ਸੀਨੀਅਰ ਕਾਂਗਰਸੀ ਆਗੂ ਅਤੇ ਇੰਪ੍ਰੂਵਮੈਂਟ ਟਰੱਸਟ ਦੇ ਪੂਰਵ ਚੇਅਰਮੈਨ ਦਿਨੇਸ਼ ਬੱਸੀ ਵੱਲੋਂ ਅੱਜ ਵਾਰਡ ਨੰਬਰ 32 ਵਿੱਚ ਇਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਨਵਨੀਤ ਸਿੰਘ ਮੰਨੂ ਜੌੜਾ ਅਤੇ ਵਾਰਡ ਇੰਚਾਰਜ ਰਾਜਬੀਰ ਰਾਜੂ ਨੇ ਕੀਤੀ, ਜਿੱਥੇ ਹਲਕਾ ਪੂਰਬੀ ਦੇ ਮੁੱਦਿਆਂ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਦਿਨੇਸ਼ ਬੱਸੀ ਨੇ ਕਿਹਾ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨਾ ਹੋਵੇਗਾ। ਉਨ੍ਹਾਂ ਨੇ ਹਲਕਾ ਪੂਰਬੀ ਦੇ ਵਿਕਾਸ, ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਅਤੇ ਬੁਨਿਆਦੀ ਸੁਵਿਧਾਵਾਂ ਨੂੰ ਸੁਧਾਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਹਮੇਸ਼ਾ ਲੋਕਾਂ ਦੇ ਹਿੱਤਾਂ ਲਈ ਵਚਨਬੱਧ ਰਹੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਲੋਕਾਂ ਦਾ ਭਰੋਸਾ ਜਿੱਤਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ।ਇਸ ਮੌਕੇ ਨਵਨੀਤ ਸਿੰਘ ਮੰਨੂ ਜੌੜਾ ਅਤੇ ਰਾਜਬੀਰ ਰਾਜੂ ਨੇ ਵੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਰੇ ਸਾਥੀ ਇਕਜੁੱਟ ਹੋ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਹਲਕੇ ਦੇ ਹਰ ਮੁੱਦੇ ਨੂੰ ਪਹਿਲ ਦੇ ਅਧਾਰ 'ਤੇ ਉਠਾਉਣ।ਮੀਟਿੰਗ ਵਿੱਚ ਮਨਦੀਪ ਸਿੰਘ, ਗਗਨਦੀਪ ਸਿੰਘ, ਲੱਕੀ ਜੀ, ਸੋਨੂੰ ਜੀ, ਗੁਰਮੀਤ ਜੀ, ਸਾਹਿਲ ਜੀ, ਅਰਸ਼ ਜੀ, ਹਰਦੇਵ ਜੀ, ਮਨਜੀਤ ਜੀ, ਸੁਖਜੀਤ ਕੌਰ, ਲਖਵਿੰਦਰ ਕੌਰ ਅਤੇ ਮਨਿੰਦਰ ਕੌਰ ਸਮੇਤ ਹੋਰ ਸਾਥੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

## ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਅੰਮ੍ਰਿਤਸਰ 'ਚ ਛੇਵੇਂ ਬੈਚ ਲਈ ਐਗਜ਼ਿਕਿਊਟਿਵ ਐਮਬੀਏ (ਈਐਮਬੀਏ) ਦੇ ਦਾਖ਼ਲੇ ਸ਼ੁਰੂ



ਅੰਮ੍ਰਿਤਸਰ, 23 ਅਪ੍ਰੈਲ (ਗੁਰਦਿਆਲ ਸਿੰਘ) : ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਅੰਮ੍ਰਿਤਸਰ ਵੱਲੋਂ ਆਪਣੇ ਦੋ ਸਾਲਾਂ ਦੇ ਐਗਜ਼ਿਕਿਊਟਿਵ ਐਮਬੀਏ (ਈਐਮਬੀਏ) ਪ੍ਰੋਗਰਾਮ ਦੇ ਛੇਵੇਂ ਬੈਚ ਲਈ ਦਾਖਲੇ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਪ੍ਰੋਗਰਾਮ ਖ਼ਾਸ ਤੌਰ 'ਤੇ ਤਜਰਬੇਕਾਰ ਪ੍ਰੋਫੈਸ਼ਨਲਜ਼ ਲਈ ਤਿਆਰ ਕੀਤਾ ਗਿਆ ਹੈ, ਜੋ ਤੇਜ਼ੀ ਨਾਲ ਬਦਲ ਰਹੇ ਗਲੋਬਲ ਬਿਜ਼ਨਸ ਮਾਹੌਲ ਵਿੱਚ ਆਪਣੀ ਲੀਡਰਸ਼ਿਪ ਸਮਰੱਥਾ ਨੂੰ ਮਜ਼ਬੂਤ ਕਰਨਾ ਚਾਹੁੰਦੇ ਹਨ।

ਇਸ ਪ੍ਰੋਗਰਾਮ ਦੀ ਖਾਸ ਵਿਸ਼ੇਸ਼ਤਾ ਡੈਨਮਾਰਕ ਵਿੱਚ ਤਿੰਨ ਦਿਨਾਂ ਦਾ ਇੰਟਰਨੈਸ਼ਨਲ ਇਮਰਸ਼ਨ ਹੈ, ਜੋ ਕੋਪਨਹੇਗਨ ਵਿੱਚ ਡੈਨਿਸ਼ ਕਨਸੋਰਸ਼ਿਅਮ ਫਾਰ ਅਕਾਦਮਿਕ ਕ੍ਰਾਫਟਸਮੈਨਸ਼ਿਪ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਹੈ। ਇਸ ਮਾਡਿਊਲ ਰਾਹੀਂ ਸਟੇਕਹੋਲਡਰਸ ਨੂੰ ਸਸਟੇਨੇਬਿਲਟੀ, ਇਨੋਵੇਸ਼ਨ ਅਤੇ ਗਵਰਨੈਂਸ ਦੇ ਸਕੈਂਡੀਨੇਵੀਆਈ ਮਾਡਲ ਬਾਰੇ ਜਾਣਕਾਰੀ ਮਿਲਦੀ ਹੈ।

ਛੇਵੇਂ ਬੈਚ ਦੀ ਘੋਸ਼ਣਾ ਸੰਸਥਾ ਦੇ ਡਾਇਰੈਕਟਰ ਪ੍ਰੋ. ਸਮੀਰ ਕੇ. ਸ਼੍ਰੀਵਾਸਤਵਨੇ ਕੀਤੀ। ਇਸ ਮੌਕੇ 'ਤੇ ਈਐਮਬੀਏ ਦੀ ਚੇਅਰਪਰਸਨ ਪ੍ਰੋ. ਵਰਤਿਕਾ ਦੱਤਾ ਵੀ ਮੌਜੂਦ ਸਨ। ਡਾਇਰੈਕਟਰ ਨੇ ਕਿਹਾ ਕਿ ਐਗਜ਼ਿਕਿਊਟਿਵ ਐਜੂਕੇਸ਼ਨ ਸਿਰਫ਼ ਗਿਆਨ ਪ੍ਰਾਪਤੀ ਨਹੀਂ, ਸਗੋਂ ਇੱਕ ਬਦਲਾਅਕਾਰੀ ਯਾਤਰਾ ਹੈ, ਜੋ ਗਲੋਬਲ ਸੋਚ ਅਤੇ ਨੈਤਿਕ ਫ਼ੈਸਲੇ ਕਰਨ ਦੀ ਯੋਗਤਾ ਨੂੰ ਵਿਕਸਿਤ ਕਰਦੀ ਹੈ। ਇਹ ਪ੍ਰੋਗਰਾਮ ਬਲੈਂਡਡ ਲਰਨਿੰਗ ਫਾਰਮੈਟ 'ਚ ਕਰਵਾਇਆ ਜਾਂਦਾ ਹੈ, ਜਿਸ ਵਿੱਚ ਆਨਲਾਈਨ ਇੰਟਰਐਕਟਿਵ ਸੈਸ਼ਨ, ਕੈਂਪਸ ਮਾਡਿਊਲ ਅਤੇ ਅੰਤਰਰਾਸ਼ਟਰੀ ਤਜਰਬਾ ਸ਼ਾਮਲ ਹੁੰਦਾ ਹੈ। ਇਸ ਵਿੱਚ 750 ਘੰਟਿਆਂ ਤੋਂ ਵੱਧ ਦਾ ਵਿਸਤ੍ਰਿਤ ਟ੍ਰੇਨਿੰਗ ਪ੍ਰੋਗਰਾਮ ਹੈ, ਜਿਸ ਵਿੱਚ ਲਾਈਵ ਵਰਚੁਅਲ ਕਲਾਸਾਂ ਅਤੇ ਪ੍ਰੈਕਟਿਕਲ ਸਿੱਖਿਆ ਦਾ ਸੰਤੁਲਨ ਬਣਾਇਆ ਗਿਆ ਹੈ।

ਇਸ ਕੋਰਸ ਵਿੱਚ 3 ਤੋਂ 15 ਸਾਲ ਜਾਂ ਇਸ ਤੋਂ ਵੱਧ ਤਜਰਬੇ ਵਾਲੇ ਮਿਡ-ਕੈਰੀਅਰ ਮੈਨੇਜਰ, ਸੀਨੀਅਰ ਲੀਡਰ ਅਤੇ ਉਦਯੋਗਪਤੀ ਹਿੱਸਾ ਲੈ ਸਕਦੇ ਹਨ। ਇਹ ਭਾਗੀਦਾਰ ਆਈਟੀ, ਬੈਂਕਿੰਗ, ਕਨਸਲਟਿੰਗ, ਮੈਨੂਫੈਕਚਰਿੰਗ, ਐਨਰਜੀ ਅਤੇ ਪਬਲਿਕ ਸੈਕਟਰ ਵਰਗੇ ਖੇਤਰਾਂ ਤੋਂ ਹੁੰਦੇ ਹਨ।

ਛੇ ਟਰਮਾਂ ਵਿੱਚ ਵੰਡਿਆ ਗਿਆ ਇਹ ਕੋਰਸ ਬੇਸਿਕ ਵਿਸ਼ਿਆਂ ਤੋਂ ਸ਼ੁਰੂ ਹੋ ਕੇ ਸਟ੍ਰੈਟਜੀ, ਚੇਂਜ ਮੈਨੇਜਮੈਂਟ ਅਤੇ ਲੀਡਰਸ਼ਿਪ ਤੱਕ ਪਹੁੰਚਦਾ ਹੈ। ਇਸ ਦੇ ਨਾਲ ਹੀ ਮਾਰਕੀਟਿੰਗ, ਫਾਇਨੈਂਸ, ਅਕਾਊਂਟਿੰਗ, ਆਰਗੇਨਾਈਜ਼ੇਸ਼ਨਲ ਬਿਹੇਵਿਅਰ, ਐਚਆਰ, ਆਪਰੇਸ਼ਨਜ਼, ਇਕਨਾਮਿਕਸ ਅਤੇ ਆਈਟੀ ਵਿੱਚ ਵੀ ਵਿਸ਼ੇਸ਼ਤਾ ਹਾਸਲ ਕਰਨ ਦੇ ਵਿਕਲਪ ਮਿਲਦੇ ਹਨ।

ਅਮ੍ਰਿਤਸਰ ਕੈਂਪਸ ਵਿੱਚ ਇਮਰਸ਼ਨ ਦੌਰਾਨ ਹਿੱਸੇਦਾਰਾਂ ਨੂੰ ਵਰਕਸ਼ਾਪਾਂ, ਉਦਯੋਗ ਮਾਹਿਰਾਂ ਨਾਲ ਗੱਲਬਾਤ ਅਤੇ ਲੀਡਰਸ਼ਿਪ ਸੈਸ਼ਨਾਂ ਦਾ ਤਜਰਬਾ ਮਿਲਦਾ ਹੈ, ਜਦਕਿ ਡੈਨਮਾਰਕ ਇਮਰਸ਼ਨ ਉਨ੍ਹਾਂ ਨੂੰ ਗਲੋਬਲ ਬਿਜ਼ਨਸ ਮਾਹੌਲ ਨਾਲ ਜੋੜਦਾ ਹੈ।

ਇਹ ਪ੍ਰੋਗਰਾਮ ਟਾਈਮਜ਼ਪ੍ਰੋ ਦੇ ਇੰਟਰਐਕਟਿਵ ਲਰਨਿੰਗ ਪਲੇਟਫਾਰਮ ਰਾਹੀਂ ਚਲਾਇਆ ਜਾਂਦਾ ਹੈ ਅਤੇ ਇਸਦੀ ਮੁਲਾਂਕਣ ਪ੍ਰਕਿਰਿਆ ਵਿੱਚ ਅਸਾਈਨਮੈਂਟ, ਇਮਤਿਹਾਨ, ਫੀਲਡ ਪ੍ਰੋਜੈਕਟ ਅਤੇ ਸਟ੍ਰੈਟਜਿਕ ਸਿਮੂਲੇਸ਼ਨ ਸ਼ਾਮਲ ਹਨ।

ਦਾਖਲਾ ਪ੍ਰਕਿਰਿਆ ਵਿੱਚ ਆਈ.ਆਈ.ਐਮ. ਅਮ੍ਰਿਤਸਰ ਦੀ ਐਂਟ੍ਰੈਂਸ ਟੈਸਟ ਸ਼ਾਮਲ ਹੈ, ਜਦਕਿ ਉਮੀਦਵਾਰ ਵੈਧ ਕੈਟ,,ਜੀ.ਆਰ.ਈ. ਜਾਂ ਜੀ.ਐਮ.ਏ.ਟੀ. ਸਕੋਰ ਵੀ ਦੇ ਸਕਦੇ ਹਨ। ਪ੍ਰੋਗਰਾਮ ਪੂਰਾ ਕਰਨ ਉਪਰੰਤ ਹਿੱਸੇਦਾਰਾਂ ਨੂੰ ਆਈਆਈਐਮ ਅਮ੍ਰਿਤਸਰ ਦੇ ਮਾਣਯੋਗ ਐਲਮੁਨਾਈ ਨੈੱਟਵਰਕ ਦਾ ਹਿੱਸਾ ਬਣਨ ਦਾ ਮੌਕਾ ਮਿਲਦਾ ਹੈ।

## ਖਡੂਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਨਸ਼ਿਆਂ ਅਤੇ 'ਸਿਆਸੀ ਵਪਾਰੀਕਰਨ' ਤੋਂ ਬਚਾਉਣ ਲਈ ਇਲਾਕਾ ਨਿਵਾਸੀਆਂ ਅਤੇ ਵਰਕਰਾਂ ਨੇ ਕਸੀ ਕਮਰ



ਤਰਨ ਤਾਰਨ, 23 ਅਪ੍ਰੈਲ (ਗੁਰਦਿਆਲ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਪੰਥਕ ਅਸੂਲਾਂ 'ਤੇ ਪਹਿਰਾ ਦਿੰਦਿਆਂ ਦਾਗੀ ਅਨਸਰਾਂ ਅਤੇ ਨਸ਼ਿਆਂ ਦੇ ਸੌਦਾਗਰਾਂ ਖਿਲਾਫ਼ ਲਏ ਗਏ ਸਿਧਾਂਤਕ ਸਟੈਂਡ ਨੂੰ ਆਮ ਲੋਕਾਂ ਅਤੇ ਜ਼ਮੀਨੀ ਪੱਧਰ ਦੇ ਵਰਕਰਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਲਾਕੇ ਦੇ ਸੁਹਿਰਦ ਲੋਕਾਂ ਵੱਲੋਂ ਲਗਾਤਾਰ ਮਿਲ ਰਹੇ ਹੌਸਲਾ-ਅਫ਼ਜ਼ਾਈ ਦੇ ਸੁਨੇਹਿਆਂ ਅਤੇ ਸਹਿਯੋਗ ਸਦਕਾ ਅੱਜ ਪਿੰਡ ਕੱਲ੍ਹਾ ਦੇ ਮੋਹਤਬਰਾਂ ਅਤੇ ਅਕਾਲੀ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਸਥਾਨਕ ਸੀਨੀਅਰ ਟਕਸਾਲੀ-ਅਕਾਲੀ ਪਰਿਵਾਰ ਦੇ ਗ੍ਰਹਿ ਵਿਖੇ ਹੋਈ।

ਇਸ ਮੀਟਿੰਗ ਦੌਰਾਨ ਇਕੱਤਰ ਹੋਏ ਟਕਸਾਲੀ ਵਰਕਰਾਂ ਅਤੇ ਆਮ ਲੋਕਾਂ ਨੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਥਕ ਸਿਆਸਤ ਵਿੱਚ ਵੱਧ ਰਿਹਾ 'ਸਿਆਸੀ ਵਪਾਰੀਕਰਨ' ਪੰਜਾਬ ਦੇ ਭਵਿੱਖ ਲਈ ਬੇਹੱਦ ਘਾਤਕ ਹੈ। ਵਰਕਰਾਂ ਨੇ ਬਿਨਾਂ ਕਿਸੇ ਦਾ ਨਾਮ ਲਏ ਸਪੱਸ਼ਟ ਕੀਤਾ ਕਿ ਜਦੋਂ ਸਿਆਸਤ ਵਿੱਚ ਅਸੂਲਾਂ ਨੂੰ ਛੱਡ ਕੇ ਗੈਰ-ਸਮਾਜਿਕ ਅਤੇ ਨਸ਼ਿਆਂ ਦੀ ਪੁਸ਼ਤਪਨਾਹੀ ਕਰਨ ਵਾਲੇ ਅਨਸਰਾਂ ਨੂੰ ਤਰਜੀਹ ਦਿੱਤੀ ਜਾਣ ਲੱਗੇ, ਤਾਂ ਸੁਹਿਰਦ ਅਤੇ ਟਕਸਾਲੀ ਸੋਚ ਵਾਲੇ ਲੋਕਾਂ ਦਾ ਦਰਦ ਛਲਕਣਾ ਸੁਭਾਵਿਕ ਹੈ। ਖਡੂਰ ਸਾਹਿਬ ਦੀ ਸੰਗਤ ਦਾ ਇਹ ਸੁਨੇਹਾ ਬਹੁਤ ਸਪੱਸ਼ਟ ਹੈ ਕਿ ਇਸ ਪਵਿੱਤਰ ਧਰਤੀ 'ਤੇ ਦਾਗੀ ਕਿਰਦਾਰਾਂ ਨੂੰ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾਵੇਗਾ। ਇਹ ਜ਼ਮੀਨੀ ਉਭਾਰ ਆਪਣੇ ਆਪ ਵਿੱਚ ਦਰਸਾਉਂਦਾ ਹੈ ਕਿ ਟਕਸਾਲੀ ਜਜ਼ਬਾਤਾਂ ਅਤੇ ਜ਼ਮੀਨੀ ਹਕੀਕਤ ਨੂੰ ਅੱਖੋਂ-ਪਰੋਖੇ ਕਰਨ ਦੇ ਨਤੀਜੇ ਕੀ ਹੋ ਸਕਦੇ ਹਨ।

ਸ੍. ਬ੍ਰਹਮਪੁਰਾ ਨੇ ਕਿਹਾ ਕਿ ਸਾਡੀ ਲੜਾਈ ਪੰਜਾਬ ਦੀ ਨਸਲ ਨੂੰ ਬਚਾਉਣ ਦੀ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ' ਲਿਆਉਣਾ ਇੱਕ ਸ਼ਲਾਘਾਯੋਗ ਕਦਮ ਹੈ, ਪਰ ਇਸ ਕਾਨੂੰਨ ਦੇ ਅਸਲੀ ਮਨੋਰਥ ਤਦ ਹੀ ਪੂਰੇ ਹੋ ਸਕਦੇ ਹਨ ਜਦੋਂ ਇਸਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਨਾਲ ਲਾਗੂ ਕੀਤਾ ਜਾਵੇ। ਇਹ ਪਵਿੱਤਰ ਕਾਰਜ ਉਹ ਲੋਕ ਕਦੇ ਨਹੀਂ ਕਰ ਸਕਦੇ ਜਿਨ੍ਹਾਂ ਦਾ ਆਪਣਾ ਪਿਛੋਕੜ ਗੈਰ-ਸਮਾਜਿਕ ਅਨਸਰਾਂ ਨਾਲ ਜੁੜਿਆ ਹੋਵੇ। ਇਸ ਲਈ ਹੁਣ ਇਲਾਕੇ ਦੇ ਸਾਫ਼-ਸੁਥਰੇ ਕਿਰਦਾਰ ਵਾਲੇ ਲੋਕਾਂ ਨੇ ਆਪ ਅੱਗੇ ਆ ਕੇ ਇਸ ਐਕਟ ਨੂੰ ਲਾਗੂ ਕਰਵਾਉਣ ਅਤੇ ਨਸ਼ਿਆਂ ਖਿਲਾਫ਼ ਪਹਿਰਾ ਦੇਣ ਦਾ ਜ਼ਿੰਮਾ ਚੁੱਕਿਆ ਹੈ।

ਇਸ ਨੇਕ ਕਾਰਜ ਨੂੰ ਪਸੰਦ ਕਰਨ ਵਾਲੇ ਆਮ ਲੋਕਾਂ ਅਤੇ ਵਰਕਰਾਂ ਦੇ ਭਾਰੀ ਉਤਸ਼ਾਹ ਨੂੰ ਦੇਖਦਿਆਂ ਹੋਇਆਂ, ਨਸ਼ਿਆਂ ਅਤੇ ਉਹਨਾਂ ਦੇ ਸੌਦਾਗਰਾਂ ਖਿਲਾਫ਼ ਇਸ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਮਿਤੀ 25 ਅਪ੍ਰੈਲ ਨੂੰ ਭਾਈ ਜੋਧ ਹਾਲ, ਖਡੂਰ ਸਾਹਿਬ ਵਿਖੇ ਦੁਪਹਿਰ 12:30 ਵਜੇ ਇੱਕ 'ਵਰਕਰ ਮਿਲਣੀ' ਰੱਖੀ ਗਈ ਹੈ, ਜਿਸ ਵਿੱਚ ਉਹ ਸਾਰੇ ਸੁਹਿਰਦ ਲੋਕ ਸ਼ਾਮਲ ਹੋਣਗੇ ਜੋ ਸ੍ਰੀ ਖਡੂਰ ਸਾਹਿਬ ਦੀ ਪਵਿੱਤਰਤਾ ਅਤੇ ਪੰਜਾਬ ਦੀ ਆਉਣ ਵਾਲੀ ਨਸਲ ਦਾ ਫ਼ਿਕਰ ਕਰਦੇ ਹਨ।

ਅੱਜ ਦੀ ਇਸ ਮੀਟਿੰਗ ਵਿੱਚ ਸਵ: ਜਥੇਦਾਰ ਹਰਭੇਜ ਸਿੰਘ ਜੀ ਦੇ ਸਪੁੱਤਰ ਗੁਰਜੰਟ ਸਿੰਘ, ਅੰਗਰੇਜ਼ ਸਿੰਘ ਸਾਬਕਾ ਸਰਪੰਚ, ਮਾਸਟਰ ਬਲਦੇਵ ਸਿੰਘ ਮੌਜੂਦਾ ਸਰਪੰਚ, ਸੁਖਵੰਤ ਸਿੰਘ ਬਿੱਲਾ, ਬਖਸ਼ੀਸ਼ ਸਿੰਘ, ਗੁਰਦੀਪ ਸਿੰਘ, ਦਿਲਾਵਰ ਸਿੰਘ, ਗੁਰਮੀਤ ਸਿੰਘ ਮੈਂਬਰ ਪੰਚਾਇਤ, ਸਰਵਨ ਸਿੰਘ, ਗੁਰਮੀਤ ਸਿੰਘ, ਜਸਬੀਰ ਸਿੰਘ, ਬਖਸ਼ਿੰਦਰ ਸਿੰਘ, ਦਿਲਾਵਰ ਸਿੰਘ, ਗੁਰਵਿੰਦਰ ਸਿੰਘ ਸ਼ਾਹ, ਜਸਬੀਰ ਸਿੰਘ, ਮੇਜਰ ਸਿੰਘ ਅਤੇ ਗੁਰਦੇਵ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਵਿਜ਼ਡਮ ਸਕੂਲ ਆਫ਼ ਅਕੈਡਮਿਕਸ ਐਂਡ ਸਪੋਰਟਸ ਵਿੱਚ ਧਰਤੀ ਦਿਵਸ ਮਨਾਇਆ




ਤਰਨ ਤਾਰਨ, 23 ਅਪ੍ਰੈਲ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ): ਇਸ ਮੌਕੇ 'ਤੇ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਧਰਤੀ ਦਿਵਸ ਦੀ ਮਹੱਤਤਾ, ਸਾਡੇ ਘਰ ਦੀ ਸੰਭਾਲ ਅਤੇ ਇਸਦੀ ਰੱਖਿਆ ਦੇ ਤਰੀਕਿਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਸਭਾ ਤੋਂ ਬਾਅਦ ਧਰਤੀ ਦੀ ਰੱਖਿਆ ਲਈ ਜਾਗਰੂਕਤਾ ਫੈਲਾਉਣ ਵਾਸਤੇ ਇੱਕ ਰੈਲੀ ਕੱਢੀ ਗਈ। ਇਸ ਦੇ ਨਾਲ ਹੀ ਪੋਸਟਰ ਬਣਾਉਣ ਅਤੇ ਧਰਤੀ ਦਿਵਸ 'ਤੇ ਆਪਣੇ ਸਲੋਕ ਲਿਖਣ ਦੀਆਂ ਮੁਕਾਬਲੇਬਾਜ਼ੀ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਚਾਅ ਨਾਲ ਭਾਗ ਲਿਆ।

ਇਸ ਮੌਕੇ 'ਤੇ ਪ੍ਰਿਥਵੀ ਦੀਆਂ ਆਵਾਜ਼ਾਂ ਨਾਮਕ ਇੱਕ ਵਿਸ਼ੇਸ਼ ਪ੍ਰਦਰਸ਼ਨ ਤਿਆਰ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵਾਤਾਵਰਨ ਦੀ ਸੁਰੱਖਿਆ ਸੰਬੰਧੀ ਆਪਣੇ ਸੋਚ ਨਾਲ ਸੰਦੇਸ਼ ਸਾਂਝੇ ਕੀਤੇ। ਇਸ ਤੋਂ ਇਲਾਵਾ ਫਾਲਤੂ ਚੀਜ਼ਾਂ ਤੋਂ ਕੀਮਤੀ ਚੀਜ਼ਾਂ ਬਣਾਉਣ ਦੀ ਗਤੀਵਿਧੀ ਵੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਬੇਕਾਰ ਸਮੱਗਰੀ ਤੋਂ ਤਿਆਰ ਕੀਤੀਆਂ ਰਚਨਾਤਮਕ ਵਸਤਾਂ ਪ੍ਰਦਰਸ਼ਿਤ ਕੀਤੀਆਂ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮਾਗਮ ਨੂੰ ਮਾਨਯੋਗ ਡਾਇਰੈਕਟਰ ਸ਼੍ਰੀਮਤੀ ਅੰਮ੍ਰਿਤ ਖੇੜਾ, ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਜੌਹਲ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਹਰਲੀਨ ਕੌਰ ਅਤੇ ਪ੍ਰਸ਼ਾਸਕ ਸ਼੍ਰੀਮਤੀ ਸ਼ਵੇਤਾ ਸਹਿਗਲ ਸਨ। ਉਨ੍ਹਾਂ ਨੇ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਹੁੰਦੀ ਹੈ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਗਰਮੀ ’ਚ ਇਹ 5 ਭੋਜਨ ਸਰੀਰ ਨੂੰ ਰੱਖਣਗੇ ਠੰਡਾ

ਗਰਮੀਆਂ ਦੇ ਆਉਣ ਦੇ ਨਾਲ ਥਕਾਵਟ, ਪਸੀਨਾ ਆਉਣਾ, ਚਿੜਚਿੜਾਪਨ ਅਤੇ ਡੀਹਾਈਡਰੇਸ਼ਨ ਵਰਗੀਆਂ ਸਮੱਸਿਆਵਾਂ ਵਧਣੀਆਂ



ਸ਼ੁਰੂ ਹੋ ਜਾਂਦੀਆਂ ਹਨ। ਤੇਜ਼ ਧੁੱਪ ਅਤੇ ਵਧਦਾ ਤਾਪਮਾਨ ਵਿਅਕਤੀ ਦੀ ਊਰਜਾ ਦੇ ਨਾਲ-ਨਾਲ ਉਨ੍ਹਾਂ ਦੇ ਪਾਚਨ ਅਤੇ ਇਮਿਊਨ ਸਿਸਟਮ ਨੂੰ ਵੀ ਪ੍ਰਭਾਵਿਤ ਕਰਦਾ ਹੈ। ਇਸ ਵਿਚਾਲੇ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਗਰਮੀ ਤੋਂ ਰਾਹਤ ਕਿਵੇਂ ਪਾਈਏ ?ਜੇਕਰ ਤੁਸੀਂ ਇਸ ਭਿਆਨਕ ਗਰਮੀ ਵਿੱਚ ਤੰਦਰੁਸਤ ਅਤੇ ਤਰੋਤਾਜ਼ਾ ਰਹਿਣਾ ਚਾਹੁੰਦੇ ਹੋ, ਤਾਂ ਆਪਣੀ ਖੁਰਾਕ ਵਿੱਚ ਕੁਝ ਖਾਸ ਭੋਜਨ ਸ਼ਾਮਲ ਕਰੋ। ਇਹ ਨਾ ਸਿਰਫ਼ ਤੁਹਾਨੂੰ ਠੰਡਾ ਰੱਖਣਗੇ ਬਲਕਿ ਤੁਹਾਡੇ ਸਰੀਰ ਨੂੰ ਹਾਈਡ੍ਰੇਟ ਅਤੇ ਊਰਜਾਵਾਨ ਵੀ ਬਣਾਉਣਗੇ।

**ਦਹੀ** ; ਦਹੀਂ ਨੂੰ ਗਰਮੀਆਂ ਦਾ ਇੱਕ ਵਧੀਆ ਸੁਪਰਫੂਡ ਮੰਨਿਆ ਜਾਂਦਾ ਹੈ। ਇਹ ਸਰੀਰ ਨੂੰ ਠੰਡਾ ਕਰਦਾ ਹੈ ਅਤੇ ਪਾਚਨ ਕਿਰਿਆ ਨੂੰ ਬਿਹਤਰ ਬਣਾਉਂਦਾ ਹੈ। ਤੁਸੀਂ ਇਸ ਨੂੰ ਲੱਸੀ, ਰਾਇਤੇ ਜਾਂ ਸਿੱਧੇ ਰੂਪ ਵਿੱਚ ਖਾ ਸਕਦੇ ਹੋ।

**ਪੁਦੀਨਾ** ; ਪੁਦੀਨਾ ਗਰਮੀ ਤੋਂ ਬਚਾਉਣ ਲਈ ਇੱਕ ਵਧੀਆ ਪਦਾਰਥ ਹੈ। ਇਸ ਵਿੱਚ ਮੌਜੂਦ ਇਲੈਕਟ੍ਰੋਲਾਈਟਸ ਸਰੀਰ ਨੂੰ ਹਾਈਡ੍ਰੇਟ ਕਰਨ ਅਤੇ ਗਰਮੀ ਤੋਂ ਰਾਹਤ ਦੇਣ ਵਿੱਚ ਮਦਦ ਕਰਦੇ ਹਨ।

**ਲੱਸੀ** : ਲੱਸੀ ਇੱਕ ਹਲਕਾ ਅਤੇ ਠੰਡਾ ਪੀਣ ਵਾਲਾ ਪਦਾਰਥ ਹੈ ਜੋ ਸਰੀਰ ਨੂੰ ਤੁਰੰਤ ਤਾਜ਼ਗੀ ਦਿੰਦਾ ਹੈ। ਇਸ ਵਿੱਚ ਨਮਕ ਅਤੇ ਜੀਰਾ ਮਿਲਾਉਣ ਨਾਲ ਪਾਚਨ ਕਿਰਿਆ ਵੀ ਬਿਹਤਰ ਹੁੰਦੀ ਹੈ।

**ਤਰਬੂਜ**: ਤਰਬੂਜ ਪਾਣੀ ਨਾਲ ਭਰਪੂਰ ਹੁੰਦਾ ਹੈ, ਜੋ ਸਰੀਰ ਨੂੰ ਹਾਈਡ੍ਰੇਟ ਰੱਖਦਾ ਹੈ। ਇਹ ਸਰੀਰ ਦੇ ਤਾਪਮਾਨ ਨੂੰ ਨਿਯੰਤ੍ਰਿਤ ਕਰਨ ਵਿੱਚ ਮਦਦ ਕਰਦਾ ਹੈ।

**ਖੀਰਾ** : ਖੀਰਾ ਸਰੀਰ ਨੂੰ ਠੰਡਾ ਕਰਦਾ ਹੈ ਅਤੇ ਡੀਹਾਈਡਰੇਸ਼ਨ ਤੋਂ ਬਚਾਉਂਦਾ ਹੈ। ਇਸ ਨੂੰ ਸਲਾਦ ਜਾਂ ਜੂਸ ਦੇ ਰੂਪ ਵਿੱਚ ਖਾਣਾ ਲਾਭਦਾਇਕ ਹੈ।

# ਚਿੰਤਕ ਅਤੇ ਲੇਖਿਕਾ ਡਾ. ਕਮਲਾ ਸੈਣੀ ਨੂੰ ਰਾਸ਼ਟਰੀ ਭੁੱਟੀਕੋ ਠਾਕੁਰ ਵੇਦ ਰਾਮ ਲਾਈਫਟਾਈਮ ਅਚੀਵਮੈਂਟ ਪੁਰਸਕਾਰ ਨਾਲ ਕੀਤਾ ਸਨਮਾਨਿਤ

ਕੁੱਲੂ (ਹਿਮਾਚਲ ਪ੍ਰਦੇਸ਼), 23 ਅਪ੍ਰੈਲ (ਚ.ਨ.ਸ.) : ਦੇਸ਼ ਦੀ ਪ੍ਰਸਿੱਧ ਗਾਂਧੀਵਾਦੀ ਸਿੱਖਿਆਵਿਦ, ਚਿੰਤਕ ਅਤੇ ਲੇਖਿਕਾ ਡਾ. ਕਮਲਾ ਸੈਣੀ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ 40 ਸਾਲਾਂ ਦੇ ਅਨਮੋਲ ਯੋਗਦਾਨ ਨੂੰ ਮਾਨਤਾ ਦਿੰਦਿਆਂ ਇਸ ਸਾਲ ਦਾ ਪ੍ਰਤਿਸ਼ਠਿਤ ਰਾਸ਼ਟਰੀ ਭੁੱਟੀਕੋ ਠਾਕੁਰ ਵੇਦ ਰਾਮ ਲਾਈਫਟਾਈਮ ਅਚੀਵਮੈਂਟ ਪੁਰਸਕਾਰ ਪ੍ਰਦਾਨ ਕੀਤਾ ਗਿਆ ਹੈ। ਇਹ ਪੁਰਸਕਾਰ ਅੱਜ ਕੁੱਲੂ, ਹਿਮਾਚਲ ਪ੍ਰਦੇਸ਼ ਵਿਖੇ ਆਯੋਜਿਤ ਇੱਕ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਭੁੱਟੀਕੋ ਸੰਸਥਾ ਦੇ ਚੇਅਰਪਰਸਨ ਠਾਕੁਰ ਸਤਿਆ ਪ੍ਰਕਾਸ਼ (ਪੂਰਵ ਮੰਤਰੀ, ਹਿਮਾਚਲ ਪ੍ਰਦੇਸ਼ ਸਰਕਾਰ) ਅਤੇ ਹੋਰ ਨਾਮਵਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਪ੍ਰਦਾਨ ਕੀਤਾ ਗਿਆ। ਉਹਨਾ ਨੇ ਸਨਮਾਨਿਤ ਕਰਦਿਆਂ ਡਾ. ਕਮਲਾ ਸੈਣੀ ਨੂੰ ਪਰੰਪਰਾਗਤ ਹਿਮਾਚਲੀ ਟੋਪੀ, ਦੋਸ਼ਾਲਾ, ਪ੍ਰਸ਼ਸਤੀ-ਪੱਤਰ ਅਤੇ ਸਨਮਾਨ ਰਾਸ਼ੀ ਭੇਂਟ ਕੀਤੀ ਗਈ। ਠਾਕੁਰ ਵੇਦ ਰਾਮ ਰਾਸ਼ਟਰੀ ਭੁੱਟੀਕੋ ਪੁਰਸਕਾਰ ਪਿਛਲੇ 30 ਸਾਲਾਂ ਤੋਂ ਵੱਖ-ਵੱਖ ਖੇਤਰਾਂ ਵਿੱਚ ਦੇਸ਼ ਦੀਆਂ



ਅੰਤਰਰਾਸ਼ਟਰੀ ਅਤੇ ਰਾਸ਼ਟਰੀ ਖਿਆਤੀ ਪ੍ਰਾਪਤ ਵਿਭੂਤੀਆਂ ਨੂੰ ਉਨ੍ਹਾਂ ਦੇ ਜੀਵਨਭਰ ਦੇ ਉੱਤਮ ਯੋਗਦਾਨ ਲਈ ਦਿੱਤਾ ਜਾਂਦਾ ਰਿਹਾ ਹੈ। ਡਾ. ਕਮਲਾ ਸੈਣੀ ਨੂੰ ਇਹ ਪੁਰਸਕਾਰ ਗਾਂਧੀਵਾਦੀ ਸਿੱਖਿਆ ਦੇ ਨਵੀਨੀਕਰਨ, ਪਠਨ-ਪਾਠਨ ਦੀ ਗੁਣਵੱਤਾ ਅਤੇ ਹਾਸ਼ੀਏ ਤੇ ਖੜ੍ਹੇ ਵੰਚਿਤ ਬੱਚਿਆਂ ਤੱਕ ਸਿੱਖਿਆ ਦੀ ਅਲਖ ਪਹੁੰਚਾਉਣ ਵਿੱਚ ਉਨ੍ਹਾਂ ਦੇ ਨਿਰੰਤਰ ਯਤਨਾਂ ਨੂੰ ਦੇਖਦਿਆਂ ਪ੍ਰਦਾਨ ਕੀਤਾ ਗਿਆ ਹੈ। ਇਥੇ ਇਹ ਵਰਨਣਯੋਗ ਹੈ ਕਿ ਡਾ. ਕਮਲਾ ਸੈਣੀ ਪਿਛਲੇ 40 ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਸਰਗਰਮ ਹਨ। ਉਨ੍ਹਾਂ ਨੇ ਗਾਂਧੀਵਾਦੀ ਦਰਸ਼ਨ ਨੂੰ ਆਧਾਰ ਬਣਾ ਕੇ ਬੱਚਿਆਂ ਦੇ ਸਮਗਰ ਵਿਕਾਸ ਉੱਤੇ ਵਿਸ਼ੇਸ਼ ਧਿਆਨ ਦਿੰਦਿਆਂ ਕਈ ਨਵੀਨੀਕਰਨੀ ਯਤਨ ਕੀਤੇ ਹਨ।

ਉਨ੍ਹਾਂ ਦੀ ਸਿੱਖਿਆ ਪਦਧਤੀ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਨਹੀਂ, ਬਲਕਿ ਮੁੱਲਾਂ, ਨੈਤਿਕਤਾ ਅਤੇ ਸਮਾਜਿਕ ਜਾਗਰੂਕਤਾ ਉੱਤੇ ਆਧਾਰਿਤ ਹੈ। ਪਿਛਲੇ ਸਨਮਾਨ ਇਸ ਤੋਂ ਪਹਿਲਾਂ ਵੀ ਡਾ. ਕਮਲਾ ਸੈਣੀ ਨੂੰ ਕਈ ਪ੍ਰਤਿਸ਼ਠਿਤ ਸਨਮਾਨਾਂ ਨਾਲ ਨਵਾਜਿਆ ਜਾ ਚੁੱਕਾ ਹੈ, ਜਿਨ੍ਹਾਂ ਵਿੱਚ ਸ਼ਾਮਲ ਹਨ। ਮੱਧ ਪ੍ਰਦੇਸ਼ ਸਰਕਾਰ ਵੱਲੋਂ ਗਾਂਧੀ ਦਰਸ਼ਨ ਸਮ੍ਰਿਤੀ ਪੁਰਸਕਾਰ ਅਤੇ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਭਾਰਤੇਂਦੂ ਹਰਿਸ਼ਚੰਦਰ ਪੁਰਸਕਾਰ ਰਾਜਸਥਾਨ ਵੱਲੋਂ ਨਾਰੀ ਸ਼ਕਤੀ ਪੁਰਸਕਾਰ, ਉਨ੍ਹਾਂ ਦੀ ਪੁਸਤਕ ‘ਮੀਡੀਆ ਕ੍ਰਾਂਤੀ ਅਤੇ ਭਾਰਤੀ ਔਰਤਾਂ’ ਬਹੁਤ ਚਰਚਿਤ ਰਹੀਆਂ ਹੈ। ਉਨ੍ਹਾਂ ਦੀਆਂ ਕਈ ਹੋਰ ਪੁਸਤਕਾਂ ਸਾਹਿਤ ਅਕਾਦਮੀ ਅਤੇ ਰਾਸ਼ਟਰੀ ਪੁਸਤਕ ਨਿਆਸ ਵੱਲੋਂ ਪ੍ਰਕਾਸ਼ਿਤ ਕੀਤੀਆਂ ਜਾ ਚੁੱਕੀਆਂ ਹਨ, ਜੋ ਦੇਸ਼ ਭਰ ਵਿੱਚ ਵਿਆਪਕ ਰੂਪ ਵਿੱਚ ਪੜ੍ਹੀਆਂ ਜਾ ਰਹੀਆਂ ਹਨ।ਸਮਾਰੋਹ ਨੂੰ ਸੰਬੋਧਨ ਕਰਦਿਆਂ ਡਾ. ਕਮਲਾ ਸੈਣੀ ਨੇ ਭੁੱਟੀਕੋ ਸੰਸਥਾ ਦਾ ਧੰਨਵਾਦ ਕਰਦਿਆਂ ਕਿਹਾ,ਅਜਿਹੇ ਪੁਰਸਕਾਰ ਜੀਵਨ ਵਿੱਚ ਨਵੀਂ ਉਮੀਦ, ਨਵੀਂ ਊਰਜਾ ਅਤੇ ਨਵੀਂ ਪ੍ਰੇਰਣਾ ਲੈ ਕੇ ਆਉਂਦੇ ਹਨ। ਆਉਣ ਵਾਲੇ ਦਿਨਾਂ ਵਿੱਚ ਵੀ ਮੈਂ ਆਪਣੇ ਯਤਨਾਂ ਅਤੇ ਪ੍ਰਯੋਗਾਂ ਰਾਹੀਂ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਛੋਟਾ ਜਿਹਾ ਯੋਗਦਾਨ ਜਾਰੀ ਰੱਖਾਂਗੀ। ਇਸ ਮੌਕੇ ਤੇ ਠਾਕੁਰ ਸਤਿਆ ਪ੍ਰਕਾਸ਼ ਨੇ ਡਾ. ਕਮਲਾ ਸੈਣੀ ਦੇ ਯੋਗਦਾਨ ਦੀ ਭਰਪੂਰ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਹ ਸਿੱਖਿਆ ਖੇਤਰ ਵਿੱਚ ਇੱਕ ਪ੍ਰੇਰਣਾ ਸਰੋਤ ਹਨ।

# ਸ੍ਰੀ ਸੁੱਖੀ ਬਾਠ ਸਮਾਜ ਸੇਵਾ ’ਚ ਪਾ ਰਹੇ ਨੇ ਵੱਡਮੁੱਲਾ ਯੋਗਦਾਨ

ਸਰੀ, 23 ਅਪ੍ਰੈਲ (ਚ.ਨ.ਸ.) : ਸ੍ਰੀ ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਜੋ ਕਿ ਸਮਾਜ ਸੇਵਾ ਦੇ ਵੱਡੇ ਕਾਰਜ ਕਰ ਰਹੇ ਹਨ ਉਹਨਾਂ ਵੱਲੋਂ ਸ਼ੁਰੂ ਕੀਤਾ ਗਿਆ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਸਤੰਬਰ 2023 ਵਿੱਚ ਪਟਿਆਲੇ ਜ਼ਿਲੇ ਤੋਂ ਸ਼ੁਰੂ ਹੋਇਆ। ਇਸ ਪ੍ਰੋਜੈਕਟ ਦਾ ਸਾਰਾ ਖਰਚਾ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਕੀਤਾ ਜਾ ਰਿਹਾ ਹੈ। ਜਿਸ ਵਿੱਚ 10 ਤੋਂ 18 ਸਾਲ ਤੱਕ ਦੇ ਵਿਦਿਆਰਥੀਆਂ ਦੀਆਂ ਖੁਦ ਲਿਖੀਆਂ ਰਚਨਾਵਾਂ ਨੂੰ ਇਕੱਤਰ ਕਰਕੇ ਕਿਤਾਬ ਸੰਪਾਦਿਤ ਕੀਤੀ ਗਈ ਜਿਸ ਦਾ ਨਾਮ ਨਵੀਆਂ ਕਲਮਾਂ ਨਵੀਂ ਉਡਾਣ ਰੱਖਿਆ ਗਿਆ। ਕਾਫਲਾ ਦਿਨੋ ਦਿਨ ਵਧਦਾ ਗਿਆ ਪੰਜਾਬ ਦੇ 23 ਜ਼ਿਲਿਆਂ ਵਿੱਚ ਸਾਹਿਤ ਨੂੰ ਪਿਆਰ ਕਰਨ ਵਾਲੇ ਅਧਿਆਪਕ, ਲਇਬ੍ਰੇਰੀਅਨ ਅਤੇ ਸਾਹਿਤ ਪ੍ਰੇਮੀ ਇਸ ਪ੍ਰੋਜੈਕਟ ਨਾਲ ਜੁੜੇ ਬੱਚਿਆਂ ਤੋਂ ਰਚਨਾਵਾਂ ਇਕੱਤਰ ਕੀਤੀਆਂ ਅਤੇ ਪੰਜਾਬ ਦੇ ਹਰ ਇੱਕ ਜਿਲੇ ਵਿੱਚ ਕਿਤਾਬਾਂ ਛਾਪ ਕੇ ਲੋਕ ਅਰਪਣ ਕੀਤੀਆਂ ਗਈਆਂ। ਕਿਤਾਬ ਲੋਕ ਅਰਪਣ ਸਮਾਗਮ ਵਿੱਚ ਕਿਤਾਬ ਵਿੱਚ ਛਪੇ ਉਸ ਜਿਲੇ ਨਾਲ ਸੰਬੰਧਿਤ ਬਾਲ ਲੇਖਕਾਂ ਨੂੰ ਬੁਲਾ ਕੇ ਵਿਸ਼ੇਸ਼ ਤੌਰ ਤੇ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ ਅਤੇ ਨਾਲ ਹੀ ਉਨਾਂ ਵਿਦਿਆਰਥੀਆਂ ਦੇ ਗਾਈਡ ਅਧਿਆਪਕਾਂ ਦਾ ਵੀ ਸਨਮਾਨ ਕੀਤਾ ਜਾਂਦਾ ਹੈ। ਜਾਣਕਾਰੀ ਦਿੰਦੇ ਹੋਏ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਵੱਲੋਂ ਦੱਸਿਆ ਗਿਆ ਕਿ ਇਹਨਾਂ ਸਾਰੇ ਸਮਾਗਮਾਂ ਵਿੱਚ ਖੁਦ ਸੁੱਖੀ ਬਾਠ ਜੀ ਵਿਸ਼ੇਸ਼ ਤੌਰ ਤੇ ਕੈਨੇਡਾ ਤੋਂ ਸ਼ਿਰਕਤ ਕਰਦੇ ਹਨ। ਜੇਕਰ ਗੱਲ ਪੰਜਾਬ ਤੋਂ ਬਾਹਰ ਦੀ ਕਰੀਏ ਤਾਂ ਇਸ ਪ੍ਰੋਜੈਕਟ ਤਹਿਤ ਸ੍ਰੀ ਗੰਗਾ ਨਗਰ ਰਾਜਸਥਾਨ ਵਿੱਚ ਵੀ ਦੋ ਕਿਤਾਬਾਂ ਪੰਜਾਬੀ ਬਾਲ ਲੇਖਕਾਂ ਦੀਆਂ ਛਾਪ ਚੁੱਕੇ ਹਾਂ। ਇੱਕ ਕਿਤਾਬ ਹਨੂੰਮਾਨਗੜ੍ਹ ਰਾਜਸਥਾਨ ਵਿੱਚ ਛਾਪ ਚੁੱਕੇ ਹਾਂ। ਇੱਕ ਕਿਤਾਬ ਮਹਾਰਾਸ਼ਟਰ ਮੁੰਬਈ ਵਿੱਚ ਛਾਪ ਕੇ ਲੋਕ ਅਰਪਣ ਕਰ ਚੁੱਕੇ ਹਾਂ। ਹਿਮਾਚਲ ਅਤੇ ਦਿੱਲੀ ਦੀ ਕਿਤਾਬ ਛਪਾਈ ਅਧੀਨ ਹੈ ਅਤੇ ਰਾਜਸਥਾਨ ਵਿੱਚ ਵੀ ਇਹ ਪ੍ਰੋਜੈਕਟ ਬਾਖੂਬੀ ਚੱਲ ਰਿਹਾ ਹੈ। ਭਾਰਤ ਤੋਂ ਬਾਹਰ ਇਹ ਪ੍ਰੋਜੈਕਟ ਪਾਕਿਸਤਾਨ ਦੇ 17 ਜਿਲ੍ਹਿਆਂ ਵਿੱਚ ਚੱਲ ਰਿਹਾ ਹੈ ਅਤੇ ਪੰਜ ਜਿਲ੍ਹਿਆਂ ਵਿੱਚ ਸ਼ਾਹਮੁਖੀ ਵਿੱਚ ਕਿਤਾਬਾਂ ਛਾਪ ਚੁੱਕੇ ਹਾਂ, ਪਾਕਿਸਤਾਨ ਤੋਂ ਇਲਾਵਾ ਇੰਗਲੈਂਡ ਵਿੱਚ ਪੰਜਾਬੀ ਬੱਚਿਆਂ ਦੀ ਕਿਤਾਬ ਛਾਪ ਕੇ ਪਿਛਲੇ ਸਾਲ ਦਸੰਬਰ ਵਿੱਚ ਲੋਕ ਅਰਪਣ ਕੀਤੀ ਜਾ ਚੁੱਕੀ ਹੈ। ਇਸ ਸਾਲ 18 ਅਪ੍ਰੈਲ ਨੂੰ ਫਰਾਂਸ ਵਿਖੇ ਵੀ ਪੰਜਾਬੀ ਵਾਲ ਲੇਖਕਾਂ ਦੀ ਕਿਤਾਬ ਤਿਆਰ ਕਰਕੇ ਲੋਕ ਅਰਪਣ ਕੀਤੀ ਜਾ ਰਹੀ ਹੈ। ਕੈਨੇਡਾ, ਆਸਟਰੇਲੀਆ, ਅਮਰੀਕਾ, ਇਟਲੀ, ਯੂਗਾਂਡਾ ਵਿੱਚ ਵੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਕਿਤਾਬਾਂ ਤੋਂ ਇਲਾਵਾ ਇਸ ਪ੍ਰੋਜੈਕਟ ਤਹਿਤ ਪਿਛਲੇ ਸਾਲ ਮਸਤੂਆਣਾ ਸਾਹਿਬ ਵਿਖੇ ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਕਰਵਾਈ ਗਈ ਜਿਸ ਵਿੱਚ ਅੱਬਲ ਆਉਣ ਵਾਲੇ ਵਿਦਿਆਰਥੀਆਂ ਨੂੰ ਬਾਲ ਸ਼੍ਰੋਮਣੀ ਐਵਾਰਡ ਦਿੱਤੇ ਗਏ। ਇਸ ਕਾਨਫਰਸ ਵਿੱਚ ਪੰਜਾਬ ਤੋਂ ਇਲਾਵਾ ਵੱਖ ਵੱਖ ਰਾਜਾਂ ਦੇ ਲਗਭਗ 1500 ਵਿਦਿਆਰਥੀਆਂ ਨੇ ਭਾਗ ਲਿਆ। ਆਉਣ ਵਾਲੇ ਸਾਰੇ ਬਾਲ ਲੇਖਕਾਂ ਤੇ ਉਹਨਾਂ ਦੇ ਗਾਈਡ ਅਧਿਆਪਕਾਂ ਦਾ ਪੂਰਾ ਖਰਚਾ ਅਉਣ ਜਾਣ ਅਤੇ ਰਹਿਣ, ਖਾਣ ਪੀਣ ਪੰਜਾਬ ਭਵਨ ਵੱਲੋਂ ਕੀਤਾ ਗਿਆ। ਇਸ ਤੋਂ ਬਾਅਦ ਦੋ ਰੋਜਾ ਰਾਸ਼ਟਰੀ ਬਾਲ ਲੇਖਕ ਕਾਨਫਰੰਸ ਸ੍ਰੀ ਗੰਗਾ ਨਗਰ ਰਾਜਸਥਾਨ ਅਤੇ ਹਨੁਮਾਨਗੜ੍ਹ ਰਾਜਸਥਾਨ ਵਿਖੇ ਦੋ ਰੋਜਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਕਰਵਾਈ ਗਈ। ਅੱਗੇ ਚਲਦੇ ਹੋਏ ਦੋ ਰੋਜਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਮਹਾਰਾਸ਼ਟਰ ਮੁੰਬਈ ਵਿਖੇ ਕਰਵਾਈ ਗਈ। ਇਸ ਪ੍ਰੋਜੈਕਟ ਤਹਿਤ ਹੁਣ ਤੱਕ 7000 ਬਾਲ ਲੇਖਕਾਂ ਦੀਆਂ 70 ਦੇ ਲਗਭਗ ਕਿਤਾਬਾਂ ਛਾਪ ਕੇ ਲੋਕ ਅਰਪਣ ਕਰ ਚੁੱਕੇ ਹਾਂ 20 ਕਿਤਾਬਾਂ ਛਪ ਕੇ ਤਿਆਰ ਹਨ 16000 ਦੇ ਲਗਭਗ ਬਾਲ ਲੇਖਕ ਇਸ ਪ੍ਰੋਜੈਕਟ ਨਾਲ ਜੁੜੇ ਹੋਏ ਹਨ ਅਤੇ ਇਹਨਾਂ ਵਿਦਿਆਰਥੀਆਂ ਨਾਲ ਲਗਭਗ 500 ਗਾਈਡ ਅਧਿਆਪਕ ਇਸ ਪ੍ਰੋਜੈਕਟ ਵਿੱਚ ਸੇਵਾ ਨਿਭਾ ਰਹੇ ਹਨ।

ਪੰਜਾਬ ਭਵਨ
PUNJAB BHAWAN



**ਚੜ੍ਹਦੀਕਲਾ ਅਦਾਰੇ ਦੇ ਚੇਅਰਮੈਨ ‘ਪਦਮਸ਼੍ਰੀ’ ਡਾ ਜਗਜੀਤ ਸਿੰਘ ਦਰਦੀ ਦਾ ਹਾਲ-ਚਾਲ ਜਾਣਨ ਲਈ ਅੱਜ ਪੰਜਾਬ ਸਰਕਾਰ ਦੇ ਕੰਨਵੇਅਰ ਦੇ ਉਪ ਚੇਅਰਮੈਨ ਸ. ਇੰਦਰਜੀਤ ਸਿੰਘ ਸੰਧੂ ਆਪਣੀ ਟੀਮ ਸਮੇਤ ਪੁੱਜੇ, ਜਿਨ੍ਹਾਂ ਨੇ ਡਾ ਜਗਜੀਤ ਸਿੰਘ ਦਰਦੀ ਦੀ ਸਿਹਤ ਅਤੇ ਲੰਮੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਸ. ਸੰਧੂ ਨੂੰ ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ, ਮੈਨੇਜਰ ਪਰਮਜੀਤ ਸਿੰਘ, ਵਿਸ਼ੇਸ਼ ਪ੍ਰਤੀਨਿਧ ਗੁਰਮੁਖ ਸਿੰਘ ਰੁਪਾਣਾ, ਅਮਰਜੀਤ ਸਿੰਘ ਪੱਤਰਕਾਰ, ਸਤੀਸ਼ ਕੁਮਾਰ, ਨੀਲ ਕਮਲ ਨੇ ਕਿਤਾਬਾਂ ਭੇਂਟ ਕੀਤੀਆਂ।**



**ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸ਼ਹੀਦ ਬਾਬਾ ਅਕਾਲੀ ਫੂਲਾ ਸਿੰਘ ਛਾਉਣੀ ਬੁੱਢਾ ਦੱਲ ਐਡਆਨਾ ਪਲੇਨਫੀਲਡ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਸਜਾਏ ਜਿਸ ਵਿੱਚ ਰਾਗੀ ਜਥਿਆਂ ਨੇ ਰਸ ਭਿੰਨਾ ਕੀਰਤਨ ਕੀਤਾ। ਬੀਬੀ ਰਾਜਬੀਰ ਕੌਰ ਮੁੱਛਲ, ਬੀਬੀ ਭਾਗਵਿੰਦਰ ਕੌਰ USA , ਰਾਗੀ ਜਥਾ ਧਰਮਵੀਰ ਸਿੰਘ USA , ਭਾਈ ਹਜੂਰ ਸਿੰਘ ਸਟੇਜ ਸੈਕਟਰੀ , ਹੈੱਡ ਗ੍ਰੰਥੀ ਬਾਬਾ ਕਸ਼ਮੀਰ ਸਿੰਘ ਮੁੱਛਲ ਨੇ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਉਪਰੰਤ ਮਹੱਲੇ ਸਜਾਏ ਗਏ ਜਿਸ ਵਿੱਚ ਨਿਹੰਗ ਸਿੰਘਾਂ ਨੇ ਗਤਕੇ ਦੇ ਜੌਹਰ ਵਿਖਾਏ ਅਤੇ ਜਥੇਦਾਰ ਬਾਬਾ ਜਸਵਿੰਦਰ ਸਿੰਘ ਖਾਲਸਾ ਮੁੱਖ ਸੇਵਦਾਰ ਵੱਲੋਂ ਸੰਗਤਾਂ ਦਾ ਧੰਨਵਾਦ ਕੀਤਾ ਸੰਗਤਾਂ ਵੱਲੋਂ ਬੇਅੰਤ ਪ੍ਰਕਾਰ ਦੇ ਲੰਗਰ ਲਗਾਏ ਗਏ। ਬੇਅੰਤ ਸੰਗਤਾਂ ਨੇ ਛਾਉਣੀ ਵਿਖੇ ਹਾਜ਼ਰੀਆਂ ਭਰੀਆਂ।**

# ਖਿਡੌਣਾ ਬਣ ਕੇ ਰਹਿ ਜਾਣਗੇ ਫ਼ੋਨ, ਈਰਾਨ ਦੇ ਨਿਸ਼ਾਨੇ ’ਤੇ ਦੁਨੀਆ

ਵਾਸ਼ਿੰਗਟਨ, 23 ਅਪ੍ਰੈਲ (ਚ.ਨ.ਸ.) : ਅਮਰੀਕਾ ਅਤੇ ਇਰਾਨ ਵਿਚਾਲੇ ਚੱਲ ਰਹੀ ਜੰਗ ਹੁਣ ਸਿਰਫ਼ ਤੇਲ ਦੀ ਸਪਲਾਈ ਤੱਕ ਸੀਮਤ ਨਹੀਂ ਰਹੀ, ਇਸ ਨੇ ਹੁਣ ਦੁਨੀਆ ਭਰ ਦੀ ਇੰਟਰਨੈੱਟ ਸਪਲਾਈ ਲਈ ਵੀ ਵੱਡਾ ਖ਼ਤਰਾ ਪੈਦਾ ਕਰ ਦਿੱਤਾ ਹੈ। ਇਰਾਨੀ ਮੀਡੀਆ ਦੀਆਂ ਤਾਜ਼ਾ ਰਿਪੋਰਟਾਂ ਅਨੁਸਾਰ, ਸਟ੍ਰੇਟ ਆਫ਼ ਹੋਰਮੁਜ਼ @ਚ ਸਮੁੰਦਰ ਹੇਠਾਂ ਵਿਛੀਆਂ ਸਬਮਰੀਨ ਇੰਟਰਨੈੱਟ ਕੇਬਲਾਂ ਜੰਗ ਦਾ ਅਗਲਾ ਨਿਸ਼ਾਨਾ ਬਣ ਸਕਦੀਆਂ ਹਨ।ਸਟ੍ਰੇਟ ਆਫ਼ ਹਾਰਮੁਜ਼ ਨਾ ਸਿਰਫ਼ ਤੇਲ ਦੀ ਸਪਲਾਈ ਲਈ ਮਹੱਤਵਪੂਰਨ ਹੈ, ਸਗੋਂ ਇਹ ਏਸ਼ੀਆ, ਯੂਰਪ ਅਤੇ ਅਫ਼ਰੀਕਾ ਨੂੰ ਜੋੜਨ ਵਾਲੀਆਂ ਪ੍ਰਮੁੱਖ ਡਿਜੀਟਲ ਕੇਬਲਾਂ ਦਾ ਵੀ ਪ੍ਰਮੁੱਖ ਕੇਂਦਰ ਹੈ। ਇਰਾਨੀ ਮੀਡੀਆ ਨੇ ਸੰਕੇਤ ਦਿੱਤਾ ਹੈ ਕਿ ਜੇਕਰ ਇਰਾਨ-ਅਮਰੀਕਾ ਵਿਚਾਲੇ ਤਣਾਅ ਹੋਰ ਵਧਦਾ ਹੈ, ਤਾਂ ਇਹ ਕੇਬਲਾਂ @ਕੋਲੈਟਰਲ ਡੈਮੇਜ@ ਦਾ ਸ਼ਿਕਾਰ ਹੋ ਸਕਦੀਆਂ ਹਨ, ਭਾਵ ਇਨ੍ਹਾਂ ਨੂੰ ਜੰਗ ਦੌਰਾਨ ਬਿਨਾਂ ਹਮਲੇ ਦੇ ਇਰਾਦੇ ਨਾਲ ਨੁਕਸਾਨ ਪਹੁੰਚ ਸਕਦਾ ਹੈ।ਜੇਕਰ ਇਨ੍ਹਾਂ ਕੇਬਲਾਂ ਨੂੰ ਨੁਕਸਾਨ ਪਹੁੰਚਦਾ ਹੈ, ਤਾਂ ਭਾਰਤ ਸਮੇਤ ਕਈ ਦੇਸ਼ਾਂ ਵਿੱਚ ਇੰਟਰਨੈੱਟ ਦੀ ਰਫ਼ਤਾਰ ਬਹੁਤ ਘੱਟ ਸਕਦੀ ਹੈ ਜਾਂ ਪੂਰੀ ਤਰ੍ਹਾਂ ਠੱਪ ਵੀ ਹੋ ਸਕਦੀ ਹੈ। ਇਸ ਨਾਲ ਬੈਂਕਿੰਗ, ਸਟਾਕ ਮਾਰਕੀਟ ਅਤੇ ਅੰਤਰਰਾਸ਼ਟਰੀ ਵਪਾਰ @ਤੇ ਬਹੁਤ ਬੁਰਾ ਅਸਰ ਪਵੇਗਾ।ਮਾਹਿਰਾਂ ਦਾ ਮੰਨਣਾ ਹੈ ਕਿ ਇਰਾਨੀ ਮੀਡੀਆ ਰਾਹੀਂ ਅਜਿਹੀਆਂ ਚਿਤਾਵਨੀਆਂ ਜਾਰੀ ਕਰਨਾ ਅਮਰੀਕਾ ਅਤੇ ਪੱਛਮੀ ਦੇਸ਼ਾਂ @ਤੇ ਦਬਾਅ ਬਣਾਉਣ ਦੀ ਰਣਨੀਤੀ ਦਾ ਹਿੱਸਾ ਹੋ ਸਕਦਾ ਹੈ।

# ਸ਼੍ਰੀ ਰਾਮ ਕਾਲਜ ਆਫ਼ ਕਾਮਰਸ ਦੇ 100ਵੇਂ ਸਾਲਾਨਾ ਦਿਵਸ ਸਮਾਰੋਹ ’ਚ ਸੰਧੂ ਨੇ ਕੀਤੀ ਸ਼ਿਰਕਤ

ਨਵੀਂ ਦਿੱਲੀ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਸ਼੍ਰੀ ਰਾਮ ਕਾਲਜ ਆਫ਼ ਕਾਮਰਸ (SRCC) ਦੇ 100ਵੇਂ ਸਾਲਾਨਾ ਦਿਵਸ ਸਮਾਰੋਹ ਦਾ ਹਿੱਸਾ ਬਣ ਕੇ ਬਹੁਤ ਖੁਸ਼ੀ ਹੋ ਰਹੀ ਹੈ। ਸ਼ਤਾਬਦੀ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਜੋ ਨਿਰੰਤਰਤਾ, ਲਚਕੀਲਾਪਣ ਅਤੇ ਅਕਾਦਮਿਕ ਉੱਤਮਤਾ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਰ ਸ਼੍ਰੀ ਰਾਮ ਦੁਆਰਾ 1926 ਵਿੱਚ ਸਥਾਪਿਤ, ਇਸ ਪ੍ਰਤੀਕ ਸੰਸਥਾ ਨੇ ਨੇਤਾਵਾਂ, ਨੀਤੀ ਨਿਰਮਾਤਾਵਾਂ, ਉੱਦਮੀਆਂ ਅਤੇ ਪੇਸ਼ੇਵਰਾਂ ਦੀਆਂ ਪੀੜ੍ਹੀਆਂ ਨੂੰ ਪਾਲਿਆ ਹੈ ਜਿਨ੍ਹਾਂ ਨੇ ਭਾਰਤ ਅਤੇ ਦਿੱਲੀ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। SRCC ਕੈਂਪਸ ਵਿੱਚ ਦੁਬਾਰਾ ਜਾਣਾ ਅਤੇ ਵਿਦਿਆਰਥੀ ਵਜੋਂ ਅਤੇ 2016 ਵਿੱਚ ਆਪਣੀਆਂ ਪਿਛਲੀਆਂ ਫੇਰੀਆਂ ਨੂੰ ਯਾਦ ਕਰਨਾ ਵਿਸ਼ੇਸ਼ ਤੌਰ ’ਤੇ ਅਰਥਪੂਰਨ ਸੀ। ਅੱਜ ਦੇ ਤੇਜ਼ੀ ਨਾਲ



ਵਿਕਸਤ ਹੋ ਰਹੇ ਆਰਥਿਕ ਦ੍ਰਿਸ਼ ਵਿੱਚ, SRCC ਵਰਗੇ ਸੰਸਥਾਨ ਭਵਿੱਖ ਲਈ ਤਿਆਰ ਦਿਮਾਗਾਂ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਜਿਵੇਂ ਕਿ ਮਾਣਯੋਗ ਪ੍ਰਧਾਨ ਮੰਤਰੀ ਅਕਸਰ ਜ਼ੋਰ ਦਿੰਦੇ ਹਨ, ਸਿੱਖਿਆ ਨੂੰ ਚਰਿੱਤਰ, ਰਚਨਾਤਮਕਤਾ ਅਤੇ ਆਲੋਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਨ ਲਈ ਅਕਾਦਮਿਕ ਤੋਂ ਪਰੇ ਜਾਣਾ ਚਾਹੀਦਾ ਹੈ। ਇਸ ਇਤਿਹਾਸਕ ਮੌਕੇ ’ਤ @SRCCOfficial ਦੇ ਫੈਕਲਟੀ, ਵਿਦਿਆਰਥੀਆਂ ਅਤੇ ਸਾਬਕਾ ਵਿਦਿਆਰਥੀਆਂ ਨੂੰ ਵਧਾਈਆਂ। ਜਿਵੇਂ ਕਿ SRCC ਆਪਣੀ ਦੂਜੀ ਸਦੀ ਦੀ ਸ਼ੁਰੂਆਤ ਕਰ ਰਿਹਾ ਹੈ, ਮੈਨੂੰ ਵਿਸ਼ਵਾਸ ਹੈ ਕਿ ਇਹ ਨਵੀਨਤਾ ਅਤੇ ਜ਼ਿੰਮੇਵਾਰੀ ਵਿਚਕਾਰ ਇੱਕ ਪੁਲ ਵਜੋਂ ਕੰਮ ਕਰਦਾ ਰਹੇਗਾ, ਇੱਕ ਵਿਕਸਤਭਾਰਤ ਅਤੇ ਇੱਕ ਵਿਕਸਤਦਿੱਲੀ ਦੇ ਦ੍ਰਿਸ਼ਟੀਕੋਣ ਵਿੱਚ ਅਰਥਪੂਰਨ ਯੋਗਦਾਨ ਪਾਵੇਗਾ।

# ਭਿਆਨਕ ਗਰਮੀ ਨੇ ਖੇਤੀਬਾੜੀ ਚੱਕਰ ਕੀਤਾ ਤਬਾਹ, 100 ਕਰੋੜ ਲੋਕਾਂ ’ਤੇ ਮੰਡਰਾਇਆ ਖ਼ਤਰਾ

ਇੰਟਰਨੈਸ਼ਨਲ ਡੈਸਕ: ਦੁਨੀਆ ਭਰ ਵਿੱਚ ਵੱਧ ਰਹੀ ਭਿਆਨਕ ਗਰਮੀ ਨੇ ਹੁਣ ਗਲੋਬਲ ਖੇਤੀਬਾੜੀ ਪ੍ਰਣਾਲੀ ਨੂੰ ਤਬਾਹੀ ਦੇ ਕੰਢੇ @ਤੇ ਲਿਆ ਖੜ੍ਹਾ ਕੀਤਾ ਹੈ। ਸੰਯੁਕਤ ਰਾਸ਼ਟਰ (”©) ਨੇ ਇੱਕ ਤਾਜ਼ਾ ਰਿਪੋਰਟ ਵਿੱਚ ਚੇਤਾਵਨੀ ਦਿੱਤੀ ਹੈ ਕਿ ਇਸ ਕਾਰਨ ਦੁਨੀਆ ਭਰ ਦੇ 100 ਕਰੋੜ ਤੋਂ ਵੱਧ ਲੋਕਾਂ ਦੀ ਰੋਜ਼ੀ-ਰੋਟੀ ਅਤੇ ਸਿਹਤ @ਤੇ ਸਿੱਧਾ ਖ਼ਤਰਾ ਪੈਦਾ ਹੋ ਗਿਆ ਹੈ। ਰਿਪੋਰਟ ਅਨੁਸਾਰ ਅੱਤ ਦੀ ਗਰਮੀ ਕਾਰਨ ਖਾਦ ਪਦਾਰਥਾਂ ਦੀ ਪੈਦਾਵਾਰ ਅਤੇ ਸਪਲਾਈ ਚੇਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਸੰਯੁਕਤ ਰਾਸ਼ਟਰ ਦੇ ਖਾਦ ਅਤੇ ਖੇਤੀਬਾੜੀ ਸੰਗਠਨ (61®) ਅਤੇ ਵਿਸ਼ਵ ਮੌਸਮ ਵਿਗਿਆਨ ਸੰਗਠਨ (⇨$®) ਦੀ ਰਿਪੋਰਟ ਮੁਤਾਬਕ ਗਰਮੀ ਹੁਣ ਸਿਰਫ਼ ਮੌਸਮੀ ਬਦਲਾਅ ਨਹੀਂ ਰਹੀ, ਸਗੋਂ ਖੇਤੀਬਾੜੀ, ਮੱਛੀ ਪਾਲਣ ਅਤੇ ਜੰਗਲਾਤ ਲਈ ਇੱਕ @ਹੋਂਦ ਦਾ ਖ਼ਤਰਾ@ ਬਣ ਗਈ ਹੈ। 61® ਦੇ ਜਲਵਾਯੂ ਪਰਿਵਰਤਨ ਦਫ਼ਤਰ ਦੇ ਮੁਖੀ ਕਾਵੇਹ ਜਾਹੇਦੀ ਨੇ ਕਿਹਾ ਕਿ ਭਿਆਨਕ ਗਰਮੀ ਹੀ ਹੁਣ ਇਹ ਤੈਅ ਕਰ ਰਹੀ ਹੈ ਕਿ ਕਿਸਾਨ ਅਤੇ ਮਛੁਆਰੇ ਕੀ ਉਗਾ ਸਕਦੇ ਹਨ ਅਤੇ ਕਦੋਂ ਕੰਮ ਕਰ ਸਕਦੇ ਹਨ।ਰਿਪੋਰਟ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਵਿਸ਼ਵਵਿਆਪੀ ਔਸਤ ਤਾਪਮਾਨ ਵਿੱਚ ਹਰ ਇੱਕ ਡਿਗਰੀ ਦੇ ਵਾਧੇ ਨਾਲ ਚਾਰ ਮੁੱਖ ਫ਼ਸਲਾਂ ਮੱਕੀ, ਚੌਲ, ਸੋਇਆਬੀਨ ਅਤੇ ਕਣਕ ਦੀ ਪੈਦਾਵਾਰ ਵਿੱਚ ਲਗਭਗ 6% ਦੀ ਕਮੀ ਆਉਂਦੀ ਹੈ। ਜਦੋਂ ਤਾਪਮਾਨ 30 ਡਿਗਰੀ ਸੈਲਸੀਅਸ ਦੀ ਸੀਮਾ ਨੂੰ ਪਾਰ ਕਰ ਜਾਂਦਾ ਹੈ, ਤਾਂ ਇਨ੍ਹਾਂ ਫ਼ਸਲਾਂ ਦੀ ਪੈਦਾਵਾਰ ਵਿੱਚ ਤੇਜ਼ੀ ਨਾਲ ਗਿਰਾਵਟ ਆ ਜਾਂਦੀ ਹੈ। ਜ਼ਿਕਰਯੋਗ ਹੈ ਕਿ ਸਾਲ 2025 ਹੁਣ ਤੱਕ ਦੇ ਤਿੰਨ ਸਭ ਤੋਂ ਗਰਮ ਸਾਲਾਂ ਵਿੱਚੋਂ ਇੱਕ ਰਿਹਾ ਹੈ।ਗਰਮੀ ਦਾ ਕਹਿਰ ਸਿਰਫ਼ ਜ਼ਮੀਨ ਤੱਕ ਹੀ ਸੀਮਤ ਨਹੀਂ ਹੈ। ਰਿਪੋਰਟ ਮੁਤਾਬਕ 2024 ਵਿੱਚ ਦੁਨੀਆ ਦੇ 91% ਮਹਾਂਸਾਗਰਾਂ ਨੂੰ @ਸਮੁੰਦਰੀ ਲੂ@ ਦਾ ਸਾਹਮਣਾ ਕਰਨਾ ਪਿਆ। ਇਸ ਨਾਲ ਪਾਣੀ ਵਿੱਚ ਆਕਸੀਜਨ ਦਾ ਪੱਧਰ ਘੱਟ ਰਿਹਾ ਹੈ, ਜਿਸ ਕਾਰਨ ਮੱਛੀਆਂ ਦੀ ਹੋਂਦ ਖ਼ਤਰੇ ਵਿੱਚ ਹੈ ਅਤੇ ਸਮੁੰਦਰੀ ਖੁਰਾਕ ਪ੍ਰਣਾਲੀ ਲੜਖੜਾ ਰਹੀ ਹੈ।



# ਡਾ. ਹਰਜਿੰਦਰ ਵਾਲੀਆ ‘ਜਰਨਲਿਸਟ ਆਫ ਦੀ ਈਅਰ’ ਐਵਾਰਡ ਲਈ ਚੁਣੇ ਗਏ

ਨਵੀਂ ਦਿੱਲੀ, 23 ਅਪ੍ਰੈਲ (ਚ.ਨ.ਸ.) : ਸਿੱਖ ਵੈਲਫੇਅਰ ਟਰੱਸਟ ਵੱਲੋਂ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਅਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸਹਿਯੋਗ ਨਾਲ 10ਵਾਂ ਪੁਰਸਕਾਰ ਸਮਾਰੋਹ 2026 ਕੀਤਾ ਜਾ ਰਿਹਾ ਹੈ। ਇਸ ਸਮਾਰੋਹ ਵਿੱਚ ਚੜ੍ਹਦੀਕਲਾ ਟਾਈਮ ਟੀਵੀ ਦੇ ਡਾਇਰੈਕਟਰ ਅਤੇ ਪੰਜਾਬੀ ਯੂਨਵਰਸਿਟੀ ਪਟਿਆਲਾ ਦੇ ਪੱਤਰਕਾਰੀ ਵਿਭਾਗ ਦੇ ਸਾਬਕਾ ਮੁਖੀ ਪ੍ਰੋ. ਹਰਜਿੰਦਰ ਪਾਲ ਸਿੰਘ ਵਾਲੀਆ ਨੂੰ ਜਰਨਲਿਸਟ ਆਫ ਦੀ ਈਅਰ ਪੁਰਸਕਾਰ ਦਿੱਤਾ ਜਾ ਰਿਹਾ ਹੈ।ਇਸ ਸਬੰਧੀ ਸੱਦਾ ਪੱਤਰ ਦੇਣ ਲਈ ਸਿੱਖ ਬੰਧੂ ਵੈਲਫੇਅਰ ਟਰੱਸਟ ਦੇ ਚੇਅਰਮੈਨ ਸ੍ਰ. ਸੁਖਦੇਵ ਸਿੰਘ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਦੇ ਕੁਲ ਅਹੁਦੇਦਾਰ ਪਟਿਆਲਾ ਪਹੁੰਚੇ ਸਨ। ਇੱਥੇ ਇਹ ਦੱਸਣਾ ਬਣਦਾ ਹੈ ਕਿ ਡਾ. ਹਰਜਿੰਦਰ ਵਾਲੀਆ ਨੇ 36 ਵਰ੍ਹਿਆਂ ਦੀ ਯੂਨੀਵਰਸਿਟੀ ਦੀ ਸਰਵਿਸ ਤੋਂ ਸੇਵਾ ਮੁਕਤ ਹੋ ਕੇ 1 ਫਰਵਰੀ 2018 ਨੂੰ ਚੜ੍ਹਦੀਕਲਾ ਟਾਈਮ ਟੀਵੀ ਦਾ ਮਕਬੂਲ ਪ੍ਰੋਗਰਾਮ ਖਬਰ ਤੇ ਨਜ਼ਰ ਹਰਜਿੰਦਰ ਵਾਲੀਆ ਸ਼ੋਅ ਸ਼ੁਰੂ ਕੀਤਾ ਸੀ ਜੋ ਰੋਜ਼ਾਨਾ ਸਵੇਰੇ 8.40 ’ਤੇ ਟੈਲੀਕਾਸਟ ਹੁੰਦਾਹੈ। ਇਸ ਸ਼ੋਅ ਨੂੰ ਚਲਦੇ ਹੋਏ ਅੱਠ ਸਾਲ ਪੂਰੇ ਹੋ ਚੁੱਕੇ ਹਨ ਅਤੇ 9ਵਾਂ ਵਰਾ ਚਲ ਰਿਹਾ ਹੈ। ਇਹ ਪ੍ਰੋਗਰਾਮ ਨਿਰਪੱਖ ਪੱਤਰਕਾਰੀ ਦੀ ਉਦਾਹਰਨ ਦੇ ਤੌਰ ’ਤੇ ਜਾਣਿਆ ਜਾਂਦਾ ਹੈ। ਡਾ. ਵਾਲੀਆ ਦਾ ਦੂਜਾ ਪ੍ਰੋਗਰਾਮ ਚਰਚਾ ਵੀ ਕਾਫੀ ਮਕਬੂਲ ਹੈ। ਡਾ. ਹਰਜਿੰਦਰ ਵਾਲੀਆ ਨੂੰ ਇਸ ਤੋਂ ਪਹਿਲਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼੍ਰੋਮਣੀ ਸਾਹਿਤਕ ਪੱਤਰਕਾਰੀ ਐਵਾਰਡ 2018 ਮਿਲ ਚੁੱਕਿਆ ਹੈ। ਪ੍ਰੈਸ ਕੌਂਸਲ ਆਫ ਐਡਮਿੰਟਨ ਵੱਲੋਂ ਵੀ ਡਾ. ਵਾਲੀਆ ਸਨਮਾਨਤ ਹੋ ਚੁੱਕੇ ਹਨ। ਡਾ. ਹਰਜਿੰਦਰ ਵਾਲੀਅ ਨੂੰ 2018 ਵਿੱਚ ਚੜ੍ਹਦੀਕਲਾ ਜੁਬਲੀ ਪੁਰਸਕਾਰ ਵੀ ਮਿਲ ਚੁੱਕਾ ਹੈ। ਹੁਣ ਜਰਨਲਿਸਟ ਆਫ ਦੀ ਈਅਰ ਪੁਰਸਕਾਰ ਮਿਲਣ ਤੇ ਸ੍ਰ. ਜਗਜੀਤ ਸਿੰਘ ਦਰਦੀ ਅਤੇ ਚੜ੍ਹਦੀਕਲਾ ਗਰੁੱਪ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।

ਸਿੱਖ ਬੰਧੂ ਵੈਲਫੇਅਰ 10ਵਾਂ ਐਵਾਰਡ ਫਕਸ਼ਨ 26 ਅਪ੍ਰੈਲ ਨੂੰ ਵਿਲੋਰਾ ਵੈਨਕੁਇਟ ਹਾਲ ਮੋਤੀ ਨਗਰ ਨਿਊ ਦਿੱਲੀ ਵਿਖੇ ਹੋ ਰਿਹਾ ਹੈ। ਇਸ ਵਿੱਚ ਦਿੱਲੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋਂ, ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਦੀਆਂ ਹੋਰ ਸ਼ਖਸੀਅਤਾਂ ਪੁੱਜ ਰਹੀਆਂ ਹਨ।



# ਲੋਕ ਸਭਾ ਸਪੀਕਰ ਨੇ ਦਿੱਲੀ ਯੂਨੀਵਰਸਿਟੀ ਦੇ ਕਿਰੋੜੀ ਮੱਲ ਕਾਲਜ ਦੇ ਵਿਦਿਆਰਥੀਆਂ ਨੂੰ ਕੀਤਾ ਸੰਬੋਧਨ

ਨਵੀਂ ਦਿੱਲੀ, 23 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਅੱਜ ਕਿਰੋੜੀ ਮੱਲ ਕਾਲਜ ਦੇ ਸਾਲਾਨਾ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਿੱਖਿਆ ਨੂੰ ਰੁਜ਼ਗਾਰ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ ਬਲਕਿ ਸਮਾਜਿਕ ਜ਼ਿੰਮੇਵਾਰੀ, ਸਮਾਵੇਸ਼ੀ ਅਤੇ ਚਰਿੱਤਰ ਨਿਰਮਾਣ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੀਆਂ ਇੱਛਾਵਾਂ ਨੂੰ ਵਿਆਪਕ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨ ਅਤੇ ਲੋਕਤੰਤਰ ਵਿੱਚ ਆਪਣੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਅਸਲ ਤਰੱਕੀ ਦਾ ਮਾਪ ਉਦੋਂ ਹੀ ਸਾਰਥਕ ਹੁੰਦਾ ਹੈ ਜਦੋਂ ਮੌਕੇ ਅਤੇ ਵਿਕਾਸ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਦਾ ਹੈ। ਭਾਰਤ ਦੇ ਵਿਕਸਤ ਹੋ ਰਹੇ ਸਿੱਖਿਆ ਦ੍ਰਿਸ਼ਟੀਕੋਣ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਰਾਸ਼ਟਰੀ



ਸਿੱਖਿਆ ਨੀਤੀ 2020 ਆਲੋਚਨਾਤਮਕ ਸੋਚ ਅਤੇ ਵਿਦਿਅਕ ਲਚਕਤਾ ਨੂੰ ਉਤਸ਼ਾਹਿਤ ਕਰਕੇ ਇੱਕ ਪਰਿਵਰਤਨਸ਼ੀਲ ਯੁੱਗ ਦੀ ਸ਼ੁਰੂਆਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿ ਗਿਆਨ ਅਤੇ ਹੁਨਰ ਬਿਨਾਂ ਸ਼ੱਕ ਜ਼ਰੂਰੀ ਹਨ, ਸਥਾਈ ਅਤੇ ਅਰਥਪੂਰਨ ਸਫਲਤਾ ਨੂੰ ਯਕੀਨੀ ਬਣਾਉਣ ਲਈ ਮਜ਼ਬੂਤ ਨੈਤਿਕ ਕਦਰਾਂ-ਕੀਮਤਾਂ, ਇਮਾਨਦਾਰੀ ਅਤੇ ਸਬਰ ਨੂੰ ਸ਼ਾਮਲ ਕਰਨਾ ਵੀ ਓਨਾ ਹੀ ਜ਼ਰੂਰੀ ਹੈ। ਅਧਿਆਪਕਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਨੂੰ ਸਮਾਜ ਦੇ ਸੱਚੇ ਆਰਕੀਟੈਕਟ ਦੱਸਿਆ, ਜੋ ਨਾ ਸਿਰਫ਼ ਗਿਆਨ ਦਾ ਪ੍ਰਸਾਰ ਕਰਦੇ ਹਨ ਬਲਕਿ ਜ਼ਿੰਮੇਵਾਰ, ਜਾਗਰੂਕ ਅਤੇ ਰਾਸ਼ਟਰ-ਮੁਖੀ ਨਾਗਰਿਕ ਵੀ ਪੈਦਾ ਕਰਦੇ ਹਨ। ਕਾਲਜ ਦੀਆਂ ਸਮਾਵੇਸ਼ੀ ਪਹਿਲਕਦਮੀਆਂ ਦੀ ਸ਼ਲਾਘਾ ਕਰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਆਧੁਨਿਕ ਤਕਨਾਲੋਜੀ ਅਤੇ ਹੁਨਰ ਵਿਕਾਸ ਰਾਹੀਂ ਨੇਤਰਹੀਣ ਵਿਦਿਆਰਥੀਆਂ ਨੂੰ ਸਸ਼ਕਤ ਬਣਾ ਕੇ, ਸੰਸਥਾ ਬਰਾਬਰ ਸਿੱਖਿਆ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਯਤਨ ਸਮਾਵੇਸ਼ ਪ੍ਰਤੀ ਡੂੰਘੀ ਵਚਨਬੱਧਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿੱਖਿਆ ਵਿੱਚ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਸਿਧਾਂਤਾਂ ਨੂੰ ਸ਼ਾਮਲ ਕਰਨਾ ਜ਼ਰੂਰੀ ਹੈ, ਅਤੇ ਇਹ ਖੁਸ਼ੀ ਦੀ ਗੱਲ ਹੈ ਕਿ ਕਿਰੋੜੀ ਮਲ ਕਾਲਜ ਆਪਣੀ ਸਮਾਵੇਸ਼ੀ ਪਹੁੰਚ ਰਾਹੀਂ ਇਨ੍ਹਾਂ ਆਦਰਸ਼ਾਂ ਨੂੰ ਸਰਗਰਮੀ ਨਾਲ ਅਪਣਾ ਰਿਹਾ ਹੈ। ਇਸ ਤੋਂ ਪਹਿਲਾਂ, ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਦਿੱਲੀ ਪਬਲਿਕ ਸਕੂਲ, ਮਥੁਰਾ ਰੋਡ ਦੇ ਸਾਲਾਨਾ ਸਮਾਗਮ ਵਿੱਚ ਵੀ ਸ਼ਿਰਕਤ ਕੀਤੀ, ਅਤੇ ਰਾਸ਼ਟਰ ਨਿਰਮਾਣ ਵਿੱਚ ਸਿੱਖਿਆ ਅਤੇ ਚਰਿੱਤਰ ਨਿਰਮਾਣ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਯਤਨਾਂ ਲਈ ਮਾਨਤਾ ਦਿੱਤੀ ਅਤੇ ਸਨਮਾਨਿਤ ਕੀਤਾ। ਸ਼੍ਰੀ ਬਿਰਲਾ ਨੇ ਬਦਲਦੇ ਸਮੇਂ ਵਿੱਚ ਨਵੀਨਤਾ, ਨਵੀਨਤਾਕਾਰੀ ਸੋਚ ਅਤੇ ਤਕਨਾਲੋਜੀ ਦੀ ਮਹੱਤਤਾ ਬਾਰੇ ਗੱਲ ਕੀਤੀ। ਉਨ੍ਹਾਂ ਅੱਗੇ ਕਿਹਾ ਕਿ @ਵਿਕਸਤ ਭਾਰਤ 2047@ ਸਿਰਫ਼ ਇੱਕ ਨੀਤੀਗਤ ਦ੍ਰਿਸ਼ਟੀਕੋਣ ਨਹੀਂ ਹੈ, ਸਗੋਂ ਆਜ਼ਾਦੀ ਦੀ ਸ਼ਤਾਬਦੀ ਤੱਕ ਭਾਰਤ ਨੂੰ ਇੱਕ ਵਿਕਸਤ, ਸਮਾਵੇਸ਼ੀ ਅਤੇ ਸਵੈ-ਨਿਰਭਰ ਰਾਸ਼ਟਰ ਬਣਾਉਣ ਦਾ ਇੱਕ ਸਮੂਹਿਕ ਰਾਸ਼ਟਰੀ ਸੰਕਲਪ ਹੈ।

# ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ 24-26 ਅਪ੍ਰੈਲ ਦੌਰਾਨ ਚੰਡੀਗੜ੍ਹ ਵਿੱਚ ਚਿੰਤਨ ਸ਼ਿਵਰ ਆਯੋਜਿਤ ਕਰੇਗਾ

ਚੰਡੀਗੜ੍ਹ, 23 ਅਪ੍ਰੈਲ (ਚ.ਨ.ਸ.) : ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨਾਲ ਮਿਲ ਕੇ 24 ਤੋਂ 26 ਅਪ੍ਰੈਲ 2026 ਤੱਕ ਚੰਡੀਗੜ੍ਹ ਵਿੱਚ ਅੰਤਯੋਦਯਾ ਦਾ ਸੰਕਲਪ, ਅੰਮ੍ਰਿਤ ਕਾਲ ਦਾ ਪ੍ਰਤੀਬਿੰਬ- ਵਿਕਸਿਤ ਭਾਰਤ 02047 ਵਿਸ਼ੇ ‘ਤੇ ਤਿੰਨ ਦਿਨਾਂ ਦਾ ਚਿੰਤਨ ਸ਼ਿਵਿਰ ਆਯੋਜਿਤ ਕਰੇਗਾ। ਇਹ ਵਿਸ਼ਾ ਅੰਮ੍ਰਿਤ ਕਾਲ ਅਤੇ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਦੇ ਅਨੁਸਾਰ ਸਮਾਵੇਸ਼ੀ ਸਸ਼ਕਤੀਕਰਨ ਪ੍ਰਤੀ ਮੰਤਰਾਲੇ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਸ਼ਿਵਿਰ ਦਾ ਮੰਤਵ ਸਮਾਜਿਕ ਨਿਆਂ ਸਬੰਧੀ ਪਹਿਲਕਦਮੀਆਂ ਦੀ ਸਪੁਰਦਗੀ ਨੂੰ ਮਜ਼ਬੂਤ ਕਰਨਾ, ਮੁੱਖ ਯੋਜਨਾਵਾਂ ਦੀ ਆਖ਼ਰੀ ਪੱਧਰ ਤੱਕ ਕਾਰਗੁਜ਼ਾਰੀ ਨੂੰ ਸੁਧਾਰਨਾ ਅਤੇ ਹਾਸ਼ੀਏ ‘ਤੇ ਰਹਿੰਦੇ ਵਰਗਾਂ ਦੇ ਸਮਾਵੇਸ਼ੀ ਅਤੇ ਟਿਕਾਊ ਸਸ਼ਕਤੀਕਰਨ ਲਈ ਕਾਰਗਰ ਰੋਡਮੇਪ ਤਿਆਰ ਕਰਨਾ ਹੈ। ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਵੀਰੇਂਦਰ ਕੁਮਾਰ ਕਰਨਗੇ, ਜਿਨ੍ਹਾਂ ਦੇ ਨਾਲ ਰਾਜ ਮੰਤਰੀ ਸ਼੍ਰੀ ਬੀ. ਐੱਲ. ਵਰਮਾ ਅਤੇ ਸ਼੍ਰੀ ਰਾਮਦਾਸ ਅਠਾਵਲੇ ਮੌਜੂਦ ਰਹਿਣਗੇ। ਇਸ ਪ੍ਰੋਗਰਾਮ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਮੰਤਰੀਆਂ ਅਤੇ ਅਧਿਕਾਰੀਆਂ ਦੇ ਨਾਲ ਨਾਲ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਵਿਭਾਗ ਅਤੇ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਸਬੰਧੀ ਵਿਭਾਗ ਦੇ ਸਕੱਤਰ ਅਤੇ ਸੀਨੀਅਰ ਅਧਿਕਾਰੀ ਭਾਗ ਲੈਣਗੇ। ਪ੍ਰੋਗਰਾਮ ਦੀ ਸ਼ੁਰੂਆਤ ਮੰਤਰਾਲੇ ਦੀਆਂ ਪ੍ਰਮੁੱਖ ਯੋਜਨਾਵਾਂ ਨੂੰ ਦਰਸਾਉਂਦੀ ਪ੍ਰਦਰਸ਼ਨੀ ਨਾਲ ਹੋਵੇਗੀ। ਇਸ ਮੌਕੇ ‘ਤੇ ਕਈ ਮਹੱਤਵਪੂਰਨ ਡਿਜ਼ਿਟਲ ਅਤੇ ਨੀਤੀਗਤ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਵਿੱਚ ਸਮਾਵੇਸ਼ ਪੋਰਟਲ, ਐੱਨਐੱਮਬੀਏ 2.0 ਐਪ, ਸੇਤੁ ਐਪ ਅਤੇ ਸਮਾਇਲ ਐਪ ਸ਼ਾਮਲ ਹਨ। ਡਿਮੈਂਸ਼ੀਆ ਕੇਅਰ ਹੋਮਜ਼ ਲਈ ਘੱਟੋ-ਘੱਟ ਮਾਪਦੰਡਾਂ ‘ਤੇ ਇੱਕ ਕਿਤਾਬ ਅਤੇ ਭਿਖਾਰੀ ਵਸੇਬਿਆਂ ਲਈ ਮਾਡਲ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਜਾਣਗੇ। ਇਸ ਤੋਂ ਇਲਾਵਾ, ਨੈਸ਼ਨਲ ਇੰਸਟੀਚਿਊਟ ਆਫ ਸੋਸ਼ਲ ਡਿਫੈਂਸ ਅਤੇ ਵੱਖ-ਵੱਖ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਦਰਮਿਆਨ ਸਮਝੌਤਾ ਪੱਤਰਾਂ (ਐੱਮਓਯੂ) ‘ਤੇ ਦਸਤਖ਼ਤ ਕੀਤੇ ਜਾਣਗੇ। ਇਨ੍ਹਾਂ ਤਿੰਨ ਦਿਨਾਂ ਦੌਰਾਨ, ਚਿੰਤਨ ਸ਼ਿਵਿਰ ਵਿੱਚ ਢਾਂਚਾਗਤ ਵਿਸ਼ਾ ਅਧਾਰਤ ਚਰਚਾਵਾਂ ਅਤੇ ਬ੍ਰੇਕਆਊਟ ਸੈਸ਼ਨ ਹੋਣਗੇ। ਬ੍ਰੇਕਆਊਟ ਗਰੁੱਪ ਸੈਸ਼ਨਾਂ ਵਿੱਚ ਮੁੱਖ ਵਿਸ਼ਾ ਅਧਾਰਤ ਖੇਤਰਾਂ ‘ਤੇ ਧਿਆਨ ਦਿੱਤਾ ਜਾਵੇਗਾ। 25 ਅਪ੍ਰੈਲ ਨੂੰ ਚਰਚਾਵਾਂ ਵਿੱਚ ਵਜ਼ੀਫਾ ਡਿਲਿਵਰੀ ਅਤੇ ਸਿੱਖਿਆ ਤੱਕ ਪਹੁੰਚ, ਨਸ਼ਾ ਮੁਕਤ ਭਾਰਤ ਇਕੋਸਿਸਟਮ, ਸਵੱਛਤਾ ਕਾਰਜਾਂ ਵਿੱਚ ਮਰਿਆਦਾ ਅਤੇ ਸੈਨਿਟੇਸ਼ਨ ਸਬੰਧੀ ਮੌਤਾਂ ‘ਤੇ ਮਿਸ਼ਨ ਜ਼ੀਰੋ, ਸੀਨੀਅਰ ਸਿਟੀਜ਼ਨਜ਼ ਦੀ ਦੇਖਭਾਲ ਅਤੇ ਅਪਾਹਜ ਬੱਚਿਆਂ ਲਈ ਸ਼ੁਰੂਆਤੀ ਦਖ਼ਲ ਸ਼ਾਮਲ ਹੋਣਗੇ।

# ਵਿੱਤ ਮੰਤਰੀ ਚੀਮਾ ਵੱਲੋਂ ਆਕਸਫੋਰਡ ਸਕੂਲ ਦੇ ਪ੍ਰਿੰਸੀਪਲ ਦਾ ਸਨਮਾਨ

ਭਗਤਾ ਭਾਈ ਕਾ, 23 ਅਪ੍ਰੈਲ (ਸਵਰਨ ਸਿੰਘ ਭਗਤਾ): "ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ" ਮਾਲਵੇ ਇਲਾਕੇ




ਦੀ ਇੱਕ ਅਜਿਹੀ ਸੰਸਥਾ ਹੈ ਜੋ ਹਰ ਖੇਤਰ 'ਚ ਆਪਣੀ ਵਿਲੱਖਣ ਛਾਪ ਛੱਡਣ ਵਿੱਚ ਮੋਹਰੀ ਹੈ। ਇਹ ਸੰਸਥਾ ਵਿੱਦਿਆ ਦੇ ਖੇਤਰ ਵਿੱਚ ਹੀ ਨਹੀਂ ਸਗੋਂ ਖੇਡਾਂ , ਵੱਖ-ਵੱਖ ਬੌਧਿਕ ਮੁਕਾਬਲਿਆਂ ਵਿੱਚ ਵੀ ਸਭ ਤੋਂ ਅੱਗੇ ਹੈ।ਅਸਲ 'ਚ ਮਾਲਵੇ ਦੇ ਖੇਤਰ ਦੀ ਇਹ ਪ੍ਰਸਿੱਧ ਸੰਸਥਾ ਹੈ, ਭਾਵ ਹਰ ਵਰਗ ਦੇ ਲੋਕ ਇਸ ਸੰਸਥਾ ਨਾਲ ਜੁੜੇ ਹੋਏ ਹਨ ਕਿਉਂਕਿ ਉਹਨਾਂ ਦੇ ਬੱਚਿਆ ਨੂੰ ਇਸ ਸੰਸਥਾ ਵੱਲੋਂ ਪੜ੍ਹਨ ਲਈ, ਅੱਗੇ ਵੱਧਣ ਲਈ ਇੱਕ ਵਧੀਆ ਵਾਤਾਵਰਨ ਮੁਹੱਈਆ ਕਰਵਾਇਆ ਜਾਂਦਾ ਹੈ। ਇਸ ਦੇ ਨਾਲ-ਨਾਲ ਇਹ ਸਕੂਲ ਆਧੁਨਿਕ ਸਿੱਖਿਆ ਕ੍ਰਾਂਤੀ ਦੀਆਂ ਪੈੜਾਂ ਤੇ ਤੁਰਦਾ ਹੋਇਆ, ਸਮੇਂ ਦਾ ਹਾਣੀ ਬਣ ਕੇ, ਵਿੱਦਿਆ ਦਾ ਪਸਾਰ ਕਰ ਰਿਹਾ ਹੈ। ਇਸ ਸਭ ਨੂੰ ਮੱਦੇ ਨਜ਼ਰ ਰੱਖਦੇ ਹੋਏ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੂੰ ਸਨਮਾਨਿਤ ਕੀਤਾ ਗਿਆ। ਬਠਿੰਡਾ ਵਿਖੇ ਮਾਲਵੇ ਦੇ ਉੱਦਮੀਆਂ ਨੂੰ ਸਨਮਾਨਿਤ ਕਰਨ ਲਈ ਕਰਵਾਏ ਗਏ ਇਸ ਸਮਾਰੋਹ ਦੇ ਮੁੱਖ ਮਹਿਮਾਨ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਸਰਕਾਰ ਨੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੂੰ ਉਹਨਾਂ ਦੀ ਸਕੂਲ ਨੂੰ ਦੇਣ ਅਤੇ ਸਕੂਲ ਦੀਆਂ ਪ੍ਰਾਪਤੀਆਂ ਕਾਰਨ ਸਨਮਾਨਿਤ ਕੀਤਾ।ਇੱਥੇ ਇਹ ਦੱਸਣਾ ਵੀ ਲਾਜ਼ਮੀ ਬਣਦਾ ਹੈ ਕਿ ਆਕਸਫੋਰਡ ਸੰਸਥਾ ਪਿਛਲੇ 22 ਸਾਲਾਂ ਤੋਂ ਇਸ ਇਲਾਕੇ ਵਿੱਚ ਆਪਣੀਆਂ ਅਣਥੱਕ ਸੇਵਾਵਾਂ ਨਿਭਾ ਰਹੀ ਹੈ ਤੇ ਇਹ ਤਾਂ ਹੀ ਸੰਭਵ ਜੋ ਸਕਿਆ ਕਿ ਇਸ ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ, ਚੇਅਰਮੈਨ ਗਗਨ ਬਰਾੜ, ਪ੍ਰਧਾਨ ਗੁਰਮੀਤ ਸਿੰਘ ਗਿੱਲ, ਵਾਈਸ ਚੇਅਰਮੈਨ ਪਰਮਪਾਲ ਸਿੰਘ 'ਸ਼ੈਰੀ ਢਿੱਲੋਂ, ਜਨਰਲ ਸਕੱਤਰ ਰਾਜਵਿੰਦਰ ਸਿੰਘ ਸੋਢੀ, ਵਿੱਤ-ਸਕੱਤਰ ਗੁਰਮੀਤ ਸਿੰਘ ਗਿੱਲ ਸਰਪੰਚ ਮੋਢੇ ਨਾਲ ਮੋਢਾ ਜੋੜ ਕੇ ਆਪਣਾ ਯੋਗਦਾਨ ਦੇ ਰਹੇ ਹਨ, ਉਹ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅਜਿਹੀ ਹਰ ਸਹੂਲਤ ਪ੍ਰਦਾਨ ਕਰ ਰਹੇ ਹਨ ਜੋ ਵਿਦਿਆਰਥੀਆਂ ਨੂੰ ਅੱਗੇ ਵੱਧਣ ਵਿੱਚ ਸਹਾਈ ਹੋਵੇ।

ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਕੂਲ ਦੇ ਸੀ.ਬੀ.ਐਸ.ਸੀ. ਦੇ ਵੱਲੋਂ ਐਲਾਨੇ ਜਾਂਦੇ ਬੋਰਡ ਪ੍ਰੀਖਿਆਵਾਂ ਦੇ ਚਮਕਦਾਰ ਨਤੀਜੇ, ਨੈਸ਼ਨਲ ਪੱਧਰ ਦੀਆਂ ਖੇਡ ਪ੍ਰਾਪਤੀਆਂ, ਵਿਗਿਆਨ ਦੇ ਖੇਤਰ ਵਿੱਚ ਮਾਅਰਕਾ ਤੇ ਹੋਰ ਕਈ ਉਪਲੱਬਦੀਆਂ ਕਾਰਨ ਇਸ ਐਵਾਰਡ ਲਈ "ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ" ਦੀ ਚੋਣ ਹੋਣਾ ਬਹੁਤ ਹੀ ਤੱਸਲੀਬਖਸ਼ ਤੇ ਆਨੰਦਦਾਇੱਕ ਅਨੁਭਵ ਹੈ। ਇਸ ਵਿਸ਼ੇਸ਼ ਪ੍ਰਾਪਤੀ ਲਈ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਹਿਬਾਨਾਂ ਦੇ ਅਣਥੱਕ ਯਤਨਾਂ ਬਾਰੇ ਵੀ ਵਿਸਥਾਰ ਪੂਰਵਕ ਦੱਸਿਆ ਗਿਆ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ , ਕੋਆਰਡੀਨੇਟਰਜ਼, ਅਧਿਆਪਕ ਤੇ ਵਿਦਿਆਰਥੀਆਂ ਨੇ ਇਹ ਐਵਾਰਡ ਮਿਲਣ ਤੇ ਅਥਾਹ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਬਠਿੰਡਾ 'ਚ ਦੋ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ, ਕਰਵਾਏ ਖਾਲੀ

ਬਠਿੰਡਾ, 23 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਵਿੱਚ ਸਕੂਲਾਂ ਨੂੰ ਬੰਬ



ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਪੂਰੇ ਸ਼ਹਿਰ ਵਿੱਚ ਅਫ਼ਰਾ-ਤਫ਼ਰੀ ਦਾ ਮਾਹੌਲ ਬਣ ਗਿਆ। ਅਜੇ ਕੁਝ ਦਿਨ ਪਹਿਲਾਂ ਰੇਲਵੇ ਸਟੇਸ਼ਨ ਨੂੰ ਉਡਾਉਣ ਦੀ ਮਿਲੀ ਧਮਕੀ ਦਾ ਮਾਮਲਾ ਪੁਲਿਸ ਨੇ ਸੁਲਝਾਇਆ ਹੀ ਨਹੀਂ ਸੀ ਕਿ ਅੱਜ ਫਿਰ ਇੱਕ ਧਮਕੀ ਭਰੀ ਈਮੇਲ ਨੇ ਸੁਰੱਖਿਆ ਪ੍ਰਬੰਧਾਂ ਦੀਆਂ ਚੂਲਾਂ ਹਿਲਾ ਕੇ ਰੱਖ ਦਿੱਤੀਆਂ ਹਨ। ਇਸ ਵਾਰ ਨਿਸ਼ਾਨੇ 'ਤੇ ਸ਼ਹਿਰ ਦੇ ਦੋ ਨਾਮੀ ਵਿੱਦਿਅਕ ਅਦਾਰੇ-ਸੈਂਟ ਜੇਵੀਅਰ ਸਕੂਲ ਅਤੇ ਮਿਲੇਨੀਅਮ ਸਕੂਲ ਸਨ, ਜਿਸ ਕਾਰਨ ਸੈਂਕੜੇ ਬੱਚਿਆਂ ਦੀ ਜਾਨ ਖ਼ਤਰੇ ਵਿੱਚ ਹੋਣ ਦੇ ਡਰੋਂ ਮਾਪਿਆਂ ਵਿੱਚ ਭਾਰੀ ਸਹਿਮ ਦੇਖਣ ਨੂੰ ਮਿਲਿਆ। ਸਕੂਲਾਂ ਵਿੱਚ ਬੰਬ ਦੀ ਖ਼ਬਰ ਮਿਲਦਿਆਂ ਹੀ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਸਕੂਲ ਵਿੱਚ ਪਹੁੰਚਣਾ ਸ਼ੁਰੂ ਕਰ ਦਿੱਤਾ। ਮਾਪਿਆਂ ਦੇ ਚਿਹਰਿਆਂ ਤੇ ਡਰ ਸਾਫ ਦੇਖਿਆ ਜਾ ਸਕਦਾ ਸੀ। ਪਰ ਕੋਈ ਆਪਣੇ ਬੱਚੇ ਦੀ ਸਲਾਮਤੀ ਦੀ ਦੁਆ ਕਰਦਾ ਦੇਖਿਆ ਗਿਆ। ਦੂਜੇ ਪਾਸੇ ਬੰਬ ਦੀ ਸੂਚਨਾ ਸ਼ਹਿਰ ਵਿੱਚ ਫੈਲਦਿਆਂ ਹੀ ਲੋਕਾਂ ਵਿੱਚ ਵੀ ਡਰ ਅਤੇ ਸਹਿਮ ਦਾ ਮਾਹੌਲ ਬਣ ਗਿਆ। ਹਰ ਕਿਸੇ ਦੀ ਜ਼ੁਬਾਨ ਤੇ ਇਨਾ ਧਮਕੀ ਭਰੀਆਂ ਈਮੇਲਾਂ ਦੀ ਹੀ ਚਰਚਾ ਸੀ। ਦੂਜੇ ਪਾਸੇ ਸੂਚਨਾ ਮਿਲਦਿਆਂ ਹੀ ਪ੍ਰਸ਼ਾਸਨ ਨੇ ਚੌਕਸੀ ਵਰਤਦੇ ਹੋਏ ਦੋਵਾਂ ਸਕੂਲਾਂ ਨੂੰ ਤੁਰੰਤ ਖਾਲੀ ਕਰਵਾ ਲਿਆ। ਸਕੂਲ ਪ੍ਰਬੰਧਕਾਂ ਵੱਲੋਂ ਮਾਪਿਆਂ ਨੂੰ ਸੁਨੇਹੇ ਲਗਾ ਕੇ ਬੱਚਿਆਂ ਨੂੰ ਸੁਰੱਖਿਅਤ ਘਰ ਭੇਜਿਆ ਗਿਆ। ਘਟਨਾ ਵਾਲੀ ਥਾਂ 'ਤੇ ਪਹੁੰਚੇ ਬੰਬ ਨਿਰੋਧਕ ਦਸਤੇ ਅਤੇ ਪੁਲਿਸ ਦੀਆਂ ਟੀਮਾਂ ਨੇ ਘੰਟਿਆਂ ਬੱਧੀ ਤਲਾਸ਼ੀ ਅਭਿਆਨ ਚਲਾਇਆ। ਹਾਲਾਂਕਿ ਦੇਰ ਸ਼ਾਮ ਤੱਕ ਕਿਸੇ ਵੀ ਸ਼ੱਕੀ ਵਸਤੂ ਦੇ ਮਿਲਣ ਦੀ ਪੁਸ਼ਟੀ ਨਹੀਂ ਹੋਈ ਹੈ, ਪਰ ਈਮੇਲ ਦੀ ਇਸ ਦਹਿਸ਼ਤ ਨੇ ਲੋਕਾਂ ਦੇ ਮਨਾਂ ਵਿੱਚ ਡਰ ਜ਼ਰੂਰ ਪੈਦਾ ਕਰ ਦਿੱਤਾ ਹੈ।

ਦੂਜੇ ਪਾਸੇ, ਰੇਲਵੇ ਸਟੇਸ਼ਨ 'ਤੇ ਵੀ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਰੇਲਵੇ ਪੁਲਿਸ ਅਤੇ ਸੁਰੱਖਿਆ ਬਲ ਸਾਂਝੇ ਤੌਰ 'ਤੇ ਮੁਸਾਫ਼ਰਾਂ ਦੇ ਸਾਮਾਨ ਦੀ ਬਾਰੀਕੀ ਨਾਲ ਜਾਂਚ ਕਰ ਰਹੇ ਹਨ। ਸ਼ਹਿਰ ਵਿੱਚ ਲਗਾਤਾਰ ਮਿਲ ਰਹੀਆਂ ਅਜਿਹੀਆਂ ਧਮਕੀਆਂ ਨੇ ਪੁਲਿਸ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਲੋਕਾਂ ਵਿੱਚ ਚਰਚਾ ਹੈ ਕਿ ਪਹਿਲਾਂ ਵਾਲੀ ਧਮਕੀ ਦੇ ਮੁਲਜ਼ਮਾਂ ਤੱਕ ਪਹੁੰਚਣ ਵਿੱਚ ਨਾਕਾਮ ਰਹੀ ਪੁਲਿਸ ਦੇ ਹੱਥ ਹੁਣ ਇਸ ਨਵੇਂ ਮਾਮਲੇ ਵਿੱਚ ਕੀ ਲੱਗਦਾ ਹੈ, ਇਹ ਦੇਖਣਾ ਬਾਕੀ ਹੋਵੇਗਾ। ਸਾਈਬਰ ਸੈੱਲ ਦੀਆਂ ਟੀਮਾਂ ਇਸ ਈਮੇਲ ਦੇ ਸਰੋਤ ਦੀ ਜਾਂਚ ਕਰ ਰਹੀਆਂ ਹਨ ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਇਹ ਕਿਸੇ ਦੀ ਸ਼ਰਾਰਤ ਹੈ ਜਾਂ ਕੋਈ ਗੰਭੀਰ ਸਾਜ਼ਿਸ਼। ਫਿਲਹਾਲ ਪ੍ਰਸ਼ਾਸਨ ਨੇ ਲੋਕਾਂ ਨੂੰ ਅਫ਼ਵਾਹਾਂ ਤੋਂ ਬਚਣ ਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਸਾਂਝੀ ਕਰਨ ਦੀ ਅਪੀਲ ਕੀਤੀ ਹੈ।

# ਮਰਦਮਸ਼ੁਮਾਰੀ 2027 ਦੀ ਤਿਆਰੀ: ਬਠਿੰਡਾ 'ਚ ਘਰ-ਘਰ ਦੀ ਨਿਸ਼ਾਨਦੇਹੀ ਲਈ ਸਿਖਲਾਈ ਸ਼ੁਰੂ



ਬਠਿੰਡਾ, 23 ਅਪ੍ਰੈਲ (ਦੀਪਕ ਸ਼ਰਮਾ): ਭਾਰਤ ਸਰਕਾਰ ਦੇ ਨਿਰਦੇਸ਼ਾਂ 'ਤੇ ਮਰਦਮਸ਼ੁਮਾਰੀ-2027 ਦੇ ਪਹਿਲੇ ਪੜਾਅ ਵਜੋਂ ਬਠਿੰਡਾ ਸ਼ਹਿਰ ਵਿੱਚ 'ਹਾਊਸ ਲਿਸਟਿੰਗ' (ਘਰਾਂ ਦੀ ਸੂਚੀ ਬਣਾਉਣ) ਦੀਆਂ ਤਿਆਰੀਆਂ ਨੇ ਜ਼ੋਰ ਫੜ ਲਿਆ ਹੈ। ਇਸ ਵੱਡੇ ਰਾਸ਼ਟਰੀ ਪ੍ਰੋਜੈਕਟ ਨੂੰ ਸਿਰੇ ਚਾੜ੍ਹਨ ਲਈ ਗਣਨਾਕਾਰਾਂ ਤੇ ਸੁਪਰਵਾਈਜ਼ਰਾਂ ਦੀ ਤਿੰਨ-ਰੋਜ਼ਾ ਵਿਸ਼ੇਸ਼ ਸਿਖਲਾਈ ਜੋਗਰ ਪਾਰਕ ਦੇ ਨਜ਼ਦੀਕ ਬਲਵੰਤ ਗਾਰਗੀ ਆਡੀਟੋਰੀਅਮ ਵਿੱਚ ਸ਼ੁਰੂ ਹੋ ਚੁੱਕੀ ਹੈ। ਇਹ ਸਿਲਸਿਲਾ 5 ਮਈ ਤੱਕ ਜਾਰੀ ਰਹੇਗਾ, ਜਿਸ ਦਾ ਮਕਸਦ ਡਾਟਾ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਤਕਨੀਕੀ ਤੌਰ 'ਤੇ ਨੁਕਸ-ਰਹਿਤ ਬਣਾਉਣਾ ਹੈ। ਸਿਖਲਾਈ ਦੇ ਪਹਿਲੇ ਪੜਾਅ ਦੌਰਾਨ ਕਰਮਚਾਰੀਆਂ ਨੂੰ ਆਧੁਨਿਕ ਪ੍ਰੋਜੈਕਟਰਾਂ ਰਾਹੀਂ ਗਣਨਾ ਦੇ ਗੁੰਝਲਦਾਰ ਪਹਿਲੂਆਂ ਅਤੇ ਡਿਜੀਟਲ ਡਾਟਾ ਸੰਭਾਲਣ ਦੀਆਂ ਬਾਰੀਕੀਆਂ ਬਾਰੇ ਸਮਝਾਇਆ ਜਾ ਰਿਹਾ ਹੈ। ਪ੍ਰਸ਼ਾਸਨ ਨੇ ਇਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਨੂੰ ਬਰਦਾਸ਼ਤ ਨਾ ਕਰਨ ਦਾ ਸਖ਼ਤ ਸੰਦੇਸ਼ ਦਿੱਤਾ ਹੈ। ਪਹਿਲੇ ਦਿਨ ਸਿਖਲਾਈ ਵਿੱਚੋਂ ਗੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਵਿਰੁੱਧ ਤੁਰੰਤ ਕਾਰਵਾਈ ਕਰਦਿਆਂ ਸਬੰਧਤ ਵਿਭਾਗਾਂ ਨੂੰ ਪੱਤਰ ਜਾਰੀ ਕਰ ਦਿੱਤੇ ਗਏ ਹਨ। ਇੰਨਾ ਹੀ ਨਹੀਂ, ਡਿਊਟੀ ਤੋਂ ਕਿਨਾਰਾ ਕਰਨ ਵਾਲਿਆਂ ਨੂੰ 'ਕਾਰਨ ਦੱਸੋ ਨੋਟਿਸ' ਜਾਰੀ ਕਰਕੇ ਸਪੱਸ਼ਟ ਕੀਤਾ ਗਿਆ ਹੈ ਕਿ 'ਸੈਂਸਸ ਐਕਟ 1948' ਦੀਆਂ ਧਾਰਾਵਾਂ ਤਹਿਤ ਉਹਨਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕਦੀ ਹੈ।

ਜ਼ਿਲ੍ਹਾ ਪ੍ਰਸ਼ਾਸਨ ਨੇ ਸ਼ਹਿਰ ਨਿਵਾਸੀਆਂ ਨੂੰ ਵੀ ਇਸ ਮੁਹਿੰਮ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਗਣਨਾ ਦੇ ਆਧਾਰ 'ਤੇ ਹੀ ਆਉਣ ਵਾਲੇ ਸਮੇਂ ਦੀਆਂ ਲੋਕ-ਭਲਾਈ ਸਕੀਮਾਂ ਅਤੇ ਵਿਕਾਸ ਦਾ ਖਾਕਾ ਤਿਆਰ ਕੀਤਾ ਜਾਣਾ ਹੈ। ਪ੍ਰਸ਼ਾਸਨ ਨੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਹੈ ਕਿ ਉਹਨਾਂ ਵੱਲੋਂ ਸਾਂਝੀ ਕੀਤੀ ਗਈ ਹਰ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਤੇ ਇਸ ਦੀ ਵਰਤੋਂ ਸਿਰਫ਼ ਸਰਕਾਰੀ ਉਦੇਸ਼ਾਂ ਲਈ ਹੀ ਹੋਵੇਗੀ।

# ਪੁਲਿਸ ਨੇ ਇੱਕ ਹੋਰ ਵਿਦੇਸ਼ੀ ਅੱਧਾ ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਕਾਬੂ

ਫਰੀਦਕੋਟ, 23 ਅਪ੍ਰੈਲ (ਅਵਤਾਰ ਸਿੰਘ ਮੱਲਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਡਾਇਰੈਕਟਰ ਜਨਰਲ ਆਫ ਪੁਲਿਸ (ਡੀ.ਜੀ.ਪੀ) ਪੰਜਾਬ ਗੌਰਵ ਯਾਦਵ ਦੀ ਅਗਵਾਈ ਹੇਠ ਨਸ਼ਾ ਤਸਕਰੀ ਨੈੱਟਵਰਕਾਂ ਵਿਰੁੱਧ ਫਰੀਦਕੋਟ ਪੁਲਿਸ ਵੱਲੋਂ ਇੱਕ ਹੋਰ




ਵੱਡੀ ਸਫਲਤਾ ਹਾਸਿਲ ਕਰਦੇ ਹੋਏ ਵਿਦੇਸ਼ ਨਾਲ ਜੁੜੇ ਇੱਕ ਵੱਡੇ ਡਰੱਗ ਨੈਟਵਰਕ ਦਾ ਪਰਦਾਫਾਸ਼ ਕਰਦੇ ਹੋਏ 01 ਦੋਸ਼ੀ ਨੂੰ 512 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਹ ਜਾਣਕਾਰੀ ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਵੱਲੋ ਸਾਂਝੀ ਕੀਤੀ ਗਈ। ਗ੍ਰਿਫਤਾਰ ਦੋਸ਼ੀ ਦੀ ਪਹਿਚਾਣ ਗੁਰਮੀਤ ਸਿੰਘ ਉਰਫ ਮੀਤੂ ਪੁੱਤਰ ਜੋਗਿੰਦਰ ਸਿੰਘ ਪੁੱਤਰ ਵਜੋ ਹੋਈ ਹੈ, ਜੋ ਕਿ ਫਿਰੋਜ਼ਪੁਰ ਜਿਲ੍ਹੇ ਦੇ ਪਿੰਡ ਕਮਾਲੇ ਵਾਲਾ ਦਾ ਰਿਹਾਇਸ਼ੀ ਹੈ। ਪੁਲਿਸ ਟੀਮਾ ਨੇ ਇਸ ਆਪਰੇਸ਼ਨ ਦੌਰਾਨ ਹੈਰੋਇਨ ਸਮੇਤ ਇੱਕ ਵੈਨਿਉ ਕਾਰ ਨੂੰ ਵੀ ਕਬਜੇ ਵਿੱਚ ਲਿਆ ਗਿਆ ਹੈ। ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਗ੍ਰਿਫਤਾਰ ਦੋਸ਼ੀ ਸਿੱਧੇ ਤੌਰ 'ਤੇ ਵਿਦੇਸ਼ ਬੈਠੇ ਸਰਗਨਾ ਨਾਲ ਸੰਪਰਕ ਵਿੱਚ ਸੀ ਅਤੇ ਉਸ ਲਈ ਲੋਕਲ ਹੈਂਡਲਰ ਵਜੋਂ ਕੰਮ ਕਰਦੇ ਹੋਏ ਇਲਾਕੇ ਵਿੱਚ ਨਸ਼ੇ ਦੀ ਖੇਪ ਦੀ ਸਪਲਾਈ ਕਰ ਰਿਹਾ ਸੀ। ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ ਤਰਲੋਚਨ ਸਿੰਘ ਡੀ.ਐਸ.ਪੀ, ਫਰੀਦਕੋਟ ਨੇ ਦੱਸਿਆ ਕਿ ਥਾਣੇਦਾਰ ਗੁਰਲਾਲ ਸਿੰਘ ਮੁੱਖ ਅਫਸਰ ਥਾਣਾ ਸਾਦਿਕ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਬੇਅੰਤ ਸਿੰਘ ਪੁਲਿਸ ਪਾਰਟੀ ਸਮੇਤ ਏਰੀਆ ਵਿੱਚ ਗਸ਼ਤ ਕਰ ਰਹੇ ਸੀ ਤਾਂ ਪਿੰਡ ਚੱਕ ਸਾਹੂ ਤੋ ਕੱਚਾ ਰਸਤਾ ਫਿਰੋਜ਼ਪੁਰ ਤੋ ਸਾਦਿਕ ਮੇਨ ਰੋਡ ਪਰ ਇੱਕ ਵੈਨਿਊ ਕਾਰ ਨੂੰ ਸ਼ੱਕ ਦੇ ਅਧਾਰ ਤੇ ਰੋਕਿਆ ਗਿਆ, ਜਿਸ ਦੌਰਾਨ ਦੋਸ਼ੀ ਨੂੰ ਕਾਬੂ ਕਰਕੇ ਵਾਹਨ ਦੀ ਤਲਾਸ਼ੀ ਕਰਨ ਤੇ 512 ਗ੍ਰਾਮ ਹੈਰੋਇਨ ਬਰਾਮਦ ਹੋਈ।

ਡੀ.ਐਸ.ਪੀ, ਫਰੀਦਕੋਟ ਨੇ ਅੱਗੇ ਦੱਸਿਆ ਕਿ ਗ੍ਰਿਫਤਾਰ ਦੋਸ਼ੀ ਗੁਰਮੀਤ ਸਿੰਘ ਖਿਲਾਫ ਪਹਿਲਾ ਵੀ ਨਸ਼ੇ ਦੀ ਤਸਕਰੀ ਸਬੰਧੀ ਫਿਰੋਜਪੁਰ ਦੇ ਥਾਣਾ ਕੁਲਗੜੀ ਵਿਖੇ ਮਾਮਲਾ ਦਰਜ ਰਜਿਸਟਰ ਹੈ। ਉਨ੍ਹਾਂ ਕਿਹਾ ਕਿ ਜਾਂਚ ਅੱਗੇ ਵਧਣ ਨਾਲ ਹੋਰ ਗ੍ਰਿਫਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ। ਫਰੀਦਕੋਟ ਪੁਲਿਸ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਜ਼ੋਰਦਾਰ ਮੁਹਿੰਮ ਚਲਾਈ ਜਾ ਰਹੀ ਹੈ। ਨਸ਼ਾ ਤਸਕਰਾਂ ਦੀ ਗ੍ਰਿਫਤਾਰੀ ਤੋਂ ਇਲਾਵਾ ਉਨ੍ਹਾਂ ਦੇ ਪਿੱਛੇ ਮੌਜੂਦ ਨੈਟਵਰਕ ਦੀ ਵੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਨਸ਼ਿਆਂ ਦੀ ਤਸਕਰੀ ਸਬੰਧੀ ਜਾਣਕਾਰੀ ਮਿਲਣ 'ਤੇ ਫਰੀਦਕੋਟ ਪੁਲਿਸ ਨੂੰ ਸੂਚਨਾ ਦੇਣ, ਤਾਂ ਜੋ ਨਸ਼ਿਆਂ ਨੂੰ ਜੜ੍ਹ ਤੋ ਖਤਮ ਕੀਤਾ ਜਾ ਸਕੇ।

## ਅਲਪਾਈਨ ਪਬਲਿਕ ਸਕੂਲ 'ਚ ਦਸਵੀਂ ਦੇ ਟੌਪਰ ਬੱਚਿਆਂ ਦਾ ਸਨਮਾਨ



ਭਵਾਨੀਗੜ੍ਹ, 23 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਅਲਪਾਇਨ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਦਸਵੀਂ ਜਮਾਤ ਵਿੱਚੋਂ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਦਾ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਰੋਮਾ ਅਰੋੜਾ ਨੇ ਦੱਸਿਆ ਕਿ ਦਸਵੀਂ ਜਮਾਤ ਵਿੱਚੋਂ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀ ਵੰਸ਼ਦੀਪ ਸ਼ਰਮਾ, ਰਸ਼ਪ੍ਰੀਤ ਕੌਰ, ਹਰਮਨ ਕੌਰ, ਅਸ਼ਮੀਤ ਕੌਰ ਅਰਪਨਜੋਤ ਕੌਰ ਸਮੇਤ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਮਾਗਮ ਦੌਰਾਨ ਉਨ੍ਹਾਂ ਦੇ ਮਾਪਿਆਂ ਸਮੇਤ ਸਨਮਾਨ ਕੀਤਾ ਗਿਆ।

ਇਸ ਮੌਕੇ ਸਕੂਲ ਮਨੇਜਰ ਹਰਮੀਤ ਸਿੰਘ ਗਰੇਵਾਲ, ਪ੍ਰਿੰਸੀਪਲ ਰੋਮਾ ਅਰੋੜਾ, ਰਵਿੰਦਰ ਕੌਰ ਗਰਚਾ ਤੇ ਗੀਤਿਕਾ ਆਹੂਜਾ ਨੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦਿਆਂ ਮਿਹਨਤੀ ਸਕੂਲ ਸਟਾਫ ਤੇ ਮਾਪਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰਕ ਵੰਨਗੀਆਂ ਵੀ ਪੇਸ਼ ਕੀਤੀਆਂ।

# ਅਕੇਡੀਆ ਵਰਲ.ਡ ਸਕੂਲ ਵਿਖੇ ਮਨਾਇਆ 'ਵਿਸ਼ਵ ਧਰਤੀ ਦਿਵਸ'

ਸੁਨਾਮ ਊਧਮ ਸਿੰਘ ਵਾਲਾ, 23 ਅਪ੍ਰੈਲ (ਮੋਹਣ ਸ਼ਰਮਾ/ਰਾਉਵਰਿੰਦਰ ਮਠਾੜੂ): ਸੁਨਾਮ ਦੀ ਉੱਚ ਵਿੱਦਿਅਕ ਸੰਸਥਾ ਅਕੇਡੀਆ ਵਰਲਡ ਸਕੂਲ ਵਿੱਖੇ 'ਵਿਸ਼ਵ ਧਰਤੀ ਦਿਵਸ' ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵੱਲੋਂ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਕਈ ਰਚਨਾਤਮਕ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ। ਇਹ ਸਾਰੇ ਮੁਕਾਬਲੇ ਸਕੂਲ ਦੇ ਪ੍ਰਿੰਸੀਪਲ ਰਣਜੀਤ ਕੌਰ ਤੇ ਵਾਈਸ ਪ੍ਰਿੰਸੀਪਲ ਵਿਕਾਸ ਗਰਗ ਦੀ ਨਿਗਰਾਨੀ ਹੇਠ ਕਰਵਾਏ ਗਏ।ਸਕੂਲ ਵਿੱਚ ਲੀਫ ਆਰਟ ਮੁਕਾਬਲਾ, ਪੋਸਟਰ ਮੇਕਿੰਗ ਮੁਕਾਬਲਾ ਅਤੇ ਸਟੋਨ ਆਰਟ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਕੁਦਰਤੀ ਸਮੱਗਰੀ ਦੀ ਵਰਤੋਂ ਕਰਕੇ ਬਹੁਤ ਸੁੰਦਰ ਤੇ ਸਿਰਜਣਾਤਮਕ ਕਲਾਕ੍ਰਿਤੀਆਂ ਤਿਆਰ ਕੀਤੀਆਂ।ਲੀਫ ਆਰਟ ਮੁਕਾਬਲਾ ਜਮਾਤ ਚੌਥੀ ਤੇ ਪੰਜਵੀਂ ਦੇ ਵਿਦਿਆਰਥੀਆਂ ਵਿਚਕਾਰ ਕਰਵਾਇਆ ਗਿਆ, ਜਿਸ ਵਿੱਚੋਂ ਪਹਿਲਾ ਸਥਾਨ ਆਦਵਿਕ ਜੈਨ (ਪੰਜਵੀਂ ਲਾਇਲੈਕ), ਦੂਜਾ ਸਥਾਨ ਅਰਜ ਕੌਰ , ਸਰਗੁਣ ਕੌਰ (ਚੌਥੀ ਐਸਟਰ) ਤੇ ਵਾਹਿਨ ਪੁਰੀ ਨੇ, ਤੀਜਾ ਸਥਾਨ ਸਵੀਤਾਜ ਕੌਰ (ਚੌਥੀ ਐਸਟਰ) ਅਰਵੀਨ ਕੌਰ (ਪੰਜਵੀਂ ਐਸਟਰ) ਨੇ ਹਾਸਲ ਕੀਤਾ। ਸਟੋਨ ਆਰਟ ਮੁਕਾਬਲਾ ਛੇਵੀਂ ਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਕਰਵਾਇਆ ਗਿਆ, ਜਿਸ ਵਿੱਚ ਪਹਿਲਾ ਸਥਾਨ ਗੁਰਮਨਵੀਰ ਸਿੰਘ (ਛੇਵੀਂ ਲਾਇਲੈਕ) ਦੂਜਾ ਸਥਾਨ ਅਨਮੀਤ ਕੌਰ (ਸੱਤਵੀਂ ਐਸਟਰ) ਨਿਹਾਰਿਕਾ (ਸੱਤਵੀਂ ਲਾਇਲੈਕ) ਤੇ ਤੀਜਾ ਸਥਾਨ ਏਕਜੋਤ (ਸੱਤਵੀਂ ਲਾਇਲੈਕ) ਨਮਨਪ੍ਰੀਤ ਕੌਰ (ਛੇਵੀਂ ਐਸਟਰ) ਨੇ ਹਾਸਲ ਕੀਤਾ। ਪੋਸਟਰ ਮੇਕਿੰਗ ਮੁਕਾਬਲਾ ਅੱਠਵੀਂ




ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਕਰਵਾਇਆ ਗਿਆ, ਜਿਸ ਵਿੱਚ ਪਹਿਲਾ ਸਥਾਨ ਦੇਵਾਂਸ਼ (ਦਸਵੀ), ਦੂਜਾ ਸਥਾਨ ਹਰਸੀਰਤ ਕੌਰ ਤੇ ਜਪਲੀਨ ਕੌਰ (ਦਸਵੀ), ਤੀਜਾ ਸਥਾਨ ਸੁਖਵੀਰ ਕੌਰ (ਅੱਠਵੀ) ਤੇ ਮਿਹਾਂਸ਼ੀ (ਦਸਵੀ) ਨੇ ਹਾਸਿਲ ਕੀਤਾ। ਸਕੂਲ ਦੇ ਪ੍ਰਿੰਸੀਪਲ ਰਣਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਧਰਤੀ ਦੀ ਸੰਭਾਲ ਕਰਨਾ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਹੈ । ਉਹਨਾਂ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਚੇਅਰਮੈਨ ਸਰ ਐਡਵੋਕੇਟ ਗਗਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਜੇਕਰ ਵਾਤਾਵਰਨ ਸਾਫ਼ ਰਹੇਗਾ ਤਾਂ ਸਾਡੀ ਸਿਹਤ ਵੀ ਚੰਗੀ ਰਹੇਗੀ। ਸਮਾਜ ਵਿੱਚ ਵੱਧ ਰਹੀਆਂ ਬਿਮਾਰੀਆਂ ਦਾ ਕਾਰਨ ਹੀ ਦੂਸ਼ਿਤ ਵਾਤਾਵਰਨ ਹੈ। ਉਹਨਾਂ ਵਿਦਿਆਰਥੀਆਂ ਵਿੱਚ ਵਾਤਾਵਰਨ ਦੀ ਰੱਖਿਆ ਦਾ ਸੰਦੇਸ਼ ਫੈਲਾਇਆ।

# ਇੰਸਪੈਕਟਰ ਬਿਕਰਮ ਸਿੰਘ ਤੇ ਏਐਸਆਈ ਪ੍ਰਿੰਸਦੀਪ ਡੀਜੀਪੀ ਕੋਮੈਂਡੇਸ਼ਨ ਡਿਸਕ ਨਾਲ ਸਨਮਾਨਤ

ਸਰਦੂਲਗੜ੍ਹ, 23 ਅਪ੍ਰੈਲ (ਲਛਮਣ ਸਿੱਧੂ): ਐੱਸ.ਐੱਸ.ਪੀ. ਮਾਨਸਾ ਭਗੀਰਥ ਸਿੰਘ ਮੀਨਾ ਵੱਲੋਂ ਡਿਊਟੀ ਪ੍ਰਤੀ ਉੱਚੇ ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਥਾਣਾ ਝਨੀਰ ਦੇ ਮੁਖੀ ਇੰਸਪੈਕਟਰ ਬਿਕਰਮਜੀਤ ਸਿੰਘ ਅਤੇ ਏ.ਐੱਸ.ਆਈ ਪ੍ਰਿੰਸਦੀਪ ਸਿੰਘ, ਨੂੰ ਡੀ.ਜੀ.ਪੀ. ਕੋਮੈਂਡੇਸ਼ਨ ਡਿਸਕ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਮਾਨਸਾ ਪੁਲਿਸ ਮੁਖੀ ਭਾਗੀਰਥ ਸਿੰਘ ਮੀਨਾ ਨੇ ਕਿਹਾ ਕਿ ਕੋਈ ਵੀ ਕਰਮਚਾਰੀ ਆਪਣੀਆਂ ਸੇਵਾਵਾਂ ਇਮਾਨਦਾਰੀ , ਤਨਦੇਹੀ ਅਤੇ ਆਪਣੀ ਡਿਊਟੀ ਨੂੰ ਫਰਜ਼ ਸਮਝ ਕੇ ਕਰਦਾ ਉਨਾਂ ਦੀਆਂ ਚੰਗੀਆਂ ਸੇਵਾਵਾਂ ਬਦਲੇ ਪੰਜਾਬ ਪੁਲਿਸ ਵੱਲੋਂ ਮਾਨ ਸਨਮਾਨ ਕੀਤਾ ਜਾਂਦਾ ਹੈ। ਉਨਾਂ ਕਿਹਾ ਕਿ ਸਮਾਜ ਨੂੰ ਚੰਗਾ




ਬਣਾਉਣ ਲਈ ਹਰ ਪੁਲਿਸ ਕਰਮਚਾਰੀ ਆਪਣੀਆਂ ਚੰਗੀਆਂ ਸੇਵਾਵਾਂ ਨਿਭਾਵੇ। ਇੱਥੇ ਦੱਸਣਾ ਬਣਦਾ ਹੈ ਕਿ ਪਿਛਲੇ ਦਿਨਾਂ ਵਿੱਚ ਝਨੀਰ ਵਿਖੇ ਐਸਬੀਆਈ ਬੈਂਕ ਦੀ ਏਟੀਐਮ ਮਸ਼ੀਨ ਚੋਰ ਪੁੱਟ ਕੇ ਲੈ ਗਏ ਸਨ।

ਥਾਣਾ ਮੁਖੀ ਝਨੀਰ ਇੰਸਪੈਕਟਰ ਬਿਕਰਮਜੀਤ ਸਿੰਘ ਨੇ ਥੋੜੇ ਹੀ ਦਿਨਾਂ ਵਿੱਚ ਇਸ ਚੋਰੀ ਨੂੰ ਟ੍ਰੇਸ ਕਰਕੇ ਸਾਰੇ ਹੀ ਮੁਲਜ਼ਮਾਂ ਨੂੰ ਗਿਰਫਤਾਰ ਕਰਕੇ ਸਲਾਖਾਂ ਪਿੱਛੇ ਸੁੱਟਿਆ ਅਤੇ ਚੋਰੀ ਹੋਇਆ ਕੈਸ਼ ਬਰਾਮਦ ਕੀਤਾ। ਇਸ ਮੌਕੇ ਇੰਸਪੈਕਟਰ ਬਿਕਰਮਜੀਤ ਸਿੰਘ ਅਤੇ ਏਐਸਆਈ ਪ੍ਰਿੰਸਦੀਪ ਸਿੰਘ ਨੇ ਆਪਣੇ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ ਅਤੇ ਖੁਸ਼ੀ ਸਾਂਝੀ ਕੀਤੀ।

# ਸਕੂਲੀ ਬੱਚਿਆਂ ਦੀ ਸੁਰੱਖਿਆ ਸਬੰਧੀ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਵਿਸ਼ੇਸ਼ ਚੈਕਿੰਗ

ਸੁਨਾਮ, 23 ਅਪ੍ਰੈਲ (ਕਿਰਪਾਲ ਸਿੰਘ ਸੰਧੇ): ਜ਼ਿਲ੍ਹਾ ਪ੍ਰਸ਼ਾਸਨ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਸਿੰਘ ਗਿੱਲ ਦੀਆਂ ਹਦਾਇਤਾਂ ਅਨੁਸਾਰ, ਸੁਨਾਮ ਬਲਾਕ ਅੰਦਰ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ। ਇਸ ਅਭਿਆਨ ਦੌਰਾਨ ਸਕੂਲੀ ਬੱਸਾਂ, ਡਰਾਈਵਰਾਂ ਦੇ ਲਾਜ਼ਮੀ ਦਸਤਾਵੇਜ਼ ਤੇ ਸਕੂਲ ਪ੍ਰਬੰਧਨ ਵੱਲੋਂ ਬੱਚਿਆਂ ਦੀ ਸੁਰੱਖਿਆ ਲਈ ਕੀਤੀਆਂ ਵਿਵਸਥਾਵਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਗਈ। ਕੁੱਲ 10 ਸਕੂਲੀ ਬੱਸਾਂ ਦੇ ਚਲਾਨ ਕੱਟੇ ਗਏ। ਇਹ ਚਲਾਨ ਰਜਿਸਟ੍ਰੇਸ਼ਨ ਦੀ ਕਮੀ, ਫਿਟਨੈੱਸ ਅਤੇ ਇਨਸ਼ੋਰੈਂਸ ਸਰਟੀਫਿਕੇਟ ਦੀ ਅਣਉਪਲਬਧਤਾ, ਡਰਾਈਵਰਾਂ ਦੀ ਹਾਜ਼ਰੀ ਰਿਕਾਰਡ 'ਚ ਕਮੀਆਂ, ਨਿਯਮਾਂ ਅਨੁਸਾਰ ਯੂਨੀਫਾਰਮ ਦੀ ਪਾਲਣਾ ਨਾ



ਹੋਣਾ, ਫਾਇਰ ਸਿਲੈਂਡਰ, ਫ਼ਸਟ ਏਡ ਬਾਕਸ, ਲੇਡੀ ਕੰਡਕਟਰ ਨਾ ਹੋਣਾ ਤੇ ਹੋਰ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਾਰਨ ਜਾਰੀ ਕੀਤੇ ਗਏ। ਇਸ ਚੈਕਿੰਗ ਮੁਹਿੰਮ ਨੂੰ ਸਫਲਤਾਪੂਰਵਕ ਅੰਜਾਮ ਦੇਣ ਲਈ ਟਾਸਕ ਫੋਰਸ ਦੇ ਮੈਂਬਰਾਂ ਪੁਲਿਸ ਤੋਂ ਨਿਰਭੈ ਸਿੰਘ ਤੇ ਦਾਨ ਸਿੰਘ, ਸਿੱਖਿਆ ਵਿਭਾਗ ਤੋਂ ਗੁਰਜਿੰਦਰ ਸਿੰਘ, ਡੀ.ਸੀ.ਪੀ.ਯੂ. ਨਿਰਮਲ ਕੌਰ ਤੇ ਰੁਪਿੰਦਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਕਾਰਵਾਈ ਕੀਤੀ ਗਈ। ਟਾਸਕ ਫੋਰਸ ਵੱਲੋਂ ਸੰਬੰਧਿਤ ਸਕੂਲ ਪ੍ਰਬੰਧਕਾਂ ਅਤੇ ਬੱਸ ਚਾਲਕਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਸੰਬੰਧੀ ਜਾਰੀ ਹਦਾਇਤਾਂ ਅਤੇ ਮਾਪਦੰਡਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਪਾਈ ਜਾਣ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਕਰਨ ਬਾਰੇ ਵੀ ਚੇਤਾਵਨੀ ਦਿੱਤੀ ਗਈ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਪਸ਼ਟ ਕੀਤਾ ਗਿਆ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਇਸ ਤਰ੍ਹਾਂ ਦੇ ਚੈਕਿੰਗ ਅਭਿਆਨ ਅਗਾਂਹ ਵੀ ਨਿਰੰਤਰ ਜਾਰੀ ਰਹਿਣਗੀਆਂ।

# ਚਾਂਸਲਰ ਗੁਰਲਾਭ ਸਿੰਘ ਸਿੱਧੂ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਦੂਜਾ ਨਿਊਜ਼ ਲੈਟਰ ਰੀਲੀਜ਼

ਤਲਵੰਡੀ ਸਾਬੋ, 23, ਅਪ੍ਰੈਲ (ਰਾਮ ਜਿੰਦਲ ਜਗਾ): ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਵੱਲੋਂ



ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਜੀ.ਕੇ.ਯੂ ਨਿਊਜ਼ ਲੈਟਰ-2 ਰੀਲੀਜ਼ ਕੀਤਾ ਗਿਆ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਸੁਖਰਾਜ ਸਿੰਘ ਸਿੱਧੂ , ਵਾਈਸ ਚਾਂਸਲਰ, ਅਤੇ ਨਿਊਜ਼ ਲੈਟਰ ਦੇ ਐਡੀਟਰ ਇੰਨ-ਚੀਫ਼ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸਿੱਧੂ ਨੇ ਸੰਪਾਦਕੀ ਮੰਡਲ ਨੂੰ ਵਧਾਈ ਦਿੰਦਿਆ ਕਿਹਾ ਕਿ ਨਿਊਜ਼ ਲੈਟਰ ਵਿੱਚ ਵਰਸਿਟੀ ਦੀਆਂ ਅਕਾਦਮਿਕ, ਖੇਡਾਂ, ਸਭਿਆਚਾਰ, ਖੋਜ, ਲੋਕ ਭਲਾਈ ਗਤੀਵਿਧੀਆਂ ਆਦਿ ਖੇਤਰਾਂ ਵਿੱਚ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਗਈ ਹੈ। ਉਹਨਾਂ ਆਕਰਸ਼ਕ ਛਪਾਈ ਅਤੇ ਉੱਤਮ ਦਰਜੇ ਦੇ ਕਟੈਂਟ ਲਈ ਐਡੀਟਰ ਤੇ ਸਬੰਧਤ ਧਿਰਾਂ ਨੂੰ ਵਧਾਈ ਦਿੱਤੀ।

ਐਡੀਟਰ ਇੰਨ ਚੀਫ਼ ਡਾ. ਧੀਮਾਨ ਨੇ ਦੱਸਿਆ ਕਿ ਨਿਊਜ਼ ਲੈਟਰ-2 ਵਰਸਿਟੀ ਦੀਆਂ ਹਰ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਾ ਹੈ। ਪ੍ਰਤ੍ਰਿਕਾ ਵਿੱਚ ਵਿਦਿਆਰਥੀਆਂ ਅਤੇ ਖੋਜਗਾਰਥੀਆਂ ਵੱਲੋਂ ਕੀਤੇ ਗਏ ਕਾਰਜਾਂ ਦੇ ਪ੍ਰਕਾਸ਼ਨ ਕਾਰਨ ਉਹਨਾਂ ਦਾ ਮਨੋਬਲ ਉੱਚਾ ਹੁੰਦਾ ਹੈ ਤੇ ਉਹਨਾਂ ਨੂੰ ਕੁਝ ਨਵਾਂ ਤੇ ਸਿਰਜਾਨਤਮਕ ਕਰਨ ਲਈ ਪ੍ਰੇਰਿਤ ਕਰਦਾ ਹੈ। ਯੂਨੀਵਰਸਿਟੀ ਪ੍ਰਬੰਧਕਾਂ ਦਾ ਧੰਨਵਾਦ ਕਰਦੇ ਹੋਏ, ਉਹਨਾਂ ਕਿਹਾ ਕਿ ਹਥਲਾ ਅੰਕ ਵਰਸਿਟੀ ਦੀਆਂ ਪ੍ਰਾਪਤੀਆਂ ਦਾ ਖੂਬਸੂਰਤ ਸੰਕਲਨ ਹੈ। ਉਹਨਾਂ ਸਭਨਾਂ ਨੂੰ ਕੁੱਝ ਨਵਾਂ ਅਤੇ ਲੋਕ ਹਿੱਤ ਵਿੱਚ ਹੋਰ ਕਾਢਾਂ ਕਰਨ ਲਈ ਪ੍ਰੇਰਿਤ ਕੀਤਾ।

# ਬੀਬਾ ਅੰਮ੍ਰਿਤਾ ਬੜਿੰਗ ਤਖ਼ਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ



ਤਲਵੰਡੀ ਸਾਬੋ, 23 ਅਪ੍ਰੈਲ (ਰਾਮ ਜਿੰਦਲ ਜਗਾ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ ਦੇ ਧਰਮ ਪਤਨੀ ਤੇ ਕਾਂਗਰਸ ਵੱਲੋਂ ਗਿੱਦੜਬਾਹਾ ਵਿਧਾਨ ਸਭਾ ਹਲਕੇ ਤੋਂ ਜਿਮਨੀ ਚੋਣ ਲੜ ਚੁੱਕੇ ਬੀਬਾ ਅੰਮ੍ਰਿਤਾ ਵੜਿੰਗ ਬੀਤੀ ਦੇਰ ਸ਼ਾਮ ਸਿੱਖ ਕੌਮ ਦੇ ਚੌਥੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਤਖਤ ਸਾਹਿਬ ਪੁੱਜਣ ਤੇ ਬੀਬਾ ਅੰਮ੍ਰਿਤਾ ਬੜਿੰਗ ਦਾ ਕਾਂਗਰਸ ਵੱਲੋਂ ਹਲਕਾ ਤਲਵੰਡੀ ਸਾਬੋ ਤੋਂ ਸਿਆਸੀ ਤੌਰ ਤੇ ਸਰਗਰਮ ਸੀਨੀਅਰ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਆਪਣੇ ਪਰਿਵਾਰਿਕ ਮੈਂਬਰਾਂ ਸਮੇਤ ਜੀ ਆਇਆ ਆਖਿਆ ਤੇ ਅਮ੍ਰਿਤਾ ਬੜਿੰਗ ਨੇ ਸਭ ਤੋਂ ਪਹਿਲਾਂ ਤਖਤ ਸਾਹਿਬ ਮੱਥਾ ਟੇਕਿਆ ਤੇ ਕੁਝ ਸਮਾਂ ਕੀਰਤਨ ਸਵਰਨ ਕੀਤਾ ਪੱਤਰਕਾਰਾਂ ਨਾਲ ਗੱਲਬਾਤ ਕਰਨ ਤੇ ਉਹਨਾਂ ਕਿਹਾ ਕਿ ਤਖਤ ਸਾਹਿਬ ਮੱਥਾ ਟੇਕ ਕੇ ਅੱਜ ਉਹਨਾਂ ਨੂੰ ਮਾਨਸਿਕ ਸਕੂਨ ਦੀ ਪ੍ਰਾਪਤੀ ਹੋਈ ਹੈ ਤੇ ਉਹਨਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਵਾਈ ਹੈ ਉਹਨਾਂ ਕਿਸੇ ਕਿਸਮ ਦੀ ਸਿਆਸੀ ਗੱਲਬਾਤ ਕਰਨ ਤੋਂ ਇਹ ਕਹਿੰਦੇ ਇਨਕਾਰ ਕਰ ਦਿੱਤਾ ਕਿ ਉਹ ਅੱਜ ਤਖਤ ਸਾਹਿਬ ਵਿਖੇ ਸਿਰਫ ਇੱਕ ਸ਼ਰਧਾਲੂ ਵਜੋਂ ਨਤਮਸਤਕ ਹੋਣ ਪੁੱਜੇ ਹਨ ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀ ਬਾਂਦਰ ਵਿਕਾਸ ਸਿੰਘ ਸੂਬਾ ਐਮਸੀ ਤੇ ਬਹੁਤ ਸਾਰੇ ਕਾਂਗਰਸੀ ਵਰਕਰ ਮੌਜੂਦ ਸਨ।

# ਡਾ. ਬਲਬੀਰ ਸਿੰਘ ਸਕੂਲ ਆਫ ਐਕਸੀਲੈਂਸ ਵਿਖੇ ਧਰਤੀ ਦਿਵਸ ਮਨਾਇਆ

ਭਗਤਾ ਭਾਈ ਕਾ, 23 ਅਪਰੈਲ (ਸਵਰਨ ਸਿੰਘ ਭਗਤਾ): ਡਾ.ਬਲਬੀਰ ਸਿੰਘ ਸਕੂਲ ਆਫ ਐਕਸੀਲੈਂਸ ਭਗਤਾ ਭਾਈ ਕਾ ਵਿਖੇ ਵਿਸਵ ਧਰਤੀ ਦਿਵਸ ਨੂੰ ਬੜੀ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਪ੍ਰਕਿਰਤੀ ਪ੍ਰੇਮ ਅਤੇ ਵਾਤਾਵਰਨ



ਸੰਭਾਲ ਦਾ ਸੰਦੇਸ਼ ਦਿੰਦੇ ਹੋਏ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਗਏ। ਬੱਚਿਆਂ ਨੇ ਨਾ ਸਿਰਫ਼ ਪੌਦੇ ਲਗਾਏ ਸਗੋਂ ਉਨ੍ਹਾਂ ਦੀ ਸੰਭਾਲ ਕਰਨ ਦਾ ਵੀ ਵਚਨ ਲਿਆ, ਜਿਸ ਨਾਲ ਸਕੂਲ ਵਿੱਚ ਹਰਿਆਵਲ ਅਤੇ ਤਾਜ਼ਗੀ ਦਾ ਸੁੰਦਰ ਮਾਹੌਲ ਬਣਿਆ।ਇਸ ਮੌਕੇ ਸਕੂਲ ਵਿੱਚ ਚਾਰ ਹਾਊਸਾ ਦੇ ਵਿਚਕਾਰ ਇੰਟਰ ਹਾਊਸ ਚਾਰਟ ਮੁਕਾਬਲੇ ਵੀ ਕਰਵਾਏ ਗਏ। ਵਿਦਿਆਰਥੀਆਂ ਨੇ ਵਾਤਾਵਰਣ ਸੰਭਾਲ, ਧਰਤੀ ਦੀ ਮਹੱਤਤਾ ਤੇ ਪ੍ਰਕਿਰਤੀ ਦੀ ਰੱਖਿਆ ਸੰਬੰਧੀ ਸੋਹਣੇ ਅਤੇ ਰਚਨਾਤਮਕ ਚਾਰਟ ਤਿਆਰ ਕੀਤੇ। ਇਹ ਮੁਕਾਬਲੇ ਬੱਚਿਆਂ ਦੀ ਕਲਾਤਮਕ ਯੋਗਤਾ ਦੇ ਨਾਲ ਨਾਲ ਉਨ੍ਹਾਂ ਵਿੱਚ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਕਾਮਯਾਬ ਰਹੇ।ਇਸ ਸਮਾਰੋਹ ਦੌਰਾਨ ਸਕੂਲ ਦੇ ਚੇਅਰ ਪਰਸਨ ਡਾਕਟਰ ਪਰਨੀਤ ਕੌਰ ਦਿਓਲ ਅਤੇ ਗੁਰਦਿਆਲ ਸਿੰਘ ਬੁੱਟਰ ਵੱਲੋਂ ਬੱਚਿਆਂ ਨੂੰ ਪ੍ਰੇਰਣਾਦਾਇਕ ਸੁਨੇਹੇ ਦਿੱਤੇ ਗਏ। ਉਨ੍ਹਾਂ ਨੇ ਕਿਹਾ ਕਿ ਧਰਤੀ ਸਾਡਾ ਘਰ ਹੈ ਅਤੇ ਇਸਦੀ ਸੁਰੱਖਿਆ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਬੱਚਿਆਂ ਨੂੰ ਪ੍ਰਕਿਰਤੀ ਨਾਲ ਪਿਆਰ ਕਰਨ ਅਤੇ ਵਾਤਾਵਰਣ ਨੂੰ ਸਾਫ਼ ਰੱਖਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਤੋਂ ਇਲਾਵਾ ਸਕੂਲ ਦੀ ਪ੍ਰਿੰਸੀਪਲ ਸੁਖਜੀਤ ਕੌਰ ਬਰਾੜ ਵੱਲੋਂ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਾਤਾਵਰਣ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਉਨ੍ਹਾਂ ਨੇ ਕਿਹਾ ਕਿ ਜੇ ਅਸੀਂ ਅੱਜ ਪ੍ਰਕਿਰਤੀ ਦੀ ਸੰਭਾਲ ਕਰਾਂਗੇ ਤਾਂ ਹੀ ਭਵਿੱਖ ਸੁਰੱਖਿਅਤ ਰਹੇਗਾ।ਕੁੱਲ ਮਿਲਾ ਕੇ ਇਹ ਸਮਾਗਮ ਬਹੁਤ ਹੀ ਸਫਲ ਅਤੇ ਸਿੱਖਣਯੋਗ ਸਾਬਤ ਹੋਇਆ,ਜਿਸ ਨੇ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।

# ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਲਈ ਵੱਧ ਚੜ੍ਹ ਕੇ ਕੀਤੇ ਜਾ ਰਹੇ ਨੇ ਉਪਰਾਲੇ : ਜਥੇ. ਬਹਿਣੀਵਾਲ

ਲਹਿਰਾਗਾਗਾ, 23 ਅਪ੍ਰੈਲ (ਗੁਰਦੀਪ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਜਵਾਨਾਂ ਲਈ ਗੁਰਬਾਣੀ ਸੰਥਿਆ ਕੈਂਪ, ਦਸਤਾਰ ਸਿਖਲਾਈ ਕੈਂਪ, ਦਸਤਾਰ ਮੁਕਾਬਲੇ, ਗੁਰਬਾਣੀ ਕੰਠ ਮੁਕਾਬਲੇ ਅਤੇ ਗੱਤਕਾ ਮੁਕਾਬਲੇ ਕਰਵਾ ਕੇ ਨੌਜਵਾਨ ਪੀੜੀ ਨੂੰ ਸਿੱਖੀ ਨਾਲ ਅਤੇ ਗੁਰੂ ਗ੍ਰੰਥ ਸਾਹਿਬ ਨਾਲ ਜੋੜਨ ਦੇ ਨਾਲ ਨਾਲ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਵੱਧ ਚੜ੍ਹ ਕੇ ਉਪਰਾਲੇ ਕੀਤੇ ਜਾ ਰਹੇ ਹਨ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਕਮੇਟੀ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ, ਅੱਜ ਉਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਿੰਡ ਗੋਬਿੰਦਗੜ੍ਹ ਜੇਜੀਆਂ ਦੇ ਗੁਰਦੁਆਰਾ ਸਾਹਿਬ ਅਕਾਲਗੜ੍ਹ ਬੁੱਢਾ ਦਲ ਲਈ ਆਪਣੇ ਅਖਤਿਆਰੀ ਫੰਡ ਵਿੱਚੋਂ ਇੱਕ ਗੱਤਕਾ ਕਿੱਟ ਗੁਰਦੁਆਰਾ ਪ੍ਰਬੰਧਕਾਂ ਨੂੰ ਦਿੱਤੀ ਗਈ, ਇਸ ਸਮੇਂ ਬਾਬਾ ਪ੍ਰਭਜੀਤ ਸਿੰਘ ਮੁੱਖ ਸੇਵਾਦਾਰ ਤੇ ਗੁਰਚਰਨ ਸਿੰਘ ਗੋਬਿੰਦਗੜ੍ਹ ਹਾਜ਼ਰ ਸਨ, ਜਥੇਦਾਰ ਬਹਿਣੀਵਾਲ ਨੇ ਗੱਲਬਾਤ ਕਰਦਿਆਂ ਅੱਗੇ ਕਿਹਾ ਕਿ ਸਾਡੀ ਨੌਜਵਾਨ ਪੀੜੀ ਜੋ ਸਾਡੇ ਆਉਣ ਵਾਲੇ ਕੱਲ ਦੀ ਵਾਰਿਸ ਜਮਾਤ ਹੈ ਨੂੰ ਸਿੱਖ ਇਤਿਹਾਸ ਤੇ ਗੁਰੂ ਇਤਿਹਾਸ ਦੀ ਜਾਣਕਾਰੀ ਦੇਣ ਲਈ ਧਾਰਮਿਕ ਪੁਸਤਕਾਂ ਦੇ ਸੈਟ ਲਾਈਬਰੇਰੀਆਂ ਦੇ ਲਈ ਦਿੱਤੇ ਜਾਂਦੇ ਹਨ, ਉੱਥੇ ਗੁਰਮੱਤ ਦੇ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾ ਕੇ ਬੱਚਿਆਂ ਨੂੰ ਗੁਰਮੱਤ ਦੇ ਫਲਸਫੇ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ,



ਉਹਨਾਂ ਕਿਹਾ ਕਿ ਲੋੜਵੰਦ ਤੇ ਪੜ੍ਹਾਈ ਵਿੱਚ ਹੁਸ਼ਿਆਰ ਬੱਚਿਆਂ ਨੂੰ ਆਈਪੀਐਸ ਤੇ ਆਈ ਏ ਐਸ ਦੀ ਤਿਆਰੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਫਰੀ ਕੋਚਿੰਗ ਦਿੱਤੀ ਜਾ ਰਹੀ ਹੈ ਤਾਂ ਕਿ ਸਿੱਖ ਬੱਚੇ ਅਫਸਰ ਬਣ ਕੇ ਜਿੱਥੇ ਸਿੱਖ ਕੌਮ ਦਾ ਨਾਮ ਰੋਸ਼ਨ ਕਰਨਗੇ ਉਥੇ ਸਾਡੇ ਦੇਸ਼ ਦੀ ਸੇਵਾ ਕਰ ਸਕਣਗੇ। ਇਸ ਮੌਕੇ ਉਹਨਾਂ ਨਾਲ ਸੁਖਵਿੰਦਰ ਸਿੰਘ ਬਿੱਲੂ ਖੰਡੇਬਾਦ, ਜਥੇਦਾਰ ਸੀਤਾ ਸਿੰਘ ਲਹਿਲ ਖੁਰਦ, ਕਾਬਲ ਸਿੰਘ ਸੇਖੋਂ, ਸੁਰਿੰਦਰਪਾਲ ਅਲੀਸ਼ੇਰ, ਪਾਲ ਸਿੰਘ ਗੇਹਲਾ ਸਾਬਕਾ ਚੇਅਰਮੈਨ, ਛੱਜੂ ਸਿੰਘ ਧਾਲੀਵਾਲ, ਚਮਕੌਰ ਸਿੰਘ ਬਾਦਲਗੜ੍ਹ, ਗੁਲਜਾਰ ਸਿੰਘ ਜਵੰਧਾ, ਦਵਿੰਦਰ ਕੁਮਾਰ ਨੀਟੂ ਹਾਜ਼ਰ ਸਨ।

# ਸੇਵਾ ਭਾਰਤੀ ਸੰਸਥਾ ਵੱਲੋਂ ਮੁਫ਼ਤ ਸਿਹਤ ਜਾਂਚ ਕੈਂਪ 3 ਮਈ ਨੂੰ

ਬੁਢਲਾਡਾ, 23 ਅਪ੍ਰੈਲ (ਦਵਿੰਦਰ ਸਿੰਘ ਕੋਹਲੀ/ ਜੀਵਨ ਕੁਮਾਰ): ਸੇਵਾ ਭਾਰਤੀ ਸੰਸਥਾ (ਰਜਿ.) ਬੁੱਢਲਾਡਾ ਵੱਲੋਂ ਲੋਕ ਭਲਾਈ ਦੇ ਉਦੇਸ਼ ਨਾਲ 3 ਮਈ 2026, ਦਿਨ ਐਤਵਾਰ ਨੂੰ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਮੂਨ ਲਾਈਟ ਸਕੂਲ, ਬੁੱਢਲਾਡਾ ਵਿੱਚ ਲਗਾਇਆ ਜਾਵੇਗਾ। ਕੈਂਪ ਦੌਰਾਨ ਪੇਟ ਦੇ ਰੋਗਾਂ, ਦਿਮਾਗੀ



ਸਮੱਸਿਆਵਾਂ, ਹੱਡੀਆਂ ਤੇ ਅੱਖਾਂ ਨਾਲ ਸੰਬੰਧਿਤ ਬਿਮਾਰੀਆਂ ਦੀ ਜਾਂਚ ਤਜਰਬੇਕਾਰ ਡਾਕਟਰਾਂ ਵੱਲੋਂ ਕੀਤੀ ਜਾਵੇਗੀ। ਵੱਖ-ਵੱਖ ਖੇਤਰਾਂ ਦੇ ਮਾਹਿਰ ਡਾਕਟਰ ਆਪਣੀਆਂ ਸੇਵਾਵਾਂ ਦੇਣਗੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੁਰਿੰਦਰ ਕੁਮਾਰ ਗਰਗ (ਚੇਅਰਮੈਨ, ਰਵਾਇਲ ਸਿਟੀ ਕਲੋਨੀ) ਸ਼ਿਰਕਤ ਕਰਨਗੇ। ਅੱਖਾਂ ਦੀ ਜਾਂਚ ਲਈ ਆਧੁਨਿਕ ਮਸ਼ੀਨਾਂ SD Opticals ਦੇ ਸਹਿਯੋਗ ਨਾਲ ਉਪਲਬਧ ਕਰਵਾਈਆਂ ਜਾਣਗੀਆਂ। ਕੈਂਪ ਵਿੱਚ ਡਾ. ਲਵ ਗੁਪਤਾ (ਡੀਐਮ, ਪੇਟ ਦੇ ਰੋਗਾਂ ਦੇ ਮਾਹਿਰ), ਡਾ. ਵਰੁਨ ਗਰਗ (ਐਮਐਸ, ਦਿਮਾਗ ਤੇ ਰੀੜ ਦੀ ਹੱਡੀ ਦੇ ਮਾਹਿਰ), ਡਾ. ਅਜੇ ਸਿੰਗਲਾ (ਐਮਐਸ, ਗੋਡਿਆਂ ਤੇ ਹੱਡੀਆਂ ਦੇ ਮਾਹਿਰ) ਅਤੇ ਡਾ. ਵਾਹਿਗੁਰੂ (ਐਮਐਸ, ਅੱਖਾਂ ਦੇ ਮਾਹਿਰ) ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ।

ਇਸ ਸਬੰਧੀ ਪ੍ਰੋਜੈਕਟ ਚੇਅਰਮੈਨ ਦੀਪਕ ਗੋਇਲ ਅਤੇ ਹੇਮਰਾਜ ਸ਼ਰਮਾ ਨੇ ਦੱਸਿਆ ਕਿ ਸੇਵਾ ਭਾਰਤੀ ਸੰਸਥਾ ਹਮੇਸ਼ਾਂ ਹੀ ਲੋਕ ਹਿੱਤਾਂ ਲਈ ਸਮਰਪਿਤ ਰਹੀ ਹੈ ਤੇ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਤਾਰ ਕਰਵਾਏ ਜਾਂਦੇ ਹਨ। ਸੰਸਥਾ ਦੇ ਪ੍ਰਧਾਨ ਅਮਿਤ ਜਿੰਦਲ ਨੇ ਕਿਹਾ ਕਿ ਇਹ ਕੈਂਪ ਸ਼ਹਿਰ ਵਾਸੀਆਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ ਅਤੇ ਲੋਕਾਂ ਨੂੰ ਮਾਹਿਰ ਡਾਕਟਰਾਂ ਦੀ ਮੁਫ਼ਤ ਸਲਾਹ ਅਤੇ ਜਾਂਚ ਦਾ ਵੱਡਾ ਲਾਭ ਮਿਲੇਗਾ।

## ਪਾਵਰਕਾਮ ਮੁਲਾਜ਼ਮਾਂ ਦੀ ਹੜਤਾਲ ਦਾ ਖ਼ਮਿਆਜ਼ਾ ਭੁਗਤ ਰਹੇ ਨੇ ਆਮ ਲੋਕ : ਬਾਂਸਲ, ਸਿੰਗਲਾ

ਧੂਰੀ, 23 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਧੂਰੀ ਦੇ ਪ੍ਰਧਾਨ ਸਸ਼ੀ ਭੂਸ਼ਣ ਬਾਂਸਲ ਤੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਟੀ ਨੇ ਪਾਵਰਕਾਮ ਦੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਪੈਦਾ ਹੋਏ ਗੰਭੀਰ ਬਿਜਲੀ ਸੰਕਟ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਹੜਤਾਲ ਕਾਰਨ ਪੂਰੇ ਖੇਤਰ ਵਿੱਚ ਬਿਜਲੀ ਸਪਲਾਈ ਦਾ ਬੁਰਾ ਹਾਲ ਹੈ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਜੇਕਰ ਕੋਈ ਤਕਨੀਕੀ ਨੁਕਸ ਪੈਂਦਾ ਹੈ, ਤਾਂ ਉਸ ਨੂੰ ਠੀਕ ਕਰਨ ਵਾਲਾ ਕੋਈ ਨਹੀਂ ਹੈ, ਜਿਸ ਕਾਰਨ ਲੋਕਾਂ ਨੂੰ ਪੰਜ-ਪੰਜ, ਛੇ-ਛੇ ਘੰਟੇ ਬਿਜਲੀ ਤੋਂ ਬਿਨਾਂ ਰਹਿਣਾ ਪੈ ਰਿਹਾ ਹੈ। ਸਨਅਤਕਾਰਾਂ ਨੇ ਪਾਵਰਕਾਮ ਦੇ ਡਾਇਰੈਕਟਰਾਂ ਤੇ ਉੱਚ ਅਧਿਕਾਰੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਇਸ ਸਮੱਸਿਆ ਵੱਲ ਤੁਰੰਤ ਧਿਆਨ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਗਰਮੀ ਦੇ ਮੌਸਮ ਅਤੇ ਉਦਯੋਗਾਂ ਦੀ ਲੋੜ ਨੂੰ ਮੁੱਖ ਰੱਖਦਿਆਂ ਨਿਰੰਤਰ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ ਤਾਂ ਜੋ ਆਮ ਜਨਤਾ ਅਤੇ ਵਪਾਰੀ ਵਰਗ ਨੂੰ ਹੋਰ ਖੱਜਲ-ਖੁਆਰ ਨਾ ਹੋਣਾ ਪਵੇ।

# ਡੀ.ਏ.ਵੀ. ਪਬਲਿਕ ਸਕੂਲ ਵਿਖੇ ਭੂਮੀ ਦਿਵਸ ਮਨਾਇਆ

ਬਰੇਟਾ, 23 ਅਪ੍ਰੈਲ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ): ਡੀ ਏ ਵੀ ਪਬਲਿਕ ਸਕੂਲ ਅਕਬਰਪੁਰ ਖੁਡਾਲ ਵੱਲੋਂ ਭੂਮੀ ਦਿਵਸ ਦੇ ਮੌਕੇ 'ਤੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਵਾਤਾਵਰਣ




ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਬੱਚਿਆਂ ਨੂੰ ਆਰਗੈਨਿਕ ਖੇਤੀਬਾੜੀ, ਸੂਰਜੀ ਊਰਜਾ, ਕੁਦਰਤੀ ਸਾਧਨਾਂ ਦੀ ਵਰਤੋਂ, ਵਾਯੂਮੰਡਲ ਵਿੱਚ ਹੋ ਰਹੀਆਂ ਤਬਦੀਲੀਆਂ ਤੇ ਇਸ ਦੇ ਨਾਲ- ਨਾਲ ਟਿਕਾਊ ਵਿਕਾਸ, ਨਵੀਨੀਕਰਨ ਯੋਗ ਸਾਧਨਾਂ ਬਾਰੇ ਪ੍ਰਤੱਖ ਰੂਪ ਵਿੱਚ ਜਾਣੂ ਕਰਵਾਇਆ ਗਿਆ।

ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਅਕਬਰਪੁਰ ਖੁਡਾਲ, ਸ਼ੇਖੂਪੁਰ ਖੁਡਾਲ, ਖੁਡਾਲ ਕਲਾਂ ਤੇ ਕਿਸ਼ਨਗੜ੍ਹ ਪਿੰਡਾਂ ਵਿੱਚ ਜਾ ਕੇ ਪੌਦੇ ਲਗਾਏ ਗਏ। ਇਸ ਮੁਹਿੰਮ ਦਾ ਮਕਸਦ ਲੋਕਾਂ ਨੂੰ ਰੁੱਖਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਅਤੇ ਹਰਿਆਲੀ ਵਧਾਉਣਾ ਸੀ। ਵਿਦਿਆਰਥੀਆਂ ਨੇ ਪਿੰਡਾਂ ਦੇ ਲੋਕਾਂ ਨੂੰ ਵੀ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਪੋਸਟਰ ਮੇਕਿੰਗ, ਸਲੋਗਨ ਲਿਖਣ ਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਵੱਲੋਂ "ਧਰਤੀ ਬਚਾਓ, ਜੀਵਨ ਬਚਾਓ" ਦੇ ਨਾਅਰੇ ਲਗਾ ਕੇ ਵਾਤਾਵਰਣ ਸੁਰੱਖਿਆ ਦਾ ਸੰਦੇਸ਼ ਦਿੱਤਾ ਗਿਆ।ਸਕੂਲ ਦੇ ਪ੍ਰਿੰਸੀਪਾਲ ਸੁਖਪਾਲ ਕੌਰ ਸਿੱਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧਰਤੀ ਦੀ ਰੱਖਿਆ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਅਤੇ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸਭ ਨੇ ਮਿਲ ਕੇ ਧਰਤੀ ਨੂੰ ਸਾਫ਼-ਸੁਥਰਾ ਤੇ ਹਰਾ-ਭਰਾ ਬਣਾਉਣ ਦਾ ਸੰਕਲਪ ਲਿਆ।

# ਸਰਕਾਰੀ ਸੀਨੀ. ਸੈਕੰ. ਸਕੂਲ 'ਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ

ਕੌਹਰੀਆਂ, 23 ਅਪ੍ਰੈਲ (ਅਵਤਾਰ ਸਿੰਘ ਜਟਾਣਾ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੌਹਰੀਆਂ ਵਿੱਚ ਨਵੇਂ ਸੈਸ਼ਨ ਦੀ ਸ਼ੁਰੂਆਤ, ਨੂੰ ਮੁੱਖ ਰੱਖਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਓਟ ਆਸਰਾ ਲੈਂਦਿਆਂ, ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ, ਜਿਸ ਵਿੱਚ ਪਿੰਡ ਦੇ ਪਤਵੰਤੇ ਸੱਜਣਾਂ ਤੇ ਆਲੇ ਦੁਆਲੇ ਦੇ ਪੰਚ ਸਰਪੰਚ ਤੇ ਸਕੂਲ ਮੁਖੀਆਂ ਨੇ ਭਰਵੀਂ ਹਾਜ਼ਰੀ ਭਰੀ, ਪ੍ਰੋਗਰਾਮ ਦੇ ਵਿੱਚ ਸੰਤ ਬਾਬਾ ਗੁਰਜੀਤ ਸਿੰਘ ਜੀ ਹਰੀਗੜ੍ਹ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ, ਉਹਨਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ, ਕਿ ਵਿਦਿਆ ਮਨੁੱਖ ਦਾ ਤੀਜਾ ਨੇਤਰ ਹੈ, ਅੱਜ ਵਿਦਿਆ ਤੋਂ ਬਿਨਾਂ ਮਨੁੱਖ ਦਾ ਜੀਵਨ ਅਧੂਰਾ ਹੈ, ਵਿਦਿਆ ਦਾ ਦੀਪ ਹਨੇਰੇ ਵਿੱਚ ਰੌਸ਼ਨੀ ਕਰਦਾ ਹੈ, ਪਿਆਰੇ ਬੱਚਿਓ ਤੁਹਾਡੇ ਵੱਲੋਂ ਪ੍ਰਾਪਤ ਕੀਤੀ ਵਿਦਿਆ ਨੂੰ ਕੋਈ ਵੀ ਤੁਹਾਥੋਂ ਜ਼ਿੰਦਗੀ ਦੇ ਵਿੱਚ ਖੋਹ ਨਹੀਂ ਸਕਦਾ, ਵਿਦਿਆ ਦੀ ਪ੍ਰਾਪਤੀ ਨਾਲ ਜੋ ਗਿਆਨ ਤੁਹਾਨੂੰ ਪ੍ਰਾਪਤ ਹੋਵੇਗਾ, ਸਾਰੀ ਜ਼ਿੰਦਗੀ ਤੁਹਾਡੇ ਨਾਲ ਰਹੇਗਾ, ਅੱਜ ਮਾਪਿਆਂ ਦਾ ਮੁੱਢਲਾ ਫਰਜ਼ ਹੈ ਕਿ ਆਪਣੇ ਨੂੰ ਚੰਗੀ ਸਿੱਖਿਆ ਦੇਣ, ਹੁਣ ਸਰਕਾਰੀ ਸਕੂਲਾਂ ਦੇ ਵਿੱਚ ਵੀ ਕਿਸੇ ਚੀਜ਼ ਦੀ ਕਮੀ ਨਹੀਂ, ਸਰਕਾਰੀ ਸਕੂਲਾਂ ਦੇ ਅਧਿਆਪਕ ਬਹੁਤ ਮਿਹਨਤੀ ਤੇ ਉੱਚ ਸਿੱਖਿਆ ਪ੍ਰਾਪਤ ਹੁੰਦੇ ਹਨ, ਬੱਚਿਆਂ ਨੂੰ ਗੁਰਮਤ ਦੀ ਸਿੱਖਿਆ ਦੇਣਾ ਅਤਿ ਜਰੂਰੀ ਹੈ, ਥਾਂ ਥਾਂ ਤੇ ਖੁੱਲ੍ਹ ਰਹੇ ਬਿਰਧ ਆਸ਼ਰਮ, ਬਿਰਧ ਆਸ਼ਰਮਾਂ ਦੇ ਵਿੱਚ ਰੁਲ ਰਹੇ ਮਾਪੇ, ਇਸ ਗੱਲ ਦੀ ਗਵਾਹੀ ਭਰ ਰਹੇ ਹਨ, ਕਿ ਅਸੀਂ ਪਿਛਲੇ ਸਮੇਂ ਦੇ ਵਿੱਚ, ਬੱਚਿਆਂ ਨੂੰ ਅਧਿਆਤਮਕ



ਸਿੱਖਿਆ ਨਹੀਂ ਦੇ ਸਕੇ, ਅੱਜ ਬੱਚੇ ਨਸ਼ਿਆਂ ਦੀ ਦਲ ਦਲ ਦੇ ਵਿੱਚ ਫਸ ਰਹੇ ਹਨ, ਬੱਚਿਆਂ ਨੂੰ ਆਪਣੇ ਅਮੀਰ ਵਿਰਸੇ ਤੋਂ ਜਾਣੂ ਕਰਵਾਓ, ਗੁਰੂਆਂ ਦੀਆਂ ਕੁਰਬਾਨੀਆਂ, ਛੋਟੇ ਤੇ ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ, ਬਾਰੇ ਦੱਸੋ, ਸਾਨੂੰ ਸਾਡੇ ਵਿਰਸੇ ਤੇ ਮਾਣ ਹੋਣਾ ਚਾਹੀਦਾ ਹੈ, ਪਰ ਅਸੀਂ ਚੁੱਪਚਾਪ ਵੇਖ ਰਹੇ ਹਾਂ, ਸੋਸ਼ਲ ਮੀਡੀਆ ਦੇ ਪੈ ਰਹੇ ਨਕਾਰਾਤਮਕ ਪ੍ਰਭਾਵਾਂ ਬਾਰੇ ਦੱਸਿਆ, ਬਾਬਾ ਜੀ ਨੇ ਕਿਹਾ ਕਿ ਸਕੂਲ ਮੁਖੀ ਹਰਸੰਤ ਸਿੰਘ ਢੀਂਡਸਾ ਵਧਾਈ ਦੇ ਪਾਤਰ ਹਨ ਕਿ ਸਕੂਲ ਦੇ ਵਿੱਚ ਬਹੁਤ ਸਾਰੇ ਸੱਭਿਆਚਾਰਕ ਅਤੇ ਗਿਆਨ ਨਾਲ ਸਬੰਧਿਤ ਸਖਸ਼ੀਅਤਾਂ ਨੂੰ ਬੁਲਾ ਕੇ ਲੈਕਚਰ ਕਰਵਾਉਂਦੇ ਰਹਿੰਦੇ ਹਨ, ਇਸ ਨਾਲ ਬੱਚਿਆਂ ਨੂੰ ਕਿਤਾਬੀ ਗਿਆਨ ਤੋਂ ਹਟ ਕੇ ਜ਼ਿੰਦਗੀ ਜਿਉਣ ਦਾ ਸਲੀਕਾ ਪਤਾ ਲੱਗਦਾ ਹੈ, ਜ਼ਿੰਦਗੀ ਜਿਉਣ ਦੀ ਕਲਾ ਜੇਕਰ ਮਨੁੱਖ ਨੂੰ ਪਤਾ ਲੱਗ ਗਈ, ਤਾਂ ਉਹ ਜੀਵਨ ਦੇ ਵਿੱਚ ਪਦਾਰਥਵਾਦੀ ਰਾਹਾਂ ਤੇ ਭਟਕਦਾ ਨਹੀਂ। ਅੰਤ ਵਿੱਚ ਸਕੂਲ ਮੁਖੀ ਹਰਸੰਤ ਸਿੰਘ ਢੀਂਡਸਾ ਨੇ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ, ਸਮੁੱਚੀ ਸੰਗਤ ਨੂੰ ਸਰਕਾਰੀ ਸਕੂਲਾਂ ਦੇ ਵਿਕਾਸ ਲਈ, ਜੁੜਨ ਸਬੰਧੀ ਪ੍ਰੇਰਿਤ ਕੀਤਾ, ਸਕੂਲ ਮੁਖੀ ਨੇ ਬਾਬਾ ਗੁਰਜੀਤ ਸਿੰਘ ਹਰੀਗੜ੍ਹ ਵਾਲਿਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ, ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਪ੍ਰਗਟ ਸਿੰਘ ਨੇ ਬਾਖੂਬੀ ਨਿਭਾਈ, ਇਸ ਸਮੇਂ ਸਕੂਲ ਕਮੇਟੀ ਦੇ ਚੇਅਰਮੈਨ ਕਰਮਜੀਤ ਸਿੰਘ, ਸਰਪੰਚ ਮਾਲਵਿੰਦਰ ਸਿੰਘ, ਮਹੰਤ ਪਰਮਜੀਤ ਸਿੰਘ ਗਿਰ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ, ਜਥੇਦਾਰ ਰਾਮ ਸਿੰਘ, ਨਸੀਬ ਸਿੰਘ ਪ੍ਰਧਾਨ, ਮਾਸਟਰ ਅਜੀਤ ਸਿੰਘ, ਬਲਜੀਤ ਸਿੰਘ, ਚਰਨਜੀਤ ਸਿੰਘ, ਲੈਕਚਰਾਰ ਕੁਲਦੀਪ ਸਿੰਘ, ਮਾਸਟਰ ਹਰੀ ਸਿੰਘ, ਭੁਪਿੰਦਰ ਸਿੰਘ, ਪ੍ਰਦੀਪ ਸਿੰਘ, ਹਰਬੰਸ ਸਿੰਘ, ਰਮਨੇਸ਼ ਕੁਮਾਰ, ਕਿਮਪ੍ਰੀਤ ਕੌਰ, ਹਰਪ੍ਰੀਤ ਕੌਰ, ਮੰਜੂ ਬਾਲਾ, ਨੈਨਸੀ ਜਿੰਦਲ, ਬਬੀਤਾ ਗੇਰਾ, ਸੁਖਜੀਵਨ ਕੌਰ, ਸਿਮਰਜੀਤ ਕੌਰ, ਜੱਗੀ ਸਿੰਘ, ਤਰਸੇਮ ਸਿੰਘ, ਆਰਤੀ ਤੇ ਅਵਤਾਰ ਕੌਰ ਤੋਂ ਇਲਾਵਾ ਸਮੂਹ ਸਟਾਫ ਹਾਜ਼ਰ ਸੀ।

# ਵਿਧਾਇਕ ਉੱਗੋਕੇ ਵੱਲੋਂ 11-11 ਲੱਖ ਦੀ ਲਾਗਤ ਨਾਲ ਸਕੂਲਾਂ ਵਿਚ ਸਾਇੰਸ ਲੈਬਾਂ ਦਾ ਉਦਘਾਟਨ



ਭਦੌੜ, 23 ਅਪ੍ਰੈਲ (ਸੁਖਵਿੰਦਰ ਪਲਾਹਾ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ ਅਤੇ ਜ਼ਿਲ੍ਹਾ ਬਰਨਾਲਾ ਵਿੱਚ ਵੀ ਜਿੱਥੇ ਸਿਹਤ ਦੇ ਖੇਤਰ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਨਵੇਂ ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਓਥੇ ਸਿੱਖਿਆ ਦੇ ਖੇਤਰ ਵਿਚ ਵੀ ਲੱਖਾਂ ਰੁਪਏ ਖਰਚੇ ਜਾ ਰਹੇ ਹਨ। ਇਹ ਪ੍ਰਗਟਾਵਾ ਵਿਧਾਇਕ ਭਦੌੜ ਸ. ਲਾਭ ਸਿੰਘ ਉੱਗੋਕੇ ਨੇ ਸਰਕਾਰੀ ਹਾਈ ਸਕੂਲ ਭੈਣੀ ਜੱਸਾ ਅਤੇ ਸਰਕਾਰੀ ਹਾਈ ਸਕੂਲ ਫਤਿਗੜ੍ਹ ਛੰਨਾ ਵਿੱਚ ਸਾਇੰਸ ਲੈਬ ਦੇ ਉਦਘਾਟਨ ਮੌਕੇ ਕੀਤਾ। ਉਹਨਾਂ ਦਸਿਆ ਕਿ ਹਰੇਕ ਸਾਇੰਸ ਲੈਬ 'ਤੇ 11 ਲੱਖ ਰੁਪਏ ਖਰਚ ਕੀਤੇ ਗਏ ਹਨ। ਉਹਨਾਂ ਕਿਹਾ ਕਿ ਸਾਡੇ ਪੰਜਾਬ ਦੇ ਵਿਦਿਆਰਥੀ ਵਿਗਿਆਨ ਦੇ ਖੇਤਰ ਵਿਚ ਪਿੱਛੇ ਨਾ ਰਹਿਣ, ਓਹਨਾਂ ਵਾਸਤੇ ਆਧੁਨਿਕ ਲੈਬਾਂ ਤਿਆਰ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਸਕੂਲਾਂ ਦੇ ਬੁਨਿਆਦੀ ਢਾਂਚੇ ਉੱਤੇ ਕੰਮ ਕੀਤਾ ਜਾ ਰਿਹਾ ਹੈ ਜਿਸ ਵਿਚ ਸਕੂਲਾਂ ਦੇ ਰੰਗ ਰੋਗਨ, ਚਾਰਦੀਵਾਰੀ, ਕਮਰੇ ਸਮੇਤ ਹਰੇਕ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮੌਕੇ ਡਿਪਟੀ ਡੀਈਓ ਸ. ਬਰਜਿੰਦਰ ਪਾਲ ਸਿੰਘ, ਗੁਰਤੇਜ ਸਿੰਘ ਧਾਲੀਵਾਲ ਸਿੱਖਿਆ ਕੋਆਰਡੀਨੇਟਰ, ਹੈੱਡਮਿਸਟਰਸ ਪਰਮਿੰਦਰਜੀਤ ਕੌਰ ਸਰਕਾਰੀ ਹਾਈ ਸਕੂਲ ਭੈਣੀ ਜੱਸਾ ਅਤੇ ਰਾਜੇਸ਼ ਕੁਮਾਰ ਇੰਚਾਰਜ ਸਰਕਾਰੀ ਹਾਈ ਸਕੂਲ ਫਤਿਗੜ੍ਹ ਛੰਨਾ, ਸਰਪੰਚ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸ਼ਾਮਲ ਹੋਏ।

## ਕਿਤਾਬਾਂ ਖੋਲ੍ਹਣ ਸੋਚ ਦੇ ਦਰਵਾਜ਼ੇ




ਬਰਨਾਲਾ, 23 ਅਪ੍ਰੈਲ (ਇਸ਼ਨ ਕੰਗ) : ਐਸਟੀਐਸ ਬਰਨਾਲਾ ਵਿਖੇ ਜਮਾਤ III ਤੋਂ IX ਤੱਕ ਵਿਸ਼ਵ ਪੁਸਤਕ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੇ ਆਪਣੀ ਪੜ੍ਹੀ ਪੁਸਤਕਾਂ ਬਾਰੇ ਕਲਾਸ ਵਿੱਚ ਵਿਚਾਰ ਸਾਂਝੇ ਕੀਤੇ—ਸਿਰਲੇਖ, ਕਿਰਦਾਰ, ਕਹਾਣੀ ਅਤੇ ਸਿੱਖ। ਇਸ ਗਤੀਵਿਧੀ ਨੇ ਪੜ੍ਹਨ ਦੀ ਆਦਤ ਅਤੇ ਅਭਿਵਿਅਕਤੀ ਨੂੰ ਮਜ਼ਬੂਤ ਕੀਤਾ। ਸਮਾਗਮ ਦਾ ਅੰਤ ਸਮੂਹ ਫੋਟੋ ਨਾਲ ਹੋਇਆ।

# ਬਰਨਾਲਾ ਵਿੱਚ ਅੱਜ ਹੋਵੇਗਾ ਸਿਵਲ ਡਿਫੈਂਸ ਏਅਰ ਰੇਡ/ ਬਲੈਕਆਊਟ ਮੌਕ ਅਭਿਆਸ



ਬਰਨਾਲਾ, 23 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ, ਨਵੀਂ ਦਿੱਲੀ ਦੇ ਨਿਰਦੇਸ਼ਾਂ ਅਨੁਸਾਰ ਬਰਨਾਲਾ ਵਿੱਚ ਭਲਕੇ 24 ਅਪ੍ਰੈਲ ਨੂੰ ਸ਼ਾਮ 8 ਵਜੇ ਬਰਨਾਲਾ ਦੇ ਕਿਸੇ ਇਕ ਇਲਾਕੇ ਵਿਚ ਸਿਵਲ ਡਿਫੈਂਸ ਏਅਰ ਰੇਡ/ ਬਲੈਕਆਊਟ ਮੌਕ ਅਭਿਆਸ ਕਰਵਾਇਆ ਜਾਵੇਗਾ। ਇਸ ਸਬੰਧੀ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਕੱਲ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਇਹ ਮੌਕ ਅਭਿਆਸ ਬਰਨਾਲਾ ਸ਼ਹਿਰ ਜਾਂ ਆਸ - ਪਾਸ ਦੇ ਕਿਸੇ ਇਕ ਇਲਾਕੇ ਵਿਚ ਕੀਤਾ ਜਾਵੇਗਾ, ਜਿਸ ਬਾਰੇ ਆਮ ਲੋਕਾਂ ਨੂੰ ਸੂਚਿਤ ਕਰ ਦਿੱਤਾ ਜਾਵੇਗਾ। ਓਹਨਾਂ ਦੱਸਿਆ ਕਿ ਇਸ ਦੀ ਸ਼ੁਰੂਆਤ ਏਅਰ ਰੇਡ ਚੇਤਾਵਨੀ ਸੰਕੇਤ ਨਾਲ ਹੋਵੇਗੀ, ਜੋ ਸਾਇਰਨਾਂ (2 ਮਿੰਟ ਲਈ ਉੱਚੀ-ਨੀਵੀਂ ਆਵਾਜ਼) ਰਾਹੀਂ ਜਾਰੀ ਕੀਤਾ ਜਾਵੇਗਾ। ਇਸ ਦੌਰਾਨ ਉਸ ਖੇਤਰ ਵਿਚ ਬਲੈਕਆਊਟ ਕੀਤਾ ਜਾਵੇਗਾ। ਮੌਕ ਅਭਿਆਸ ਸਮਾਪਤ ਹੋਣ ਉਪਰੰਤ ਆਲ ਕਲੀਅਰਦਾ ਸੰਕੇਤ (2 ਮਿੰਟ ਲਈ ਲਗਾਤਾਰ ਉੱਚ ਧੁਨੀ ਵਾਲਾ ਸਾਇਰਨ) ਵਜਾਇਆ ਜਾਵੇਗਾ, ਜੋ ਅਭਿਆਸ ਦੇ ਖ਼ਤਮ ਹੋਣ ਦੀ ਸੂਚਨਾ ਹੋਵੇਗੀ। ਡਿਪਟੀ ਕਮਿਸ਼ਨਰ ਨੇ ਨਿਰਦੇਸ਼ ਦਿੱਤੇ ਕਿ ਮੌਕ ਅਭਿਆਸ ਦੌਰਾਨ ਅੱਗ ਬੁਝਾਊ ਕਾਰਵਾਈ, ਖੋਜ ਤੇ ਬਚਾਅ ਅਭਿਆਨ, ਮੁਢਲੀ ਸਿਹਤ ਸੰਭਾਲ ਅਤੇ ਮੈਡੀਕਲ ਸਹਾਇਤਾ, ਜ਼ਖ਼ਮੀਆਂ ਨੂੰ ਸੁਰੱਖਿਅਤ ਬਾਹਰ ਕੱਢਣਾ, ਟ੍ਰੈਫਿਕ ਅਤੇ ਭੀੜ ਨਿਯੰਤਰਣ ਦੇ ਉਪਾਅ ਵੀ ਸੰਕੇਤਕ ਤੌਰ 'ਤੇ ਕੀਤੇ ਜਾਣਗੇ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਘਬਰਾਉਣ ਦੀ ਲੋੜ ਨਹੀਂ ਹੈ, ਕਿਉਂਕਿ ਇਹ ਸਿਰਫ਼ ਸਿਵਲ ਡਿਫੈਂਸ ਦੀਆਂ ਤਿਆਰੀਆਂ ਦੀ ਜਾਂਚ ਲਈ ਰੁਟੀਨ ਅਭਿਆਸ ਹੈ। ਇਸ ਮੌਕੇ ਮੀਟਿੰਗ ਵਿਚ ਐੱਸ ਐੱਸ ਪੀ ਮੁਹੰਮਦ ਸਰਫਰਾਜ਼ ਆਲਮ, ਐੱਸ ਡੀ ਐਮ ਬਰਨਾਲਾ ਡਾ. ਅਜੀਤਪਾਲ ਸਿੰਘ ਚਹਿਲ, ਸਿਵਿਲ ਡਿਫੈਂਸ ਤੋਂ ਕੰਪਨੀ ਕਮਾਂਡਰ ਗੁਰਸੇਵਕ ਸਿੰਘ, ਸੀ ਡੀ ਆਈ ਜਤਿੰਦਰ ਕੁਮਾਰ, ਚੀਫ਼ ਵਾਰਡਨ ਮੋਹਿੰਦਰ ਕਪਿਲ, ਆਪਰੇਟਰ ਕੁਲਵੀਰ ਸ਼ਰਮਾ, ਅਖਿਲੇਸ਼ ਬਾਂਸਲ, ਲਖਵਿੰਦਰ ਸ਼ਰਮਾ ਮੌਜੂਦ ਸਨ।

# ਵਾਈ.ਐਸ. ਸਕੂਲ ਵਿਖੇ ਧਰਤੀ ਦਿਵਸ ਸਮਾਰੋਹ : ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਲਈ ਕੀਤਾ ਸੁਚੇਤ



ਬਰਨਾਲਾ, 23 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਵਾਈਐਸ ਸਕੂਲ ਨੇ ਵਾਤਾਵਰਨ ਸਿੱਖਿਆ ਨੂੰ ਸਮਾਜਿਕ-ਭਾਵਨਾਤਮਕ ਸਿੱਖਿਆ ਨਾਲ ਜੋੜਦੇ ਹੋਏ, ਇੱਕ ਸੁਚੱਜੀ ਵਿਸ਼ੇਸ਼ ਸਭਾ ਰਾਹੀਂ ਬੜੇ ਉਤਸ਼ਾਹ ਅਤੇ ਉਦੇਸ਼ ਨਾਲ ਧਰਤੀ ਦਿਵਸ ਮਨਾਇਆ। ਇਸ ਸਭਾ ਵਿੱਚ ਗੀਤ, ਨਾਟਕ, ਕਵਿਤਾ ਅਤੇ ਸੰਗੀਤਕ ਪੇਸ਼ਕਾਰੀਆਂ ਦਾ ਸੁਮੇਲ ਸੀ, ਜਿਸ ਨਾਲ ਵਿਦਿਆਰਥੀਆਂ ਨੂੰ ਅਹਿਮ ਵਾਤਾਵਰਨ ਮੁੱਦਿਆਂ ਤੇ ਚਰਚਾ ਕਰਦਿਆਂ ਅਨੁਭਵੀ ਸਿੱਖਿਆ ਅਤੇ ਰਚਨਾਤਮਕ ਪ੍ਰਗਟਾਵੇ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ। ਇਨ੍ਹਾਂ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਨੇ ਜਾਗਰੂਕਤਾ, ਹਮਦਰਦੀ ਅਤੇ ਆਲੋਚਨਾਤਮਕ ਸੋਚ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ, ਅਤੇ ਧਰਤੀ ਤੇ ਮਨੁੱਖੀ ਕਾਰਵਾਈਆਂ ਦੇ ਪ੍ਰਭਾਵ 'ਤੇ ਚਿੰਤਨ ਕੀਤਾ। ਇੱਕ ਮੁੱਖ ਖਿੱਚ ਮਿੱਟੀ ਦੇ ਭਾਂਡੇ ਬਣਾਉਣ ਦੀ ਗਤੀਵਿਧੀ ਸੀ, ਜਿਸ ਨੂੰ ਹੱਥੀਂ ਹੁਨਰ-ਆਧਾਰਿਤ ਸਿੱਖਿਆ ਦੇ ਤਜਰਬੇ ਵਜੋਂ ਤਿਆਰ ਕੀਤਾ ਗਿਆ ਸੀ। ਇਸ ਵਿੱਚ ਵਿਦਿਆਰਥੀਆਂ ਨੇ ਪਲਾਸਟਿਕ ਦੀ ਥਾਂ ਮਿੱਟੀ ਦੇ ਭਾਂਡਿਆਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਕੇ ਟਿਕਾਊ ਵਿਕਲਪਾਂ ਦੀ ਖੋਜ ਕੀਤੀ। ਇੱਕ ਪੌਦਾ ਗੋਦ ਲਓ, ਭਵਿੱਖ ਗੋਦ ਲਓ - ਮਾਲਕੀ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਦੇ ਹੋਏ, ਵਿਦਿਆਰਥੀਆਂ ਨੇ ਪੌਦਿਆਂ ਦੀ ਸੰਭਾਲ ਕਰਨ ਅਤੇ ਹਰੇ-ਭਰੇ ਵਾਤਾਵਰਨ ਵਿੱਚ ਯੋਗਦਾਨ ਪਾਉਣ ਦਾ ਵਾਅਦਾ ਕੀਤਾ। ਇਹ ਸਮਾਗਮ ਸਮੂਹਿਕ ਪ੍ਰਣ ਨਾਲ ਸਮਾਪਤ ਹੋਇਆ, ਜਿਸ ਨੇ ਨੈਤਿਕ ਜ਼ਿੰਮੇਵਾਰੀ, ਵਾਤਾਵਰਨ ਪ੍ਰਤੀ ਸੰਭਾਲ ਅਤੇ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕੀਤਾ। ਇਸ ਸਮਾਰੋਹ ਨੇ ਅੰਤਰ-ਅਨੁਸ਼ਾਸਨੀ ਸਿੱਖਿਆ ਲਈ ਇੱਕ ਸ਼ਕਤੀਸ਼ਾਲੀ ਮੰਚ ਵਜੋਂ ਕੰਮ ਕੀਤਾ, ਜਿਸ ਵਿੱਚ ਅਕਾਦਮਿਕ ਸਿੱਖਿਆ ਨੂੰ ਅਸਲ ਜੀਵਨ ਨਾਲ ਜੋੜਿਆ ਗਿਆ, ਅਤੇ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਸੁਚੇਤ, ਸਮਾਜਿਕ ਤੌਰ 'ਤੇ ਜ਼ਿੰਮੇਵਾਰ ਅਤੇ ਸਰਗਰਮ ਵਿਸ਼ਵ ਨਾਗਰਿਕ ਵਜੋਂ ਤਿਆਰ ਕੀਤਾ ਗਿਆ।

# ਵਾਈ.ਐਸ. ਜੈਨਨੇਕਸਟ ਵਿੱਚ ਤਿੰਨ ਦਿਨ ਮਨਾਇਆ ਅਰਥ ਡੇਅ



ਬਰਨਾਲਾ, 23 ਅਪ੍ਰੈਲ (ਹਮੀਰ ਸਿੰਘ) : ਵਾਈਐਸ ਜੈਨਨੇਕਸਟ ਵਿੱਚ ਅਰਥ ਡੇ ਨੂੰ ਤਿੰਨ ਦਿਨਾਂ ਤੱਕ ਵੱਖ-ਵੱਖ ਗਤੀਵਿਧੀਆਂ ਰਾਹੀਂ ਮਨਾਇਆ ਗਿਆ, ਜਿਸ ਰਾਹੀਂ ਇਹ ਸੰਦੇਸ਼ ਦਿੱਤਾ ਗਿਆ ਕਿ ਧਰਤੀ ਦੀ ਸੰਭਾਲ ਸਿਰਫ ਇੱਕ ਦਿਨ ਨਹੀਂ, ਸਗੋਂ ਹਰ ਰੋਜ਼ ਦੀ ਜ਼ਿੰਮੇਵਾਰੀ ਹੈ। ਨਰਸਰੀ ਅਤੇ ਐਲਕੇਜੀ ਦੇ ਬੱਚਿਆਂ ਨੇ ਈਕੋ-ਫੈਸ਼ਨ ਗਤੀਵਿਧੀ ਵਿੱਚ ਭਾਗ ਲਿਆ, ਜਿੱਥੇ ਮਾਪਿਆਂ ਵੱਲੋਂ ਤਿਆਰ ਕੀਤੀਆਂ ਪੌਸ਼ਾਕਾਂ ਨੇ ਸਭ ਨੂੰ ਪ੍ਰਭਾਵਿਤ ਕੀਤਾ। ਐਲਕੇਜੀ, ਯੂਕੇਜੀ ਅਤੇ ਪਹਿਲੀ ਕਲਾਸ ਦੇ ਵਿਦਿਆਰਥੀਆਂ ਨੇ ਪੌਧੇ ਲਗਾ ਕੇ ਪ੍ਰਕਿਰਤੀ ਨਾਲ ਜੁੜਨ ਦਾ ਸੰਦੇਸ਼ ਦਿੱਤਾ, ਜਦਕਿ ਦੂਜੀ ਕਲਾਸ ਦੇ ਬੱਚਿਆਂ ਨੇ ਪੇਪਰ ਬੈਗ ਬਣਾ ਕੇ ਪਲਾਸਟਿਕ ਦੀ ਵਰਤੋਂ ਘਟਾਉਣ ਦੀ ਸਿੱਖ ਦਿੱਤੀ। ਪਲੇਵੇ ਦੇ ਬੱਚਿਆਂ ਨੇ ਪੇਂਟਿੰਗ ਰਾਹੀਂ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਨੱਚ ਪ੍ਰਦਰਸ਼ਨ ਅਤੇ ਈਕੋ-ਹੀਰੋਜ਼ ਪਰੇਡ ਵੀ ਆਕਰਸ਼ਣ ਦਾ ਕੇਂਦਰ ਰਹੇ। ਐਲਕੇਜੀ ਦੇ ਬੱਚਿਆਂ ਨੇ ਸੁੰਦਰ ਕ੍ਰਾਊਨ ਤਿਆਰ ਕੀਤੇ। ਨਾਲ ਹੀ ਕਾਗਜ਼ ਅਤੇ ਪਾਣੀ ਦੀ ਬਚਤ ਅਤੇ ਸਫਾਈ ਬਾਰੇ ਵਰਕਸ਼ਾਪ ਕਰਵਾਈ ਗਈ, ਜਿਸ ਵਿੱਚ ਮਾਪਿਆਂ ਨੇ ਵੀ ਆਨਲਾਈਨ ਹਿੱਸਾ ਲਿਆ। ਇਸ ਉਪਰਾਲੇ ਨੇ ਇਹ ਦਰਸਾਇਆ ਕਿ ਛੋਟੇ ਕਦਮ ਵੀ ਵੱਡਾ ਬਦਲਾਅ ਲਿਆ ਸਕਦੇ ਹਨ ਅਤੇ ਹਰ ਦਿਨ ਅਰਥ ਡੇ ਵਾਂਗ ਮਨਾਇਆ ਜਾ ਸਕਦਾ ਹੈ।

# ਵਿਰੋਧੀ ਪਾਰਟੀਆਂ ਨੇ ਔਰਤਾਂ ਦੇ ਹੱਕਾਂ ਨਾਲ ਕੀਤਾ ਧੋਖਾ : ਕੇਵਲ ਸਿੰਘ ਢਿੱਲੋਂ



ਬਰਨਾਲਾ, 23 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੰਸਦ ਵਿੱਚ 16 ਅਤੇ 17 ਅਪ੍ਰੈਲ ਨੂੰ ਵਿਰੋਧੀ ਪਾਰਟੀਆਂ ਵੱਲੋਂ ਮਹੱਤਵਪੂਰਨ ਔਰਤਾਂ ਦੇ ਰਾਖਵਾਂਕਰਨ ਬਿੱਲਾਂ ਦੇ ਕੀਤੇ ਗਏ ਵਿਰੋਧ ਦੀ ਸਖ਼ਤ ਨਿਖੇਧੀ ਕੀਤੀ ਹੈ। ਬਰਨਾਲਾ ਵਿਖੇ ਆਪਣੀ ਰਿਹਾਇਸ 'ਤੇ ਪ੍ਰੈਸ ਕਾਨਫਰੰਸ ਕਰਦਿਆਂ ਕੇਵਲ ਢਿੱਲੋਂ ਨੇ ਕਿਹਾ ਕਿ ਕਾਂਗਰਸ, ਸਪਾ, ਟੀਐਮਸੀ ਅਤੇ ਡੀਐਮਕੇ ਵਰਗੀਆਂ ਪਾਰਟੀਆਂ ਨੇ ਦੇਸ਼ ਦੀ ਅੱਧੀ ਆਬਾਦੀ ਦੇ ਹੱਕਾਂ ਨੂੰ ਰੋਕ ਕੇ ਆਪਣੀ ਮਹਿਲਾ ਵਿਰੋਧੀ ਮਾਨਸਿਕਤਾ ਨੂੰ ਪੂਰੀ ਤਰ੍ਹਾਂ ਨੰਗਾ ਕਰ ਦਿੱਤਾ ਹੈ। ਢਿੱਲੋਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਚਾਰਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਔਰਤਾਂ ਨੂੰ ਨੀਤੀ ਘੜਨ ਦੀ ਪ੍ਰਕਿਰਿਆ ਵਿੱਚ ਹਿੱਸੇਦਾਰੀ ਦੇਣਾ ਕੋਈ ਅਹਿਸਾਨ ਨਹੀਂ, ਸਗੋਂ ਉਹਨਾਂ ਦਾ ਕੁਦਰਤੀ ਅਧਿਕਾਰ ਹੈ। ਉਹਨਾਂ ਕਿਹਾ ਕਿ ਜਦੋਂ ਨਾਰੀ ਸ਼ਕਤੀ ਵੰਦਨ ਐਕਟ ਲਿਆਂਦਾ ਗਿਆ ਸੀ, ਉਦੋਂ ਚੋਣਾਂ ਦੇ ਡਰੋਂ ਇਹਨਾਂ ਪਾਰਟੀਆਂ ਨੇ ਮਜਬੂਰੀ ਵਿੱਚ ਸਮਰਥਨ ਕੀਤਾ ਸੀ ਪਰ ਅੱਜ ਜਦੋਂ ਔਰਤਾਂ ਨੂੰ ਅਸਲ ਹੱਕ ਦੇਣ ਦਾ ਸਮਾਂ ਆਇਆ ਤਾਂ ਇਹਨਾਂ ਨੇ ਤਕਨੀਕੀ ਬਹਾਨੇ ਬਣਾ ਕੇ ਇਸ ਦਾ ਵਿਰੋਧ ਕੀਤਾ।ਕੇਵਲ ਸਿੰਘ ਢਿੱਲੋਂ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਹਵਾਲੇ ਨਾਲ ਸਪੱਸ਼ਟ ਕੀਤਾ ਕਿ ਹੱਦਬੰਦੀ (ਪਰਿਸੀਮਨ) ਇੱਕ ਸੰਵਿਧਾਨਕ ਜ਼ਿੰਮੇਵਾਰੀ ਹੈ ਜੋ 'ਇੱਕ ਵਿਅਕਤੀ, ਇੱਕ ਵੋਟ, ਇੱਕ ਮੁੱਲ' ਦੇ ਸਿਧਾਂਤ ਨੂੰ ਮਜ਼ਬੂਤ ਕਰਦੀ ਹੈ। ਉਹਨਾਂ ਕਿਹਾ ਕਿ ਦੱਖਣੀ ਭਾਰਤ ਦੇ ਰਾਜਾਂ ਨੂੰ ਡਰਾ ਕੇ ਦੇਸ਼ ਨੂੰ ਵੰਡਣ ਦੀ ਰਾਜਨੀਤੀ ਕੀਤੀ ਜਾ ਰਹੀ ਹੈ, ਜਦਕਿ ਸੱਚਾਈ ਇਹ ਹੈ ਕਿ ਹੱਦਬੰਦੀ ਤੋਂ ਬਾਅਦ ਦੱਖਣੀ ਭਾਰਤ ਦੀ ਨੁਮਾਇੰਦਗੀ ਸੁਰੱਖਿਅਤ ਰਹੇਗੀ ਅਤੇ ਵਧੇਗੀ।ਉਹਨਾਂ ਅੱਗੇ ਕਿਹਾ ਕਿ ਸਮਾਜਵਾਦੀ ਪਾਰਟੀ ਵਰਗੀਆਂ ਪਾਰਟੀਆਂ ਔਰਤਾਂ ਦੇ ਰਾਖਵੇਂਕਰਨ ਵਿੱਚ ਧਰਮ ਦੇ ਆਧਾਰ 'ਤੇ ਕੋਟੇ ਦੀ ਮੰਗ ਕਰ ਰਹੀਆਂ ਹਨ, ਜੋ ਕਿ ਪੂਰੀ ਤਰ੍ਹਾਂ ਗੈਰ-ਸੰਵਿਧਾਨਕ ਹੈ। ਇਹ ਸਿਰਫ ਵੋਟ ਬੈਂਕ ਅਤੇ ਤੁਸ਼ਟੀਕਰਨ ਦੀ ਰਾਜਨੀਤੀ ਲਈ ਔਰਤਾਂ ਦੇ ਹੱਕਾਂ ਨੂੰ ਲਟਕਾਉਣ ਦੀ ਇੱਕ ਸਾਜ਼ਿਸ਼ ਹੈ। ਢਿੱਲੋਂ ਨੇ ਦੁਹਰਾਇਆ ਕਿ ਭਾਰਤੀ ਜਨਤਾ ਪਾਰਟੀ ਨਾਰੀ ਸਸ਼ਕਤੀਕਰਨ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਹਨਾਂ ਚੇਤਾਵਨੀ ਦਿੱਤੀ ਕਿ ਅੱਜ ਦੀ ਜਾਗਰੂਕ ਨਾਰੀ ਸਭ ਕੁਝ ਸਮਝਦੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਇਹਨਾਂ ਅਹੰਕਾਰੀ ਅਤੇ ਮਹਿਲਾ ਵਿਰੋਧੀ ਤਾਕਤਾਂ ਨੂੰ ਕਰਾਰਾ ਜਵਾਬ ਦੇਵੇਗੀ।

# ਐਲ.ਬੀ.ਐਸ. ਕਾਲਜ ਵਿੱਚ ਵਿਦਾਇਗੀ ਸਮਾਰੋਹ



ਬਰਨਾਲਾ, 23 ਅਪ੍ਰੈਲ (ਹਮੀਰ ਸਿੰਘ) : ਸ਼੍ਰੀ ਐਲ.ਬੀ.ਐਸ ਆਰੀਆ ਮਹਿਲਾ ਕਾਲਜ ਬਰਨਾਲਾ ਵਿੱਚ ਪ੍ਰਿੰਸੀਪਲ ਡਾ. ਸ਼੍ਰੀਮਤੀ ਸੁਸ਼ੀਲ ਬਾਲਾ ਦੀ ਅਗਵਾਈ ਹੇਠ ਅੰਤਿਮ ਸਾਲ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਇੱਕ ਭਾਵੁਕ ਅਤੇ ਉਤਸ਼ਾਹਜਨਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੀ.ਏ., ਬੀ.ਸੀ.ਏ., ਬੀ.ਬੀ.ਏ., ਬੀ.ਕਾਮ, ਐਮ.ਕਾਮ, ਬੀ.ਐਸਸੀ, ਐਮ.ਐਸਸੀ ਆਈ.ਟੀ., ਐਮ.ਐਸਸੀ ਐਫ.ਟੀ., ਐਮ.ਏ ਪੰਜਾਬੀ, ਐਮ.ਏ ਹਿਸਟਰੀ, ਬੀ.ਵਾਕ ਐਸ.ਡੀ., ਬੀ.ਵਾਕ ਐਫ.ਟੀ., ਬੀ.ਵਾਕ ਬਿਊਟੀ ਵੈਲਨੈਸ, ਪੀ.ਜੀ.ਡੀ.ਸੀ.ਏ. ਅਤੇ ਪੀ.ਜੀ ਡਿਪਲੋਮਾ ਇਨ ਕੌਸਮੈਟੋਲੋਜੀ ਆਦਿ ਕੋਰਸਾਂ ਦੇ ਜੂਨੀਅਰ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਪ੍ਰੋਗਰਾਮ ਵਿੱਚ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਦਾ ਵਿਦਿਆਰਥੀਆਂ ਵੱਲੋਂ ਫੁੱਲਾਂ ਦੇ ਗੁਲਦਸਤੇ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਸਾਰੇ ਪ੍ਰੋਫੈਸਰ, ਵਿਦਿਆਰਥੀ ਅਤੇ ਨਾਨ-ਟੀਚਿੰਗ ਸਟਾਫ ਮੈਂਬਰ ਹਾਜ਼ਰ ਸਨ। ਆਪਣੇ ਸੰਬੋਧਨ ਦੌਰਾਨ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਨੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਆਪਣਾ ਕਰੀਅਰ ਬਣਾਉਣ। ਸਮਾਰੋਹ ਵਿੱਚ ਡਾ. ਜਸਵੀਰ ਕੌਰ, ਮੈਡਮ ਮੀਨਾਕਸ਼ੀ, ਮੈਡਮ ਰੁਪਿੰਦਰ ਅਤੇ ਮੈਡਮ ਅਮਨਦੀਪ ਕੌਰ (ਕਾਮਰਸ) ਨੇ ਜੱਜਾਂ ਦੀ ਭੂਮਿਕਾ ਨਿਭਾਈ। ਮੁਕਾਬਲਿਆਂ ਵਿੱਚ ਹਿਮਾਨੀ ਨੂੰ ਮਿਸ ਫੇਅਰਵੈੱਲ, ਨਮਿਤਾ ਸੂਦ ਨੂੰ ਮਿਸ ਚਾਰਮਿੰਗ, ਜਸ਼ਨਪ੍ਰੀਤ ਨੂੰ ਮਿਸ ਕਾਨਫੀਡੈਂਟ ਅਤੇ ਨਤੀਸ਼ਾ ਨੂੰ ਮਿਸ ਸਮਾਈਲ ਦਾ ਖਿਤਾਬ ਦਿੱਤਾ ਗਿਆ। ਇਸ ਤੋਂ ਇਲਾਵਾ ਮਨਪ੍ਰੀਤ ਕੌਰ ਨੂੰ ਦੂਜਾ ਰਨਰ-ਅਪ ਅਤੇ ਹਰਸ਼ਪ੍ਰੀਤ ਕੌਰ ਨੂੰ ਤੀਜਾ ਰਨਰ-ਅਪ ਘੋਸ਼ਿਤ ਕੀਤਾ ਗਿਆ। ਅੰਤ ਵਿੱਚ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸਟੇਜ ਸੈਕਟਰੀ ਦੀ ਭੂਮਿਕਾ ਪੰਜਾਬੀ ਵਿਭਾਗ ਦੇ ਮੁਖੀ ਡਾ. ਜਸਵਿੰਦਰ ਕੌਰ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਹ ਵਿਦਾਇਗੀ ਸਮਾਰੋਹ ਵਿਦਿਆਰਥੀਆਂ ਲਈ ਇੱਕ ਯਾਦਗਾਰ ਮੌਕਾ ਸਾਬਤ ਹੋਇਆ, ਜੋ ਉਨ੍ਹਾਂ ਦੇ ਅਕਾਦਮਿਕ ਅਤੇ ਪੇਸ਼ੇਵਰ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਨਾ ਬਣੇਗਾ।

# ਸਕੈਮਰਾਂ ਦਾ ਨਵਾਂ ਜਾਲ, ਪੰਜਾਬ ਸਰਕਾਰ ਦੀ ਨਸ਼ਾ ਜਨਗਣਨਾ ਨੂੰ ਬਣਾਇਆ ਫਰਾਡ ਦਾ ਜ਼ਰੀਆ



ਬਰਨਾਲਾ, 23 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਰਕਾਰ ਵੱਲੋਂ ਨਸ਼ਿਆ ਵਿਰੁੱਧ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਜਨਗਣਨਾ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ ਜਿਸਦਾ ਫਾਇਦਾ ਹੁਣ ਸਾਈਬਰ ਅਪਰਾਧੀਆਂ ਨੇ ਉਠਾਉਣਾ ਸ਼ੁਰੂ ਕਰ ਦਿੱਤਾ ਹੈ। ਮਹਿੰਦਰ ਪਾਲ ਜ਼ਿਲ੍ਹਾ ਰਿਸੋਰਸ ਪਰਸਨ ਕੰਪਿਊਟਰ ਸਾਇੰਸ ਬਰਨਾਲਾ ਨੇ ਦੱਸਿਆ ਕਿ ਸਾਈਬਰ ਅਪਰਾਧੀਆਂ ਵੱਲੋਂ ਪੰਜਾਬ ਸਰਕਾਰ ਦੀ ਨਸ਼ਾ ਜਨਗਣਨਾ ਤਹਿਤ ਅੱਜ ਵੱਡੀ ਗਿਣਤੀ ਵਿੱਚ ਸਰਕਾਰੀ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਵੱਟਸਐਪ 'ਤੇ ਅਣਪਛਾਤੇ ਨੰਬਰਾਂ ਤੋਂ ਮੈਸੇਜ ਭੇਜ ਕੇ ਜਨਗਣਨਾ ਡਿਊਟੀ ਲਈ ਰਜਿਸਟਰ ਕਰਨ ਲਈ ਲਾਲਚ ਦਿੱਤਾ ਜਾ ਰਿਹਾ ਹੈ ਅਤੇ ਇੱਕ ਫਰਜ਼ੀ ਲਿੰਕ 'ਤੇ ਕਲਿੱਕ ਕਰਕੇ ਕਰਮਚਾਰੀ ਦੀ ਜਾਣਕਾਰੀ ਮੰਗੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਚਲਾਈ ਗਈ ਨਸ਼ਾ ਜਨਗਣਨਾ ਲਈ ਡਿਊਟੀ ਸਵੈ-ਇੱਛਕ ਹੈ ਅਤੇ ਇਸ ਸਬੰਧੀ ਟਰੇਨਿੰਗ ਵੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਅੱਜ ਕੱਲ ਸਾਈਬਰ ਕਰਾਈਮ ਵਾਲਿਆਂ ਨੇ ਲੋਕਾਂ ਨੂੰ ਲੁੱਟਣ ਦਾ ਇੱਕ ਨਵਾਂ ਤਰੀਕਾ ਲੱਭਿਆ ਹੈ। ਇਸ ਲਈ ਸਰਕਾਰੀ ਕਰਮਚਾਰੀਆਂ ਨੂੰ ਕਿਸੇ ਵੀ ਅਣਜਾਣ ਨੰਬਰ ਤੋਂ ਆਏ ਕਿਸੇ ਵੀ ਤਰ੍ਹਾਂ ਦੇ ਫਾਰਮ ਨੂੰ ਖੋਲਣ ਤੋਂ ਬਚਣਾ ਚਾਹੀਦਾ ਹੈ।

# ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਨੇ ਮਨਰੇਗਾ ਵੀ.ਡੀ.ਪੀ. ਨੂੰ ਆਲ ਇੰਡੀਆ ਸਟੇਟ ਗਵਰਨਮੈਂਟ ਪੈਨਸ਼ਨਰਜ਼ ਫੈਡਰੇਸ਼ਨ ਦਾ ਮੈਂਬਰ ਬਣਾਇਆ



ਬਰਨਾਲਾ, 23 ਅਪ੍ਰੈਲ (ਹਮੀਰ ਸਿੰਘ) : ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ:) ਜ਼ਿਲ੍ਹਾ ਬਰਨਾਲਾ ਦੇ ਪੈਨਸ਼ਨਰ ਭਵਨ ਵਿੱਚ ਸ੍ਰੀ ਬਖ਼ਸ਼ੀਸ਼ ਸਿੰਘ ਜ਼ਿਲ੍ਹਾ ਪ੍ਰਧਾਨ ਤੇ ਵਰਕਿੰਗ ਪ੍ਰਧਾਨ ਪ੍ਰਿੰਸੀਪਲ ਕੌਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਤੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਦੀ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੇ ਏਜੰਡੇ ਵਿੱਚ 22 ਅਪ੍ਰੈਲ 2025 ਨੂੰ ਹੋਈ ਕਮੇਟੀ ਦੇ ਪਹਿਲੇ ਪ੍ਰੋਗਰਾਮ ਵਿੱਚ ਸਾਰੇ ਸਮਾਗਮ ਦਾ ਅੰਤਿਮ ਫੈਸਲਾ ਕੀਤਾ ਗਿਆ ਅਤੇ 26 ਭਾਗੀਦਾਰਾਂ ਨੂੰ ਅਹੁਦਿਆਂ 'ਤੇ ਨਿਯੁਕਤ ਕੀਤਾ ਗਿਆ। ਮੀਟਿੰਗ ਵਿੱਚ ਦਰਸ਼ਨ ਸਿੰਘ ਪੰਡੋਰੀ ਯੂਨਿਟ ਪ੍ਰਧਾਨ, ਸੁਰਿੰਦਰ ਸ਼ਰਮਾ ਜਨਰਲ ਸਕੱਤਰ ਮਹਿਲ ਕਲਾ, ਗੁਰਜੰਟ ਸਿੰਘ ਕੈਰੇ, ਜਗਵੰਤ ਸਿੰਘ, ਸੁਖਦੇਵ ਸਿੰਘ ਜੋਧਪੁਰ ਨੇ ਪੰਜਾਬ ਸਰਕਾਰ ਵੱਲੋਂ ਮਾਨਰੇਗਾ ਪਾਸੇ ਅਤੇ ਹਰਿਆਣਾ ਵੱਲੋਂ ਕੀਤੇ ਜਾ ਰਹੇ ਅਨਿਆਂ ਬਾਰੇ ਵੀ ਚਰਚਾ ਕੀਤੀ। ਮੀਟਿੰਗ ਦੌਰਾਨ ਇਹ ਵੀ ਫੈਸਲਾ ਲਿਆ ਗਿਆ ਕਿ ਪੈਨਸ਼ਨਰਾਂ ਦੇ ਹੱਕ ਵਿੱਚ 16 ਅਪ੍ਰੈਲ ਨੂੰ ਕੀਤੀਆਂ ਗਈਆਂ ਕਿਰਿਆਵਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਅਤੇ ਫੈਡਰੇਸ਼ਨ ਵੱਲੋਂ ਦਿੱਤੇ ਗਏ ਨਿਰਦੇਸ਼ਾਂ ਨੂੰ ਲਾਗੂ ਕੀਤਾ ਜਾਵੇ। ਜ਼ਿਲ੍ਹਾ ਜਨਰਲ ਸਕੱਤਰ ਮਨੋਹਰ ਲਾਲ ਅਰੋੜਾ ਨੇ ਦੱਸਿਆ ਕਿ 17 ਅਪ੍ਰੈਲ ਦੀ ਮੀਟਿੰਗ ਵਿੱਚ ਮੰਤਰੀ ਵਰਗ ਦੇ ਫੈਸਲੇ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਇਹ ਵੀ ਕਿਹਾ ਗਿਆ ਕਿ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦਾ ਰੋਲ ਬਹੁਤ ਮਹੱਤਵਪੂਰਨ ਹੈ। ਮਨੋਹਰ ਲਾਲ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਹੋਇਆ ਹੈ। 2016 ਤੋਂ ਪਹਿਲਾਂ ਵਾਲੇ ਮੁਤਾਬਕ ਪੈਨਸ਼ਨ 2.4495 ਦਾ ਗੁਣਾ ਲੱਗਦਾ ਸੀ, ਪਰ 2016 ਤੋਂ ਬਾਅਦ 2.59 ਦਾ ਗੁਣਾ ਲਾਗੂ ਨਹੀਂ ਕੀਤਾ ਗਿਆ। ਇਸ ਨਾਲ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ ਅਤੇ ਉਹ ਆਪਣੇ ਹੱਕਾਂ ਲਈ ਲੜਾਈ ਜਾਰੀ ਰੱਖਣਗੇ। ਮੀਟਿੰਗ ਦੇ ਅੰਤ ਵਿੱਚ ਸਾਰੇ ਪੈਨਸ਼ਨਰਾਂ ਨੇ ਇਕੱਠੇ ਹੋ ਕੇ ਆਪਣੇ ਹੱਕਾਂ ਲਈ ਅਵਾਜ਼ ਬੁਲੰਦ ਕਰਨ ਦਾ ਫੈਸਲਾ ਕੀਤਾ। ਇਸ ਮੌਕੇ ਹੋਰ ਹਾਜ਼ਰ ਮੈਂਬਰਾਂ ਵਿੱਚ ਪ੍ਰਵੀਨ ਬਾਤਸ਼, ਹੰਸ ਰਾਜ, ਸਰੂਪ ਰਾਮ, ਅਸ਼ੋਕ ਗੁਪਤਾ, ਜਗਰੂਪ ਸਿੰਘ ਛੰਨਾ, ਨਾਥ ਸਿੰਘ, ਮੇਜਰ ਸਿੰਘ, ਹਰਚਰਨ ਸਿੰਘ, ਸਤੀਸ਼ ਕੁਮਾਰ ਕਾਨੂੰਗੋ, ਚਮਕੌਰ ਸਿੰਘ ਲੈਕਚਰਾਰ, ਹੀਰਾ ਲਾਲ, ਅਸ਼ੋਕ ਕੁਮਾਰ, ਦਰਬਾਰਾ ਸਿੰਘ ਜੰਗਲਾਤ, ਗੁਰਨਾਮ ਸਿੰਘ, ਟਹਿਲ ਸਿੰਘ, ਹਾਕਮ ਸਿੰਘ, ਹਰਪਾਲ ਸਿੰਘ, ਦਰਸ਼ਨ ਪੂਹਲਾ, ਕੌਰ ਸਿੰਘ, ਕੈਲਾਸ਼ ਸਿੰਘ, ਸੁਰਜਨ ਸਿੰਘ, ਬਿੱਕਰ ਸਿੰਘ, ਸ਼ਿੰਦਰ ਕੋਟਦੂਟਾ, ਹਰਬੰਸ ਭੋਤਨਾ ਆਦਿ ਬਹੁਤ ਸਾਰੇ ਪੈਨਸ਼ਨਰ ਸ਼ਾਮਿਲ ਸਨ।

# ਸ਼ਹਿਣਾ ਦੇ ਖੇਡ ਸਟੇਡੀਅਮ 'ਚ ਕੋਚ ਦੀ ਮੌਜ-ਮਸਤੀ, ਖੇਡ ਵਿਭਾਗ ਵੱਲੋਂ ਜਾਂਚ ਦੇ ਹੁਕਮ




ਭਦੌੜ, 23 ਅਪ੍ਰੈਲ (ਸੁਖਵਿੰਦਰ ਪਲਾਹਾ) : ਪਿੰਡ ਸ਼ਹਿਣਾ ਦੇ ਸਰਕਾਰੀ ਖੇਡ ਸਟੇਡੀਅਮ ਵਿੱਚ ਤਾਇਨਾਤ ਇੱਕ ਐਥਲੈਟਿਕ ਕੋਚ ਵੱਲੋਂ ਆਪਣੀ ਡਿਊਟੀ ਪ੍ਰਤੀ ਵਰਤੀ ਜਾ ਰਹੀ ਕਥਿਤ ਲਾਪਰਵਾਹੀ ਅਤੇ ਮਨਮਾਨੀਆਂ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਕਾਰਨ ਪਿੰਡ ਵਾਸੀਆਂ ਅਤੇ ਖਿਡਾਰੀਆਂ ਦੇ ਮਾਪਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਵਾਸੀਆਂ ਗੁਰਮੇਲ ਸਿੰਘ, ਜਗਤਾਰ ਸਿੰਘ, ਅਵਤਾਰ ਸਿੰਘ, ਜੋਗਿੰਦਰ ਸਿੰਘ ਫੌਜੀ, ਵਿੱਕੀ ਬੰਸਲ, ਰਾਜਨ ਮਾਸਟਰ, ਗੁਰਲਾਲ ਸਿੰਘ ਫੌਜੀ ਅਤੇ ਗੋਰਾ ਬਾਵਾ ਨੇ ਗੰਭੀਰ ਦੋਸ਼ ਲਾਉਂਦਿਆਂ ਦੱਸਿਆ ਕਿ ਸਰਕਾਰ ਵੱਲੋਂ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਭੇਜਿਆ ਗਿਆ ਕੋਚ ਅਜੇ ਕੰਬੋਜ ਸਟੇਡੀਅਮ ਵਿੱਚ ਟ੍ਰੇਨਿੰਗ ਦੇਣ ਦੀ ਬਜਾਏ ਫਰਲੋ ਮਾਰਨ ਵਿੱਚ ਜ਼ਿਆਦਾ ਵਿਸ਼ਵਾਸ ਰੱਖਦਾ ਹੈ। ਪਿੰਡ ਵਾਸੀਆਂ ਅਨੁਸਾਰ ਇਹ ਕੋਚ ਸਟੇਡੀਅਮ ਵਿੱਚ ਕਦੇ-ਕਦਾਈਂ ਹੀ ਨਜ਼ਰ ਆਉਂਦਾ ਹੈ ਅਤੇ ਜਦੋਂ ਮਨ ਚਾਹੇ ਆਉਂਦਾ ਹੈ ਤੇ ਆਪਣੀ ਮਰਜ਼ੀ ਨਾਲ ਚਲਿਆ ਜਾਂਦਾ ਹੈ, ਜਿਸ ਕਾਰਨ ਪਿੰਡ ਦੇ ਬੱਚਿਆਂ ਦੀ ਖੇਡ ਪ੍ਰੈਕਟਿਸ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਜ਼ਿਲ੍ਹਾ ਇੰਚਾਰਜ ਅਨੁਸਾਰ ਇੱਕ ਸਰਕਾਰੀ ਕੋਚ ਸਵੇਰੇ ਅਤੇ ਸ਼ਾਮ ਮਿਲਾ ਕੇ ਕੁੱਲ ਪੰਜ ਘੰਟੇ ਬੱਚਿਆਂ ਨੂੰ ਮੈਦਾਨ ਵਿੱਚ ਟ੍ਰੇਨਿੰਗ ਦੇਣ ਲਈ ਪਾਬੰਦ ਹੁੰਦਾ ਹੈ। ਦੂਜੇ ਪਾਸੇ ਸੰਬੰਧਿਤ ਕੋਚ ਅਜੇ ਕੰਬੋਜ ਨੇ ਆਪਣੇ ਪੱਖ ਵਿੱਚ ਗੱਲ ਕਰਦਿਆਂ ਕਿਹਾ ਕਿ ਉਹ ਸ਼ਾਮ 4 ਵਜੇ ਤੋਂ ਸਾਢੇ 5 ਵਜੇ ਤੱਕ ਡਿਊਟੀ ਕਰਨ ਲਈ ਪਾਬੰਦ ਹੈ ਅਤੇ ਉਹ ਆਪਣੀ ਜ਼ਿੰਮੇਵਾਰੀ ਨਿਭਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਸ ਪੂਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਵਾਈ ਜਾ ਰਹੀ ਹੈ ਅਤੇ ਦੋਸ਼ੀ ਪਾਏ ਜਾਣ 'ਤੇ ਉਕਤ ਕੋਚ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਉਸ ਖ਼ਿਲਾਫ਼ ਸਖ਼ਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਸਰਕਾਰੀ ਤੰਤਰ ਵਿੱਚ ਜਵਾਬਦੇਹੀ ਤੈਅ ਕੀਤੀ ਜਾ ਸਕੇ। ਪਿੰਡ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਜਿਹੇ ਗੈਰ-ਜ਼ਿੰਮੇਵਾਰ ਮੁਲਾਜ਼ਮਾਂ ਕਾਰਨ ਬੱਚਿਆਂ ਦਾ ਖੇਡ ਕਰੀਅਰ ਬਰਬਾਦ ਹੋ ਰਿਹਾ ਹੈ, ਜਿਸ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ।

# ਸਬ ਡਵੀਜ਼ਨ ਹਸਪਤਾਲ ਤਪਾ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ




ਤਪਾ ਮੰਡੀ, 23 ਅਪ੍ਰੈਲ (ਰਾਜੂ ਮਹਿਰਾ) : ਹਰ ਸਾਲ 22 ਅਪ੍ਰੈਲ ਨੂੰ ਵਿਸ਼ਵ ਧਰਤੀ ਦਿਵਸ ਮਨਾਇਆ ਜਾਂਦਾ ਹੈ। ਧਰਤੀ ਦਿਵਸ ਕੁਦਰਤ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਮੈਡੀਕਲ ਅਫਸਰ ਡਾ. ਕੰਵਲਜੀਤ ਸਿੰਘ ਬਾਜਵਾ ਨੇ ਸਥਾਨਕ ਸਬ ਡਵੀਜ਼ਨਲ ਹਸਪਤਾਲ ਵਿਖੇ ਵਿਸ਼ਵ ਧਰਤੀ ਦਿਵਸ ਮੌਕੇ ਚਾਰਟ ਬਣਾਉਣ ਦੇ ਮੁਕਾਬਲੇ 'ਚੋਂ ਅਵੱਲ ਆਉਣ ਵਾਲੀ ਕੁੜੀ ਨੂੰ ਸਨਮਾਨਿਤ ਕਰਦਿਆਂ ਕੀਤਾ। ਡਾ. ਬਾਜਵਾ ਨੇ ਕਿਹਾ ਕਿ ਸਮੇਂ ਦੇ ਨਾਲ ਨਵੀਆਂ ਚੁਣੌਤੀਆਂ ਦੇ ਵਿਚਕਾਰ ਵਾਤਾਵਰਣ ਅਤੇ ਧਰਤੀ ਨੂੰ ਬਚਾਉਣ ਦੀ ਲੋੜ ਹੈ। ਧਰਤੀ ਦਿਵਸ ਦੀ ਭੂਮਿਕਾ ਹੋਰ ਵੀ ਅਹਿਮ ਹੋ ਜਾਂਦੀ ਹੈ ਤਾਂ ਜੋ ਵਿਕਾਸ ਦੀ ਦੌੜ ਵਿੱਚ ਵਾਤਾਵਰਨ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਧੁੰਦਲੀ ਨਾ ਹੋ ਜਾਵੇ। ਉਨ੍ਹਾਂ ਕਿਹਾ ਕਿ ਹਾਲਾਂਕਿ, ਕੁਦਰਤ ਨੂੰ ਬਚਾਉਣ ਵਿੱਚ ਬਹੁਤ ਸਾਰੀਆਂ ਚੁਣੌਤੀਆਂ ਹਨ। ਇਨ੍ਹਾਂ ਵਿੱਚ ਤੇਜ਼ੀ ਨਾਲ ਆਬਾਦੀ ਦਾ ਵਾਧਾ, ਮਿੱਟੀ ਦੀ ਕਟੌਤੀ, ਜਲ ਪ੍ਰਦੂਸ਼ਣ, ਜੰਗਲਾਂ ਦੀ ਕਟਾਈ ਵਰਗੀਆਂ ਚੁਣੌਤੀਆਂ ਮੁੱਖ ਹਨ। ਉਨ੍ਹਾਂ ਕਿਹਾ ਕਿ ਕਾਫੀ ਮਨੁੱਖੀ ਕਿਰਿਆਵਾਂ ਵਾਤਾਵਰਨ ਨੂੰ ਨੁਕਸਾਨ ਪਹੁੰਚਾਉਣ ਦਾ ਕਾਰਨ ਹਨ। ਸਾਡੀ ਧਰਤੀ ਨੂੰ ਕਿਹੜੇ ਕਾਰਨਾਂ ਨਾਲ ਨੁਕਸਾਨ ਹੋ ਰਿਹਾ ਹੈ ਅਤੇ ਇਸ ਨੂੰ ਕਿਵੇਂ ਘਟਾਇਆ ਜਾ ਸਕਦਾ ਹੈ, ਇਸ ਬਾਰੇ ਜਾਣਨ ਲਈ ਜਾਗਰੂਕਤਾ ਜ਼ਰੂਰੀ ਹੈ। ਇਸ ਮੌਕੇ ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਨੇ ਕਿਹਾ ਕਿ ਹਰ ਸਾਲ ਧਰਤੀ ਦਿਵਸ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਵੱਖ-ਵੱਖ ਥੀਮਾਂ ਨਾਲ ਮਨਾਇਆ ਜਾਂਦਾ ਹੈ। ਧਰਤੀ ਦਿਵਸ 2026 ਦਾ ਥੀਮ 'ਸਾਡੀ ਸ਼ਕਤੀ, ਸਾਡਾ ਗ੍ਰਹਿ' ਹੈ। ਇਹ ਥੀਮ ਨਵਿਆਉਣਯੋਗ ਊਰਜਾ ਵੱਲ ਤਬਦੀਲੀ ਨੂੰ ਤੇਜ਼ ਕਰਨ ਅਤੇ ਵਿਅਕਤੀਗਤ ਅਤੇ ਭਾਈਚਾਰਿਆਂ ਨੂੰ ਵਾਤਾਵਰਣ ਸਥਿਰਤਾ ਲਈ ਸਮੂਹਿਕ ਕਾਰਵਾਈ ਕਰਨ ਲਈ ਸ਼ਕਤੀ ਪ੍ਰਦਾਨ ਕਰਨ 'ਤੇ ਜ਼ੋਰ ਦਿੰਦਾ ਹੈ। ਇਹ ਇਸ ਗੱਲ ਨੂੰ ਉਜਾਗਰ ਕਰਦਾ ਹੈ ਕਿ ਵਾਤਾਵਰਣ ਤਰੱਕੀ ਲਈ ਭਾਈਚਾਰਕ ਕਾਰਵਾਈ ਬਹੁਤ ਮਹੱਤਵਪੂਰਨ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਗੁਰਸਿਮਰਨਜੀਤ ਸਿੰਘ, ਡਾ. ਬਾਂਕੇ ਬਿਹਾਰੀ, ਐਸ. ਆਈ ਰਣਜੀਵ ਕੁਮਾਰ, ਮ.ਪ.ਹ.ਵ ਮਨਪ੍ਰੀਤ ਸ਼ਰਮਾ, ਗਗਨਦੀਪ ਸਿੰਘ, ਅਵਤਾਰ ਸਿੰਘ ਨਰਸਿੰਗ ਵਿਦਿਆਰਥੀ ਆਦਿ ਹਾਜਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਲੋਕਾਂ 'ਚ ਬਣੀ ਖਿੱਚ ਦਾ ਕੇਂਦਰ



ਬਰਨਾਲਾ, 23 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਚ ਬਰਨਾਲਾ ਹਲਕੇ ਤੋਂ ਲਗਭਗ ਦੋ ਹਜ਼ਾਰ ਸ਼ਰਧਾਲੂ ਮੁੱਖ ਮੰਤਰੀ ਤੀਰਥ ਯਾਤਰਾ ਕਰ ਚੁੱਕੇ ਹਨ। ਆਮ ਆਦਮੀ ਪਾਰਟੀ ਦੇ ਹਲਕਾ ਬਰਨਾਲਾ ਦੇ ਸੋਸ਼ਲ ਮੀਡੀਆ ਇੰਚਾਰਜ ਸੁਖਪਾਲ ਸਿੰਘ ਭੂਰੇ ਅਤੇ ਈ ਐਮ ਟੀ ਟੀਮ ਦੇ ਮੈਨੇਜਰ ਸੁਖਪਾਲ ਸਿੰਘ ਹਥਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂਆਂ ਅਤੇ ਪੀਰਾਂ ਦੀ ਧਰਤੀ ਪੰਜਾਬ ਦੇ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਲੋਕਾਂ ਚ ਖਿੱਚ ਦਾ ਕੇਂਦਰ ਬਣ ਚੁੱਕੀ ਹੈ। ਯਾਤਰੀਆਂ ਦੀ ਸੁਵਿਧਾ ਦਾ ਧਿਆਨ ਰੱਖਣ ਲਈ ਇੱਕ ਸਹਾਇਕ ਵੀ ਨਾਲ ਹੁੰਦਾ ਹੈ। ਰਜਿਸਟਰੇਸ਼ਨ ਲਈ ਵੋਟਰ ਕਾਰਡ ਜ਼ਰੂਰੀ ਹੈ??। ਮੁਫ਼ਤ ਏ ਸੀ ਬਸਾਂ ਅਤੇ ਸੰਗਤ ਦੇ ਰਹਿਣ ਲਈ ਏ ਸੀ ਕਮਰਿਆਂ, ਭੋਜਨ ਅਤੇ ਪਾਣੀ ਦਾ ਵਧੀਆ ਪ੍ਰਬੰਧ ਕੀਤਾ ਜਾਂਦਾ ਹੈ। ਯਾਤਰਾ ਦੌਰਾਨ ਇੱਕ ਡਾਕਟਰੀ ਟੀਮ ਵੀ ਨਾਲ ਜਾਂਦੀ ਹੈ ਤਾਂ ਜੋ ਕਿਸੇ ਯਾਤਰੀ ਦੇ ਬੀਮਾਰ ਹੋਣ ਦੀ ਹਾਲਤ ਚ ਡਾਕਟਰੀ ਸਹੂਲਤ ਦਿੱਤੀ ਜਾ ਸਕੇ। ਇਸ ਦੌਰਾਨ ਯਾਤਰਾ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਅਤੇ ਸਿਵਲ ਸੋਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ, ਰਾਜੇਸ਼ ਭੂਟਾਨੀ, ਸੰਜੀਵ ਕੁਮਾਰ ਸੰਜੂ, ਹਰਮਨਜੀਤ ਸਿੰਘ ਰੁਪਾਲ ਅਤੇ ਮਹਿੰਦਰ ਪਾਲ ਗਰਗ ਨੇ ਕਿਹਾ ਕਿ ਵਾਰਡ ਨੰਬਰ 9 ਦੀ ਕ੍ਰਿਸ਼ਨਾ ਗਲੀ ਅਤੇ ਆਸ ਪਾਸ ਦੇ ਇਲਾਕੇ ਦੇ ਸ਼ਰਧਾਲੂਆਂ ਦੀ ਇੱਕ ਬਸ 22 ਮਈ ਨੂੰ ਤੀਰਥ ਯਾਤਰਾ ਤੇ ਰਵਾਨਾ ਹੋਵੇਗੀ। ਤੀਰਥ ਯਾਤਰਾ ਤੇ ਜਾਣ ਦੇ ਚਾਹਵਾਨ ਆਪਣੀ ਰਜਿਸਟਰੇਸ਼ਨ ਕਰਾਉਣ ਲਈ ਸੰਪਰਕ ਕਰ ਸਕਦੇ ਹਨ।

# ਥਾਣਾ ਮੁਖੀ ਨੇ ਸਕੂਲੀ ਬੱਚਿਆਂ ਨੂੰ ਟ੍ਰੈਫ਼ਿਕ ਨਿਯਮਾਂ ਸਬੰਧੀ ਕੀਤਾ ਜਾਗਰੂਕ



ਤਪਾ ਮੰਡੀ, 23 ਅਪ੍ਰੈਲ (ਰਾਜੂ ਮਹਿਰਾ) : ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਿਰ ਤਪਾ ਵਿਖੇ ਸਕੂਲੀ ਬੱਚਿਆਂ ਨੂੰ ਟਰੈਫਿਕ ਨਿਯਮਾਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕਰਨ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਮੁੱਖ ਮਹਿਮਾਨ ਵਜੋਂ ਥਾਣਾ ਤਪਾ ਦੀ ਮੁਖੀ ਇੰਸਪੈਕਟਰ ਮੈਡਮ ਨਵਦੀਪ ਕੌਰ ਅਤੇ ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸਮੂਲੀਅਤ ਕੀਤੀ। ਇਸ ਸੈਮੀਨਾਰ ਵਿਚ ਅਧਿਆਪਕਾਂ ਅਤੇ ਵਿਦਿਆਰਥੀਆਂ ਅਤੇ ਬੱਸ ਡਰਾਈਵਰਾਂ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ, ਵਾਤਾਵਰਣ ਦੀ ਸੁਰੱਖਿਅਤ ਬਾਰੇ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਸਕੂਲ ਦੇ ਅੰਦਰ ਏਜ ਬੱਚਿਆਂ ਨੂੰ ਕੋਈ ਵੀ ਵਾਹਨ ਨਾ ਚਲਾਉਣ ਸਬੰਧੀ ਹਦਾਇਤ ਕੀਤੀ ਤੇ 18 ਸਾਲ ਤਕ ਦੇ ਬੱਚਿਆਂ ਲਈ ਬਿਨਾਂ ਲਾਇਸੈਂਸ ਕੋਈ ਵੀ ਵਾਹਨ ਨਾ ਚਲਾਉਣ ਲਈ ਕਿਹਾ ਅਤੇ ਨਾਲ ਹੀ ਸਾਈਬਰ ਕ੍ਰਾਈਮ ਸਬੰਧੀ ਵੀ ਜਾਣਕਾਰੀ ਦਿੱਤੀ। ਇਸ ਦੇ ਨਾਲ ਦੋ ਪਹੀਆ ਵਾਹਨ 'ਤੇ ਹੈਲਮਟ ਪਾਉਣ ਬਾਰੇ, ਵਾਹਨਾਂ ਨੂੰ ਸੜਕ 'ਤੇ ਖੜਾ ਕਰਨ ਦੀ ਬਜਾਏ ਸਹੀ ਪਾਰਕਿੰਗ ਕਰਨ ਬਾਰੇ, ਖੱਬੇ-ਸੱਜੇ ਮੁੜਨ ਵੇਲੇ ਇੰਡੀਕੇਟਰ ਦੀ ਵਰਤੋਂ ਬਾਰੇ, ਬਾਰਿਸ਼ ਦੇ ਦਿਨਾਂ 'ਚ ਇਕ ਵਹੀਕਲ ਤੋਂ ਦੂਜੇ ਵਹੀਕਲ ਦਰਮਿਆਨ ਦੂਰੀ ਬਣਾ ਕੇ ਚੱਲਣ ਬਾਰੇ, ਲਾਲ ਬੱਤੀ ਦੀ ਉਲੰਘਣਾ ਨਾ ਕਰਨ ਬਾਰੇ, ਕਿਸੇ ਵੀ ਤਰ੍ਹਾਂ ਦਾ ਨਸ਼ਾ ਕਰਕੇ ਕੋਈ ਵੀ ਵਾਹਨ ਨਾ ਚਲਾਉਣ ਬਾਰੇ, ਬੁਲਟ ਮੋਟਰਸਾਇਕਲ 'ਤੇ ਪਟਾਕੇ ਨਾ ਮਾਰਨ ਦੀ ਅਪੀਲ ਕੀਤੀ। ਅੰਤ ਵਿਚ ਸਕੂਲ ਪ੍ਰਿੰਸੀਪਲ ਮੈਡਮ ਅਨੁਪਮਾ ਸ਼ਰਮਾ ਨੇ ਥਾਣਾ ਮੁਖੀ ਮੈਡਮ ਨਵਦੀਪ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਣ, ਜ਼ਖਮੀ ਦੀ ਸਹਾਇਤਾ ਕਰਨ ਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਹਾਇਕ ਥਾਣੇਦਾਰ ਹਰਵਿੰਦਰਪਾਲ ਸਿੰਘ, ਸਹਾਇਕ ਥਾਣੇਦਾਰ ਗੁਰਪਿਆਰ ਸਿੰਘ, ਮੁੱਖ ਮੁਨਸ਼ੀ ਮੈਡਮ ਜਸਬੀਰ ਕੌਰ ਤੋਂ ਇਲਾਵਾ ਸਕੂਲ ਦੇ ਸੱਤਪਾਲ ਗੋਇਲ (ਕੇ.ਕੇ ਲੈਬ), ਡਾ: ਅਮਿਤ ਕੁਮਾਰ, ਰਿੰਕੂ ਸਿੰਗਲਾ ਪ੍ਰਿੰਸੀਪਲ ਮੈਡਮ ਅਨੁਪਮਾ ਸ਼ਰਮਾ ਆਦਿ ਮੌਜੂਦ ਸਨ।

# ਨਗਰ ਕੌਂਸਲ ਭਦੌੜ ਦੇ ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ ਵਿੱਚ ਲੱਗੇ ਗੰਦਗੀ ਦੇ ਵੱਡੇ- ਵੱਡੇ ਢੇਰ



ਭਦੌੜ, 23 ਅਪ੍ਰੈਲ (ਸੁਖਵਿੰਦਰ ਪਲਾਹਾ) : ਨਗਰ ਕੌਂਸਲ ਭਦੌੜ ਦੇ ਸਫ਼ਾਈ ਸੇਵਕਾਂ ਨੂੰ ਪਿਛਲੇ 3-4 ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਉਨ੍ਹਾਂ ਦਾ ਗੁੱਸਾ ਫੁੱਟ ਪਿਆ ਹੈ ਅਤੇ ਉਨ੍ਹਾਂ ਨੇ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ ਹੈ। ਇਸ ਹੜਤਾਲ ਕਾਰਨ ਨਗਰ ਕੌਂਸਲ ਦੇ ਮੁੱਖ ਗੇਟ ਸਮੇਤ ਪੂਰੇ ਸ਼ਹਿਰ ਵਿੱਚ ਕੂੜੇ ਦੇ ਵੱਡੇ-ਵੱਡੇ ਢੇਰ ਲੱਗਣੇ ਸ਼ੁਰੂ ਹੋ ਗਏ ਹਨ, ਜਿਸ ਨਾਲ ਸ਼ਹਿਰ ਦੀ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਚਰਮਰਾ ਗਈ ਹੈ। ਹੜਤਾਲ 'ਤੇ ਬੈਠੇ ਸਫ਼ਾਈ ਸੇਵਕ ਜਸਵੀਰ ਸਿੰਘ, ਬਲਵੀਰ ਸਿੰਘ, ਮੋਹਨ ਲਾਲ, ਪ੍ਰਦੀਪ ਕੁਮਾਰ, ਸੰਜੀਵ ਕੁਮਾਰ, ਮੰਗਲ ਸਿੰਘ ਅਤੇ ਰਮੇਸ਼ ਕੁਮਾਰ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਨਗਰ ਕੌਂਸਲ ਪ੍ਰਸ਼ਾਸਨ ਦੀ ਅਣਦੇਖੀ ਕਾਰਨ ਉਨ੍ਹਾਂ ਨੂੰ ਹਰ ਵਾਰ 4-5 ਮਹੀਨਿਆਂ ਤੱਕ ਤਨਖਾਹ ਲਈ ਇੰਤਜ਼ਾਰ ਕਰਨਾ ਪੈਂਦਾ ਹੈ। ਇਸ ਸਬੰਧੀ ਜਦੋਂ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਹਰਪ੍ਰੀਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕਾਂ ਦੀਆਂ ਰੁਕੀਆਂ ਹੋਈਆਂ ਤਨਖਾਹਾਂ ਜਲਦੀ ਹੀ ਜਾਰੀ ਕਰ ਦਿੱਤੀਆਂ ਜਾਣਗੀਆਂ ਅਤੇ ਪ੍ਰਸ਼ਾਸਨ ਇਸ ਮਾਮਲੇ ਨੂੰ ਤਰਜੀਹੀ ਆਧਾਰ 'ਤੇ ਹੱਲ ਕਰ ਰਿਹਾ ਹੈ, ਤਾਂ ਜੋ ਕਿਸੇ ਵੀ ਸ਼ਹਿਰ ਨਿਵਾਸੀ ਨੂੰ ਗੰਦਗੀ ਜਾਂ ਹੋਰ ਕਿਸੇ ਕਿਸਮ ਦੀ ਦਿੱਕਤ ਅਤੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇੱਥੇ ਜ਼ਿਕਰਯੋਗ ਹੈ ਕਿ ਪੰਜਾਬ ਦੀਆਂ ਨਗਰ ਕੌਂਸਲਾਂ ਦਾ ਕਾਰਜਕਾਲ ਪੂਰਾ ਹੋ ਚੁੱਕਿਆ ਹੈ ਅਤੇ ਜਿਸ ਦਿਨ ਤੋਂ ਨਗਰ ਕੌਂਸਲ ਭਦੌੜ ਭੰਗ ਹੋਈ ਹੈ ਉਸ ਦਿਨ ਤੋਂ ਹੀ ਸ਼ਹਿਰ ਅੰਦਰ ਗੰਦਗੀ ਦੇ ਵੱਡੇ-ਵੱਡੇ ਢੇਰ ਲੱਗ ਚੁੱਕੇ ਹਨ ਕਿਉਂਕਿ ਨਗਰ ਕੌਂਸਲ ਭਦੌੜ ਦੇ ਸਾਬਕਾ ਪ੍ਰਧਾਨ ਮਨੀਸ਼ ਕੁਮਾਰ ਗਰਗ ਸਫਾਈ ਸੇਵਕਾਂ ਨਾਲ ਵਧੀਆ ਤਾਲਮੇਲ ਰੱਖਦੇ ਸਨ ਅਤੇ ਉਹਨਾਂ ਦੀਆਂ ਤਨਖਾਹਾਂ ਨਿਰਵਿਘਨ ਉਹਨਾਂ ਦੇ ਖਾਤਿਆਂ ਵਿੱਚ ਪਵਾਉਂਦੇ ਰਹਿੰਦੇ ਸਨ ਜਿਸ ਕਾਰਨ ਸ਼ਹਿਰ ਵਿੱਚ ਕਦੇ ਵੀ ਗੰਦਗੀ ਦੇ ਢੇਰ ਨਹੀਂ ਲੱਗੇ ਸਨ ਅਤੇ ਸ਼ਹਿਰ ਬਿਲਕੁਲ ਸਾਫ਼ ਸੁਥਰਾ ਰਹਿੰਦਾ ਸੀ।



# ਪਟਿਆਲਾ-ਆਸ/ਪਾਸ



## ਪੀ.ਆਰ.ਟੀ.ਸੀ. ਦੀ ਕਾਰਗੁਜ਼ਾਰੀ 'ਚ ਹੋਰ ਸੁਧਾਰ ਲਈ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਇੰਸਪੈਕਟਰਾਂ ਨਾਲ ਮੀਟਿੰਗ

**➢ਸਵਾਰੀਆਂ ਨੂੰ ਵਧੀਆਂ ਸਫ਼ਰ ਸਹੂਲਤ ਮੁਹੱਈਆ ਕਰਵਾਉਣ ਲਈ ਨਵੀਆਂ ਬੱਸਾਂ ਨੂੰ ਬੰਦ ਪਏ ਰੂਟਾਂ 'ਤੇ ਚਲਾਇਆ : ਹਰਪਾਲ ਜੁਨੇਜਾ**

ਪਟਿਆਲਾ, 23 ਅਪ੍ਰੈਲ (ਰੁਪਾਣਾ) : ਪੀ.ਆਰ.ਟੀ.ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪੀ.ਆਰ.ਟੀ.ਸੀ. ਦੀ ਤਰੱਕੀ ਤੇ ਬੇਹਤਰੀ ਅਤੇ ਆਮ ਜਨਤਾ ਨੂੰ ਵਧੀਆ ਸਫ਼ਰ ਸਹੂਲਤ ਮੁਹੱਈਆ ਕਰਵਾਉਣ ਲਈ ਡਿੱਪੂਆਂ ਦੇ ਡਿਊਟੀ ਇੰਸਪੈਕਟਰਾਂ ਅਤੇ ਟਾਈਮ ਟੇਬਲ ਇੰਸਪੈਕਟਰਾਂ ਨਾਲ ਮੀਟਿੰਗ ਕੀਤੀ।



ਚੇਅਰਮੈਨ ਐਡਵੋਕੇਟ ਜੁਨੇਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ ਮੀਟਿੰਗ ਦੌਰਾਨ ਪੀ.ਆਰ.ਟੀ.ਸੀ ਦੀ ਬੇਹਤਰੀ ਲਈ ਕਰਮਚਾਰੀਆਂ ਨੂੰ ਡਿਊਟੀ ਇਮਾਨਦਾਰੀ ਨਾਲ ਕਰਨ ਪ੍ਰਤੀ ਪ੍ਰੇਰਿਤ ਕੀਤਾ ਗਿਆ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਹਰੀ ਝੰਡੀ ਦੇ ਕੇ ਹਾਲ ਹੀ ਵਿੱਚ ਪੀ.ਆਰ.ਟੀ.ਸੀ ਦੇ ਬੇੜੇ ਵਿੱਚ ਨਵੀਆ ਬੱਸਾਂ ਨੂੰ ਸ਼ਾਮਿਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਹਿਲਾਂ ਬੱਸਾਂ ਦੀ ਘਾਟ ਕਾਰਨ ਪੀ.ਆਰ.ਟੀ.ਸੀ ਦੇ ਰੋਜ਼ਾਨਾ 44500 ਕਿਲੋਮੀਟਰ ਮਿਸ ਹੁੰਦੇ ਸਨ। ਹੁਣ ਇਹਨਾਂ ਨਵੀਆ ਬੱਸਾਂ ਦੇ ਆਉਣ ਨਾਲ ਮਿਸ ਹੁੰਦੇ ਕਿਲੋਮੀਟਰਾਂ ਵਿਚੋਂ 33000 ਕਿਲੋਮੀਟਰ ਰੋਜ਼ਾਨਾ ਕਵਰ ਕੀਤੇ ਜਾ ਰਹੇ ਹਨ ਅਤੇ ਬਾਕੀ ਦੇ ਮਿਸ ਕਿਲੋਮੀਟਰ ਵੀ ਬੰਦ ਪਏ ਰੂਟ ਚਲਾਕੇ ਕਵਰ ਕਰਵਾ ਦਿੱਤੇ ਜਾਣਗੇ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਹਨਾਂ ਨਵੀਆਂ ਬੱਸਾਂ ਸ਼ਾਮਿਲ ਹੋਣ ਨਾਲ ਪੀ.ਆਰ.ਟੀ.ਸੀ ਪਹਿਲਾਂ ਤੋਂ ਜਿਆਦਾ ਕਿਲੋਮੀਟਰ ਰੋਜ਼ਾਨਾ ਤੈਅ ਕਰ ਰਹੀ ਹੈ ਅਤੇ ਪੀ.ਆਰ.ਟੀ.ਸੀ ਦੀ ਆਮਦਨ ਵਿੱਚ ਵੀ ਵਾਧਾ ਹੋਇਆ ਹੈ। ਇਸ ਮੌਕੇ 'ਤੇ ਪੀ.ਆਰ.ਟੀ.ਸੀ. ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਜਨਰਲ ਮੈਨੇਜਰ (ਓਪਰੇਸ਼ਨ) ਅਮਨਵੀਰ ਸਿੰਘ ਟਿਵਾਣਾ ਅਤੇ ਪੀ.ਆਰ.ਟੀ.ਸੀ. ਦੇ ਡਿਪੂਆਂ ਦੇ ਹੋਰ ਅਧਿਕਾਰੀ/ਕਰਮਚਾਰੀ ਵੀ ਹਾਜ਼ਰ ਸਨ।

## *ਹਰਪ੍ਰੀਤ ਸਿੰਘ ਦਰਦੀ ਵੱਲੋਂ ਉੱਘੇ ਲੇਖਕ ਦਾ ਸਨਮਾਨ ਅਤੇ ਪੁਸਤਕ ਦਾ ਲੋਕ ਅਰਪਣ*



ਪਟਿਆਲਾ, 23 ਅਪ੍ਰੈਲ (ਅਮਰਜੀਤ ਸਿੰਘ) : ਰੋਜ਼ਾਨਾ ਚੜ੍ਹਦੀਕਲਾ ਅਖਬਾਰ ਦੇ ਮੁੱਖ ਦਫਤਰ ਵਿਖੇ ਸ. ਹਰਪ੍ਰੀਤ ਸਿੰਘ ਦਰਦੀ ਡਾਇਰੈਕਟਰ ਚੜ੍ਹਦੀਕਲਾ ਟਾਈਮ ਟੀ.ਵੀ. ਵੱਲੋਂ ਪੰਜਾਬੀ ਜਗਤ ਦੇ ਦੋ ਉੱਘੇ ਲੇਖਕਾਂ ਸਰਵਸ੍ਰੀ ਹਰੀ ਸਿੰਘ ਚਮਕ ਅਤੇ ਸਰਦਾਰ ਅੰਮ੍ਰਿਤਪਾਲ ਸਿੰਘ ਸ਼ੈਦਾ ਦਾ ਬਹੁਤ ਸੁਹਿਰਦਤਾ ਪੂਰਵਕ ਸਨਮਾਨ ਕੀਤਾ ਗਿਆ। ਪੁਸਤਕਾਂ ਸ਼ਾਲ ਅਤੇ ਗਿਫਟ ਦੇ ਕੇ ਪੰਜਾਬੀ ਸਾਹਿਤ ਪ੍ਰਤੀ ਸਤਿਕਾਰ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ 'ਤੇ ਮੋਹਾਲੀ ਦੀ ਵਸਨੀਕ ਅਤੇ ਸਮਰੱਥ ਬਾਲ ਕਹਾਣੀ ਲੇਖਿਕਾ ਈਸ਼ਦੀਪ ਕੌਰ ਈਸ਼ਾ ਦਾ ਪਲੇਠਾ ਬਾਲ ਕਹਾਣੀ ਸੰਗ੍ਰਹਿ ਦੀਵਾ ਤੇ ਲਾਲਟੈਨ ਦਾ ਲੋਕ ਅਰਪਣ ਵੀ ਸਰਦਾਰ ਹਰਪ੍ਰੀਤ ਸਿੰਘ ਦਰਦੀ ਦੇ ਕਰ ਕਮਲ ਰਾਹੀਂ ਹੋਇਆ।



**ਐਸਜੀਪੀਸੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਅਤੇ ਸ਼ਮਸ਼ੇਰ ਸਿੰਘ ਬਡੂੰਗਰ ਪੰਜਾਬ ਪੁਲਿਸ ਵਿੱਚ ਬਿਹਤਰੀਨ ਸੇਵਾਵਾਂ ਨਿਭਾਉਣ ਬਦਲੇ ਵਿਭਾਗ ਵੱਲੋਂ ਤਰੱਕੀ ਦੇ ਕੇ ਹੈਡਕਾਂਸਟੇਬਲ ਤੋਂ ਏਐਸਆਈ ਬਣਨ ਵਾਲੇ ਉਪਿੰਦਰਪਾਲ ਸਿੰਘ ਦੇ ਮੋਢਿਆਂ 'ਤੇ ਸਟਾਰ ਲਗਾਉਂਦੇ ਹੋਏ। (ਫੋਟੋ ਤੇ ਵੇਰਵਾ : ਚੜ੍ਹਦੀਕਲਾ ਬਿਊਰੋ)**

## ਪੰਜਾਬੀ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਵਿਸਾਖੀ ਨੂੰ ਸਮਰਪਿਤ ਰਾਸ਼ਟਰੀ ਸੈਮੀਨਾਰ

**ਦੁਨੀਆਂ ਦੇ ਇਤਿਹਾਸ 'ਚ ਵੱਡੀ ਘਟਨਾ ਹੈ ਖ਼ਾਲਸੇ ਦੀ ਸਾਜਨਾ: ਡਾ. ਜਗਦੀਪ ਸਿੰਘ**

ਪਟਿਆਲਾ, 23 ਅਪ੍ਰੈਲ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਖੇ ਸਥਾਪਿਤ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਵਿਸਾਖੀ ਨੂੰ ਸਮਰਪਿਤ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। 'ਗੁਰੂ ਗੋਬਿੰਦ ਸਿੰਘ ਜੀ: ਸਮਾਜਿਕ ਬਰਾਬਰੀ ਦਾ ਸੰਦੇਸ਼' ਵਿਸ਼ੇ 'ਤੇ ਕਰਵਾਏ ਇਸ ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤੀ ਗਈ। ਉਨ੍ਹਾਂ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜੇ ਖਾਲਸਾ ਪੰਥ ਅਤੇ ਆਪ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕ ਕੇ ਗੋਬਿੰਦ ਰਾਏ ਤੋਂ ਗੋਬਿੰਦ ਸਿੰਘ ਬਣਨ ਦੇ ਅਨੁਭਵ ਬਾਰੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਵਿਭਾਗ ਦੇ ਅਧਿਆਪਕਾਂ ਅਤੇ ਖੋਜਾਰਥੀਆਂ ਵੱਲੋਂ ਕੀਤੇ ਜਾ ਰਹੇ ਖੋਜ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਗੁਰੂ ਗੋਬਿੰਦ ਸਿੰਘ ਭਵਨ ਅਤੇ ਇਸ ਵਿਚ ਚਲ ਰਹੇ ਖੋਜ ਕਾਰਜਾਂ ਨੂੰ ਪੰਜਾਬੀ ਯੂਨੀਵਰਸਿਟੀ ਦੀ ਪਛਾਣ ਦੱਸਿਆ। ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਦੇ ਪ੍ਰੋਫੈਸਰ ਇੰਚਾਰਜ, ਡਾ. ਗੁਰਮੀਤ ਸਿੰਘ ਸਿੱਧੂ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ੀ ਸਮਾਜਕ ਬਰਾਬਰੀ ਆਮ ਬਰਾਬਰਤਾ ਨਹੀਂ ਸਗੋਂ ਇਸ ਵਿਚ ਆਰਥਿਕ, ਧਾਰਮਕ, ਰਾਜਨੀਤਕ ਅਤੇ ਅਧਿਆਤਮਕ ਪੱਖਾਂ ਦੇ ਅਧਾਰ 'ਤੇ ਇਕਸਾਰਤਾ ਬਖਸ਼ੀ ਗਈ ਹੈ। ਇਸ ਸੈਮੀਨਾਰ ਦੇ ਅਕਾਦਮਿਕ ਸੈਸ਼ਨ ਵਿਚ ਡਾ. ਗੁਰਮੇਲ ਸਿੰਘ, ਅਸਿਸਟੈਂਟ ਪ੍ਰੋਫੈਸਰ, ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ, ਡਾ. ਗੁਰਵੀਰ ਸਿੰਘ, ਅਸਿਸਟੈਂਟ ਪ੍ਰੋਫੈਸਰ, ਖਾਲਸਾ ਕਾਲਜ, ਪਟਿਆਲਾ ਅਤੇ ਡਾ. ਤੇਜਿੰਦਰ ਪਾਲ ਸਿੰਘ, ਅਸਿਸਟੈਂਟ ਪ੍ਰੋਫੈਸਰ, ਯੂਨੀਵਰਸਿਟੀ ਕਾਲਜ, ਮੀਰਾਂਪੁਰ ਵੱਲੋਂ ਖਾਲਸਾ ਸਿਰਜਨਾ, ਧਰਮ ਤੇ ਸਭਿਆਚਾਰ ਦੀ ਸੁਰਖਿਆ ਅਤੇ ਪ੍ਰੇਮ ਸੁਮਾਰਗ ਗ੍ਰੰਥ ਦੇ ਹਵਾਲੇ ਨਾਲ ਸਮਾਜਕ ਬਰਾਬਰਤਾ ਸੰਬੰਧੀ ਤਿੰਨ ਪਰਚੇ ਪੇਸ਼ ਕੀਤੇ ਗਏ। ਇਸ ਸੈਸ਼ਨ ਦੀ ਪ੍ਰਧਾਨਗੀ ਕਰ ਰਹੇ ਡਾ. ਪਰਮਵੀਰ ਸਿੰਘ, ਪ੍ਰੋਫੈਸਰ, ਸਿੱਖ ਵਿਸ਼ਵਕੋਸ਼ ਵਿਭਾਗ, ਨੇ ਧਰਮ ਗ੍ਰੰਥਾਂ ਦਾ ਅਧਿਐਨ ਧਰਮ ਅਧਿਐਨ ਦਾ ਇਕ ਜ਼ਰੂਰੀ ਹਿੱਸਾ ਦਸਿਆ। ਡਾ. ਤੇਜਿੰਦਰ ਕੌਰ ਧਾਲੀਵਾਲ, ਮੁਖੀ ਧਰਮ ਅਧਿਐਨ ਵਿਭਾਗ ਵੱਲੋਂ ਆਏ ਮਹਿਮਾਨਾਂ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ ਗਿਆ। ਸੈਮੀਨਾਰ ਵਿੱਚ ਸਟੇਜ ਸੰਚਾਲਨ ਦਾ ਕਾਰਜ ਡਾ. ਪ੍ਰਦੀਪ ਕੌਰ ਵੱਲੋਂ ਕੀਤਾ ਗਿਆ।



## ਮੰਡੀਆਂ 'ਚ ਲੱਗੇ ਕਣਕ ਦੇ ਅੰਬਾਰ : ਪ੍ਰੋ. ਚੰਦੂਮਾਜਰਾ

**➢ਭਲਕੇ ਛੋਟੇ ਖ਼ਰੀਦ ਕੇਂਦਰ ਬੰਦ ਕਰਨ ਦੇ ਐਲਾਨ ਨਾਲ ਕਿਸਾਨਾਂ ਤੇ ਆੜ੍ਹਤੀਆਂ 'ਚ ਡਰ ਦਾ ਮਾਹੌਲ**



ਦੇਵੀਗੜ੍ਹ 23 ਅਪ੍ਰੈਲ (ਗੁਰਜੀਤ ਸਿੰਘ ਢੌਟ) : ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਅੱਜ ਹਲਕਾ ਸਨੌਰ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਦਾ ਜਾਇਜ਼ਾ ਲਿਆ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗੇ ਹੋਏ ਹਨ ਅਤੇ ਸਰਕਾਰ ਗਾਇਬ ਹੈ। ਮੁੱਖ ਮੰਤਰੀ ਖੁਦ ਵਿਦੇਸ਼ਾਂ ਦੀ ਸੈਰ 'ਤੇ ਹਨ ਤੇ ਮੰਡੀਆਂ ਵਿੱਚ ਦੇਸ਼ ਅੰਨਦਾਤਾ ਰੁਲ ਰਿਹਾ ਹੈ। ਕਈ ਮੰਡੀਆਂ ਵਿੱਚ ਕਿਸਾਨਾਂ ਨੂੰ 10 ਦਿਨ ਤੋਂ ਉੱਪਰ ਬੈਠੇ ਨੂੰ ਹੋ ਗਏ ਪਰ ਕੋਈ ਕਣਕ ਖਰੀਦਣ ਨਹੀਂ ਆ ਰਿਹਾ । ਪ੍ਰੋਫੈਸਰ ਚੰਦੂਮਾਜਰਾ ਨੇ ਕਿਹਾ ਕਿ ਕਣਕ ਦੀ ਖਰੀਦ ਦੇ ਜਾਇਜ਼ੇ ਦੌਰਾਨ ਜੋ ਦੋ ਵੱਡੀਆਂ ਸਮੱਸਿਆਵਾਂ ਉਭਰ ਕੇ ਸਾਹਮਣੇ ਆਈਆਂ। ਉਹਨਾਂ ਵਿੱਚੋਂ ਪਹਿਲੀ ਸਮੱਸਿਆ ਹੈ ਸਰਕਾਰ ਵੱਲੋਂ ਪੋਰਟਲ 'ਤੇ ਝਾੜ ਦੀ ਸੀਮਾ 25 ਕੁਇੰਟਲ ਨਾ ਕਰਕੇ 20 ਕੁਇੰਟਲ ਕਰ ਦਿੱਤੀ ਗਈ ਹੈ, ਜਿਸ ਕਰਕੇ ਜੇ ਫਾਰਮ ਨਹੀਂ ਕੱਟ ਰਹੇ ਬਿੱਲ ਨਹੀਂ ਬਣ ਰਹੇ ਤੇ ਕਿਸਾਨਾਂ ਨੂੰ ਕਣਕ ਵੇਚਣ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੇ ਨਾਲ ਹੀ ਇੱਥੇ ਆ ਕੇ ਪਤਾ ਲੱਗਿਆ ਕਿ ਸਰਕਾਰ ਵੱਲੋਂ ਛੋਟੇ ਖਰੀਦ ਕੇਂਦਰਾਂ ਨੂੰ 25 ਅਪ੍ਰੈਲ ਤੋਂ ਬਾਅਦ ਬੰਦ ਕਰਨ ਦਾ ਫੈਸਲਾ ਕੀਤਾ ਗਿਆ ਹੈ, ਜੋ ਕਿ ਮੰਦਭਾਗਾ ਹੈ, ਜੇਕਰ 25 ਅਪ੍ਰੈਲ ਨੂੰ ਖਰੀਦ ਕੇਂਦਰਾਂ ਨੂੰ ਬੰਦ ਕਰ ਦਿੱਤਾ ਗਿਆ ਤਾਂ ਕਿਸਾਨ ਆਪਣੀ ਫਸਲ ਕਿੱਥੇ ਲੈ ਕੇ ਜਾਣਗੇ। ਪ੍ਰੋਫੈਸਰ ਚੰਦੂਮਾਜਰਾ ਨੇ ਦੱਸਿਆ ਕਿ ਉਹਨਾਂ ਵੱਲੋਂ ਇਸ ਸਬੰਧ ਵਿੱਚ ਮੌਕੇ 'ਤੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਅਤੇ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਦੇ ਨਾਲ ਗੱਲ ਕੀਤੀ ਗਈ ਤੇ ਦੋਨਾਂ ਮਸਲਿਆਂ ਨੂੰ ਤਕਨੀਕੀ ਤੌਰ 'ਤੇ ਸਮਝ ਕੇ ਜਲਦ ਹੱਲ ਕਰਵਾਉਣ ਲਈ ਕਿਹਾ ਗਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਪ੍ਰਤੀ ਲਾਪਰਵਾਹੀ ਵਰਤ ਰਹੀ ਹੈ, ਜਿਸ ਨੂੰ ਪੰਜਾਬ ਦਾ ਕਿਸਾਨ ਕਿਸੇ ਵੀ ਕੀਮਤ 'ਤੇ ਸਹਿਣ ਨਹੀਂ ਕਰੇਗਾ। ਇਸ ਮੌਕੇ ਸਾਬਕਾ ਐਮ ਐਲ ਏ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਭੁਪਿੰਦਰ ਸਿੰਘ ਸੇਖੂਪੁਰ, ਤਰਸੇਮ ਸਿੰਘ ਕੋਟਲਾ, ਬਿਕਰਮਜੀਤ ਸਿੰਘ ਫਰੀਦਪੁਰ, ਸਾਨਵੀਰ ਸਿੰਘ ਬ੍ਰਹਮਪੁਰ, ਜੈ ਕਿਸਨ ਮਸੀਗਣ, ਆੜਤੀ ਸਵਰਨ ਸਿੰਘ ਖੇੜੀ ਰਣਵਾ, ਸ੍ਰੀ ਸ਼ਿਵ ਰਾਮ ਗੁਪਤਾ, ਯੋਗਰਾਜ, ਸਵੀਲ ਦਾਸ ਵਿੱਕੀ, ਮੁਕੇਸ਼ ਕੁਮਾਰ, ਪ੍ਰਭਜੋਤ ਸਿੰਘ, ਸੋਨੂ ਸਿੰਗਲਾ ਆਦਿ ਹਾਜ਼ਰ ਸਨ।

## ਕਤਲ ਕੇਸ 'ਚ ਵੱਡਾ ਫੈਸਲਾ: ਦੋਸ਼ੀ ਲੱਖੀ ਮੁਹੰਮਦ ਨੂੰ ਉਮਰ ਕੈਦ

ਪਟਿਆਲਾ, 23 ਅਪ੍ਰੈਲ (ਚ.ਨ.ਸ.) : ਮਾਣਯੋਗ ਅਦਾਲਤ ਸ੍ਰੀ ਵਰੁਣ ਨਾਗਪਾਲ, ਐਡੀਸ਼ਨਲ ਸੈਸ਼ਨ ਜੱਜ ਪਟਿਆਲਾ ਵੱਲੋਂ ਇੱਕ ਅਹਿਮ ਫੈਸਲਾ ਸੁਣਾਉਂਦਿਆਂ ਕਤਲ ਦੇ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਅਦਾਲਤ ਨੇ ਥਾਣਾ ਘਨੌਰ ਵਿੱਚ ਦਰਜ FIR ਨੰਬਰ 58/2020 (ਅਧੀਨ ਧਾਰਾ 302 IPC) ਦੇ ਮਾਮਲੇ ਵਿੱਚ ਸੁਣਵਾਈ ਕਰਦਿਆਂ ਦੋਸ਼ੀ ਲੱਖੀ ਮੁਹੰਮਦ ਨੂੰ ਕਸੂਰਵਾਰ ਠਹਿਰਾਇਆ। ਸ਼ਿਕਾਇਤਕਰਤਾ ਪਰਿਵਾਰ ਦੇ ਵਕੀਲਾਂ ਐਡਵੋਕੇਟ ਦਿਲਪ੍ਰੀਤ ਸਿੰਘ ਅਤੇ ਐਡਵੋਕੇਟ ਰਣਜੀਤ ਸਿੰਘ ਖੁਰਮੀ ਨੇ ਅਦਾਲਤ ਵਿੱਚ ਜ਼ੋਰਦਾਰ ਦਲੀਲਾਂ ਪੇਸ਼ ਕੀਤੀਆਂ। ਮਾਣਯੋਗ ਜੱਜ ਸਾਹਿਬ ਨੇ ਵਕੀਲਾਂ ਦੀਆਂ ਦਲੀਲਾਂ ਅਤੇ ਪੇਸ਼ ਕੀਤੇ ਸਬੂਤਾਂ ਨਾਲ ਸਹਿਮਤ ਹੁੰਦੇ ਹੋਏ ਦੋਸ਼ੀ ਨੂੰ ਸਖ਼ਤ ਸਜ਼ਾ ਦਾ ਹੁਕਮ ਦਿੱਤਾ। ਇਸ ਫੈਸਲੇ ਨਾਲ ਪਿਛਲੇ ਕਈ ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਪੀੜਤ ਪਰਿਵਾਰ ਨੂੰ ਵੱਡੀ ਰਾਹਤ ਮਿਲੀ ਹੈ। ਕਾਨੂੰਨ ਦੇ ਹੱਥ ਲੰਬੇ ਹੁੰਦੇ ਹਨ ਅਤੇ ਦੇਰ ਨਾਲ ਹੀ ਸਹੀ, ਪਰ ਇਨਸਾਫ਼ ਜ਼ਰੂਰ ਮਿਲਦਾ ਹੈ।

## *ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਮਾਰੀ ਠੱਗੀ*

ਨਾਭਾ, 23 ਅਪ੍ਰੈਲ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਕੋਲ ਸਰਬਜੀਤ ਕੌਰ ਪਤਨੀ ਜਸਪਾਲ ਸਿੰਘ ਵਾਸੀ ਪਿੰਡ ਰਾਜਗੜ੍ਹ ਨੇ ਕਥਿਤ ਦੋਸ਼ੀਆਂ ਸਤਨਾਮ ਸਿੰਘ ਵਾਸੀ ਮੇਘ ਸਿੰਘ ਕਲੋਨੀ ਅਲੋਹਰਾ ਕਲਾਂ ਨਾਭਾ ਹਾਲ ਜਰਮਨੀ, ਕਰਮਜੀਤ ਸਿੰਘ ਵਾਸੀ ਦੀਵਾਨਾ ਕਲੋਨੀ ਅਮਰਗੜ੍ਹ ਜ਼ਿਲ੍ਹਾ ਮਲੇਰਕੋਟਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਨੇ ਉਸ ਦੇ ਲੜਕੇ ਗੁਰਵਿੰਦਰ ਸਿੰਘ ਨੂੰ ਵਿਦੇਸ਼ (ਜਰਮਨੀ) ਭੇਜਣ ਦਾ ਝਾਂਸਾ ਦੇ ਕੇ 16,89,100 ਰੁਪਏ ਲੈ ਲਏ, ਪਰ ਬਾਅਦ ਵਿੱਚ ਨਾ ਤਾਂ ਲੜਕੇ ਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਪੈਸੇ ਵਾਪਿਸ ਕੀਤੇ। ਪੁਲਿਸ ਨੇ ਧਾਰਾ 406,420, 120-ਬੀ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਜ਼ਖ਼ਮੀ

ਪਟਿਆਲਾ, 23 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਰਣਜੀਤ ਕੌਰ ਪਤਨੀ ਹਰਗੋਪਾਲ ਸਿੰਘ ਵਾਸੀ ਗਲੀ ਨੰ. 3 ਦੀਪ ਨਗਰ ਪਟਿਆਲਾ ਨੇ ਕਥਿਤ ਦੋਸ਼ੀ ਕਾਰ ਡਰਾਇਵਰ ਵਿਕਰਮ ਢਿੱਲੋਂ ਵਾਸੀ ਪਿੰਡ ਖੇੜੀ ਮੁਸਲਮਾਨੀਆ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਸੜਕ ਕਿਨਾਰੇ ਪੈਦਲ ਜਾ ਰਹੀ ਸੀ ਤਾਂ ਕਥਿਤ ਦੋਸ਼ੀ ਡਰਾਇਵਰ ਨੇ ਆਪਣੀ ਕਾਰ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਉਸ ਦੇ ਕਾਫੀ ਸੱਟਾਂ ਲੱਗੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਵਰੁਣ ਮਲਹੋਤਰਾ ਪੁੱਤਰ ਵਰਿੰਦਰ ਮਲਹੋਤਰਾ ਵਾਸੀ ਗਲੀ ਨੰ. 5 ਗੁਰਬਖਸ਼ ਕਲੋਨੀ ਪਟਿਆਲਾ ਨੇ ਕਥਿਤ ਦੋਸ਼ੀ ਕਾਰ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਟੀ.ਬੀ ਹਸਪਤਾਲ ਰੋਡ ਪਟਿਆਲਾ ਪਰ ਜਾ ਰਿਹਾ ਸੀ ਤਾ ਅਣਪਛਾਤੇ ਡਰਾਇਵਰ ਨੇ ਆਪਣੀ ਕਾਰ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰੀ, ਜੋ ਐਕਸੀਡੈਂਟ ਵਿੱਚ ਉਸ ਦੇ ਕਾਫੀ ਸੱਟਾਂ ਲੱਗੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਧਰਤੀ ਦਿਵਸ ਮਨਾਇਆ



ਨਾਭਾ, 23 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਵਿੱਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਗਏ, ਸਕੂਲ ਦੇ ਵਿਦਿਆਰਥੀਆਂ ਨੇ ਪ੍ਰਕਿਰਤੀ ਦੀ ਸੁਰੱਖਿਆ ਬਾਰੇ ਜਾਗਰੂਕਤਾ ਫੈਲਾਉਣ ਲਈ ਰੈਲੀ ਕੱਢੀ ਅਤੇ ਵੱਖ-ਵੱਖ ਨਾਅਰੇ ਲਗਾਏ, ਇਸ ਤੋਂ ਇਲਾਵਾ ਪੌਦੇ ਲਗਾਉਣ ਦੀ ਮੁਹਿੰਮ ਵੀ ਚਲਾਈ ਗਈ, ਜਿਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਵਿੱਚ ਭਾਸ਼ਣ ਅਤੇ ਪੋਸਟਰ ਬਣਾਉਣ ਦੀ ਪ੍ਰਤੀਯੋਗਿਤਾ ਵੀ ਕਰਵਾਈ ਗਈ, ਜਿਸ ਵਿੱਚ ਬੱਚਿਆਂ ਨੇ ਵਾਤਾਵਰਨ ਦੀ ਸੰਭਾਲ ਦਾ ਮਹੱਤਵ ਦਰਸਾਇਆ। ਇਸ ਮੌਕੇ ਸਕੂਲ ਚੇਅਰਮੈਨ ਭੁਪਿੰਦਰ ਸਿੰਘ ਚੱਡਾ ਪ੍ਰਿੰਸੀਪਲ ਸਤਵਿੰਦਰ ਪ੍ਰੀਤ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧਰਤੀ ਨੂੰ ਬਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਇੱਕ ਵਿਅਕਤੀ ਨੂੰ ਇਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

## *ਯੂਥ ਅਗਰਵਾਲ ਸਭਾ ਨਾਭਾ ਦਾ ਸਰਬ ਸੰਮਤੀ ਨਾਲ ਵਿਕਾਸ ਗੋਇਲ ਨੂੰ ਪ੍ਰਧਾਨ ਤੇ ਰਾਜੇਸ਼ ਨੀਟੀ ਨੂੰ ਜਨਰਲ ਸਕੱਤਰ ਚੁਣਿਆ*

ਨਾਭਾ, 23 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਯੂਥ ਅਗਰਵਾਲ ਸਭਾ ਨਾਭਾ ਦੇ ਮੈਂਬਰਾਂ ਦੀ ਮੀਟਿੰਗ ਅਗਰਸੈਨ ਪਾਰਕ ਪਟਿਆਲਾ ਗੇਟ ਵਿਖੇ ਹੋਈ। ਇਸ ਮੌਕੇ ਅਗਰਵਾਲ ਸਭਾ ਦੇ ਪ੍ਰਧਾਨ ਅਤੇ ਸਮਾਜ ਸੇਵੀ ਰਾਜੇਸ਼ ਬਾਂਸਲ ਬੱਬੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿਚ ਸਭਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਅਗਰਵਾਲ ਸਭਾ ਦੇ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਨੇ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਵਿਕਾਸ ਗੋਇਲ ਨੂੰ ਯੂਥ ਦਾ ਪ੍ਰਧਾਨ ਅਤੇ ਰਾਜੇਸ਼ ਨੀਟੀ ਨੂੰ ਜਨਰਲ ਸਕੱਤਰ ਥਾਪਿਆ। ਯੂਥ ਦਾ ਪ੍ਰਧਾਨ ਬਣਨ ਨੂੰ ਉਪਰੰਤ ਵਿਕਾਸ ਗੋਇਲ ਅਤੇ ਰਾਜੇਸ਼ ਨੀਟੀ ਨੇ ਪ੍ਰਧਾਨ ਰਾਜੇਸ਼ ਬੱਬੂ ਅਤੇ ਯੂਥ ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਮਿਲੀ



ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨ ਦੇਹੀ ਨਾਲ ਨਿਭਾਵਾਂਗੇ। ਪ੍ਰਧਾਨ ਵਿਕਾਸ ਗੋਇਲ ਨੇ ਅੱਗੇ ਦੱਸਿਆ ਕਿ ਸੰਸਥਾ ਦੇ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਜਲਦ ਹੀ ਨਵੀ ਕਮੇਟੀ ਦਾ ਗਠਨ ਕੀਤਾ ਜਾਵੇਗਾ ਅਤੇ ਨੌਜਵਾਨ ਵਰਗ ਨੂੰ ਵੱਧ ਤੋਂ ਵੱਧ ਜੋੜਨ ਲਈ ਵਿਸ਼ੇਸ਼ ਅਭਿਆਨ ਚਲਾਇਆ ਜਾਵੇਗਾ। ਇਸ ਮੌਕੇ ਪਰਮਿੰਦਰ ਗੁਪਤਾ, ਜੀਵਨ ਬਾਂਸਲ, ਸੰਨੀ ਸਿੰਗਲਾ, ਰਾਹੁਲ ਸਿੰਗਲਾ, ਰੋਹਿਤ ਸਿੰਗਲਾ, ਹਿਮਾਂਸ਼ੂ ਜਿੰਦਲ, ਐਡਵੋਕੇਟ ਸੰਦੀਪ ਸਿੰਗਲਾ, ਅਮਿਤ ਮੰਗਲਾ, ਅਮਨ ਗੁਪਤਾ, ਭਾਨੂੰ ਜਿੰਦਲ, ਆਸ਼ੂਤੋਸ਼ ਬਾਂਸਲ, ਲਵਲੀ ਗੋਇਲ, ਮੋਹਨ ਲਾਲ, ਰਾਜੇਸ਼ ਗੋਲਡੀ, ਮਨਦੀਪ ਰਿੰਪਾ, ਗੋਪੀ ਜਿੰਦੀਆ, ਸਚਿਨ ਜਿੰਦਲ, ਭੁਵੇਸ਼ ਬਾਂਸਲ ਭਾਸ਼ੀ, ਜਿਪਸੀ ਬਾਂਸਲ, ਸ਼ੁਭਮ ਬਾਂਸਲ, ਪਨਪ ਸਿੰਗਲਾ, ਵਿਕਾਸ ਗੁਪਤਾ, ਮੋਨੂੰ ਬਾਂਸਲ, ਬਿੱਟੂ ਬਾਂਸਲ, ਅਭੀ ਬਾਂਸਲ, ਸ਼ੁਭਮ ਮੰਗਲਾ, ਰਸਿਕ ਜੈਨ, ਮਯੰਕ ਜਿੰਦਲ, ਦੀਪਕ ਗਰਗ, ਸ਼ਸ਼ੀ ਜਿੰਦਲ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ ਵਿਸ਼ਵ ਪੁਸਤਕ ਦਿਵਸ ਮੌਕੇ ਸਾਹਿਤਕ ਸਮਾਗਮ ਤੇ ਰੀਡਿੰਗ ਮੁਕਾਬਲੇ ਕਰਵਾਏ

ਪਟਿਆਲਾ, 23 ਅਪ੍ਰੈਲ (ਰੁਪਾਣਾ) : ਖ਼ਾਲਸਾ ਕਾਲਜ ਪਟਿਆਲਾ ਦੇ ਪੀ.ਜੀ. ਅੰਗਰੇਜ਼ੀ ਅਤੇ ਵਿਦੇਸ਼ੀ ਭਾਸ਼ਾਵਾਂ ਵਿਭਾਗ ਵੱਲੋਂ 'ਵਿਸ਼ਵ ਪੁਸਤਕ ਅਤੇ ਕਾਪੀਰਾਈਟ ਦਿਵਸ' ਨੂੰ ਸਮਰਪਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਵਿਦਿਆਰਥੀਆਂ ਅੰਦਰ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਰੀਡਿੰਗ ਮੁਕਾਬਲੇ ਅਤੇ ਗੰਭੀਰ ਸਾਹਿਤਕ ਚਰਚਾ ਕਰਵਾਈ ਗਈ। ਸਮਾਗਮ ਦੇ ਆਰੰਭ ਵਿੱਚ ਪ੍ਰੋ. ਮਨਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਅਤੇ ਸਰੋਤਿਆਂ ਦਾ ਰਸਮੀ ਸੁਆਗਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਸਮਾਗਮ ਦੀ ਸਫ਼ਲਤਾ 'ਤੇ ਖ਼ੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਅਜੋਕੇ ਡਿਜੀਟਲ ਅਤੇ ਸੋਸ਼ਲ ਮੀਡੀਆ ਦੇ ਦੌਰ ਵਿੱਚ ਵੀ ਕਿਤਾਬਾਂ ਦੀ ਸਦੀਵੀ ਮਹੱਤਤਾ ਬਰਕਰਾਰ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਤਾਬਾਂ ਮਨੁੱਖ ਦੀਆਂ ਸਭ ਤੋਂ ਸੱਚੀਆਂ ਮਿੱਤਰ ਹੁੰਦੀਆਂ ਹਨ ਅਤੇ ਇੱਕ ਮਿਆਰੀ ਪੁਸਤਕ ਸੌ ਚੰਗੇ ਦੋਸਤਾਂ ਦੇ ਬਰਾਬਰ ਮਾਰਗਦਰਸ਼ਨ ਕਰਦੀ ਹੈ। ਡਾ. ਉੱਭਾ ਅਨੁਸਾਰ ਵਿੱਦਿਅਕ ਸੰਸਥਾਵਾਂ ਦਾ ਮਕਸਦ ਸਿਰਫ਼ ਡਿਗਰੀਆਂ ਵੰਡਣਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਚੇਤੰਨ ਨਾਗਰਿਕ ਬਣਾਉਣਾ ਹੈ, ਜੋ ਕੇਵਲ ਸਾਹਿਤ ਨਾਲ ਜੁੜ ਕੇ ਹੀ ਸੰਭਵ ਹੋ ਸਕਦਾ ਹੈ। ਵਿਭਾਗ ਦੇ ਮੁਖੀ ਡਾ. ਜਸਪ੍ਰੀਤ ਕੌਰ ਨੇ ਸਮਾਗਮ ਦੀ ਰੂਪ-ਰੇਖਾ ਸਾਂਝੀ ਕਰਦਿਆਂ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਾਹਿਤ ਪੜ੍ਹਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਪੜ੍ਹਨ ਦਾ ਹੁਨਰ ਨਾ ਸਿਰਫ਼ ਸ਼ਖ਼ਸੀਅਤ ਵਿੱਚ ਨਿਖਾਰ ਲਿਆਉਂਦਾ ਹੈ, ਸਗੋਂ ਆਤਮ-ਵਿਸ਼ਵਾਸ ਵਿੱਚ ਵੀ ਵਾਧਾ ਕਰਦਾ ਹੈ। ਬੁੱਕ ਕਲੱਬ ਦੇ ਕਨਵੀਨਰ ਪ੍ਰੋ. ਪਰਮਜੀਤ ਕੌਰ ਨੇ 23 ਅਪ੍ਰੈਲ ਦੀ ਇਤਿਹਾਸਕ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਹ ਦਿਨ ਵਿਸ਼ਵ ਪ੍ਰਸਿੱਧ ਲੇਖਕਾਂ ਵਿਲੀਅਮ ਸ਼ੇਕਸਪੀਅਰ ਅਤੇ ਮਿਗੁਏਲ ਡੀ ਸਰਵੈਂਟਸ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਸਮਾਗਮ ਦੌਰਾਨ ਕਰਵਾਏ ਗਏ ਰੀਡਿੰਗ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਵਿਸ਼ਵ ਪ੍ਰਸਿੱਧ ਰਚਨਾਵਾਂ ਦੇ ਅੰਸ਼ ਪੜ੍ਹ ਕੇ ਸੁਣਾਏ। ਜੇਤੂਆਂ ਦੀ ਚੋਣ ਉਨ੍ਹਾਂ ਦੇ ਸ਼ੁੱਧ ਉਚਾਰਨ, ਪੜ੍ਹਨ ਦੀ ਸ਼ੈਲੀ ਅਤੇ ਸਪੱਸ਼ਟਤਾ ਦੇ ਅਧਾਰ 'ਤੇ ਕੀਤੀ ਗਈ। ਪ੍ਰੋਗਰਾਮ ਦੇ ਅਖੀਰ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਸਮੂਹ ਫੈਕਲਟੀ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਡਾ.'ਆਸ਼ਟ' ਦੀਆਂ ਦੋ ਬਾਲ ਨਾਟ ਪੁਸਤਕਾਂ ਦਾ ਲੋਕਅਰਪਣ



ਪਟਿਆਲਾ, 23 ਅਪ੍ਰੈਲ (ਚ.ਨ.ਸ.) : ਬੀਤੇ ਦਿਨੀਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਡਾ. ਦਰਸ਼ਨ ਸਿੰਘ 'ਆਸ਼ਟ' ਦੀਆਂ ਸਾਹਿਤਯਸ਼ਿਲਾ ਪ੍ਰਕਾਸ਼ਨ, ਨਵੀਂ ਦਿੱਲੀ ਵੱਲੋਂ ਪ੍ਰਕਾਸ਼ਿਤ ਦੋ ਨਵੀਆਂ ਬਾਲ—ਨਾਟਕ ਪੁਸਤਕਾਂ 'ਤੁਸੀਂ ਬੱਚੇ ਕਦੋਂ ਬਣੋਂਗੇ? ਅਤੇ ਹੋਰ ਬਾਲ ਨਾਟਕ' ਅਤੇ 'ਚੁਗਲਖ਼ੋਰ ਅਤੇ ਹੋਰ ਬਾਲ ਨਾਟਕ' ਦਾ ਲੋਕ—ਅਰਪਣ ਕੀਤਾ ਗਿਆ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਦੀ ਇਸ ਧਾਰਣਾ ਕਿ ਨਵੀਂ ਪੀੜ੍ਹੀ ਨੂੰ ਉਸ ਦੀ ਮਾਤ—ਭਾਸ਼ਾ ਅਤੇ ਸਾਹਿਤ ਨਾਲ ਜੋੜਨਾ ਵਰਤਮਾਨ ਸਮੇਂ ਦੀ ਮਹੱਤਵਪੂਰਨ ਜ਼ਰੂਰਤ ਹੈ, ਦੇ ਮੱਦੇਨਜ਼ਰ ਪੰਜਾਬ ਦੇ ਨਾਮੀ ਅਤੇ ਸ਼੍ਰੋਮਣੀ ਬਾਲ ਸਾਹਿਤ ਲੇਖਕਾਂ ਵੱਲੋਂ ਇਹ ਪੁਸਤਕਾਂ ਰਿਲੀਜ਼ ਕੀਤੀਆਂ ਗਈਆਂ। ਪ੍ਰੀਤਨਗਰ (ਅੰਮ੍ਰਿਤਸਰ) ਤੋਂ ਪੁੱਜੇ ਬਾਲ ਰਿਸਾਲੇ 'ਬਾਲ ਸੰਦੇਸ਼' ਦੇ ਸੰਪਾਦਕ ਹਿਰਦੇਪਾਲ ਸਿੰਘ ਨੇ ਕਿਹਾ ਕਿ ਬਾਲ ਸਾਹਿਤ ਵਿਚ ਬੱਚਿਆਂ ਲਈ ਮਿਆਰੀ ਨਾਟਕਾਂ ਦੀ ਮੁੱਢ ਤੋਂ ਹੀ ਘਾਟ ਹੈ। ਡਾ. ਕੁਲਬੀਰ ਸਿੰਘ ਸੂਰੀ ਦੀ ਧਾਰਣਾ ਸੀ ਕਿ ਬਾਲ ਸਾਹਿਤ ਦੀਆਂ ਸਾਰੀਆਂ ਵੰਨਗੀਆਂ ਨੇ ਪੰਜਾਬੀ ਬਾਲ ਸਾਹਿਤ ਦੇ ਖੇਤਰ ਨੂੰ ਅਮੀਰ ਬਣਾਇਆ ਹੈ ਅਤੇ ਪੰਜਾਬ ਵਿਚ ਬਾਲ ਰੰਗਮੰਚ ਦੀ ਲਹਿਰ ਤੁਰਨੀ ਚਾਹੀਦੀ ਹੈ। ਮਾਹਿਲਪੁਰ ਤੋਂ ਬਾਲ ਰਿਸਾਲੇ 'ਨਿੱਕੀਆਂ ਕਰੂੰਬਲਾਂ' ਦੇ ਸੰਪਾਦਕ ਬਲਜਿੰਦਰ ਮਾਨ ਦਾ ਕਹਿਣਾ ਸੀ ਕਿ ਬਾਲ ਸਾਹਿਤ ਹੀ ਪ੍ਰੌੜ੍ਹ ਸਾਹਿਤ ਲਈ ਰਾਹਦਸੇਰਾ ਬਣਦਾ ਹੈ। ਮੋਹਾਲੀ ਤੋਂ ਪੁੱਜੇ ਮਨਮੋਹਨ ਸਿੰਘ ਦਾਊਂ ਨੇ ਕਿਹਾ ਕਿ ਬੱਚਿਆਂ ਲਈ ਸੋਸ਼ਲ ਮੀਡੀਆ ਨਾਲੋਂ ਬਾਲ ਸਾਹਿਤ ਦੀ ਅਹਿਮੀਅਤ ਵਧੇਰੇ ਹੈ ਜੋ ਉਨ੍ਹਾਂ ਦੀ ਮਾਨਸਿਕਤਾ ਨੂੰ ਕੁੰਠਿਤ ਨਹੀਂ ਕਰਦਾ। ਡਾ. ਦਰਸ਼ਨ ਸਿੰਘ ਆਸ਼ਟ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬੀ ਵਿਚ ਬਾਲ ਨਾਟਕਾਂ ਦੀ ਘਾਟ ਨੂੰ ਸ਼ਿੱਦਤ ਨਾਲ ਮਹਿਸੂਸ ਕੀਤਾ ਹੈ। ਇਸ ਅਵਸਰ ਤੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ, ਡਾ. ਰਾਜਵਿੰਦਰ ਸਿੰਘ ਅਤੇ ਡਾ. ਗੁਰਸੇਵਕ ਸਿੰਘ ਲੰਬੀ, ਡਾ. ਰਾਜਮੋਹਿੰਦਰ ਕੌਰ, ਤਰਸੇਮ ਤੋਂ ਇਲਾਵਾ ਕਈ ਰੰਗਕਰਮੀ ਵੀ ਹਾਜ਼ਰ ਸਨ।

## ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ 'ਧਰਤੀ ਦਿਵਸ' ਮਨਾਇਆ

ਦੇਵੀਗੜ੍ਹ, 23 ਅਪ੍ਰੈਲ (ਗੁਰਜੀਤ ਸਿੰਘ ਢੌਟ) : ਜੁਲਾਹਖੇੜੀ ਵਿਖੇ ਸਥਿਤ ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ 'ਧਰਤੀ ਦਿਵਸ' ਬੜੀ ਧੂਮ-ਧਾਮ ਅਤੇ ਸਿੱਖਿਆਦਾਇਕ ਗਤੀਵਿਧੀਆਂ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਸੰਭਾਲ ਦਾ ਪ੍ਰਣ ਲਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਈ।



ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸਾਹਿਬ ਨੇ ਕਿਹਾ ਕਿ ਧਰਤੀ ਸਾਡਾ ਸਾਂਝਾ ਘਰ ਹੈ ਅਤੇ ਇਸ ਨੂੰ ਪ੍ਰਦੂਸ਼ਣ ਮੁਕਤ ਰੱਖਣਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਬੱਚਿਆਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਪਾਣੀ ਦੀ ਬਚਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਕੌਰ ਨੇ ਬੱਚਿਆਂ ਦੁਆਰਾ ਬਣਾਏ ਗਏ ਵਾਤਾਵਰਣ ਪੱਖੀ ਚਾਰਟਾਂ ਅਤੇ ਮਾਡਲਾਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਧਰਤੀ ਦਿਵਸ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਭਾਸ਼ਣ, ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਦੇ ਮੁਕਾਬਲੇ ਵੀ ਕਰਵਾਏ ਗਏ।

## *ਚੋਰੀ ਦਾ ਮੋਟਰਸਾਈਕਲ ਬਰਾਮਦ*

ਪਟਿਆਲਾ, 23 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਜਸਪ੍ਰੀਤ ਸਿੰਘ ਵਾਸੀ ਪਿੰਡ ਮੰਜਲੀ ਥਾਣਾ ਘਨੌਰ, ਪ੍ਰਿੰਸ ਵਾਸੀ ਗਲੀ ਨੰ. 3 ਸਿਨੇਮਾ ਕਲੋਨੀ ਸਨੌਰ ਵਿਰੁੱਧ ਧਾਰਾ 317(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸਤੀਸ਼ ਕੁਮਾਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਬੀਰ ਜੀ ਦੀਆਂ ਮੜ੍ਹੀਆ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀਆਂ ਦੇ ਬਿਨ੍ਹਾ ਨੰਬਰੀ ਮੋਟਰਸਾਈਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਮੋਟਰਸਾਈਕਲ ਚੋਰੀ ਦਾ ਪਾਇਆ ਗਿਆ, ਜੋ ਕਥਿਤ ਦੋਸ਼ੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਇਹ ਮੋਟਰਸਾਈਕਲ 2-3 ਦਿਨਾਂ ਪਹਿਲਾ ਹੀ ਵੱਡੀ ਬਾਰਾਂਦਰੀ ਤੋਂ ਚੋਰੀ ਕੀਤਾ ਸੀ।

## ਭਗਤ ਧੰਨਾ ਜੀ ਦਾ ਜਨਮ ਦਿਹਾੜਾ ਮਨਾਇਆ



ਭਾਦਸੋਂ, 23 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਸ਼੍ਰੋਮਣੀ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਪਿੰਡ ਅਕਾਲਗੜ੍ਹ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਅਖੰਡ ਪਾਠ ਸਾਹਿਬ ਆਰੰਭ ਕਰਵਾ ਕੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਬਾਬਾ ਗੁਰਚਰਨ ਸਿੰਘ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਅਲਾਹੀ ਬਾਣੀ ਨਾਲ ਜੋੜ ਕੇ ਸੰਗਤਾਂ ਨੂੰ ਨਿਹਾਲ ਕੀਤਾ ਆਪਣੇ ਪ੍ਰਵਚਨਾਂ ਰਾਹੀਂ ਸ਼੍ਰੋਮਣੀ ਭਗਤ ਧੰਨਾ ਜੀ ਦੁਆਰਾ ਰਚਿਤ ਬਾਣੀ ਅਤੇ ਉਹਨਾਂ ਦੁਆਰਾ ਪਰਮਾਤਮਾ ਤੋਂ ਆਪਣੀ ਭਗਤੀ ਨਾਲ ਸਾਰੇ ਕੰਮ ਕਰਾਉਣ ਬਾਰੇ ਸੰਗਤਾਂ ਨੂੰ ਵਿਸਥਾਰ ਵਿੱਚ ਦੱਸਿਆ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਉੱਘੇ ਸਮਾਜ ਸੇਵਕ ਸਾਬਕਾ ਸਰਪੰਚ ਜਰਨੈਲ ਸਿੰਘ ਜੀ ਨੇ ਕਿਹਾ ਇਹ ਜੋ ਸ਼੍ਰੋਮਣੀ ਭਗਤ ਧੰਨਾ ਜੀ ਦਾ ਸਮਾਗਮ ਸਾਰੇ ਪਿੰਡ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਜਰਨੈਲ ਸਿੰਘ ਯੂ ਐਸ ਏ, ਬਲਵਿੰਦਰ ਸਿੰਘ ਭੰਗੂ ਹਰਜਿੰਦਰ ਸਿੰਘ ਗਰਚਾ, ਇੰਦਰਜੀਤ ਸਿੰਘ ਗਰੇਵਾਲ ਨੂਰਪੁਰਾ, ਗੁਰਪ੍ਰੀਤ ਸਿੰਘ ਕਾਲਾ ਧੰਨਾ ਸਿੰਘ ਪੰਚ, ਲਖਵਿੰਦਰ ਸਿੰਘ ਨੰਬਰਦਾਰ, ਪ੍ਰਧਾਨ ਗੁਰਦੀਪ ਸਿੰਘ, ਅਵਤਾਰ ਸਿੰਘ ਯੂ ਐਸ ਏ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪਸਾਰ ਲਈ ਇੱਕ ਹੋਰ ਪਹਿਲਕਦਮੀ

**➢ਵਿਭਾਗੀ ਕੋਸ਼ਾਂ ਦੀ 'ਸ਼ਬਦਮਾਲਾ' ਐਂਡਰਾਇਡ ਐਪ ਦਾ ਆਗਾਜ਼**

ਪਟਿਆਲਾ, 23 ਅਪ੍ਰੈਲ (ਰੁਪਾਣਾ) : ਪੰਜਾਬ ਸਰਕਾਰ ਦੀ ਸਰਪ੍ਰਸਤੀ 'ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਭਾਸ਼ਾਵਾਂ ਦੀ ਦੇਖ-ਰੇਖ ਵਿੱਚ ਤਿਆਰ ਕੀਤੀ ਗਈ 'ਸ਼ਬਦਮਾਲਾ ਐਂਡਰਾਇਡ ਐਪ' ਦਾ ਆਗਾਜ਼ ਹੋ ਗਿਆ ਹੈ। ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਇਸ ਐਪ ਨੂੰ ਲੋਕ ਅਰਪਣ ਕਰਨ ਦੀ ਰਸਮ ਅਦਾ ਕੀਤੀ। ਇਸ ਮੌਕੇ ਵਿਭਾਗ ਦੇ ਅਧਿਕਾਰੀ ਅਤੇ ਐਪ ਦੀ ਸਿਰਜਣਾ ਕਰਨ ਵਾਲੀ ਟੀਮ ਹਾਜ਼ਰ ਸੀ। ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ 'ਸ਼ਬਦਮਾਲਾ' ਆਧੁਨਿਕ ਕੋਸ਼ ਪਲੇਟਫਾਰਮ ਹੈ, ਜਿਸ ਰਾਹੀਂ ਸ਼ਬਦ ਜਗਿਆਸੂ ਵੱਖ-ਵੱਖ



ਕੋਸ਼ਾਂ ਵਿੱਚੋਂ ਸ਼ਬਦਾਂ ਦੇ ਅਰਥ ਆਨਲਾਈਨ ਖੋਜ ਸਕਦੇ ਹਨ। ਹੁਣ ਇਸ ਮੋਬਾਈਲ ਐਪ ਰਾਹੀਂ ਸ਼ਬਦ-ਅਰਥ ਲੱਭਣ ਦੀ ਪ੍ਰਕਿਰਿਆ ਹੋਰ ਵੀ ਆਸਾਨ ਹੋ ਗਈ ਹੈ ਅਤੇ ਵਰਤੋਂਕਾਰ ਆਪਣੇ ਫੋਨ ਰਾਹੀਂ ਕਿਤੇ ਵੀ, ਕਦੇ ਵੀ ਤੇ ਕਿਸੇ ਵੀ ਸ਼ਬਦ ਦੇ ਅਰਥ ਲੱਭ ਸਕਣਗੇ। ਉਨ੍ਹਾਂ ਦੱਸਿਆ ਕਿ ਵਿਭਾਗ ਦੀ ਟੀਮ ਵੱਲੋਂ ਡਿਪਟੀ ਡਾਇਰੈਕਟਰ ਸ੍ਰੀ ਆਲੋਕ ਚਾਵਲਾ ਦੀ ਅਗਵਾਈ 'ਚ ਇਸ ਐਪ ਨੂੰ ਤਿਆਰ ਕਰਨ ਦਾ ਕਾਰਜ 2023 ਵਿੱਚ ਸ਼ੁਰੂ ਕੀਤਾ ਗਿਆ ਸੀ ਅਤੇ ਸਤੰਬਰ 2024 ਵਿੱਚ ਵੈੱਬ ਪਲੇਟਫਾਰਮ ਰੂਪ ਵਿੱਚ ਲਾਂਚ ਕੀਤਾ ਗਿਆ ਸੀ। ਹੁਣ ਇਹ ਐਪ ਦੇ ਰੂਪ ਵਿੱਚ ਇੱਕ ਹੋਰ ਮਹੱਤਵਪੂਰਨ ਪੜਾਅ 'ਤੇ ਪਹੁੰਚ ਗਿਆ ਹੈ। ਡਿਪਟੀ ਡਾਇਰੈਕਟਰ ਸ੍ਰੀ ਆਲੋਕ ਚਾਵਲਾ ਨੇ ਦੱਸਿਆ ਕਿ ਇਸ ਤੋਂ ਇਲਾਵਾ ਹਿੰਦੂ ਮਿਥਿਹਾਸ ਕੋਸ਼ ਅਤੇ ਪੁਆਧੀ ਕੋਸ਼ 'ਤੇ ਕੰਮ ਜਾਰੀ ਹੈ, ਜਿਨ੍ਹਾਂ ਨੂੰ ਜਲਦ ਹੀ ਐਪ 'ਤੇ ਉਪਲੱਬਧ ਕਰਵਾ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਵਿਭਾਗ ਦੀਆਂ ਸ਼ਬਦਾਵਲੀਆਂ ਨੂੰ ਵੀ ਇਸੇ ਐਪ 'ਤੇ ਮੁਹੱਈਆ ਕਰਾਉਣ ਅਤੇ 40 ਤੋਂ ਵੱਧ ਕੋਸ਼ਾਂ ਨੂੰ ਇੱਕ-ਇੱਕ ਕਰ ਕੇ ਇਸ ਪਲੇਟਫਾਰਮ ਨਾਲ ਜੋੜਿਆ ਜਾਵੇਗਾ। ਇਸ ਮੌਕੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ ਵੀ ਹਾਜ਼ਰ ਸਨ। ਦੱਸਣਯੋਗ ਹੈ ਕਿ ਇਹ ਪ੍ਰਾਜੈਕਟ ਸ੍ਰੀ ਆਲੋਕ ਚਾਵਲਾ, ਡਿਪਟੀ ਡਾਇਰੈਕਟਰ (ਕੋਸ਼ਕਾਰੀ) ਦੀ ਨਿਗਰਾਨੀ ਹੇਠ ਤਿਆਰ ਕੀਤਾ ਗਿਆ ਹੈ। ਇਸ ਵਿੱਚ ਸੰਪਾਦਕੀ ਦਾ ਕਾਰਜ ਸਤਪਾਲ ਸਿੰਘ, ਖੋਜ ਅਫ਼ਸਰ (ਕੋਸ਼ਕਾਰੀ) ਨੇ ਕੀਤਾ ਹੈ ਅਤੇ ਸ਼ਬਦਮਾਲਾ ਸਾਫਟਵੇਅਰ ਨੂੰ ਤਿਆਰ ਕਰਨ ਦਾ ਸਿਹਰਾ ਮਹੇਸ਼ਇੰਦਰ ਸਿੰਘ ਖੋਸਲਾ, ਖੋਜ ਸਹਾਇਕ ਨੂੰ ਜਾਂਦਾ ਹੈ। ਕੋਸ਼ਾਂ ਨੂੰ ਯੂਨੀਕੋਡ ਵਿੱਚ ਕਨਵਰਟ ਕਰਨ ਅਤੇ ਸਾਫਟਵੇਅਰ ਅਨੁਕੂਲ ਕਰਨ ਦੇ ਕਾਰਜ ਵਿੱਚ ਰਜਿੰਦਰ ਕੌਰ ਸੀਨੀਅਰ ਸਹਾਇਕ, ਮਨਜੀਤ ਸਿੰਘ ਸਪਾਲ ਸੀਨੀਅਰ ਸਹਾਇਕ, ਦੀਪਕ ਕੁਮਾਰ ਜੂਨੀਅਰ ਸਹਾਇਕ, ਬੀਬਾ ਕਿਰਨਜੀਤ ਕੌਰ ਜੂਨੀਅਰ ਸਕੇਲ ਸਟੈਨੋਗ੍ਰਾਫਰ, ਬੀਬਾ ਰਾਖੀ ਕਲਰਕ, ਬੀਬਾ ਵਿਸ਼ਵਜੋਤ ਕੌਰ ਪਰੂਫ਼ ਰੀਡਰ, ਕਾਪੀ ਹੋਲਡਰ ਗੁਰਬਖ਼ਸ਼ ਸਿੰਘ ਤੇ ਮਨਵੀਰ ਸਿੰਘ ਨੇ ਅਹਿਮ ਯੋਗਦਾਨ ਦਿੱਤਾ।

## ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਟੀਕਾਕਰਨ ਹਫਤੇ ਦੀ ਸ਼ੁਰੂਆਤ : ਡਾ.ਸ਼ੈਲੀ ਜੇਤਲੀ

ਪਟਿਆਲਾ, 23 ਅਪ੍ਰੈਲ (ਰੁਪਾਣਾ/ਦੀਪਕ ਜੈਦਕਾ) : ਜ਼ਿਲ੍ਹਾ ਸਿਹਤ ਵਿਭਾਗ ਪਟਿਆਲਾ ਵੱਲੋਂ ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਦੀ ਅਗਵਾਈ ਵਿੱਚ ਵਿਸ਼ੇਸ਼ ਟੀਕਾਕਰਨ ਹਫਤੇ ਦੀ ਸ਼ੁਰੂਆਤ ਕੀਤੀ ਜਾਵੇਗੀ। ਇਹ ਹਫਤਾ 24 ਅਪ੍ਰੈਲ ਤੋਂ 30 ਅਪ੍ਰੈਲ ਤੱਕ ਮਨਾਇਆ ਜਾਵੇਗਾ। ਇਸ ਮੁਹਿਮ ਤਹਿਤ ਜ਼ਿਲ੍ਹੇ ਦੇ ਡਰਾਪਆਊਟ ਅਤੇ ਲੈਫਟ ਆਊਟ ਬੱਚਿਆਂ ਅਤੇ ਗਰਭਵਤੀ ਮਾਵਾਂ ਦਾ ਟੀਕਾਕਰਨ ਕੀਤਾ ਜਾਵੇਗਾ। ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਨੇ ਇਸ ਵਿਸ਼ੇਸ਼ ਹਫਤੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਕਰਮਚਾਰੀਆਂ ਵੱਲੋਂ ਯੋਗ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾਵੇਗਾ। ਇਸ ਮੁਹਿੰਮ ਦੌਰਾਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਭਾਲ ਕੀਤੀ ਜਾਵੇਗੀ, ਤਾਂ ਜੋ ਲਾਭਪਾਤਰੀਆਂ ਦਾ ਟੀਕਾਕਰਨ ਯਕੀਨੀ ਬਣਾਇਆ ਜਾ ਸਕੇ। ਇਸ ਹਫਤੇ ਦੌਰਾਨ ਸਿਹਤ ਕਰਮਚਾਰੀਆਂ ਵੱਲੋਂ ਹਾਈ ਰਿਸਕ ਆਬਾਦੀ ਵਾਲੇ ਖੇਤਰਾਂ ਜਿਵੇਂ ਕਿ ਸਲੱਮ ਏਰੀਆ, ਮਾਈਗਰੇਟਰੀ ਏਰੀਆ, ਅਰਬਨ ਏਰੀਆ ਅਤੇ ਜ਼ਿਲ੍ਹੇ ਦੇ ਸਮੂਹ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਤੱਕ ਪਹੁੰਚ ਕਰਕੇ ਬੱਚਿਆਂ ਅਤੇ ਔਰਤਾਂ ਦਾ ਟੀਕਾਕਰਨ ਕੀਤਾ ਜਾਵੇਗਾ। ਕਾਰਜਕਾਰੀ ਜ਼ਿਲ੍ਹਾ ਟੀਕਾਕਰਨ ਅਫਸਰ ਡਾ.ਇੰਦਰਪ੍ਰੀਤ ਰੰਧਾਵਾ ਨੇ ਦੱਸਿਆ ਕਿ ਇਸ ਟੀਕਾਕਰਨ ਮੁਹਿੰਮ ਤਹਿਤ ਵੱਖ-ਵੱਖ ਮਾਰੂ ਬਿਮਾਰੀਆਂ ਜਿਵੇਂ ਪੋਲੀਓ, ਕਾਲੀ ਖਾਂਸੀ, ਤਪਦਿਕ ਅਤੇ ਹੋਰ 11 ਬਿਮਾਰੀਆਂ ਤੋਂ ਬਚਾਅ ਲਈ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾਵੇਗਾ, ਤਾਂ ਜੋ ਜ਼ਿਲ੍ਹੇ ਵਿੱਚ 100 ਫੀਸਦੀ ਟੀਕਾਕਰਨ ਦੇ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕੇ। ਉਹਨਾਂ ਵੱਲੋਂ ਅਪੀਲ ਕੀਤੀ ਕਿ ਜੇਕਰ ਕੋਈ ਬੱਚਾ ਜਾਂ ਗਰਭਵਤੀ ਔਰਤ ਟੀਕਾਕਰਨ ਤੋਂ ਵਾਂਝੀ ਰਹਿ ਗਈ ਹੈ ਤਾਂ ਵਿਸ਼ੇਸ਼ ਟੀਕਾਕਰਨ ਹਫਤੇ ਦੌਰਾਨ ਨੇੜਲੇ ਸਿਹਤ ਸੰਸਥਾਨ ਤੋਂ ਟੀਕਾਕਰਨ ਕਰਵਾਇਆ ਜਾ ਸਕਦਾ ਹੈ।





# ਪਟਿਆਲਾ-ਆਸ/ਪਾਸ



## ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੌਦੇ ਲਗਾਉਣ ਦੀ ਮੁਹਿੰਮ ਦੀ ਤਿਆਰੀ ਲਈ ਮੀਟਿੰਗ

### ➢ਜ਼ਿਲ੍ਹੇ 'ਚ ਰੁੱਖ ਲਗਾਉਣ ਲਈ ਵੱਖ- ਵੱਖ ਵਿਭਾਗਾਂ ਨੂੰ ਡੀ.ਸੀ. ਵੱਲੋਂ ਨਿਰਦੇਸ਼

ਮਲੇਰਕੋਟਲਾ, 23 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਵਿਆਪਕ ਰੁੱਖ ਲਗਾਉਂਣ ਦੀ ਮੁਹਿੰਮ ਚਲਾਉਣ ਲਈ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਵਾਸਤੇ ਡਿਪਟੀ ਕਮਿਸ਼ਨਰ ਸ੍ਰੀ ਵਿਰਾਜ ਐਸ. ਤਿੜਕੇ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਮੁਹਿੰਮ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਵਾਤਾਵਰਨ ਸੰਰੱਖਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਅਭਿਆਨ ਰਾਹੀਂ ਜ਼ਿਲ੍ਹੇ ਵਿੱਚ ਵੱਡੇ ਪੱਧਰ 'ਤੇ ਪੌਦੇ ਲਗਾ ਕੇ ਵਾਤਾਵਰਨ ਨੂੰ ਹਰਿਆ-ਭਰਿਆ ਬਣਾਉਣ, ਪ੍ਰਦੂਸ਼ਨ ਘਟਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸ਼ੁੱਧ ਹਵਾ ਯਕੀਨੀ ਬਣਾਉਣ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਸਾਰੇ ਸਬੰਧਿਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਆਪਸੀ ਤਾਲਮੇਲ ਨਾਲ ਜ਼ਿਲ੍ਹਾ ਪੱਧਰੀ ਵਿਸਥਾਰਪੂਰਵਕ ਕਾਰਜ ਯੋਜਨਾ ਤਿਆਰ ਕੀਤੀ ਜਾਵੇ। ਨਾਲ ਹੀ ਹਰ ਵਿਭਾਗ ਆਪਣੇ-ਆਪਣੇ ਟਾਰਗੇਟ ਨਿਰਧਾਰਤ ਕਰਕੇ ਨਿਰਧਾਰਿਤ ਸਮੇਂ ਅੰਦਰ ਪੌਧਾਰੋਪਣ ਮੁਹਿੰਮ ਨੂੰ ਸਫਲ ਬਣਾਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਚਾਇਤੀ ਜ਼ਮੀਨਾਂ ਦੀ ਪਛਾਣ ਤੁਰੰਤ ਕੀਤੀ ਜਾਵੇ ਅਤੇ ਜੰਗਲਾਤ ਵਿਭਾਗ ਵੱਲੋਂ ਗੁਣਵੱਤਾ ਵਾਲੇ ਪੌਦੇ ਸਮੇਂ ਸਿਰ ਉਪਲੱਬਧ ਕਰਵਾਏ ਜਾਣ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿਪੀ ਗਰਗ, ਡੀ.ਡੀ.ਪੀ.ਓ. ਰੂਪ ਸਿੰਘ, ਬੀ.ਡੀ.ਪੀ.ਓ. ਜਸਮਿੰਦਰ ਸਿੰਘ, ਐਸ.ਡੀ.ਓ. (ਪੀ.ਡਬਲਿਊ.ਡੀ.) ਇੰਜੀ. ਯੁਦਵੀਰ ਸਿੰਘ, ਡਰਾਫਟਸਮੈਨ ਲਵਿਸ਼ ਬਾਤਿਸ਼, ਸੁਪਰਡੈਂਟ ਨਗਰ ਕੌਂਸਲ ਅਹਿਮਦਗੜ੍ਹ ਇਫਤਖਾਰ ਅਹਿਮਦ, ਐਸ.ਡੀ.ਈ. ਇੰਜੀ. ਲਵਿਸ਼ ਜੈਨ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਧਰਤੀ ਦਿਵਸ ਮੌਕੇ ਸ੍ਰੀ ਬਾਂਕੇ ਬਿਹਾਰੀ ਯੂਥ ਕਲੱਬ ਨੇ ਪੌਦੇ ਲਗਾਏ



ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ): ਧਰਤੀ ਦਿਵਸ ਦੇ ਮੌਕੇ 'ਤੇ ਸ਼੍ਰੀ ਬਾਂਕੇ ਬਿਹਾਰੀ ਯੂਥ ਕਲੱਬ ਵੱਲੋਂ ਸਥਾਨਕ ਸ਼੍ਰੀ ਅਗਰਵਾਲ ਗਊਸ਼ਾਲਾ 'ਚ ਪੌਦੇ ਲਗਾਉਣ ਦਾ ਕੈਂਪ ਲਗਾਇਆ ਗਿਆ। ਇਸ ਮੌਕੇ ਕਲੱਬ ਮੈਂਬਰਾਂ, ਸਮਾਜ ਸੇਵੀਆਂ ਅਤੇ ਇਲਾਕਾ ਨਿਵਾਸੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਅਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ। ਸੰਸਥਾ ਦੇ ਪ੍ਰਬੰਧਕਾਂ ਅਭਿਨਵ ਗੁਪਤਾ, ਮਨੀਸ਼ ਅਗਰਵਾਲ, ਡਿੰਪਲ ਜਿੰਦਲ, ਵਿਸ਼ਾਲ ਸਿੰਗਲਾ, ਵਿਕੀ ਗਰਗ ਬਲਵਿੰਦਰ ਸਿੰਘ ਨੇ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ, ਕਿਉਂਕਿ ਰੁੱਖ ਸਾਨੂੰ ਸ਼ੁੱਧ ਹਵਾ, ਛਾਂ ਅਤੇ ਜੀਵਨ ਲਈ ਲੋੜੀਂਦਾ ਸੰਤੁਲਨ ਪ੍ਰਦਾਨ ਕਰਦੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਵਿਅਕਤੀ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਪੌਦਾ ਜਰੂਰ ਲਗਾਏ ਅਤੇ ਉਸ ਦੀ ਸੰਭਾਲ ਵੀ ਕਰੇ। ਕਲੱਬ ਵੱਲੋਂ ਸਹਿਯੋਗ ਦੇਣ ਵਾਲੇ ਸਾਰੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਸਮਾਜ ਭਲਾਈ ਮੁਹਿੰਮਾਂ ਜਾਰੀ ਰੱਖਣ ਦਾ ਭਰੋਸਾ ਦਿੱਤਾ ।

## ਵਧੀਕ ਡਿਪਟੀ ਕਮਿਸ਼ਨਰ ਵੱਲੋਂ ਦੋ ਸਕੂਲਾਂ ਦੇ ਸਿਵਲ ਵਰਕਸ ਦੀ ਅਚਨਚੇਤ ਚੈਕਿੰਗ

### ➢ਤਕਨੀਕੀ ਮਾਪਦੰਡਾਂ ਅਤੇ ਗੁਣਵੱਤਾ 'ਤੇ ਜ਼ੋਰ, ਲਾਪਰਵਾਹੀ ਬਰਦਾਸ਼ਤ ਨਹੀਂ: ਬਰਾੜ

ਮਲੇਰਕੋਟਲਾ, 23 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਸਮੱਗਰ ਸਿੱਖਿਆ ਅਭਿਆਨ ਤਹਿਤ ਚੱਲ ਰਹੇ ਬੁਨਿਆਦੀ ਢਾਂਚੇ ਦੇ ਸੁਧਾਰ ਕਾਰਜਾਂ ਦੀ ਗੁਣਵੱਤਾ ਅਤੇ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਵੱਲੋਂ ਸਰਕਾਰੀ ਹਾਈ ਸਕੂਲ ਅਮਰਪੁਰਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਕਬਰਪੁਰਾ ਵਿਖੇ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਕਰੀਬ 56 ਲੱਖ 67 ਹਜ਼ਾਰ ਰੁਪਏ ਦੀ ਲਾਗਤ ਨਾਲ ਚੱਲ ਰਹੇ ਸਿਵਲ ਵਰਕਸ ਦਾ ਮੌਕੇ 'ਤੇ ਨਿਰੀਖਣ ਕਰਦਿਆਂ ਕੰਮ ਦੀ ਗੁਣਵੱਤਾ, ਤਕਨੀਕੀ ਮਾਪਦੰਡਾਂ ਅਤੇ ਸਮੇਂਬੱਧਤਾ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ। ਜਿਕਰਯੋਗ ਹੈ ਕਿ ਸਰਕਾਰੀ ਹਾਈ ਸਕੂਲ ਅਮਰਪੁਰਾ ਵਿਖੇ 41 ਲੱਖ 67 ਹਜਾਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਕਬਰਪੁਰਾ ਵਿਖੇ 15 ਲੱਖ ਰੁਪਏ ਦੇ ਵਿਕਾਸ ਕਾਰਜ ਆਰੰਭੇ ਗਏ ਹਨ । ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਹਰ ਪੜਾਅ 'ਤੇ ਤਕਨੀਕੀ ਮਿਆਰਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਵਿਦਿਆਰਥੀਆਂ ਦੇ ਭਵਿੱਖ ਨਾਲ ਸਿੱਧੇ ਤੌਰ 'ਤੇ ਜੁੜੀ ਹੋਈ ਹੈ, ਇਸ ਲਈ ਕੰਮ ਦੀ ਗੁਣਵੱਤਾ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਸਾਰੇ ਵਿਕਾਸ ਕਾਰਜ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ। ਚੈਕਿੰਗ ਦੌਰਾਨ ਉਨ੍ਹਾਂ ਸਕੂਲ ਦੇ ਵਿਦਿਆਰਥੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਸਿੱਖਿਆ ਪ੍ਰਤੀ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਾਮੁਕਤੀ ਅਤੇ ਜਨਗਣਨਾ ਸਬੰਧੀ ਜਾਗਰੂਕ ਕਰਦਿਆਂ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਲਈ ਉਤਸ਼ਾਹਿਤ ਕੀਤਾ। ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਨਾਲ ਸਰਕਾਰੀ ਸਕੂਲਾਂ ਦਾ ਮਿਆਰ ਉੱਚਾ ਹੋ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ।



## ਸ਼ੱਕੀ ਹਾਲਾਤਾਂ 'ਚ ਨੌਜਵਾਨ ਦੀ ਲਾਸ਼ ਬ੍ਰਾਮਦ

ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ) : ਵੀਰਵਾਰ ਸਵੇਰੇ ਅਗਰਸੇਨ ਚੌਂਕ ਨੇੜੇ ਸ਼ੱਕੀ ਹਾਲਾਤਾਂ ਵਿੱਚ 19 ਸਾਲਾ ਨੌਜਵਾਨ ਦੀ ਲਾਸ਼ ਮਿਲਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ। ਸੂਚਨਾ ਮਿਲਣ 'ਤੇ ਸਿਟੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਪਹੁੰਚਾਇਆ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੀ ਏ.ਐਸ.ਆਈ. ਰਾਜਵਿੰਦਰ ਕੌਰ ਅਤੇ ਧਰਮਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਜਸ਼ਨਪ੍ਰੀਤ ਸਿੰਘ (ਪੁੱਤਰ ਸਵ. ਸਤਗੁਰੂ ਸਿੰਘ, ਨਿਵਾਸੀ ਪਿੰਡ ਕੁਲਾਰਾਂ) ਦੇ ਚਾਚਾ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਹ ਬਾਈਕ 'ਤੇ ਸਵਾਰ ਹੋ ਕੇ ਘਰੋਂ ਨਿਕਲਿਆ ਸੀ ਪਰ ਰਾਤ ਨੂੰ ਘਰ ਨਹੀਂ ਪਰਤਿਆ। ਸਵੇਰੇ ਲੋਕਾਂ ਨੇ ਉਸਨੂੰ ਅਗਰਸੇਨ ਚੌਂਕ ਨੇੜੇ ਗਲੀ ਵਿੱਚ ਮ੍ਰਿਤਕ ਹਾਲਤ ਵਿੱਚ ਦੇਖਿਆ ਅਤੇ ਪੁਲਿਸ ਨੂੰ ਸੂਚਨਾ ਦਿੱਤੀ, ਜਿਸ ਤੋਂ ਬਾਅਦ ਪੁਲਿਸ ਨੇ ਮੌਕੇ @ਤੇ ਪਹੁੰਚ ਕੇ ਉਸਦੀ ਸ਼ਨਾਖਤ ਕੀਤੀ। ਨੇੜੇ ਹੀ ਉਸਦਾ ਬਾਈਕ ਪਿਆ ਮਿਲਿਆ, ਪਰ ਸਰੀਰ @ਤੇ ਕਿਸੇ ਤਰ੍ਹਾਂ ਦੇ ਸੱਟ ਦੇ ਨਿਸ਼ਾਨ ਨਹੀਂ ਸਨ। ਅਧਿਕਾਰੀਆਂ ਅਨੁਸਾਰ ਪੋਸਟਮਾਰਟਮ ਉਪਰੰਤ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

## ਆਜ਼ਾਦੀ ਘੁਲਾਟੀਆਂ ਦੀ ਜਥੇਬੰਦੀ ਵੱਲੋਂ ਪ੍ਰਨੀਤ ਕੌਰ ਨਾਲ ਮੁਲਾਕਾਤ

ਪਟਿਆਲਾ, 23 ਅਪ੍ਰੈਲ (ਅਮਰਜੀਤ/ਦੀਪਕ ਜੈਦਕਾ) : ਭਾਰਤ ਦੇਸ਼ ਨੂੰ ਆਜ਼ਾਦ ਕਰਵਾਉਣ ਸਮੇਂ ਆਜ਼ਾਦੀ ਦੀਆਂ ਲਹਿਰਾਂ ਦੌਰਾਨ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ ਮਹਾਨ ਦੇਸ਼ ਭਗਤਾਂ, ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੇ 11 ਮੈਂਬਰੀ ਵਫ਼ਦ ਵੱਲੋਂ ਪੰਜਾਬ ਭਾਜਪਾ ਦੇ ਆਗੂ ਅਤੇ ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪ੍ਰਨੀਤ ਕੌਰ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਦੱਸਿਆ ਕਿ ਅੱਜ ਦੀ ਮੁਲਾਕਾਤ ਦੌਰਾਨ ਪੰਜਾਬ ਦੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਕੇਂਦਰ ਸਰਕਾਰ ਨਾਲ ਸਬੰਧਤ ਸਨਮਾਨ ਸਹੂਲਤਾਂ ਸਬੰਧੀ ਮਹਾਰਾਣੀ ਪ੍ਰਨੀਤ ਕੌਰ ਨੂੰ ਜਾਣੂ ਕਰਵਾਇਆ ਗਿਆ ਹੈ। ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ ਅਤੇ ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ ਦੇ ਸੱਦੇ ਉੱਤੇ ਜ਼ਿਲ੍ਹਾ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਸਾਬਕਾ ਵਿਦੇਸ਼ ਰਾਜ ਮੰਤਰੀ ਪ੍ਰਨੀਤ ਕੌਰ ਨਾਲ ਲੰਮਾ ਸਮਾਂ ਆਜ਼ਾਦੀ ਘੁਲਾਟੀਆਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਵਾਉਣ ਲਈ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰਨੀਤ ਕੌਰ ਨੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਮਾਣ ਸਨਮਾਨ ਦਿੰਦੇ ਹੋਏ ਵਾਅਦਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਦੇਸ਼ ਭਗਤਾਂ ਦੀਆਂ ਸਨਮਾਨ ਸਹੂਲਤਾਂ ਨੂੰ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਧਿਆਨ ਹੇਠ ਲਿਆ ਕੇ ਹੱਲ ਕਰਾਉਣ ਦਾ ਯਤਨ ਕੀਤਾ ਜਾਵੇਗਾ। ਸਾਬਕਾ ਵਿਦੇਸ਼ ਰਾਜ ਮੰਤਰੀ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਵੱਲੋਂ ਕੀਤੀਆਂ ਕੁਰਬਾਨੀਆਂ ਸਦਕਾ ਹੀ ਭਾਰਤੀ ਲੋਕਤੰਤਰ ਦੀ ਸਥਾਪਨਾ ਹੋਈ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਵੱਧ ਕੁਰਬਾਨੀਆਂ ਪੰਜਾਬ ਦੇ ਲੋਕਾਂ ਨੇ ਦਿੱਤੀਆਂ ਹਨ। ਫਰੀਡਮ ਫਾਈਟਰ ਪਰਿਵਾਰਾਂ ਦੇ ਵਫ਼ਦ ਵਿੱਚ ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ, ਅਮਰਪ੍ਰੀਤ ਸਿੰਘ ਬੋਬੀ ਜ਼ਿਲ੍ਹਾ ਪ੍ਰਧਾਨ, ਕਮਲਦੀਪ ਸਿੰਘ ਗਿੱਲ ਦਫ਼ਤਰ ਇੰਚਾਰਜ, ਪ੍ਰੀਤਮ ਸਿੰਘ ਮਾਨ, ਗੁਰਇਕਬਾਲ ਸਿੰਘ ਸੰਧੂ, ਬਲਵਿੰਦਰ ਸਿੰਘ, ਇੰਦਰਪਾਲ ਸਿੰਘ ਵਿਰਕ, ਰਾਜਿੰਦਰ ਵਡੇਰਾ, ਪ੍ਰਵੀਨ ਕੁਮਾਰੀ, ਸੁਖਵਿੰਦਰ ਕੌਰ ਉਤਰਾਧਿਕਾਰੀ ਸ਼ਾਮਲ ਹੋਏ।



## ਟਾਵਰ ਮੋਰਚਾ ਸੰਘਰਸ਼ 'ਚ ਭਾਈ ਖ਼ਾਲਸਾ ਦੀ ਭੂਮਿਕਾ ਸ਼ਲਾਘਾਯੋਗ, ਖ਼ਾਲਸਾ ਪੰਥ ਦੀ ਵੱਡੀ ਜਿੱਤ : ਪ੍ਰੋ. ਬਡੂੰਗਰ



ਪਟਿਆਲਾ, 23 ਅਪ੍ਰੈਲ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਨੇ ਸੂਬੇ ਅੰਦਰ ਬੇਅਦਬੀਆਂ ਨੂੰ ਰੋਕਣ ਲਈ ਟਾਵਰ 'ਤੇ ਬੈਠ ਕੇ ਸੰਘਰਸ਼ ਕਰਨ ਵਾਲੇ ਭਾਈ ਗੁਰਜੀਤ ਸਿੰਘ ਖ਼ਾਲਸਾ ਵੱਲੋਂ ਨਿਭਾਈ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸੰਘਰਸ਼ ਦੌਰਾਨ ਭਾਵੇਂ ਬੇਅਦਬੀਆਂ ਦਾ ਕਾਨੂੰਨ ਬਣਾਉਣ ਵਿਚ ਦੇਰੀ ਕੀਤੀ ਗਈ, ਪਰ ਆਖ਼ਿਰ ਵਿਚ ਟਾਵਰ ਮੋਰਚੇ ਅੱਗੇ ਕਾਨੂੰਨ ਬਣਾ ਕੇ ਵੀ ਸਰਕਾਰ ਹਾਰਦੀ ਵਿਖਾਈ ਦਿੱਤੀ ਹੈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਜਥੇਦਾਰ ਜਸਮੇਰ ਸਿੰਘ ਲਾਲੜੂ ਨੇ ਕਿਹਾ ਕਿ ਟਾਵਰ ਮੋਰਚਾ ਜਿੱਤਣ ਮਗਰੋਂ ਭਾਈ ਗੁਰਜੀਤ ਸਿੰਘ ਖ਼ਾਲਸਾ ਜਿੱਥੇ ਟਾਵਰ ਤੋਂ ਉੱਤਰਨ ਜਾ ਰਹੇ ਹਨ, ਉੱਥੇ ਹੀ ਉਨ੍ਹਾਂ ਨੂੰ ਸਹੀ ਸਲਾਮਤ ਟਾਵਰ ਤੋਂ ਉਤਾਰਨ ਦੀ ਜ਼ਿੰਮੇਵਾਰੀ ਵੀ ਜ਼ਿਲ੍ਹਾ ਪ੍ਰਸ਼ਾਸਨ ਦੀ ਅਹਿਮ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਵਿਚ ਖ਼ਾਲਸਾ ਪੰਥ ਦੀ ਵੱਡੀ ਜਿੱਤ ਹੋਈ ਹੈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਵਿਧਾਨ ਸਭਾ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026 ਬਣਨ ਨਾਲ ਜਿੱਥੇ ਬੇਅਦਬੀਆਂ ਰੁਕਣਗੀਆਂ, ਉੱਥੇ ਹੀ ਸਖ਼ਤ ਸਜ਼ਾਵਾਂ ਨਾਲ ਬੇਅਦਬੀਆਂ ਦੀਆਂ ਘਟਨਾਵਾਂ ਨੂੰ ਠੱਲ ਪਵੇਗੀ।

## ਅੱਜ ਰਾਤ 8 ਵਜੇ ਹੋਵੇਗੀ ਮੌਕ ਡਰਿੱਲ ਐਕਸਰਸਾਈਜ਼

### ➢ਲੋਕ ਕਿਸੇ ਤਰ੍ਹਾਂ ਦੀ ਘਬਰਾਹਟ 'ਚ ਨਾ ਆਉਣ : ਏ.ਡੀ.ਸੀ.



ਪਟਿਆਲਾ, 23 ਅਪ੍ਰੈਲ (ਰੁਪਾਣਾ): ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਵਲ ਡਿਫੈਂਸ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਇਕ ਸਰਗਰਮ ਕਦਮ ਵਜੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿਚ ਪੰਜਾਬ ਹੋਮ ਗਾਰਡ ਐਂਡ ਸਿਵਿਲ ਡਿਫੈਂਸ ਵਿਭਾਗ ਵੱਲੋਂ 24 ਅਪ੍ਰੈਲ ਰਾਤ 8 ਵਜੇ ਪਟਿਆਲਾ ਦੇ ਡੀ ਐਮ ਡਬਲਿਊ ਏਅਰ ਰੇਡ/ਬਲੈਕਆਊਟ ਮੌਕ ਐਕਸਰਸਾਈਜ਼ ਅਭਿਆਸ ਕਰਵਾਈ ਜਾ ਰਹੀ ਹੈ। ਓਹਨਾਂ ਦੱਸਿਆ ਕਿ ਇਹ ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ ਜੋ ਸਾਇਰਨ (02 ਮਿੰਟ ਲਈ ਉੱਚੀ-ਨੀਵੀਂ ਪਿੱਚ) ਰਾਹੀਂ ਪ੍ਰਸਾਰਿਤ ਕੀਤੀ ਜਾਵੇਗੀ। ਇਸ ਮੌਕ ਐਕਸਰਸਾਈਜ਼ ਦੌਰਾਨ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ, ਸਿਵਲ ਡਿਫੈਂਸ ਦੁਆਰਾ ਮੌਕ ਐਕਸਰਸਾਈਜ਼ ਲਈ ਨਿਰਧਾਰਤ ਡੀ ਐਮ ਡਬਲਯੂ ਦੇ ਨਾਲ ਲਗਦੇ ਖੇਤਰ 'ਚ ਬਲੈਕਆਊਟ ਲਾਗੂ ਕੀਤਾ ਜਾਵੇਗਾ। ਬਲੈਕਆਊਟ ਦੌਰਾਨ ਇਸ ਖੇਤਰ ਦੇ ਆਮ ਲੋਕਾਂ ਦੁਆਰਾ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਬੰਦ ਰੱਖੀਆਂ ਜਾਣ। ਉਹਨਾਂ ਜਨਤਾ ਨੂੰ ਵੀ ਅਪੀਲ ਕੀਤੀ ਕਿ 8 ਵਜੇ ਆਪਣੇ ਘਰ ਕੇ ਸਿਕਿਊਰਿਟੀ ਕੈਮਰੇ ਅਤੇ ਇਨਵਰਟਰ ਬੰਦ ਰੱਖਣ । ਉਨ੍ਹਾਂ ਇਹ ਵੀ ਕਿਹਾ ਕਿ ਬਲੈਕਆਊਟ ਦੌਰਾਨ ਜ਼ਰੂਰੀ ਸੇਵਾਵਾਂ ਚਾਲੂ ਰਹਿਣਗੀਆਂ। ਸਿਵਲ ਡਿਫੈਂਸ ਦੇ ਨੋਡਲ ਅਫ਼ਸਰ ਮੋਹਨਦੀਪ ਸਿੰਘ ਅਤੇ ਚੀਫ਼ ਵਾਰਡਨ ਕੇ ਐਸ ਸੇਖੋਂ ਨੇ ਦੱਸਿਆ ਕਿ ਇਸ ਮੌਕ ਐਕਸਰਸਾਈਜ਼ ਦੌਰਾਨ ਫਾਇਰ ਰਿਸਪਾਂਸ ਆਪ੍ਰੇਸ਼ਨ, ਸਰਚ ਐਂਡ ਰੈਸਕਿਊ ਆਪ੍ਰੇਸ਼ਨ, ਫਸਟ-ਏਡ ਅਤੇ ਮੈਡੀਕਲ ਸਹਾਇਤਾ, ਜ਼ਖ਼ਮੀ ਵਿਅਕਤੀਆਂ ਨੂੰ ਬਾਹਰ ਕੱਢਣ, ਟ੍ਰੈਫਿਕ ਅਤੇ ਭੀੜ ਕੰਟਰੋਲ ਦੇ ਉਪਾਵਾਂ ਦਾ ਅਭਿਆਸ ਕੀਤਾ ਜਾਵੇਗਾ। ਏ ਡੀ ਸੀ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ ਕਿਉਂਕਿ ਇਹ ਸਿਵਲ ਡਿਫੈਂਸ ਦੀਆਂ ਤਿਆਰੀਆਂ ਦੀ ਜਾਂਚ ਕਰਨ ਲਈ ਇੱਕ ਰੁਟੀਨ ਮੌਕ ਡਰਿੱਲ ਹੈ। ਓਹਨਾਂ ਕਿਹਾ ਕਿ ਅਜਿਹੀਆਂ ਡੀ ਐਮ ਡਬਲਯੂ ਮੌਕ ਡਰਿੱਲ ਪਹਿਲਾਂ ਵੀ ਹੁੰਦੀਆਂ ਰਹੀਆਂ ਹਨ , ਇਹ ਕੇਵਲ ਅਭਿਆਸ ਹੈ, ਜੋ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਿਵਿਲ ਡਿਫੈਂਸ ਵੱਲੋਂ ਹੀ ਕੀਤਾ ਜਾ ਰਿਹਾ ਹੈ।

## ਬਿਜਲੀ ਦੇ ਲੱਗ ਰਹੇ ਕੱਟਾਂ ਸਬੰਧੀ ਜਥੇ: ਬਘੌਰਾ ਨੇ ਡੀ.ਸੀ. ਨੂੰ ਮੰਗ ਪੱਤਰ ਦਿੱਤਾ



ਪਟਿਆਲਾ, 23 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਪਿੰਡਾਂ ਵਿੱਚ ਪੈ ਰਹੀ ਕਹਿਰ ਦੀ ਗਰਮੀ ਵਿੱਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵੱਲੋਂ ਲੰਮੇ ਲੰਮੇ ਕੱਟ ਲਗਾ ਕੇ ਪੰਜਾਬ ਦੀ ਜਨਤਾ ਨੂੰ ਬਲਦੀ ਭੱਠੀ ਵਿੱਚ ਝੋਕਿਆ ਜਾ ਰਿਹਾ ਹੈ ਇਸ ਦੀ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਗਿਆ ਹੈ, ਜਿਸ ਵਿੱਚ ਮੁੱਖ ਕੀਤੀ ਗਈ ਹੈ ਪਿੰਡ ਵਿੱਚ ਸਾਰਾ ਦਿਨ ਬਿਜਲੀ ਦੇ ਕੱਟ ਲਗਾ ਕੇ ਪੰਜਾਬ ਵਾਸੀਆਂ ਨੂੰ ਪਾਣੀ ਦੀ ਬਹੁਤ ਕਿੱਲਤ ਆ ਰਹੀ ਹੈ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਇਨੀ ਗਰਮੀ ਵਿੱਚ ਜਿੱਥੇ ਪਾਣੀ ਦੀ ਬਹੁਤ ਲੋੜ ਹੈ ਉਥੇ ਘਰਾਂ ਵਿੱਚ ਲੋਕਾਂ ਲਈ ਅਤਿ ਦੀ ਗਰਮੀ ਦੇ ਨਾਲ ਜੂਝਣਾ ਪੈ ਰਿਹਾ ਹੈ ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਬਹੁਤ ਸਾਰੀਆਂ ਲੋੜਾਂ ਇਸ ਵਕਤ ਬਿਜਲੀ ਦੇ ਨਾਲ ਹੀ ਸਰਪਲਸ ਹੋਣ 'ਤੇ ਹੀ ਨਿਰਭਰ ਕਰਦਾ ਹੈ ਉਸ ਵੱਲ ਧਿਆਨ ਦੇਣ ਦੀ ਲੋੜ ਹੈ ਘੱਟੋ ਘੱਟ ਦਿਨਾਂ ਵਿੱਚ ਬਿਜਲੀ ਨੂੰ ਸਰਪਲਸ ਕੀਤਾ ਜਾਵੇ ਅਤੇ ਪਿੰਡ ਵਿੱਚ ਲਗ ਰਹੇ ਬਿਜਲੀ ਦੇ ਕੱਟਾਂ ਤੋਂ ਰਹਿਤ ਦਿਵਾਈ ਜਾਵੇ।

## ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ 'ਚ ਵਲੰਟੀਅਰਾਂ ਨਾਲ ਅਹਿਮ ਮੀਟਿੰਗ



ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ): ਆਮ ਆਦਮੀ ਪਾਰਟੀ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਹਲਕਾ ਸਮਾਣਾ ਦੇ ਵਾਰਡ ਨੰਬਰ 10 ਵਿੱਚ ਗਿੱਲ ਫਾਰਮ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਦਵਿੰਦਰ ਸਿੰਘ ਗਿੱਲ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸ. ਬਰਸਟ ਨੇ ਹਲਕੇ ਦੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਲੰਟੀਅਰਾਂ ਅਤੇ ਸਥਾਨਕ ਆਗੂਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪਾਰਟੀ ਦੀਆਂ ਗਤੀਵਿਧੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਵਲੰਟੀਅਰਾਂ ਦੇ ਸੁਝਾਅ ਵੀ ਸੁਣੇ। ਉਨ੍ਹਾਂ ਕਿਹਾ ਕਿ ਵਲੰਟੀਅਰਾਂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਹੀ ਅੱਜ ਪੰਜਾਬ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇੱਕ ਇਮਾਨਦਾਰ ਸਰਕਾਰ ਸਫਲਤਾਪੂਰਵਕ ਕੰਮ ਕਰ ਰਹੀ ਹੈ।ਇਸ ਮੌਕੇ ਹਰਜਿੰਦਰ ਗਿੱਲ, ਬਲਵਿੰਦਰ ਗਿੱਲ, ਸਿਮਰਨ ਗਿੱਲ, ਭਗਵੰਤ ਵਿਰਕ, ਸਰਪੰਚ ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਰਵੀ ਦਿਓਲ, ਹਰਤੇਜ ਸੰਧੂ, ਕੁਲਦੀਪ ਵਿਰਕ, ਰਾਮ ਸਿੰਘ, ਹਰਸ਼ਵੀਰ ਵਿਰਕ, ਅੰਗਰੇਜ ਭੁੱਲਰ, ਰਵਿੰਦਰ ਬੱਲੀ, ਗੁਰਨਾਮ ਝੌਂਟੀ, ਬਿੰਦਰ ਨਾਗਰ, ਬਲਵਿੰਦਰ ਗਾਜ਼ੀਪੁਰ, ਸਾਮ ਲਾਲ ਦੱਤ, ਗਿੰਨੀ ਖੰਗੂੜਾ, ਜੈਂਕੀ ਮਹਿਰਾ, ਸ਼ੰਕਰ ਜਿੰਦਲ, ਹਜਾਰੀ ਲਾਲ ਜੋਹਰੀ, ਚਰਨਜੀਤ ਸਿੰਘ, ਜਗਸੀਰ ਸਿੰਘ, ਪ੍ਰਭਦਿਆਲ ਸਿੰਘ, ਰਾਜਵੀਰ ਸਿੰਘ, ਮਨਿੰਦਰ ਸਿੰਘ, ਸੁਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

## ਡਾ. ਹਿਮਾਂਸ਼ੂ ਅਗਰਵਾਲ ਦਾ ਸਵਾਗਤ



ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ): ਪ੍ਰਿੰਸੀਪਲ, ਪਬਲਿਕ ਕਾਲਜ ਸਮਾਣਾ ਡਾ. ਹਰਕੀਰਤ ਸਿੰਘ ਵੱਲੋਂ ਪਟਿਆਲਾ ਦੇ ਨਵੇਂ ਆਏ ਡਿਪਟੀ ਕਮਿਸ਼ਨਰ ਪਟਿਆਲਾ-ਕਮ-ਚੇਅਰਮੈਨ ਪਬਲਿਕ ਕਾਲਜ ਸਮਾਣਾ ਮੈਨੇਜਮੈਂਟ ਸੋਸਾਇਟੀ ਡਾ. ਹਿਮਾਂਸ਼ੂ ਅਗਰਵਾਲ ਆਈਏਐਸ ਦਾ ਉਨ੍ਹਾਂ ਦੇ ਦਫਤਰ ਪਟਿਆਲਾ ਵਿਖੇ ਫੁੱਲਾਂ ਦਾ ਗੁਲਦਸਤਾ ਦੇ ਕੇ ਸੁਆਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ। ਕਾਲਜ ਪ੍ਰਿੰਸੀਪਲ ਨੇ ਇਸ ਮੌਕੇ ਖੁਸ਼ੀ ਦਾ ਇਜ਼ਹਾਰ ਕੀਤਾ। ਡਿਪਟੀ ਕਮਿਸ਼ਨਰ ਪਟਿਆਲਾ ਵੱਲੋਂ ਇਸ ਮੌਕੇ ਭਰੋਸਾ ਦਿੱਤਾ ਗਿਆ ਕਿ ਉਹ ਕਾਲਜ ਦੇ ਵਿਕਾਸ ਕਾਰਜਾਂ ਲਈ ਆਪਣਾ ਵਡਮੁੱਲਾ ਸਹਿਯੋਗ ਦਿੰਦੇ ਰਹਿਣਗੇ।

## ਮਾਡਰਨ ਸਕੂਲ ਨੇ ਇੰਟਰ-ਸਕੂਲ ਬਾਸਕਟਬਾਲ ਟੂਰਨਾਮੈਂਟ 'ਚ ਸੋਨ ਤਮਗਾ ਜਿੱਤਿਆ



ਪਟਿਆਲਾ, 23 ਅਪ੍ਰੈਲ (ਚ.ਨ.ਸ.) : ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਨੇ 20-21 ਅਪ੍ਰੈਲ, 2026 ਨੂੰ ਆਪਣਾ ਦੋ-ਰੋਜ਼ਾ ਇੰਟਰ-ਸਕੂਲ ਬਾਸਕਟਬਾਲ ਟੂਰਨਾਮੈਂਟ ਸਫਲਤਾਪੂਰਵਕ ਕਰਵਾਇਆ, ਜਿਸ ਵਿੱਚ ਮੁੰਡਿਆਂ ਦੇ ਅੰਡਰ-17 ਅਤੇ ਕੁੜੀਆਂ ਦੇ ਅੰਡਰ-14 ਦੋਵਾਂ ਵਰਗਾਂ ਵਿੱਚ ਚੋਟੀ ਦੇ 8 ਸਕੂਲਾਂ ਨੇ ਹਿੱਸਾ ਲਿਆ। ਮਾਡਰਨ ਸਕੂਲ ਨੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ, ਕੁੜੀਆਂ ਦੇ ਅੰਡਰ-14 ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਮੁੰਡਿਆਂ ਦੇ ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਕੁੜੀਆਂ ਵਿੱਚ ਦੂਜਾ ਅਤੇ ਤੀਜਾ ਸਥਾਨ ਦ ਮਿਲੇਨੀਅਮ ਸਕੂਲ ਅਤੇ ਆਵਰ ਲੇਡੀ ਆਫ਼ ਫਾਤਿਮਾ ਕਾਨਵੈਂਟ ਸਕੂਲ, ਪਟਿਆਲਾ ਨੇ ਹਾਸਲ ਕੀਤਾ। ਲੜਕਿਆਂ ਦੇ ਵਰ ਹਲਾ ਸਥਾਨ ਪ੍ਰਾਪਤ ਕੀਤਾ, ਮੇਜ਼ਬਾਨ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਦੂਜੇ ਸਥਾਨ 'ਤੇ ਰਿਹਾ ਅਤੇ ਆਵਰ ਲੇਡੀ ਆਫ਼ ਫਾਤਿਮਾ ਕਾਨਵੈਂਟ ਸਕੂਲ, ਅਸਰਪੁਰ ਤੀਜੇ ਸਥਾਨ 'ਤੇ ਰਿਹਾ।ਮੋਸਟ ਵੈਲਿਊਏਬਲ ਪਲੇਅਰ (ਐਮਵੀਪੀ) ਪੁਰਸਕਾਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ (ਲੜਕੀਆਂ) ਦੀ ਜਸਰੀਤ ਕੌਰ ਅਤੇ ਆਰਮੀ ਪਬਲਿਕ ਸਕੂਲ (ਲੜਕੇ) ਦੀ ਸ਼ਨੀ ਯਾਦਵ ਨੂੰ ਟੂਰਨਾਮੈਂਟ ਦੌਰਾਨ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਦਾਨ ਕੀਤੇ ਗਏ।ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਭਾਰਤੀ ਬਾਸਕਟਬਾਲ ਟੀਮ ਦੇ ਸਾਬਕਾ ਕਪਤਾਨ ਜਗਦੀਪ ਸਿੰਘ ਬੈਂਸ ਸਨ, ਜਿਨ੍ਹਾਂ ਦੀ ਮੌਜੂਦਗੀ ਨੇ ਨੌਜਵਾਨ ਖਿਡਾਰੀਆਂ ਨੂੰ ਪ੍ਰੇਰਿਤ ਕੀਤਾ ਅਤੇ ਪ੍ਰੋਗਰਾਮ ਵਿੱਚ ਮਾਣ ਵਧਾਇਆ।

## ਵੱਖ-ਵੱਖ ਥਾਵਾਂ 'ਤੇ ਨਸ਼ੇ ਦਾ ਸੇਵਨ ਕਰਨ ਦੇ ਆਦੀ ਵਿਅਕਤੀਆਂ ਦਾ ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 23 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀ ਅਮਨਦੀਪ ਸਿੰਘ ਵਾਸੀ ਪਿੰਡ ਰੋੜਗੜ੍ਹ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਤੇਗਬੀਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੂਆ ਪੁਲੀ ਲਚਕਾਣੀ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਸਨੌਰ ਪੁਲਿਸ ਨੇ ਕਥਿਤ ਦੋਸ਼ੀ ਸ਼ਿਵ ਕੁਮਾਰ ਵਾਸੀ ਬਦਰੀ ਨਾਥ ਮੰਦਰ ਕਲੋਨੀ ਬਹਾਦਰਗੜ੍ਹ ਵਿਰੁੱਧ ਮਾਮਲਾ ਦਰਜ ਕੀਤਾ ਹੈ। ਐਸ.ਆਈ ਮਨਜੀਤ ਕੌਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਬਿਜਲੀ ਗਰਿੱਡ ਸਨੌਰ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਸੇਂਟ ਥਰੇਸਾ ਕਾਨਵੈਂਟ ਸਕੂਲ 'ਚ ਇਨਵੈਸਚਰ ਸੈਰੇਮਨੀ



ਸਮਾਣਾ, 23 ਅਪ੍ਰੈਲ (ਜਵੰਦਾ) : ਸੇਂਟ ਥਰੇਸਾ ਕਾਨਵੈਂਟ ਸਕੂਲ ਸਮਾਣਾ ਵਿੱਚ ਇਨਵੈਸਚਰ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ 394 ਅਫਸਰ ਨਵਦੀਪ ਕੌਰ ਅਤੇ ਸਿਸਟਰ ਰੋਸ਼ਨੀ ਹਾਜ਼ਰ ਰਹੇ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਭੂ ਦੀ ਅਰਦਾਸ ਨਾਲ ਹੋਈ। ਸਕੂਲ ਦੇ ਵਿਦਿਆਰਥੀਆਂ ਵਿੱਚੋਂ ਹੈਡ ਬੋਏ, ਹੈਡ ਗਰਲ, ਸਪੋਰਟਸ ਅਤੇ ਕਲਚਰਲ ਕੈਪਟਨ ਤੇ ਉਪ ਕੈਪਟਨ ਅਤੇ ਸਾਰੇ ਹਾਊਸ (ਸ਼ਾਰਕ, ਈਗਲ, ਸਨ ਅਤੇ ਲੋਟਸ) ਦੇ ਕੈਪਟਨ ਅਤੇ ਉਪ ਕੈਪਟਨ ਚੁਣੇ ਗਏ। ਇਸ ਮੌਕੇ ਮੁੱਖ ਮਹਿਮਾਨ ਨੇ ਕੌਂਸਲ ਦੇ ਸਾਰੇ ਚੁਣੇ ਹੋਏ ਵਿਦਿਆਰਥੀਆਂ ਨੂੰ ਬੈਜ ਲਗਾ ਕੇ ਉਨ੍ਹਾਂ ਨੂੰ ਵੱਖ-ਵੱਖ ਅਹੁਦਿਆਂ ਲਈ ਨਿਯੁਕਤ ਕੀਤਾ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਗੀਤ ਅਤੇ ਡਾਂਸ ਦਾ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਵੱਖ-ਵੱਖ ਹਾਊਸ ਦੇ ਵਿਦਿਆਰਥੀਆਂ ਨੇ ਝਾਂਕੀ (ਟੇਬਲੋ) ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸਮਾਰੋਹ 'ਤੇ ਸਿਸਟਰ ਸਨੀਤਾ ਨੇ ਸਾਰੇ ਚੁਣੇ ਹੋਏ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ । ਇਸ ਮੌਕੇ ਸਮਾਰੋਹ ਦਾ ਸਮਾਪੰਨ ਸਕੂਲ ਗੀਤ ਨਾਲ ਹੋਇਆ।

## ਦੁਕਾਨ 'ਚੋਂ ਕਣਕ ਦੀਆਂ 67 ਬੋਰੀਆਂ ਗਾਇਬ

ਘਨੌਰ, 23 ਅਪ੍ਰੈਲ (ਮਦਨ ਲਾਲ) : ਥਾਣਾ ਘਨੌਰ ਪੁਲਿਸ ਕੋਲ ਇਕਬਾਲ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਚੱਪੜ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਚੱਪੜ ਮੰਡੀ ਵਿਖੇ ਖਰੌੜ ਟਰੇਡਿੰਗ ਦੇ ਨਾਮ ਪਰ ਆੜ੍ਹਤ ਦੀ ਦੁਕਾਨ ਹੈ, ਜੋ ਉਸ ਨੇ ਆਪਣੀ ਦੁਕਾਨ ਪਰ ਆ ਕੇ ਦੇਖਿਆ ਤਾਂ ਕਣਕ ਦੀਆ 67 ਬੋਰੀਆ ਗਾਇਬ ਸਨ, ਜੋ ਭਾਲ ਕਰਨ ਪਰ ਪਤਾ ਲੱਗਾ ਕਿ ਰਾਤ ਨੂੰ 5 ਅਣਪਛਾਤੇ ਵਿਅਕਤੀ ਗੱਡੀ 'ਤੇ ਸਵਾਰ ਹੋ ਕੇ ਆਏ ਅਤੇ ਕਣਕ ਦੀਆ ਬੋਰੀਆਂ ਚੋਰੀਆਂ ਕਰਕੇ ਲੈ ਗਏ। ਪੁਲਿਸ ਨੇ ਧਾਰਾ 331,305 ਬੀਐਨਐਸ ਦੇ ਤਹਿਤ ਮਾਮਲਾ ਦਰਜ ਹੈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਸਵਾਗਤਯੋਗ : ਵਿੰਦਾ ਗਰੋਵਰ



ਪਟਿਆਲਾ, 23 ਅਪ੍ਰੈਲ (ਅਮਰਜੀਤ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜ਼ਿਲ੍ਹਾ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਪੰਜਾਬ ਸਰਕਾਰ ਵੱਲੋਂ ਬਣਾਏ ਸਖ਼ਤ ਕਾਨੂੰਨ ਦਾ ਸਵਾਗਤ ਕੀਤਾ ਹੈ। ਜਥੇਦਾਰ ਵਿੰਦਾ ਗਰੋਵਰ ਨੇ ਸੁੰਦਰ ਨਗਰ ਪਟਿਆਲਾ ਵਿਖੇ ਗੁਰਮੀਤ ਸਿੰਘ ਦੇ ਗ੍ਰਹਿ ਵਿਖੇ ਇਲਾਕੇ ਦੀਆ ਧਾਰਮਿਕ ਸੁਸਾਇਟੀਆ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਸ਼ਿਰਕਤ ਕਰਦਿਆ ਕਿਹਾ ਕਿ ਬੇਅਦਬੀ ਵਰਗੇ ਘਿਨਾਉਣੇ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਸਜ਼ਾਵਾਂ ਦਾ ਕਾਨੂੰਨ ਸਮੇਂ ਦੀ ਲੋੜ ਸੀ। ਉਹਨਾਂ ਕਿਹਾ ਕਿ ਇਹ ਕਾਨੂੰਨ ਅਸਲ ਵਿੱਚ ਭਾਈ ਗੁਰਜੀਤ ਸਿੰਘ ਖਾਲਸਾ ਜੀ ਦੇ ਅਣਥੱਕ ਸੰਘਰਸ਼ ਅਤੇ ਸਿੱਖ ਕੌਮ ਦੇ ਦਬਾਅ ਦਾ ਨਤੀਜਾ ਹੈ,ਜਿਸ ਅੱਗੇ ਸਰਕਾਰ ਨੂੰ ਝੁਕਣਾ ਪਿਆ ਹੈ। ਜਥੇਦਾਰ ਵਿੰਦਾ ਨੇ ਅਪੀਲ ਕੀਤੀ ਕਿ ਸਾਨੂੰ ਸਭ ਨੂੰ ਕਿਸੇ ਵੀ ਕਿਸਮ ਦੀ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਇਸ ਕਾਨੂੰਨ ਦਾ ਸਵਾਗਤ ਤੇ ਸਹਿਯੋਗ ਕਰਨਾ ਚਾਹੀਦਾ ਹੈ । ਇਸ ਮੌਕੇ ਸਤਿੰਦਰ ਸਿੰਘ ਸ਼ੱਕੂ ਗਰੋਵਰ, ਗੁਰਮੀਤ ਸਿੰਘ, ਹਰਿੰਦਰ ਸਿੰਘ ਕਰੀਰ, ਕੁਲਵੰਤ ਸਿੰਘ ਵਿਰਕ, ਤਰਨਪ੍ਰੀਤ ਸਿੰਘ, ਪ੍ਰਭਜੋਤ ਸਿੰਘ ਅਕਾਲੀ, ਗਿਆਨੀ ਮੰਗਲ ਸਿੰਘ, ਸ਼ਮਸ਼ੇਰ ਸਿੰਘ, ਲਖਵਿੰਦਰ ਸਿੰਘ, ਨਵਦੀਪ ਸਿੰਘ ਆਦਿ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ ।

## ਦੇਵ ਮਾਨ ਨੇ ਨਵੀਂ ਬਣਨ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ



ਨਾਭਾ, 23 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪਟਿਆਲਾ ਨਾਭਾ ਰੋਡ ਤੋਂ ਨਾਭਾ ਭੋਜੋ ਮਾਜਰੀ ਰੋਡ ਐਮ.ਸੀ. ਨਾਭਾ ਲੰਬਾਈ 1.75 ਕਿ.ਮੀ. ਦੀ ਨਵੀਂ ਉਸਾਰੀ ਅਤੇ ਪੰਜ ਸਾਲ ਦੇ ਰੱਖ-ਰਖਾਵ ਦੇ ਕੰਮ ਦਾ ਨੀਂਹ ਪੱਥਰ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਆਪਣੇ ਕਰ ਕਮਲਾਂ ਨਾਲ ਰੱਖਿਆ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਨਾਭਾ ਦੀ ਕਾਇਆਕਲਪ ਲਈ ਕਰੋੜਾਂ ਰੁਪਏ ਖ਼ਰਚੇ ਜਾਣਗੇ। ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਸਿਰਤੋੜ ਯਤਨ ਕਰ ਰਹੀ ਹੈ ਤਾਂ ਜੋ ਪਿੰਡਾਂ ਨੂੰ ਵੀ ਸ਼ਹਿਰਾਂ ਵਰਗੀ ਦਿੱਖ ਮਿਲ ਸਕੇ। ਉਨ੍ਹਾਂ ਨੇ ਕਿਹਾ ਕਿ ਹਲਕੇ ਦਾ ਕੋਈ ਵੀ ਪਿੰਡ ਵਿਕਾਸ ਪੱਖੋਂ ਪਿੱਛੇ ਨਹੀਂ ਰਹੇਗਾ ਤੇ ਹਲਕੇ ਦੀ ਹਰ ਸੜਕ ਨੂੰ ਪੱਕਾ ਤੇ ਰਿਪੇਅਰ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਗਲੀਆਂ, ਨਾਲੀਆਂ, ਪੱਕੇ ਛੱਪੜ, ਸੀਵਰੇਜ ਅਤੇ ਸਟੇਡੀਅਮ ਆਦਿ ਕਾਰਜ ਕੀਤੇ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਅਤੇ ਸਿਹਤ ਦੇ ਪੱਧਰ ਨੂੰ ਉੱਚਾ ਚੁੱਕਿਆ ਜਾ ਰਿਹਾ ਹੈ। ਇਸ ਮੌਕੇ ਹਰੀ ਸਿੰਘ ਐਮ ਡੀ ਪ੍ਰੀਤ ਕੰਬਾਈਨ, ਵਿਕਾਸ ਬਾਤਿਸ਼ ਐਸ ਡੀ ਓ, ਰਾਜੀ ਪਾਠਕ ਸਰਪੰਚ, ਬਲਾਕ ਸੰਮਤੀ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਕੱਲਰਮਾਜਰੀ, ਵਾਰਡ ਨੰਬਰ 18 ਮੁੱਖ ਸੇਵਾਦਾਰ ਉੱਧਮ ਦੀਪ ਸਿੰਘ, ਸਿਮਰਨ ਅੜਕ ਚੌਹਾਨ, ਹਰਮੀਕ ਵਿੱਚ ਮੈਹਸ, ਜਸਵੀਰ ਸਿੰਘ ਵਜੀਦਪੁਰ , ਅਰਮਾਨ ਨਾਭਾ ਆਦਿ ਹਾਜ਼ਰ ਸਨ।

## ਰੋਟਰੀ ਕਲੱਬ ਸਮਾਣਾ ਵੱਲੋਂ ਲੋੜਵੰਦ ਨੂੰ ਵ੍ਹੀਲਚੇਅਰ ਭੇਟ



ਸਮਾਣਾ, 23 ਅਪ੍ਰੈਲ (ਵਿਜੇ ਕੁਮਾਰ): ਸਮਾਜ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਨਿਭਾਉਂਦੇ ਹੋਏ, ਰੋਟਰੀ ਕਲੱਬ ਸਮਾਣਾ ਦੇ ਪ੍ਰਧਾਨ ਅਰੁਣ ਬਾਂਸਲ, ਸਕੱਤਰ ਸੁਮਿਤ ਗੋਇਲ ਅਤੇ ਕੈਸ਼ੀਅਰ ਗੌਰਵ ਜਿੰਦਲ ਦੀ ਅਗਵਾਈ ਵਿੱਚ ਪਿੰਡ ਕੋਟਭਾਈ ਰਤਨਹੇੜੀ ਦੇ ਇੱਕ ਲੋੜਵੰਦ ਵਿਅਕਤੀ ਨੂੰ ਵ੍ਹੀਲਚੇਅਰ ਭੇਟ ਕੀਤੀ। ਇਸ ਮੌਕੇ ਪ੍ਰਧਾਨ ਅਰੁਣ ਬਾਂਸਲ ਨੇ ਦੱਸਿਆ ਕਿ ਇਹ ਪਹਿਲ ਕਲੱਬ ਦੇ ਉਸ ਨਿਰੰਤਰ ਯਤਨ ਦਾ ਹਿੱਸਾ ਹੈ, ਜਿਸ ਤਹਿਤ ਲੋੜਵੰਦਾਂ ਨੂੰ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਨਮਾਨਜਨਕ ਜੀਵਨ ਅਤੇ ਬਿਹਤਰ ਗਤੀਸ਼ੀਲਤਾ ਉਪਲੱਬਧ ਕਰਵਾਉਣਾ ਹੈ। ਇਸ ਮੌਕੇ 'ਤੇ ਕਲੱਬ ਦੇ ਸੀਨੀਅਰ ਮੈਂਬਰ ਰੋਟੇਰੀਅਨ ਬਲਜਿੰਦਰ ਮੌਦਗਿਲ, ਰੋਟੇਰੀਅਨ ਵਿਕਰਮ ਗੁਪਤਾ ਅਤੇ ਸਬੰਧਤ ਪਿੰਡ ਦੇ ਸਰਪੰਚ ਲਖਵਿੰਦਰ ਸਿੰਘ ਵੀ ਹਾਜ਼ਰ ਸਨ। ਸਰਪੰਚ ਨੇ ਕਲੱਬ ਦੇ ਇਸ ਕਾਰਜ ਲਈ ਧੰਨਵਾਦ ਕੀਤਾ।

## ਲਾਲ ਲਕੀਰ ਦੀਆਂ ਥਾਵਾਂ ਦੀ ਹੋ ਰਹੀ ਰਜਿਸਟਰੀ 'ਚ ਹੋ ਰਿਹੈ ਧੱਕਾ: ਮਸੀਂਗਣ



ਪਟਿਆਲਾ, 23 ਅਪ੍ਰੈਲ (ਅਮਰਜੀਤ ਸਿੰਘ): ਪਿੰਡਾਂ ਵਿੱਚ ਲਾਲ ਲਕੀਰ ਅਧੀਨ ਆਉਂਦੀਆਂ ਥਾਵਾਂ ਤਹਿਤ ਪੰਜਾਬ ਸਰਕਾਰ ਵੱਲੋਂ ਰਜਿਸਟਰੀ ਕੀਤੇ ਜਾਣ ਦੇ ਆਦੇਸ਼ਾਂ ਤਹਿਤ ਪਿੰਡਾਂ ਦੇ ਵਿੱਚ ਜਿਹੜੇ ਲੋਕਾਂ ਦੀਆਂ ਥਾਵਾਂ ਲਾਲ ਲਕੀਰ ਦੇ ਅੰਦਰ ਆਉਂਦੀਆਂ ਹਨ ਉਹਨਾਂ ਦੀ ਡਿਟੇਲ ਇਕੱਠੀ ਕੀਤੀ ਜਾ ਰਹੀ ਹੈ ਤਾਂ ਕਿ ਉਹਨਾਂ ਦੀਆਂ ਰਜਿਸਟਰੀਆਂ ਕੀਤੀਆਂ ਜਾ ਸਕਣ। ਇਸ ਸਬੰਧੀ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਸਨੌਰ ਦੇ ਸੇਵਾਦਾਰ ਭੁਪਿੰਦਰ ਸਿੰਘ ਮਸੀਂਗਣ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਡਰੋਲੀ ਨੇ ਕਿਹਾ ਕਿ ਸਰਕਾਰ ਵੱਲੋਂ ਰਜਿਸਟਰੀਆਂ ਨੂੰ ਲੈ ਕੇ ਵਾਰਿਸ ਪੰਜਾਬ ਦੇ ਆਗੂਆਂ ਵਰਕਰਾਂ ਨਾਲ ਧੱਕਾ ਕਰ ਰਹੀ ਹੈ। ਉਹਨਾਂ ਕਿਹਾ ਕਿ ਸਾਡੇ ਪਾਰਟੀ ਨਾਲ ਸਬੰਧਿਤ ਵਰਕਰ ਅਤੇ ਆਗੂਆਂ ਦੇ ਜਿਹੜੇ ਘਰ ਜਾਂ ਥਾਵਾਂ ਲਾਲ ਲਕੀਰ ਅੰਦਰ ਆਉਂਦੇ ਹਨ ਉਹਨਾਂ ਦੀਆਂ ਰਜਿਸਟਰੀਆਂ ਨਹੀਂ ਕੀਤੀਆਂ ਜਾ ਰਹੀਆਂ ਅਤੇ ਨਾ ਹੀ ਉਹਨਾਂ ਦੇ ਦਸਤਾਵੇਜ਼ ਸਾਡੇ ਤੋਂ ਲੈ ਜਾ ਰਹੇ ਉਹਨਾਂ ਕਿਹਾ ਕਿ ਅਸੀਂ ਕਈ ਵਾਰ ਸਬੰਧਤ ਸਰਪੰਚ ਅਤੇ ਪੰਚਾਇਤ ਨੂੰ ਕਹਿ ਦਿੱਤਾ ਹੈ ਪਰ ਸਾਡੀ ਸੁਣਵਾਈ ਨਹੀਂ ਹੋ ਰਹੀ ਪੱਖਪਾਤ ਕੀਤਾ ਜਾ ਰਹੇ ਹੈ । ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਬੰਧਤ ਵਿਭਾਗਾਂ ਨੂੰ ਉਪਦੇਸ਼ ਦਿੱਤੇ ਜਾਣ ਤੇ ਕੋਈ ਵੀ ਸਰਕਾਰ ਜਾਂ ਕਿਸੇ ਵੀ ਪਾਰਟੀ ਦਾ ਲੀਡਰ ਜਾਂ ਵਰਕਰ ਹੋਵੇ।ਉਹਨਾਂ ਸਾਰਿਆਂ ਨਾਲ ਬਰਾਬਰ ਦਾ ਵਿਵਹਾਰ ਕੀਤਾ ਜਾਵੇ ਅਤੇ ਉਸਨੂੰ ਬਣਦਾ ਹੱਕ ਦਿੱਤਾ ਜਾਵੇ।